ਸ਼ੁੱਕਰਵਾਰ, 26 ਸਤੰਬਰ, 2025
11 ਅੱਸੂ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 116

ਰੋਜ਼ਾਨਾ ਨਵਾਂ ਜ਼ਮਾਨਾ

DAILY NAWAN ZAMANA • FRIDAY, 26 SEPTEMBER, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪ੍ਰੈੱਫ਼-ਰਿੱਡ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

ਡੀ ਰਾਜਾ ਫਿਰ ਜਨਰਲ ਸਕੱਤਰ ਬਣੇ

ਸੀ ਪੀ ਆਈ ਦਾ 25ਵਾਂ ਮਹਾਂ ਸੰਮੇਲਨ ਸਫਲਤਾ ਨਾਲ ਸੰਪੰਨ, ਵਪਾਰ ਲਈ ਵਾਹਗਾ ਸਰਹੱਦ ਖੋਲ੍ਹਣ ਅਤੇ ਸਜ਼ਾ ਪੂਰੀ ਕਰ ਚੁੱਕੇ ਸਾਰੇ ਕੈਦੀ ਤੁਰੰਤ ਰਿਹਾ ਕਰਨ ਦੇ ਹੱਕ 'ਚ ਮਤੇ ਪਾਸ

ਚੰਡੀਗੜ੍ਹ (ਗਿਆਨ ਸੈਦਪੁਰੀ)
ਭਾਰਤੀ ਕਮਿਊਨਿਸਟ ਪਾਰਟੀ ਦੇ ਮਹਾਂ-ਸੰਮੇਲਨ ਦੇ ਆਖਰੀ ਦਿਨ ਵੀਰਵਾਰ ਕਾਮਰੇਡ ਡੀ ਰਾਜਾ ਨੂੰ ਪਾਰਟੀ ਦਾ ਸਰਬਸੰਮਤੀ ਨਾਲ ਮੁੜ ਜਨਰਲ ਸਕੱਤਰ ਚੁਣ ਲਿਆ ਗਿਆ। ਇਸ ਤੋਂ ਪਹਿਲਾਂ ਕੌਮੀ ਕੌਂਸਲ ਲਈ 125, ਕੰਟਰੋਲ ਕਮਿਸ਼ਨ ਲਈ 31 ਅਤੇ ਸਕੱਤਰੇਤ ਲਈ 11 ਮੈਂਬਰਾਂ ਦੀ ਚੋਣ ਕੀਤੀ ਗਈ। ਪਾਰਟੀ ਦੇ ਸ਼ਤਾਬਦੀ ਸਾਲ ਵਿੱਚ 25ਵਾਂ ਮਹਾਂ ਸੰਮੇਲਨ ਸ਼ਾਨਦਾਰ ਢੰਗ ਨਾਲ ਮੁਕੰਮਲ ਹੋਇਆ।

ਡੈਲੀਗੇਟਾਂ ਨੂੰ ਸੰਬੋਧਨ ਕਰਦਿਆਂ ਡੀ. ਰਾਜਾ ਨੇ ਕਿਹਾ ਕਿ ਅਸੀਂ ਪਾਰਟੀ ਦੇ ਗੌਰਵਸ਼ਾਲੀ ਸੰਘਰਸ਼ ਅਤੇ ਜਿੱਤਾਂ 'ਤੇ ਮਾਣ ਕਰਦੇ ਹਾਂ, ਪਰ ਮੌਜੂਦਾ ਦੌਰ ਵਿੱਚ ਚੁਣੌਤੀਆਂ ਬਹੁਤ ਵੱਡੀਆਂ ਹਨ। ਇਸ ਦੌਰ ਵਿਚ ਪਾਰਟੀ ਦਾ ਤਾਕਤਵਰ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਮੋਦੀ ਸਰਕਾਰ ਤੇ ਭਾਜਪਾ ਦੇ ਫਾਸ਼ੀਵਾਦ ਵੱਲ ਵਧਦੇ ਕਦਮਾਂ ਦੀ ਗੱਲ ਕਰਦਿਆਂ ਕਿਹਾ ਕਿ ਹਿਟਲਰ ਤੇ ਮੁਸੋਲਿਨੀ ਵੀ ਚੋਣਾਂ ਰਾਹੀਂ ਜਿੱਤ ਕੇ ਸੱਤਾ 'ਤੇ ਕਾਬਜ਼ ਹੋਏ ਸਨ। ਮੋਦੀ ਵੀ ਉਨ੍ਹਾਂ ਰਾਹਾਂ 'ਤੇ ਚੱਲ ਕੇ ਡਿਕਟੇਟਰ ਬਣਨਾ ਚਾਹੁੰਦੇ ਹਨ। ਸਾਡਾ ਸਭ ਤੋਂ ਮੁੱਢਲਾ ਕੰਮ ਮੋਦੀ ਨੂੰ ਸੱਤਾ ਤੋਂ ਬਾਹਰ ਕਰਨਾ ਹੈ।

ਉਹਨਾਂ ਕੇਰਲਾ ਵਿੱਚ ਖੱਬੇ ਤੇ ਜਮਹੂਰੀ ਮੋਰਚੇ ਦੀ ਦੁਬਾਰਾ ਸਰਕਾਰ ਬਣਨ ਦੀ ਆਸ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਪੱਛਮੀ ਬੰਗਾਲ ਵਿੱਚ ਵੀ ਕਾਮਰੇਡਾਂ ਦੀ ਸੱਤਾ ਵਿੱਚ ਵਾਪਸੀ ਹੋਵੇਗੀ।

ਇਸ ਦੌਰਾਨ ਦੋ ਅਹਿਮ ਮਤੇ ਪਾਸ ਕੀਤੇ ਗਏ। ਪਹਿਲੇ ਮਤੇ ਅਨੁਸਾਰ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਵਾਹਗਾ ਸਰਹੱਦ ਰਾਹੀਂ ਪਾਕਿਸਤਾਨ ਨਾਲ ਵਪਾਰ ਤੁਰੰਤ ਬਹਾਲ ਕਰਨ ਦੀ ਜ਼ੋਰਦਾਰ ਮੰਗ ਕੀਤੀ ਗਈ। ਵੰਡ ਦੀ ਰੇਖਾ ਨਾਲ ਵੰਡੇ ਹੋਏ ਪਰ ਸਦੀਆਂ ਤੋਂ ਸਾਂਝੇ ਸੱਭਿਆਚਾਰਕ, ਇਤਿਹਾਸਕ ਅਤੇ ਭੂਗੋਲਿਕ ਸੰਬੰਧਾਂ ਨਾਲ ਜੁੜੇ ਪੰਜਾਬ ਦੇ ਲੋਕਾਂ ਲਈ ਪਾਕਿਸਤਾਨ ਕੋਈ ਦੂਰ ਦਾ ਗਵਾਂਢੀ ਨਹੀਂ, ਸਗੋਂ ਕੁਦਰਤੀ ਵਪਾਰਕ ਸਹਿਯੋਗੀ ਹੈ। ਇਸ ਵਪਾਰ ਨੂੰ ਮੁਅੱਤਲ ਕਰਨ ਕਾਰਨ ਪੰਜਾਬ ਦੀ ਆਰਥਿਕਤਾ ਖਾਸ ਕਰਕੇ ਇਸ ਦੇ ਕਿਸਾਨਾਂ, ਛੋਟੇ ਵਪਾਰੀਆਂ, ਟਰਾਂਸਪੋਰਟਰਾਂ ਤੇ ਕਾਰੀਗਰਾਂ ਨੂੰ ਬਹੁਤ ਨੁਕਸਾਨ ਹੋਇਆ ਹੈ। ਇਹਨਾਂ ਰਸਤਿਆਂ ਨੂੰ ਦੁਬਾਰਾ ਖੋਲ੍ਹਣ ਨਾਲ ਨਾ ਸਿਰਫ ਲਾਗਤਾਂ ਅਤੇ ਆਵਾਜਾਈ ਦੇ ਸਮੇਂ ਵਿੱਚ ਕਮੀ ਆਵੇਗੀ, ਬਲਕਿ ਸਰਹੱਦੀ ਭਾਈਚਾਰਿਆਂ ਨੂੰ ਸਿੱਧੀ ਰਾਹਤ ਵੀ ਮਿਲੇਗੀ, ਜੋ ਸਭ ਤੋਂ ਵੱਧ ਪ੍ਰਭਾਵਤ ਹੋਏ ਹਨ। ਕਣਕ, ਚੌਲ, ਕਪਾਹ, ਸਬਜ਼ੀਆਂ, ਕੱਪੜਾ ਅਤੇ ਉਦਯੋਗਿਕ ਸਮਾਨ ਸਰਹੱਦ ਪਾਰੋਂ ਆਸਾਨੀ ਨਾਲ ਲੰਘ ਸਕਦੇ ਹਨ, ਜਿਸ ਨਾਲ ਦੋਵਾਂ ਪਾਸਿਆਂ ਦੀ ਰੋਜ਼ੀ-ਰੋਟੀ ਵਧਦੀ ਹੈ।

ਸੀ ਪੀ ਆਈ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪੰਜਾਬ ਵਿੱਚ ਸ਼ਾਂਤੀ ਅਤੇ ਖੁਸ਼ਹਾਲੀ ਨੂੰ ਸਰਹੱਦ ਪਾਰ ਆਰਥਿਕ ਸ਼ਮੂਲੀਅਤ ਤੋਂ ਵੱਖ ਨਹੀਂ ਕੀਤਾ ਜਾ ਸਕਦਾ। ਦੁਸ਼ਮਣੀ ਨੂੰ ਵਧਾਉਣ ਦੀ ਬਜਾਏ ਭਾਰਤ ਅਤੇ ਪਾਕਿਸਤਾਨ ਦੀਆਂ ਸਰਕਾਰਾਂ ਨੂੰ ਦੋਵਾਂ ਪਾਸਿਆਂ ਦੇ ਪੰਜਾਬੀਆਂ ਦੀਆਂ ਇੱਛਾਵਾਂ ਨੂੰ ਪਛਾਨਣਾ ਚਾਹੀਦਾ ਹੈ, ਜਿਨ੍ਹਾਂ ਨੇ ਲੰਮੇ ਸਮੇਂ ਤੋਂ ਲੋਕਾਂ ਵਿਚਾਲੇ ਸੰਪਰਕ ਅਤੇ ਵਪਾਰ ਨੂੰ ਆਮ ਬਣਾਉਣ ਦੀ ਮੰਗ ਕੀਤੀ ਹੈ। ਵਪਾਰ ਦੀ ਬਹਾਲੀ ਸਿਰਫ ਇੱਕ ਆਰਥਕ ਲੋੜ ਨਹੀਂ, ਇਹ ਦੱਖਣੀ ਏਸ਼ੀਆ ਵਿੱਚ ਟਿਕਾਊ ਸ਼ਾਂਤੀ ਕਾਇਮ ਕਰਨ ਵਾਲਾ ਇੱਕ ਲੋਕਤੰਤਰੀ ਅਤੇ ਮਨੁੱਖੀ ਕਦਮ ਹੈ। ਇਹ ਮਤਾ ਹਰਦੇਵ ਅਰਸ਼ੀ ਨੇ ਪੇਸ਼ ਕੀਤਾ, ਜੋ ਸਰਬਸੰਮਤੀ ਨਾਲ ਪਾਸ ਹੋ ਗਿਆ।

ਦੂਸਰਾ ਮਤਾ ਸੀ ਪੀ ਆਈ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ ਵੱਲੋਂ ਪੇਸ਼ ਕੀਤਾ ਗਿਆ। ਇਹ ਮਤਾ ਵੀ ਸਰਬਸੰਮਤੀ ਨਾਲ ਪਾਸ ਹੋ ਗਿਆ। ਇਸ ਮਤੇ ਅਨੁਸਾਰ ਸੀ ਪੀ ਆਈ ਦੀ 25ਵੀਂ ਕਾਂਗਰਸ ਵਿਚਾਰ-ਅਧੀਨ ਕੈਦੀਆਂ ਅਤੇ ਉਨ੍ਹਾਂ ਲੋਕਾਂ ਲਈ ਤੁਰੰਤ ਨਿਆਂ ਦੀ ਮੰਗ ਕਰਦੀ ਹੈ, ਜਿਨ੍ਹਾਂ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਲਈਆਂ ਹਨ।ਅਪਰਾਧਿਕ ਨਿਆਂ ਪ੍ਰਣਾਲੀ ਨਾਗਰਿਕਾਂ ਨੂੰ ਅਸਫਲ ਕਰ ਰਹੀ ਹੈ, ਮੁਕੱਦਮਿਆਂ ਵਿੱਚ ਦੇਰੀ ਅਤੇ ਘੱਟ ਗਿਣਤੀਆਂ, ਖਾਸ ਕਰਕੇ ਸਿੱਖਾਂ ਅਤੇ ਮੁਸਲਮਾਨਾਂ ਨੂੰ ਨਿਸ਼ਾਨਾ ਬਣਾ ਕੇ ਅੱਤਿਆਚਾਰ ਕੀਤਾ ਜਾ ਰਿਹਾ ਹੈ। ਪਾਰਟੀ ਮੰਗ ਕਰਦੀ ਹੈ ਕਿ ਜੇਲ੍ਹ ਦੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਸਾਰੇ ਕੈਦੀਆਂ ਦੀ ਤੁਰੰਤ ਰਿਹਾਈ, ਬਿਨਾਂ ਮੁਕੱਦਮੇ ਜਾਂ ਬਹੁਤ ਹੌਲੀ ਕਾਰਵਾਈ ਨਾਲ ਸੜ ਰਹੇ ਵਿਚਾਰ-ਅਧੀਨ ਕੈਦੀਆਂ ਲਈ ਜ਼ਮਾਨਤ, ਖੱਬੇ-ਪੱਖੀ ਅਤੇ ਉਦਾਰਵਾਦੀ ਬੁੱਧੀਜੀਵੀਆਂ, ਵਿਦਿਆਰਥੀ ਆਗੂਆਂ ਅਤੇ ਸਮਾਜਿਕ ਕਾਰਕੁਨਾਂ ਦੀ ਰਿਹਾਈ ਕੀਤੀ ਜਾਵੇ। ਅਜਿਹੇ ਝੂਠੇ ਕੇਸ ਵਾਪਸ ਲਏ ਜਾਣ ਅਤੇ ਯੂ ਏ ਪੀ ਏ ਵਰਗੇ ਕਠੋਰ ਕਾਨੂੰਨਾਂ ਨੂੰ ਰੱਦ ਕੀਤਾ ਜਾਵੇ, ਜੋ ਲੋਕਾਂ ਨੂੰ ਬਿਨਾਂ ਮੁਕੱਦਮੇ ਦੇ ਲੰਮੇ ਸਮੇਂ ਤੱਕ ਕੈਦ ਵਿੱਚ ਰੱਖਣ ਦੀ ਸਜ਼ਾ ਦਿੰਦੇ ਹਨ।






ਚੰਦ ਫਤਿਹਪੁਰੀ, ਮਾੜੀਮੇਘਾ ਤੇ ਆਸਲ ਵੱਲੋਂ ਖੁਸ਼ੀ ਦਾ ਪ੍ਰਗਟਾਵਾ

ਚੰਡੀਗੜ੍ਹ, (ਗਿਆਨ ਸੈਦਪੁਰੀ)-ਸੀ ਪੀ ਆਈ ਦੇ 25ਵੇਂ ਮਹਾਂ-ਸੰਮੇਲਨ ਦੇ ਸਫ਼ਲਤਾ-ਪੂਰਨ ਸਮਾਪਤ ਹੋਣ 'ਤੇ 'ਨਵਾਂ ਜ਼ਮਾਨਾ' ਦੇ ਸੰਪਾਦਕ ਚੰਦ ਫਤਿਹਪੁਰੀ ਅਤੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਪਾਰਟੀ ਦੀ ਸਿਖਰਲੀ ਲੀਡਰਸ਼ਿਪ ਨੂੰ ਵਧਾਈ ਦਿੱਤੀ ਹੈ। ਇਸੇ ਤਰ੍ਹਾਂ ਏਟਕ ਦੇ ਸੂਬਾਈ ਆਗੂ ਅਮਰਜੀਤ ਸਿੰਘ ਆਸਲ ਨੇ ਵੀ ਸਫ਼ਲ ਮਹਾਂ-ਸੰਮੇਲਨ ਲਈ ਪੰਜਾਬ ਦੇ ਲੋਕਾਂ ਨੂੰ ਵਧਾਈ ਦਿੱਤੀ ਹੈ। ਉਨ੍ਹਾ ਕਿਹਾ ਕਿ ਇਸ ਇਤਿਹਾਸਕ ਕਾਰਜ ਦਾ ਜ਼ਿੰਮਾ ਸੀ ਪੀ ਆਈ ਦੀ ਪੰਜਾਬ ਇਕਾਈ ਨੇ ਬਾਖੂਬੀ ਨਿਭਾਇਆ ਹੈ।

ਪਾਰਟੀ ਦਾ ਭਵਿੱਖ ਜਵਾਨੀ ਦੇ ਹੱਥਾਂ 'ਚ ਸੁਰੱਖਿਅਤ : ਜਗਰੂਪ

ਚੰਡੀਗੜ੍ਹ (ਗਿਆਨ ਸੈਦਪੁਰੀ)
ਸੀਨੀਅਰ ਕਮਿਊਨਿਸਟ ਆਗੂ ਕਾਮਰੇਡ ਜਗਰੂਪ ਨੇ ਕਿਹਾ ਕਿ ਪੂਰੇ ਦੇਸ਼ ਲਈ ਇਹ ਮਾਣ ਵਾਲੀ ਗੱਲ ਹੈ ਕਿ ਭਾਰਤੀ ਕਮਿਊਨਿਸਟ ਪਾਰਟੀ ਦੀ 25ਵੀਂ ਪਾਰਟੀ ਕਾਂਗਰਸ ਪਾਰਟੀ ਦੇ ਸ਼ਾਨਾਮੱਤੇ ਇਤਿਹਾਸ ਦੇ ਸੌ ਸਾਲ ਪੂਰੇ ਹੋਣ ਦੇ ਮੌਕੇ ਹੋਈ ਹੈ। ਪੰਜਾਬ ਲਈ ਇਹ ਹੋਰ ਵੀ ਗੌਰਵਮਈ ਹੈ ਕਿ ਮਹਾਂ-ਸੰਮੇਲਨ ਇਸ ਦੀ ਰਾਜਧਾਨੀ ਚੰਡੀਗੜ੍ਹ ਵਿੱਚ ਹੋਇਆ ਹੈ। ਇਹ ਮਹਾਂ-ਸੰਮੇਲਨ ਪੂਰੀ ਤਰ੍ਹਾਂ ਸਫਲ ਰਿਹਾ ਹੈ। ਖੁਸ਼ੀ ਵਾਲੀ ਇਹ ਗੱਲ ਵੀ ਹੈ ਕਿ ਇਸ ਵੱਡੇ ਬਜਟ ਵਾਲੇ ਸੰਮੇਲਨ ਲਈ ਪਾਰਟੀ ਕਾਰਕੁਨਾਂ ਤੇ ਸਮਰਥਕਾਂ ਨੇ ਮਾਲੀ ਸਹਿਯੋਗ ਦੇਣ ਵਿੱਚ ਕੋਈ ਕਸਰ ਨਹੀਂ ਛੱਡੀ।ਇਸ ਪਾਰਟੀ ਕਾਂਗਰਸ ਨੂੰ ਰੌਣਕੀਲੀ ਤੇ ਖੂਬਸੂਰਤ ਦਿੱਖ ਦੇਣ ਲਈ 'ਬਨੇਗਾ' ਦੇ ਨੌਜਵਾਨ ਮੁੰਡੇ-ਕੁੜੀਆਂ ਨੇ ਕਮਾਲ ਦੀ ਕਲਾ ਦਾ ਇਸਤੇਮਾਲ ਕੀਤਾ। ਪਾਰਟੀ ਨੌਜਵਾਨਾਂ ਦਾ ਕੰਮ ਵੇਖ ਕੇ ਸਕੂਨ ਮਹਿਸੂਸ ਕਰਦੀ ਹੈ ਕਿ ਪਾਰਟੀ ਦਾ ਭਵਿੱਖ ਜਵਾਨੀ ਦੇ ਹੱਥਾਂ 'ਚ ਸੁਰੱਖਿਅਤ ਹੈ।

ਅਮਰੀਕਾ ਹਰਜੀਤ ਕੌਰ ਨੂੰ ਡਿਪੋਰਟ ਕਰਕੇ ਹਟਿਆ



ਨਵੀਂ ਦਿੱਲੀ : ਅਮਰੀਕਾ ਨੇ 30 ਸਾਲ ਤੋਂ ਉੱਥੇ ਰਹਿ ਰਹੀ 73 ਸਾਲਾ ਹਰਜੀਤ ਕੌਰ ਨੂੰ ਦੇਸ਼ ਨਿਕਾਲਾ ਦੇ ਦਿੱਤਾ ਹੈ। ਉਹ 1982 ਵਿੱਚ ਆਪਣੇ ਦੋ ਪੁੱਤਰਾਂ ਨਾਲ ਅਮਰੀਕਾ ਆ ਗਈ ਸੀ। ਕੁਝ ਦਿਨ ਪਹਿਲਾਂ ਉਸ ਨੂੰ ਅਮਰੀਕਾ ਦੀ ਇਮੀਗ੍ਰੇਸ਼ਨ ਅਤੇ ਕਸਟਮਜ਼ ਇਨਫੋਰਸਮੈਂਟ ਨੇ ਗੈਰਕਾਨੂੰਨੀ ਤੌਰ 'ਤੇ ਰਹਿਣ ਦੇ ਦੋਸ਼ 'ਚ ਈਸਟ ਬੇਅ ਵਿੱਚ ਹਿਰਾਸਤ ਵਿੱਚ ਲੈ ਲਿਆ ਸੀ। ਉਸ ਦਾ ਕੋਈ ਅਪਰਾਧਕ ਰਿਕਾਰਡ ਨਹੀਂ ਸੀ। ਉਸ ਦੀ ਅਰਜ਼ੀ 2013 ਵਿੱਚ ਰੱਦ ਕਰ ਦਿੱਤੀ ਗਈ ਸੀ। ਉਸ ਦੇ ਵਕੀਲ ਦੀਪਕ ਆਹਲੂਵਾਲੀਆ ਨੇ ਦੱਸਿਆ ਕਿ ਹਰਜੀਤ ਕੌਰ ਨੂੰ 132 ਹੋਰ ਭਾਰਤੀ ਨਾਗਰਿਕਾਂ ਦੇ ਨਾਲ ਪਹਿਲਾਂ ਚਾਰਟਰਡ ਫਲਾਈਟ ਰਾਹੀਂ ਜਾਰਜੀਆ ਤੋਂ ਅਰਮੀਨੀਆ ਲਿਜਾਇਆ ਗਿਆ ਅਤੇ ਫਿਰ ਦਿੱਲੀ ਹਵਾਈ ਅੱਡੇ 'ਤੇ ਲਿਆਂਦਾ ਗਿਆ।

ਮੁਹਾਲੀ 'ਚ ਜਿੰਮ ਮਾਲਕ 'ਤੇ ਬਾਈਕ ਸਵਾਰਾਂ ਵੱਲੋਂ ਗੋਲੀਬਾਰੀ, ਹਾਲਤ ਗੰਭੀਰ

ਮੁਹਾਲੀ : ਫੇਜ਼ 2 ਦੇ ਇੱਕ ਜਿਮ ਮਾਲਕ ਉੱਤੇ ਵੀਰਵਾਰ ਸਵੇਰੇ 5 ਵਜੇ ਦੇ ਕਰੀਬ ਮੋਟਰਸਾਈਕਲ ਉੱਤੇ ਆਏ ਹਮਲਾਵਰਾਂ ਨੇ ਗੋਲੀਆਂ ਚਲਾਈਆਂ। ਵਿੱਕੀ ਨਾਂਅ ਦੇ ਇਸ ਜਿੰਮ ਮਾਲਕ ਦੀਆਂ ਲੱਤਾਂ ਵਿੱਚ ਚਾਰ ਦੇ ਕਰੀਬ ਗੋਲੀਆਂ ਲੱਗੀਆਂ ਅਤੇ ਉਸ ਨੂੰ ਗੰਭੀਰ ਹਾਲਤ ਵਿੱਚ ਮੁਹਾਲੀ ਦੇ ਨਿੱਜੀ ਹਸਪਤਾਲ ਵਿੱਚ ਭਰਤੀ ਕਰਾਇਆ ਗਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਹਮਲਾਵਰ ਮੋਟਰਸਾਈਕਲ 'ਤੇ ਸਵਾਰ ਸਨ ਅਤੇ ਜਿੰਮ ਮਾਲਕ ਆਪਣੇ ਜਿੰਮ ਦੇ ਬਾਹਰ ਗੱਡੀ ਵਿੱਚ ਪਿਆ ਸੀ, ਜਦੋਂ ਉਸ ਉੱਤੇ ਗੋਲੀਆਂ ਚਲਾਈਆਂ ਗਈਆਂ। ਜਿੰਮ ਟਰੇਨਰ ਅਤੇ ਜਿੰਮ ਵਿੱਚ ਆਏ ਨੌਜਵਾਨਾਂ ਨੇ ਜ਼ਖ਼ਮੀ ਹੋਏ ਜਿੰਮ ਮਾਲਕ ਨੂੰ ਹਸਪਤਾਲ ਪਹੁੰਚਾਇਆ। ਮਾਰਕੀਟ ਦੇ ਚੌਂਕੀਦਾਰਾਂ ਨੇ ਮਾਮਲੇ ਦੀ ਸੂਚਨਾ ਤੁਰੰਤ ਪੁਲਸ ਨੂੰ ਦਿੱਤੀ ਅਤੇ ਮੁਹਾਲੀ ਦੇ ਫੇਜ਼ ਇੱਕ ਥਾਣੇ ਦੀ ਟੀਮ ਨੇ ਮੌਕੇ 'ਤੇ ਪਹੁੰਚ ਕੇ ਜਿੰਮ ਮਾਲਕ ਦੀ ਕਾਰ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ।

ਗਿਣਤੀ ਦਾ ਆਖਰੀ ਗੇੜ ਡਾਕ ਵੋਟਾਂ ਦੀ ਗਿਣਤੀ ਮਗਰੋਂ ਹੋਵੇਗਾ : ਚੋਣ ਕਮਿਸ਼ਨ

ਨਵੀਂ ਦਿੱਲੀ : ਚੋਣ ਕਮਿਸ਼ਨ ਨੇ ਐਲਾਨ ਕੀਤਾ ਹੈ ਕਿ ਗਿਣਤੀ ਪ੍ਰਕਿਰਿਆ ਵਿੱਚ ਇਕਸਾਰਤਾ ਅਤੇ ਸਪੱਸ਼ਟਤਾ ਨੂੰ ਯਕੀਨੀ ਬਣਾਉਣ ਲਈ ਈ ਵੀ ਐੱਮ/ਵੀ ਵੀ ਪੀ ਏ ਟੀ ਦਾ ਆਖਰੀ (ਦੂਜਾ ਆਖਰੀ) ਰਾਊਂਡ ਡਾਕ ਵੋਟਾਂ ਦੀ ਗਿਣਤੀ ਪੂਰੀ ਹੋਣ ਤੋਂ ਬਾਅਦ ਹੀ ਗਿਣਤੀ ਕੇਂਦਰ 'ਚ ਕੀਤਾ ਜਾਵੇਗਾ, ਜਿੱਥੇ ਡਾਕ ਵੋਟਾਂ ਦੀ ਗਿਣਤੀ ਕੀਤੀ ਜਾ ਰਹੀ ਹੋਵੇ। ਚੋਣ ਸੰਸਥਾ ਨੇ ਇੱਕ ਬਿਆਨ ਵਿੱਚ ਕਿਹਾ ਕਿ ਹਾਲਾਂਕਿ ਡਾਕ ਵੋਟਾਂ ਦੀ ਗਿਣਤੀ ਆਮ ਤੌਰ 'ਤੇ ਈ ਵੀ ਐੱਮ ਦੀ ਗਿਣਤੀ ਤੋਂ ਪਹਿਲਾਂ ਪੂਰੀ ਹੋ ਜਾਂਦੀ ਹੈ, ਪਰ ਗਿਣਤੀ ਪ੍ਰਕਿਰਿਆ ਵਿੱਚ ਇਕਸਾਰਤਾ ਅਤੇ ਪੂਰੀ ਸਪੱਸ਼ਟਤਾ ਨੂੰ ਯਕੀਨੀ ਬਣਾਉਣ ਲਈ ਕਮਿਸ਼ਨ ਨੇ ਇਹ ਫ਼ੈਸਲਾ ਲਿਆ ਹੈ। ਕਮਿਸ਼ਨ ਨੇ ਨਿਰਦੇਸ਼ ਦਿੱਤਾ ਹੈ ਕਿ ਜਿੱਥੇ ਵੱਡੀ ਗਿਣਤੀ ਵਿੱਚ ਡਾਕ ਵੋਟਾਂ ਹਨ, ਉੱਥੇ ਆਰ ਓ ਇਹ ਯਕੀਨੀ ਬਣਾਉਣ ਕਿ ਟੇਬਲ ਅਤੇ ਸਟਾਫ ਵੱਡੀ ਗਿਣਤੀ ਵਿੱਚ ਮੌਜੂਦ ਹੋਵੇ, ਤਾਂ ਜੋ ਕੋਈ ਦੇਰੀ ਨਾ ਹੋਵੇ ਅਤੇ ਗਿਣਤੀ ਪ੍ਰਕਿਰਿਆ ਨੂੰ ਹੋਰ ਸੁਚਾਰੂ ਬਣਾਇਆ ਜਾ ਸਕੇ। ਗਿਣਤੀ ਵਾਲੇ ਦਿਨ ਡਾਕ ਬੈਲਟ ਦੀ ਗਿਣਤੀ ਸਵੇਰੇ 8:00 ਵਜੇ ਸ਼ੁਰੂ ਹੁੰਦੀ ਹੈ ਅਤੇ ਈ ਵੀ ਐੱਮ ਦੀ ਗਿਣਤੀ ਸਵੇਰੇ 8:30 ਵਜੇ ਸ਼ੁਰੂ ਹੁੰਦੀ ਹੈ। ਚੋਣ ਕਮਿਸ਼ਨ ਨੇ ਕਿਹਾ ਕਿ ਪਹਿਲਾਂ ਜਾਰੀ ਹਦਾਇਤਾਂ ਮੁਤਾਬਕ ਈ ਵੀ ਐੱਮ ਦੀ ਗਿਣਤੀ ਸਿਧਾਂਤਕ ਤੌਰ 'ਤੇ ਡਾਕ ਬੈਲਟ ਦੀ ਗਿਣਤੀ ਦੇ ਪੜਾਅ ਦੀ ਪਰਵਾਹ ਕੀਤੇ ਬਿਨਾਂ ਜਾਰੀ ਰਹਿ ਸਕਦੀ ਹੈ ਅਤੇ ਡਾਕ ਬੈਲਟ ਦੀ ਗਿਣਤੀ ਪੂਰੀ ਹੋਣ ਤੋਂ ਪਹਿਲਾਂ ਇਸ ਦੇ ਪੂਰਾ ਹੋਣ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ।

ਮੋਰਾਂਵਾਲੀ 'ਚ ਪ੍ਰਵਾਸੀ ਭਾਰਤੀ ਤੇ ਮਹਿਲਾ ਦਾ ਕਤਲ

ਗੜ੍ਹਸ਼ੰਕਰ : ਤਹਿਸੀਲ ਦੇ ਪਿੰਡ ਮੋਰਾਂਵਾਲੀ ਵਿੱਚ ਵੀਰਵਾਰ ਸਵੇਰੇ ਉਦੋਂ ਸਹਿਮ ਦਾ ਮਾਹੌਲ ਬਣ ਗਿਆ, ਜਦੋਂ ਇਕ ਐੱਨ ਆਰ ਆਈ ਅਤੇ ਘਰ ਦੀ ਦੇਖ ਭਾਲ ਕਰਨ ਵਾਲੀ ਮਹਿਲਾ ਦੀਆਂ ਖ਼ੂਨ ਨਾਲ ਲਥਪਥ ਲਾਸ਼ਾਂ ਬਰਾਮਦ ਹੋਈਆਂ। ਦੋਵਾਂ ਦਾ ਤੇਜ਼ਧਾਰ ਹਥਿਆਰਾਂ ਨਾਲ ਕਤਲ ਕੀਤੇ ਜਾਣ ਦੀ ਰਿਪੋਰਟ ਹੈ। ਮ੍ਰਿਤਕ ਦੀ ਪਛਾਣ ਐੱਨ ਆਰ ਆਈ ਸੰਤੋਖ ਸਿੰਘ (65) ਪੁੱਤਰ ਗਿਆਨ ਸਿੰਘ ਵਜੋਂ ਹੋਈ ਹੈ, ਜੋ ਕਿ ਕਰੀਬ ਤਿੰਨ ਮਹੀਨੇ ਪਹਿਲਾਂ ਹੀ ਕੈਨੇਡਾ ਤੋਂ ਆਇਆ ਸੀ। ਮਹਿਲਾ ਦੀ ਪਛਾਣ ਮਨਜੀਤ ਕੌਰ (50) ਪਤਨੀ ਲਖਵਿੰਦਰ ਸਿੰਘ ਪਿੰਡ ਮੋਰਾਂਵਾਲੀ ਵਜੋਂ ਹੋਈ ਹੈ। ਗੜ੍ਹਸ਼ੰਕਰ ਪੁਲਸ ਮਾਮਲੇ ਦੀ ਪੜਤਾਲ ਕਰ ਰਹੀ ਹੈ।

ਨਵੀਆਂ ਸਹਿਕਾਰੀ ਸਭਾਵਾਂ ਦੇ ਗਠਨ ਸੰਬੰਧੀ ਪੁਰਾਣੀਆਂ ਪਾਬੰਦੀਆਂ ਖਤਮ : ਭਗਵੰਤ ਮਾਨ

ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)-ਇੱਕ ਮਹੱਤਵਪੂਰਨ ਫੈਸਲੇ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਨਵੀਆਂ ਸਹਿਕਾਰੀ ਸਭਾਵਾਂ, ਜਿਨ੍ਹਾਂ ਵਿੱਚ ਪੀ ਏ ਸੀ ਐਸ, ਮਿਲਕ ਸੋਸਾਈਟੀਜ਼ ਅਤੇ ਲੇਬਰ ਸੁਸਾਇਟੀਆਂ ਸ਼ਾਮਲ ਹਨ, ਦੇ ਗਠਨ ਸਬੰਧੀ ਪੁਰਾਣੀਆਂ ਪਾਬੰਦੀਆਂ ਹਟਾ ਦਿੱਤੀਆਂ ਹਨ।ਇਸ ਦੇ ਵੇਰਵੇ ਸਾਂਝੇ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਦੇਸ਼ ਦੀ ਸਹਿਕਾਰੀ ਲਹਿਰ ਸਵੈ-ਇੱਛਤ ਸੰਗਠਨ, ਮੈਂਬਰਾਂ ਦੇ ਜਮਹੂਰੀ ਢੰਗ ਨਾਲ ਵਿਚਰਨ ਅਤੇ ਖੁੱਲ੍ਹੀ ਪਹੁੰਚ ਦੇ ਸਿਧਾਂਤਾਂ 'ਤੇ ਕਾਇਮ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਵਿੱਚ ਸਹਿਕਾਰੀ ਖੇਤਰ ਦਾ ਵਿਸਥਾਰ, ਮਜ਼ਬੂਤੀ ਅਤੇ ਇਸ ਨੂੰ ਹੋਰ ਸਮਾਵੇਸ਼ੀ ਬਣਾਉਣਾ ਸਮੇਂ ਦੀ ਲੋੜ ਹੈ ਤਾਂ ਜੋ ਇਸ ਦਾ ਸਿੱਧਾ ਲਾਭ ਕਿਸਾਨਾਂ, ਮਜ਼ਦੂਰਾਂ ਅਤੇ ਪੇਂਡੂ ਭਾਈਚਾਰਿਆਂ ਨੂੰ ਮਿਲ ਸਕੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਆਪਣੀ ਖੁਦ ਦੀ ਸਹਿਕਾਰੀ ਨੀਤੀ ਤਿਆਰ ਕਰ ਰਹੀ ਹੈ, ਜਿਸ ਦਾ ਸਪੱਸ਼ਟ ਉਦੇਸ਼ ਸਹਿਕਾਰੀ ਸਭਾਵਾਂ ਨਾਲ ਵਧੇਰੇ ਲੋਕਾਂ ਨੂੰ ਜੋੜਨਾ, ਭਾਗੀਦਾਰੀ ਦੇ ਮੌਕੇ ਵਧਾਉਣਾ ਅਤੇ ਨਿਰਪੱਖ ਮੁਕਾਬਲੇ ਨੂੰ ਯਕੀਨੀ ਬਣਾਉਣਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਸ ਦਾ ਵਿਸ਼ੇਸ਼ ਮੰਤਵ ਸਹਿਕਾਰੀ ਸਭਾਵਾਂ ਨੂੰ ਪੰਜਾਬ ਦੇ ਪੇਂਡੂ ਅਤੇ ਆਰਥਿਕ

• ਬਾਕੀ ਸਫਾ 2 'ਤੇ

350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਤ ਰਾਜ ਪੱਧਰੀ ਸਮਾਗਮਾਂ ਲਈ ਲੋਗੋ ਜਾਰੀ

ਚੰਡੀਗੜ੍ਹ, (ਗੁਰਜੀਤ ਬਿੱਲਾ)
ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਜਾਣ ਵਾਲੇ ਰਾਜ ਪੱਧਰੀ ਯਾਦਗਾਰੀ ਸਮਾਗਮਾਂ ਲਈ ਲੋਗੋ ਜਾਰੀ ਕੀਤਾ।ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬਾ ਭਰ ਵਿੱਚ ਇਸ ਮਹਾਨ ਦਿਹਾੜੇ ਨੂੰ ਸ਼ਰਧਾ ਤੇ ਸਤਿਕਾਰ ਨਾਲ ਮਨਾਉਣ ਲਈ ਲੜੀਵਾਰ ਸਮਾਗਮ ਉਲੀਕੇ ਹਨ। ਉਨ੍ਹਾਂ ਕਿਹਾ ਕਿ 'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਦੇ ਮਹਾਨ ਮੌਕੇ ਪੰਜਾਬ ਸਰਕਾਰ ਵੱਲੋਂ ਇਤਿਹਾਸਕ ਸਮਾਗਮ ਕਰਵਾਏ ਜਾਣਗੇ। ਮੁੱਖ ਮੰਤਰੀ ਨੇ ਕਿਹਾ ਕਿ 25 ਅਕਤੂਬਰ ਨੂੰ ਦਿੱਲੀ ਵਿਖੇ ਵਿਸ਼ਾਲ ਕੀਰਤਨ ਦਰਬਾਰ ਹੋਵੇਗਾ ਅਤੇ 25 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਵੱਡਾ ਸਮਾਗਮ ਹੋਵੇਗਾ।ਉਨ੍ਹਾਂ ਕਿਹਾ ਕਿ 20 ਨਵੰਬਰ ਤੋਂ ਜੰਮੂ, ਗੁਰਦਾਸਪੁਰ, ਫਰੀਦਕੋਟ ਅਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਚਾਰ ਨਗਰ ਕੀਰਤਨ ਸਜਾਏ ਜਾਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਚਾਰ ਨਗਰ ਕੀਰਤਨ 22 ਨਵੰਬਰ ਦੀ ਸ਼ਾਮ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚਣਗੇ ਅਤੇ ਇਸ ਪਵਿੱਤਰ ਨਗਰ ਵਿਖੇ ਸੂਬਾ ਸਰਕਾਰ ਵੱਲੋਂ 23 ਤੋਂ 25 ਨਵੰਬਰ ਤੱਕ ਵੱਖ-ਵੱਖ ਸਮਾਗਮ ਕਰਵਾਏ ਜਾਣਗੇ।ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦੇ ਸਹਿਯੋਗ ਨਾਲ ਇਹ ਇਤਿਹਾਸਕ ਸਮਾਗਮ ਮੁੱਖ ਤੌਰ 'ਤੇ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ 'ਤੇ ਕਰਵਾਏ ਜਾਣਗੇ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਇਕ ਪਵਿੱਤਰ ਮੌਕਾ

• ਬਾਕੀ ਸਫਾ 2 'ਤੇ

ਮੈਨੂੰ ਡੱਕਣਾ ਸਰਕਾਰ ਲਈ ਮੁਸ਼ਕਲਾਂ ਵਧਾਏਗਾ : ਸੋਨਮ ਵਾਂਗਚੁੱਕ

ਲੇਹ : ਪੁਲਸ ਅਤੇ ਨੀਮ ਫੌਜੀ ਬਲਾਂ ਨੇ ਵੀਰਵਾਰ ਕਰਫਿਊ ਲਗਾਉਣ ਮਗਰੋਂ ਘੱਟੋ-ਘੱਟ 50 ਲੋਕਾਂ ਨੂੰ ਹਿਰਾਸਤ ਵਿੱਚ ਲੈ ਲਿਆ। ਬੁੱਧਵਾਰ ਹੋਈਆਂ ਵਿਆਪਕ ਝੜਪਾਂ ਵਿੱਚ ਚਾਰ ਲੋਕਾਂ ਦੀ ਮੌਤ ਹੋ ਗਈ ਸੀ, ਜਦੋਂਕਿ 80 ਤੋਂ ਵੱਧ ਜ਼ਖਮੀ ਹੋ ਗਏ ਸਨ। ਲੇਹ ਐਪਕਸ ਬਾਡੀ ਨੇ ਲੱਦਾਖ ਨੂੰ ਰਾਜ ਦਾ ਦਰਜਾ ਦੇਣ ਤੇ ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਛੇਵੇਂ ਸ਼ਡਿਊਲ ਵਿੱਚ ਵਾਧੇ ਦੀ ਮੰਗ ਨੂੰ ਲੈ ਕੇ ਬੁੱਧਵਾਰ ਨੂੰ ਬੰਦ ਦਾ ਸੱਦਾ ਦਿੱਤਾ ਸੀ, ਜੋ ਮਗਰੋਂ ਹਿੰਸਾ, ਅਗਜ਼ਨੀ ਤੇ ਸੜਕਾਂ 'ਤੇ ਝੜਪਾਂ 'ਚ ਬਦਲ ਗਿਆ।

ਕਾਰਗਿਲ ਸਮੇਤ ਹੋਰ ਵੱਡੇ ਕਸਬਿਆਂ ਵਿੱਚ ਪੰਜ ਜਾਂ ਇਸ ਤੋਂ ਵੱਧ ਵਿਅਕਤੀਆਂ ਦੇ ਇਕੱਠੇ ਹੋਣ 'ਤੇ ਪਾਬੰਦੀ ਲਗਾ ਦਿੱਤੀ ਗਈ ਹੈ। ਕਾਬਿਲੇਗੌਰ ਹੈ ਕਿ ਕਾਰਗਿਲ ਡੈਮੋਕਰੇਟਿਕ ਅਲਾਇੰਸ (ਕੇ ਡੀ ਏ) ਵੱਲੋਂ ਵਾਤਾਵਰਨ ਕਾਰਕੁਨ ਸੋਨਮ ਵਾਂਗਚੁਕ, ਜੋ ਉਪਰੋਕਤ ਮੰਗਾਂ ਨੂੰ ਲੈ ਕੇ ਪਿਛਲੇ 35 ਦਿਨਾਂ ਤੋਂ ਭੁੱਖ ਹੜਤਾਲ 'ਤੇ ਸਨ, ਦੀ ਹਮਾਇਤ ਵਿੱਚ ਬੰਦ ਦਾ ਸੱਦਾ ਦਿੱਤਾ ਗਿਆ ਸੀ। ਵਾਂਗਚੁਕ ਨੇ ਲੇਹ ਸ਼ਹਿਰ ਵਿੱਚ ਤਿੱਖੀਆਂ ਝੜਪਾਂ ਤੋਂ ਬਾਅਦ ਆਪਣੀ ਭੁੱਖ ਹੜਤਾਲ ਵਾਪਸ ਲੈ ਲਈ ਸੀ। ਪੁਲਸ ਅਧਿਕਾਰੀ ਨੇ ਕਿਹਾ ਕਿ ਜ਼ਖ਼ਮੀਆਂ ਵਿਚ ਤਿੰਨ ਨੇਪਾਲੀ ਨਾਗਰਿਕ ਵੀ ਸ਼ਾਮਲ ਹਨ ਤੇ ਪੁਲਸ ਇਸ ਗੱਲ ਦੀ ਜਾਂਚ ਕਰ ਰਹੀ ਹੈ ਕਿ ਹਿੰਸਾ ਪਿੱਛੇ ਕਿਸੇ ਵਿਦੇਸ਼ੀ ਤਾਕਤ ਦਾ ਹੱਥ ਤਾਂ ਨਹੀਂ। ਅਧਿਕਾਰੀਆਂ ਨੇ ਦੱਸਿਆ ਕਿ ਕਾਰਗਿਲ, ਜ਼ਾਂਸਕਰ, ਨੁਬਰਾ, ਪਦਮ, ਚਾਂਗਤਾਂਗ, ਦਰਾਸ ਅਤੇ ਲਾਮਾਯੂਰੂ ਵਿੱਚ ਭਾਰੀ ਪੁਲਸ ਅਤੇ ਨੀਮ ਫੌਜੀ ਬਲਾਂ ਦੀ ਤਾਇਨਾਤੀ ਕੀਤੀ ਗਈ ਹੈ।

ਇਸੇ ਦੌਰਾਨ ਵਾਂਗਚੁੱਕ ਨੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰਾਲਾ ਹਿੰਸਾ ਦਾ ਦੋਸ਼ ਉਨ੍ਹਾ 'ਤੇ ਮੜ੍ਹ ਕੇ ਉਨ੍ਹਾ ਨੂੰ ਬਲੀ ਦਾ ਬਕਰਾ ਬਣਾ ਰਿਹਾ ਹੈ। ਉਨ੍ਹਾ ਖਬਰਦਾਰ ਕੀਤਾ ਕਿ ਉਨ੍ਹਾ ਨੂੰ ਅੰਦਰ ਕਰਨਾ ਸਰਕਾਰ ਲਈ ਹੋਰ ਮੁਸ਼ਕਲਾਂ ਪੈਦਾ ਕਰੇਗਾ। ਗ੍ਰਹਿ ਮੰਤਰਾਲੇ ਦੇ ਉਨ੍ਹਾ ਵਿਰੁੱਧ ਬਿਆਨ 'ਤੇ ਵਾਂਗਚੁੱਕ ਨੇ ਕਿਹਾ ਕਿ ਸਰਕਾਰ ਚਾਹੇ ਤਾਂ ਉਨ੍ਹਾ ਨੂੰ ਪਬਲਿਕ ਸੇਫਟੀ ਐਕਟ (ਪੀ ਐੱਸ ਏ) ਤਹਿਤ ਗ੍ਰਿਫਤਾਰ ਕਰ ਸਕਦੀ ਹੈ। ਵਾਂਗਚੁੱਕ ਨੇ ਕਿਹਾ, 'ਮੈਂ ਦੇਖ ਰਿਹਾ ਹਾਂ ਕਿ ਉਹ ਮੈਨੂੰ ਪੀ ਐੱਸ ਏ ਤਹਿਤ ਫੜ ਕੇ ਦੋ ਸਾਲ ਲਈ ਜੇਲ੍ਹ ਵਿੱਚ ਸੁੱਟਣਾ ਚਾਹੁੰਦੇ ਹਨ। ਮੈਂ ਇਸ ਲਈ ਤਿਆਰ ਹਾਂ, ਪਰ ਜੇਲ੍ਹ ਵਿਚਲਾ ਵਾਂਗਚੁੱਕ ਉਨ੍ਹਾਂ ਲਈ ਆਜ਼ਾਦ ਵਾਂਗਚੁੱਕ ਨਾਲੋਂ ਵੱਧ ਮੁਸ਼ਕਲਾਂ ਪੈਦਾ ਕਰੇਗਾ। ਉਹ ਕਹਿੰਦੇ ਹਨ ਕਿ ਹਿੰਸਾ ਮੈਂ ਭੜਕਾਈ, ਕਾਂਗਰਸ ਨੇ ਭੜਕਾਈ। ਇਹ ਬਲੀ ਦਾ ਬਕਰਾ ਬਣਾਉਣ ਵਾਲੀ ਗੱਲ ਹੈ, ਨਾ ਕਿ ਸਮੱਸਿਆ ਨੂੰ ਹੱਲ ਕਰਨ ਵਾਲੀ ਅਤੇ ਇਹ ਸੋਚ ਸਾਨੂੰ ਤਣ-ਪੱਤਣ ਨਹੀਂ ਲਾਏਗੀ। ਉਹ ਚਲਾਕ ਬਣ ਕੇ ਕਿਸੇ ਨੂੰ ਬਲੀ ਦਾ ਬੱਕਰਾ ਬਣਾ ਸਕਦੇ ਹਨ, ਪਰ ਇਹ ਸਮਝਦਾਰੀ ਨਹੀਂ ਹੋਵੇਗੀ। ਇਸ ਵੇਲੇ ਚਲਾਕੀ ਨਾਲੋਂ ਵੱਧ ਸਿਆਣਪ ਦਿਖਾਉਣ ਦੀ ਲੋੜ ਹੈ, ਕਿਉਂਕਿ ਨੌਜਵਾਨ ਪਹਿਲਾਂ ਹੀ ਖ਼ਫ਼ਾ ਹਨ। ਨੌਜਵਾਨ ਬੇਰੁਜ਼ਗਾਰੀ ਅਤੇ ਹਰ ਪੱਧਰ 'ਤੇ ਵਾਅਦਾਖਿਲਾਫੀ ਕਾਰਨ ਛੇ ਸਾਲਾਂ ਤੋਂ ਦੁਖੀ ਹਨ।'

ਅੱਜ-ਨਾਮਾ

ਭਾਖੜਾ ਬੋਰਡ ਨਾ ਚਾਲਾਂ ਤੋਂ ਬਾਜ਼ ਆਵੇ,
ਵਗੇ ਉਹ ਉਲਟ ਪੰਜਾਬ ਦੇ ਨਿੱਤ ਬੇਲੀ।
ਪੈਂਤੜਾ ਅਦਾਲਤਾਂ ਵਿੱਚ ਜਾ ਇੰਜ ਲੈਂਦਾ,
ਵਿਰੋਧੀ ਧਿਰਾਂ ਦਾ ਜਿੱਦਾਂ ਈ ਮਿੱਤ ਬੇਲੀ।
ਜਦ ਵੀ ਵੇਲਾ ਸੁਣਵਾਈ ਦਾ ਕਦੇ ਆਵੇ,
ਲਿਆਵੇ ਕੱਢ ਫਿਰ ਨਵੀਂ ਘਤਿੱਤ ਬੇਲੀ।
ਨੇਮ-ਕਾਨੂੰਨ ਨੂੰ ਸਮਝਦਾ ਟਿੱਚ ਲੱਗਦਾ,
ਵਿੰਹਦਾ ਦਿੱਸੇ ਹਰਿਆਣੇ ਦੇ ਹਿੱਤ ਬੇਲੀ।
ਬੋਰਡ ਕਾਨੂੰਨ ਦੇ ਪੱਖੋਂ ਤਾਂ ਸਰਬ ਸਾਂਝਾ,
ਵਗਦਾ ਸਾਂਝ ਤੋਂ ਦਿੱਸ ਰਿਹਾ ਪਰੇ ਬੇਲੀ।
ਟੁੱਕਦਾ ਜੜ੍ਹਾਂ ਪੰਜਾਬ ਦੀਆਂ ਨਿੱਤ ਦਿੱਸੇ,
ਚਾਕਰੀ ਲੱਗਦਾ ਸ਼ਰੀਕਾਂ ਦੀ ਕਰੇ ਬੇਲੀ।

-ਤੀਸ ਮਾਰ ਖਾਂ

ਫਲਸਤੀਨ ਮੁੱਦੇ 'ਤੇ ਭਾਰਤ ਅਗਵਾਈ ਦਿਖਾਵੇ : ਸੋਨੀਆ

ਨਵੀਂ ਦਿੱਲੀ : ਕਾਂਗਰਸ ਸੰਸਦੀ ਦਲ ਦੀ ਮੁਖੀ ਸੋਨੀਆ ਗਾਂਧੀ ਨੇ ਵੀਰਵਾਰ ਫਲਸਤੀਨ ਦੇ ਮੁੱਦੇ 'ਤੇ ਮੋਦੀ ਸਰਕਾਰ ਦੇ ਰੁਖ਼ ਦੀ ਤਿੱਖੀ ਆਲੋਚਨਾ ਕੀਤੀ ਅਤੇ ਕਿਹਾ ਕਿ ਹੁਣ ਭਾਰਤ ਨੂੰ ਅਗਵਾਈ ਦਾ ਪ੍ਰਮਾਣ ਦੇਣਾ ਚਾਹੀਦਾ ਹੈ। ਉਨ੍ਹਾ ਇਹ ਦੋਸ਼ ਵੀ ਲਗਾਇਆ ਕਿ ਸਰਕਾਰ ਦੀ ਪ੍ਰਤੀਕਿਰਿਆ ਅਤੇ 'ਡੂੰਘੀ ਚੁੱਪ' ਮਨੁੱਖਤਾ ਅਤੇ ਨੈਤਿਕਤਾ, ਦੋਵਾਂ ਦਾ ਤਿਆਗ ਹੈ। ਕਾਂਗਰਸ ਦੀ ਸਾਬਕਾ ਪ੍ਰਧਾਨ ਨੇ ਅੰਗਰੇਜ਼ੀ ਰੋਜ਼ਾਨਾ 'ਦ ਹਿੰਦੂ' ਲਈ ਲਿਖੇ ਇੱਕ ਲੇਖ ਵਿੱਚ ਕਿਹਾ ਕਿ ਸਰਕਾਰ ਦੇ ਕਦਮ ਮੁੱਖ ਤੌਰ 'ਤੇ ਭਾਰਤ ਦੇ ਸੰਵਿਧਾਨਕ ਕਦਰਾਂ-ਕੀਮਤਾਂ ਜਾਂ ਉਸ ਦੇ ਰਣਨੀਤਕ ਹਿੱਤਾਂ ਦੀ ਬਜਾਏ ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਨਿੱਜੀ ਦੋਸਤੀ ਤੋਂ ਪ੍ਰੇਰਿਤ ਪ੍ਰਤੀਤ ਹੁੰਦੇ ਹਨ। ਸੋਨੀਆ ਨੇ ਕਿਹਾ, 'ਨਿੱਜੀ ਕੂਟਨੀਤੀ ਦੀ ਇਹ ਸ਼ੈਲੀ ਕਦੇ ਵੀ ਸਵੀਕਾਰਯੋਗ ਨਹੀਂ ਹੈ ਅਤੇ ਇਹ ਭਾਰਤ ਦੀ ਵਿਦੇਸ਼ ਨੀਤੀ ਦਾ ਮਾਰਗਦਰਸ਼ਕ ਨਹੀਂ ਹੋ ਸਕਦੀ। ਦੁਨੀਆ ਦੇ ਹੋਰ ਹਿੱਸਿਆਂ ਵਿੱਚ, ਖਾਸ ਕਰਕੇ ਅਮਰੀਕਾ ਵਿੱਚ ਅਜਿਹਾ ਕਰਨ ਦੀਆਂ ਕੋਸ਼ਿਸ਼ਾਂ ਹਾਲ ਹੀ ਦੇ ਮਹੀਨਿਆਂ ਵਿੱਚ ਸਭ ਤੋਂ ਦੁਖਦਾਈ ਅਤੇ ਅਪਮਾਨਜਨਕ ਤਰੀਕੇ ਨਾਲ ਅਸਫਲ ਹੋਈਆਂ ਹਨ।' ਉਨ੍ਹਾ ਇਜ਼ਰਾਈਲ-ਫਲਸਤੀਨ ਸੰਘਰਸ਼ 'ਤੇ ਪਿਛਲੇ ਕੁਝ ਮਹੀਨਿਆਂ ਵਿੱਚ ਤੀਜੀ ਵਾਰ ਲੇਖ ਲਿਖਿਆ ਹੈ, ਜਿਸ ਵਿੱਚ ਉਨ੍ਹਾਂ ਨੇ ਹਰ ਵਾਰ ਦੀ ਤਰ੍ਹਾਂ ਇਸ ਮੁੱਦੇ 'ਤੇ ਮੋਦੀ ਸਰਕਾਰ ਦੇ ਰੁਖ਼ ਦੀ ਤਿੱਖੀ ਆਲੋਚਨਾ ਕੀਤੀ ਹੈ। ਸੋਨੀਆ ਨੇ ਲੇਖ ਵਿੱਚ ਕਿਹਾ ਕਿ ਫਰਾਂਸ ਫਲਸਤੀਨ ਰਾਸ਼ਟਰ ਨੂੰ ਮਾਨਤਾ ਦੇਣ ਵਿੱਚ ਬ੍ਰਿਟੇਨ, ਕੈਨੇਡਾ, ਪੁਰਤਗਾਲ ਅਤੇ ਆਸਟਰੇਲੀਆ ਦੇ ਨਾਲ ਸ਼ਾਮਲ ਹੋ ਗਿਆ ਹੈ। ਉਨ੍ਹਾਂ ਇਸ ਗੱਲ ਦਾ ਜ਼ਿਕਰ ਕੀਤਾ ਕਿ ਸੰਯੁਕਤ ਰਾਸ਼ਟਰ ਦੇ 193 ਮੈਂਬਰ ਦੇਸ਼ਾਂ ਵਿੱਚੋਂ 150 ਤੋਂ ਵੱਧ ਦੇਸ਼ਾਂ ਨੇ ਹੁਣ ਅਜਿਹਾ ਕਰ ਦਿੱਤਾ ਹੈ। ਕਾਂਗਰਸ ਦੀ ਸੀਨੀਅਰ ਨੇਤਾ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਰਤ ਇਸ ਮਾਮਲੇ ਵਿੱਚ ਮੋਹਰੀ ਰਿਹਾ ਹੈ, ਜਿਸ ਨੇ ਸਾਲਾਂ ਦੇ ਸਮਰਥਨ ਤੋਂ ਬਾਅਦ 18 ਨਵੰਬਰ 1988 ਨੂੰ ਰਸਮੀ ਤੌਰ 'ਤੇ ਫਲਸਤੀਨ ਮੁਕਤੀ ਸੰਗਠਨ ਨੂੰ ਮਾਨਤਾ ਦਿੱਤੀ ਸੀ।

ਦਿਲਜੀਤ ਦੁਸਾਂਝ ਨੇ ਭਾਰਤ-ਪਾਕਿ ਕ੍ਰਿਕਟ ਮੁਕਾਬਲਿਆਂ 'ਤੇ ਸਵਾਲ ਉਠਾਏ

ਚੰਡੀਗੜ੍ਹ : ਗਾਇਕ ਤੇ ਅਦਾਕਾਰ ਦਿਲਜੀਤ ਦੁਸਾਂਝ ਨੇ ਪਹਿਲਗਾਮ ਦਹਿਸ਼ਤੀ ਹਮਲੇ ਦੇ ਹਵਾਲੇ ਨਾਲ ਆਪਣੀ ਫ਼ਿਲਮ 'ਸਰਦਾਰਜੀ 3' ਨਾਲ ਜੁੜੇ ਵਿਵਾਦ ਬਾਰੇ ਚੁੱਪੀ ਤੋੜੀ ਹੈ। ਦੁਸਾਂਝ ਨੇ ਕਿਹਾ ਕਿ ਸਿੱਖ ਕਦੇ ਵੀ ਦੇਸ਼ ਦੇ ਖ਼ਿਲਾਫ਼ ਨਹੀਂ ਜਾ ਸਕਦੇ। ਦਿਲਜੀਤ ਨੇ ਮਲੇਸ਼ੀਆ ਵਿੱਚ ਆਪਣੇ ਇੱਕ ਸ਼ੋਅ ਦੌਰਾਨ ਪਹਿਲਗਾਮ ਦਹਿਸ਼ਤੀ ਹਮਲੇ, ਪਾਕਿਸਤਾਨੀ ਅਦਾਕਾਰਾ ਹਾਨੀਆ ਆਮਿਰ ਦੇ ਨਾਲ ਉਨ੍ਹਾ ਦੀ ਫਿਲਮ 'ਸਰਦਾਰਜੀ 3' ਨਾਲ ਜੁੜੇ ਵਿਵਾਦ ਅਤੇ ਹਾਲ ਹੀ ਵਿਚ ਦੁਬਈ ਵਿਚ ਖੇਡੇ ਜਾ ਰਹੇ ਏਸ਼ੀਆ ਕੱਪ ਵਿਚ ਭਾਰਤ-ਪਾਕਿਸਤਾਨ ਮੈਚ ਬਾਰੇ ਵੀ ਗੱਲ ਕੀਤੀ। ਦੁਸਾਂਝ ਨੇ ਕਿਹਾ ਕਿ ਉਨ੍ਹਾ ਦੀ ਫਿਲਮ ਦੀ ਸ਼ੂਟਿੰਗ ਹਮਲੇ ਤੋਂ ਪਹਿਲਾਂ ਹੋਈ ਸੀ, ਜਦੋਂ ਕਿ ਮੈਚ ਉਸ ਤੋਂ ਬਾਅਦ ਖੇਡਿਆ ਗਿਆ ਹੈ। ਦਿਲਜੀਤ ਨੇ ਲੰਮੇ ਸਮੇਂ ਤੱਕ ਧਾਰੀ ਚੁੱਪੀ ਦਾ ਵੀ ਕਾਰਨ ਦੱਸਿਆ ਤੇ ਕਿਹਾ, 'ਮੇਰੇ ਕੋਲ ਬਹੁਤ ਸਾਰੇ ਜਵਾਬ ਹਨ, ਪਰ ਮੈਂ ਚੁੱਪ ਰਿਹਾ, ਸਭ ਕੁਝ ਆਪਣੇ ਅੰਦਰ ਰੱਖਿਆ। ਹੋਰ ਵੀ ਬਹੁਤ ਸਾਰੀਆਂ ਗੱਲਾਂ ਹਨ ਕਹਿਣ ਲਈ, ਪਰ ਮੈਂ ਉਹ ਨਹੀਂ ਕਰਨਾ ਚਾਹੁੰਦਾ।'

ਪੰਜਾਬ ਕੋ-ਐਜੂਕੇਸ਼ਨ ਸਕੂਲ ਨੇ ਪ੍ਰਾਪਤ ਕੀਤਾ ਖੋ-ਖੋ 'ਚੋਂ ਪਹਿਲਾ ਸਥਾਨ

ਬਾਘਾ ਪੁਰਾਣਾ (ਮਨੀ ਸ਼ਿਗਲਾ) ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਜੋ ਸੰਸਥਾਪਕ ਪ੍ਰਿੰ. ਗੁਰਦੇਵ ਸਿੰਘ, ਡਾਇਰੈਕਟਰ ਤੇ ਪ੍ਰਿੰਸੀਪਲ ਸ੍ਰੀ ਸੰਦੀਪ ਮਹਿਤਾ ਦੀ ਯੋਗ ਰਹਿਨੁਮਾਈ ਵਿੱਚ ਸਫਲਤਾ ਦੀਆਂ ਬੁਲੰਦੀਆਂ ਛੂੰਹ ਰਹੀ ਹੈ। ...

ਗੁਰੂ ਕਾਸ਼ੀ ਕੈਂਪਸ ਵਿਖੇ ਪਾਸ਼ ਦੇ ਜਨਮ ਦਿਹਾੜੇ ਨੂੰ ਸਮਰਪਤ ਵਿਸ਼ੇਸ਼ ਲੈਕਚਰ

ਤਲਵੰਡੀ ਸਾਬੋ (ਜਗਦੀਪ ਗਿੱਲ)- ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦੇ ਭਾਸ਼ਾਵਾਂ ਵਿਭਾਗ ਤੇ ਸ਼ੋਸ਼ਲ ਸਾਇੰਸਜ਼ ਵਿਭਾਗ ਦੇ ਸਾਂਝੇ ਉੱਦਮ ਨਾਲ ਗੁਰੂ ਕਾਸ਼ੀ ਕੈਂਪਸ ਸਾਹਿਤ ਸਭਾ ਵੱਲੋਂ ਪਿਛਲੇ ਦਿਨੀਂ ਇਨਕਲਾਬੀ ਕਵੀ ਅਵਤਾਰ ਸਿੰਘ ਪਾਸ਼ ਦੇ ਜਨਮ ਦਿਹਾੜੇ ਨੂੰ ਸਮਰਪਤ ਇੱਕ ਵਿਸ਼ੇਸ਼ ਲੈਕਚਰ ਕਰਵਾਇਆ ਗਿਆ। ...

ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਸਨਮਾਨ ਸਮਾਰੋਹ

ਮੰਡੀ ਗੋਬਿੰਦਗੜ੍ਹ (ਪ੍ਰਦੀਪ ਭਾਰਦਵਾਜ)- ਦੇਸ਼ ਭਗਤ ਯੂਨੀਵਰਸਿਟੀ ਨੇ ਕੈਂਪਸ ਵਿੱਚ ਇੱਕ ਸ਼ਾਨਦਾਰ ਸਨਮਾਨ ਸਮਾਰੋਹ ਕਰਵਾਇਆ। ... ਯੋਗਦਾਨ ਲਈ ਪੁਰਸਕਾਰ ਤੇ ਪ੍ਰਸ਼ੰਸਾ ਦੇ ਚਿੰਨ੍ਹ ਭੇਟ ਕੀਤੇ। ਦੇਸ਼ ਭਗਤ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੂੰ ਗੋਲਡ ਐਵਾਰਡ ਨਾਲ-ਨਾਲ 31,000 ਦੇ ਨਕਦ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ, ਡਾ. ਕੁਲਭੂਸ਼ਨ ਵਸ਼ਿਸ਼ਟ ਨੂੰ 21,000 ਦੇ ਨਕਦ ਇਨਾਮ ਨਾਲ ਸਿਲਵਰ ਐਵਾਰਡ ਮਿਲਿਆ ਅਤੇ ਡਾ. ਪੁਨੀਤ ਨੂੰ 11,000 ਦੇ ਨਾਲ ਬਰੌਂਜ਼ ਐਵਾਰਡ ਦਿੱਤਾ ਗਿਆ। ਡੀ.ਬੀ.ਯੂ. ਦੇ ਚਾਂਸਲਰ ਡਾ. ਜ਼ੋਰਾ ਸਿੰਘ ਨੇ ਰਾਸ਼ਟਰ ਨਿਰਮਾਣ ਵਿੱਚ ਅਧਿਆਪਕਾਂ ਦੀ ਭੂਮਿਕਾ ਤੇ ਇੱਕ ਉੱਜਵਲ ਭਵਿੱਖ ਲਈ ਨੌਜਵਾਨ ਮਨਾਂ ਨੂੰ ਢਾਲਣ ਵਿੱਚ ਉਨ੍ਹਾਂ ਦੀ ਜ਼ਿੰਮੇਵਾਰੀ 'ਤੇ ਜ਼ੋਰ ਦਿੱਤਾ। ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਫੈਕਲਟੀ ਦੀ ਸ਼ਲਾਘਾ ਕੀਤੀ। ਇਸ ਪ੍ਰੋਗਰਾਮ ਦਾ ਸਮਾਪਨ ਫਾਰਮੇਸੀ ਫੈਕਲਟੀ ਦੀ ਪ੍ਰਿੰਸੀਪਲ ਡਾ. ਪੂਜਾ ਗੁਲਾਟੀ ਨੇ ਇਸ ਜਸ਼ਨ ਨੂੰ ਯਾਦਗਾਰ ਬਣਾਉਣ ਲਈ ਸਾਰੇ ਪਤਵੰਤਿਆਂ, ਫੈਕਲਟੀ, ਸਟਾਫ਼ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।

ਕਿਸਾਨਾਂ 'ਤੇ ਪਰਾਲੀ ਜਾਲਣ ਦੇ ਪਰਚੇ ਕਰਨਾ ਮੰਦਭਾਗਾ : ਕਿਸਾਨ ਆਗੂ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ) ਇਸ ਸਾਲ ਪੂਰੇ ਪੰਜਾਬ ਵਿੱਚ ਹੜ੍ਹਾਂ ਦੀ ਮਾਰ ਦਾ ਸੰਤਾਪ ਸਾਰੇ ਪੰਜਾਬ ਨੂੰ ਭੁੱਗਣਾ ਪਿਆ। ਕਿਸਾਨਾਂ ਦੀ ਸਾਉਣੀ ਦੀ ਫ਼ਸਲ ਪੂਰੀ ਤਰ੍ਹਾਂ ਬਰਬਾਦ ਹੋ ਗਈ। ...

ਪੰਧੇਰ 'ਤੇ ਝੋਨੇ ਨੂੰ ਉੱਲੀ ਰੋਗ ਕਾਰਨ ਇਸ ਵੇਰ ਝਾੜ ਵਿੱਚ ਵੱਡੇ ਪੱਧਰ ਘਾਟਾ ਪਵੇਗਾ। ਕਿਸਾਨਾਂ ਦੀ ਹਾਲਤ ਪਹਿਲਾਂ ਹੀ ਕੁਦਰਤੀ ਮਾਰ ਦਾ ਸ਼ਿਕਾਰ ਹੋਣ ਕਾਰਨ ਤਰਸਯੋਗ ਹੈ। ... ਸਕਿਆ।

1007 ਨਾਨ ਟੀਚਿੰਗ ਕਰਮਚਾਰੀਆਂ ਨੂੰ ਰੈਗੂਲਰ ਕਰਨ 'ਚ ਧੋਖਾ

● ਲਗਭਗ 22000 ਰੁਪਏ ਦਾ ਲੱਗੇਗਾ ਤਨਖਾਹ ਕੱਟ : ਡੀ ਟੀ ਐੱਫ਼

ਮਾਨਸਾ (ਆਤਮਾ ਸਿੰਘ ਪਮਾਰ)- ਪੰਜਾਬ ਦੇ ਸਿੱਖਿਆ ਵਿਭਾਗ ਵੱਲੋਂ ਬੀਤੇ ਦਿਨ 1007 ਨਾਨ ਟੀਚਿੰਗ ਕਰਮਚਾਰੀਆਂ ਨੂੰ ਰੈਗੂਲਰ ਕਰਨ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ, ਜ਼ੋ ਕਿ ਨਾਨ ਟੀਚਿੰਗ ਕਰਮਚਾਰੀਆਂ ਨਾਲ ਸ਼ਰੇਆਮ ਧੋਖਾ ਹੈ। ... 17-18 ਸਾਲ ਤੋਂ ਠੇਕੇ 'ਤੇ ਸਰਵਿਸ ਕਰਦਿਆਂ ... ਇਹ ਕਰਮਚਾਰੀ ਦੂਹਰ ਦੁਬਾਰਾ ਤਿੰਨ ਸਾਲ ...

ਰਾਇਸ ਮਿਲਰਜ਼ ਐਸੋਸੀਏਸ਼ਨ ਪੰਜਾਬ ਦਾ ਵਫ਼ਦ ਮੁੱਖ ਮੰਤਰੀ ਨੂੰ ਮਿਲਿਆ

● ਮਿਸ਼ਨ ਚੜ੍ਹਦੀ ਕਲਾ ਪੰਜਾਬ ਲਈ 15 ਲੱਖ ਰੁਪਏ ਦਾ ਚੈੱਕ ਸੌਂਪਿਆ

ਧੂਰੀ (ਮਨੋਹਰ ਸੱਗੂ, ਮਹਿਤ ਗਰਗ, ਬਿਨੀ ਗਰਗ)- ਰਾਇਸ ਮਿਲਰਜ਼ ਐਸੋਸੀਏਸ਼ਨ ਪੰਜਾਬ ਦਾ ਇੱਕ ਵਫ਼ਦ ਸੂਬਾ ਪ੍ਰਧਾਨ ਗਿਆਨ ਚੰਦ ਭਾਰਦਵਾਜ ਤੇ ਸੂਬਾ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਬਿੱਲੂ ਦੀ ਅਗਵਾਈ ਹੇਠ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਮਾਨ ਨਾਲ ਚੰਡੀਗੜ੍ਹ ... ਮੁੱਖ ਮੰਤਰੀ ਨੂੰ ਸੌਂਪਿਆ। ...

ਖ਼ਰਾਬ ਝੋਨੇ ਦੀ ਗਿਰਦਾਵਰੀ ਲਈ ਦਿੱਤਾ ਮੰਗ ਪੱਤਰ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ) : ਭਾਰਤੀ ਕਿਸਾਨ ਯੂਨੀਅਨ ਏਕਤਾ ਵੱਲੋਂ ਹਲਕਾ ਸ਼ੁਤਰਾਣਾ ਦੇ ਪਿੰਡਾਂ ਵਿੱਚ ਝੋਨੇ ਵਿੱਚ ਆਏ ਮਧਰੇ ਬੂਟੇ ਤੇ ਹਲਦੀ ਰੋਗ ਦੀ ਗਿਰਦਾਵਰੀ ਕਰਵਾ ਕੇ ਮੁਆਵਜ਼ੇ ਦੀ ਮੰਗ ਸਬੰਧੀ ਮੁੱਖ ਮੰਤਰੀ ਦੇ ਫੀਲਡ ਅਫ਼ਸਰ ... ਕਿਸਾਨਾਂ ਨੂੰ ਭਾਰੀ ਆਰਥਿਕ ਸੱਟ ਵੱਜੀ ਹੈ ...

ਦੇਹ ਵਪਾਰ ਦੇ ਦੋਸ਼ 'ਚ ਚਾਰ ਮਹਿਲਾਵਾਂ ਸਮੇਤ ਪੰਜ ਕਾਬੂ

ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਦੀਪ ਭਾਰਦਵਾਜ) : ਮੰਡੀ ਗੋਬਿੰਦਗੜ੍ਹ ਪੁਲਸ ਨੇ ਮਿਲੀ ਮੁਖ਼ਬਰੀ ਦੇ ਅਧਾਰ 'ਤੇ ਚਾਰ ਪ੍ਰਵਾਸੀ ਮਹਿਲਾਵਾਂ ਸਮੇਤ ਪੰਜ ਵਿਅਕਤੀਆਂ ਨੂੰ ਦੇਹ ਵਪਾਰ ਦੇ ਧੰਦਾ ਕਰਨ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਹੈ। ...

ਸਰਕਾਰ ਨੰਬਰਦਾਰ ਯੂਨੀਅਨ ਨਾਲ ਕੀਤਾ ਵਾਅਦਾ ਪੂਰਾ ਕਰੇ : ਗੁਰਦੇਵ ਆਲਮਪੁਰ

ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)- ਜਲੰਧਰ ਜ਼ਿਮਨੀ ਚੋਣ ਸਮੇਂ ਪੰਜਾਬ ਸਰਕਾਰ ਵੱਲੋਂ ਕੀਤੇ ਵਾਅਦੇ ਅਨੁਸਾਰ ਨੰਬਰਦਾਰ ਯੂਨੀਅਨ (ਰਜਿ: 643) ਵੱਲੋਂ ਆਪ ਪਾਰਟੀ ਦੇ ਉਮੀਦਵਾਰ ਸੁਸ਼ੀਲ ਰਿੰਕੂ ਦਾ ਤਨੋਂ ਮਨੋਂ ਸਮਰਥਨ ਦਿੱਤਾ ਗਿਆ ਸੀ। ...

ਬਾਬਾ ਫ਼ਰੀਦ ਜੀ ਦੇ ਆਗਮਨ ਪੁਰਬ ਨੂੰ ਸਮਰਪਤ ਪੰਜਾਬੀ ਦਿਵਸ ਮਨਾਇਆ

ਰਾਮਪੁਰਾ ਫੂਲ (ਦਰਸ਼ਨ ਜਿੰਦਲ) ਫ਼ਤਿਹ ਗਰੁੱਪ ਆਫ਼ ਇੰਸਟੀਟਿਊਸ਼ਨਜ਼ ਵਿਖੇ ਵਿਸ਼ਵ ਪੰਜਾਬੀ ਦਿਵਸ ਨੂੰ ਬਾਬਾ ਫ਼ਰੀਦ ਜੀ ਦੇ ਆਗਮਨ ਨੂੰ ਮੁੱਖ ਰੱਖ ਕੇ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ...

... (ਬੀ.ਐੱਡ. ਭਾਗ ਪਹਿਲਾ), ਪਰਵਿੰਦਰ ਕੌਰ (ਬੀ.ਐੱਡ. ਭਾਗ ਪਹਿਲਾ), ਕੋਮਲਪ੍ਰੀਤ ਕੌਰ (ਬੀ.ਏ. ਭਾਗ ਪਹਿਲਾ), ਜਸਪ੍ਰੀਤ ਕੌਰ (ਬੀ.ਏ. ਭਾਗ ਪਹਿਲਾ), ਮੁਸਕਾਨ (ਬੀ.ਏ. ਭਾਗ ਪਹਿਲਾ), ਜਸ਼ਨਪ੍ਰੀਤ ਸਿੰਘ (ਬੀ.ਏ. ਭਾਗ ਪਹਿਲਾ), ਪੁਸ਼ਪਿੰਦਰ (ਬੀ.ਏ. ਭਾਗ ਪਹਿਲਾ) ਤੇ ਪਵਨਪ੍ਰੀਤ ਕੌਰ (ਬੀ.ਏ. ਭਾਗ ਪਹਿਲਾ) ਨੇ ... ਵੱਖ-ਵੱਖ ਬੱਚਿਆਂ ਨੇ ਬਾਬਾ ਫ਼ਰੀਦ ਜੀ ਦੇ ਸਲੋਕ ਪੇਸ਼ ਕੀਤੇ ਤੇ ਕੁੱਝ ਵਿਦਿਆਰਥੀਆਂ ਨੇ ਗੀਤ, ਗ਼ਜ਼ਲਾਂ ਤੇ ਕਵਿਤਾਵਾਂ ਰਾਹੀਂ ਸਭ ਨੂੰ ਮਨੋਰੰਜਨ ਕੀਤਾ। ਸਟੇਜ ਸੰਚਾਲਨ ਦੀ ... ਪੰਜਾਬੀ ਤੇ ਸੋਸ਼ਲ ਸਾਇੰਸ ਵਿਭਾਗ ਦੇ ਮੁਖੀ ਪ੍ਰੋ. ਕੁਮਾਰੀ ਸ਼ੈਲਜਾ ਜੀ, ਐਜੂਕੇਸ਼ਨ ਵਿਭਾਗ ਦੇ ਮੁਖੀ ਪ੍ਰੋਫੈਸਰ ਸੰਦੀਪ ਕੌਰ, ਪੰਜਾਬੀ ਵਿਭਾਗ ਦੇ ਪ੍ਰੋਫੈਸਰ ਹਰਜੀਤ ਕੌਰ, ਪ੍ਰੋਫੈਸਰ ਹਰਜੀਤ ਕੌਰ (ਮੰਡੀ ਕਲਾਂ), ਪ੍ਰੋਫੈਸਰ ਵਰਿੰਦਰ ਕੌਰ ਤੇ ਪ੍ਰੋਫੈਸਰ ਮਨਦੀਪ ਕੌਰ ਹਾਜ਼ਰ ਸਨ।

ਕੇ ਕੇ ਯੂ ਵੱਲੋਂ ਬਿਜਲੀ ਅਧਿਕਾਰੀਆਂ ਦੀ ਧੱਕੇਸ਼ਾਹੀ ਖ਼ਿਲਾਫ ਲਾਮਬੰਦੀ ਦਾ ਸੱਦਾ

30 ਨੂੰ ਬਿਜਲੀ ਗਰਿੱਡ ਝੋਕ ਟਹਿਲ ਸਿੰਘ ਵਾਲਾ ਵਿਖੇ ਕੀਤਾ ਜਾਵੇਗਾ ਵੱਡਾ ਇਕੱਠ

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)- ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਬਲਾਕ ਗੁਰੂ ਹਰਸਹਾਏ ਦੀ ਮੀਟਿੰਗ ... ਅਧਿਕਾਰੀਆਂ ਦੀ ਗੁੰਡਾਗਰਦੀ ਖ਼ਿਲਾਫ ਵੱਡਾ ... 30 ਸਤੰਬਰ ਨੂੰ ਵੱਡਾ ਇਕੱਠ ਕੀਤਾ ਜਾਵੇਗਾ। ...

15 ਈ ਰਿਕਸ਼ਾ ਅਪਾਹਜ ਤੇ ਗ਼ਰੀਬ ਜ਼ਰੂਰਤਮੰਦਾਂ ਨੂੰ ਦਿੱਤੇ

ਮਲੋਟ ਲੰਬੀ (ਓਮ ਪ੍ਰਕਾਸ਼ ਸ਼ੇਖੂ) ਕੈਬਨਿਟ ਮੰਤਰੀ ਦੇ ਅਹੁਦੇ 'ਤੇ ਬਿਰਾਜਮਾਨ ਡਾਕਟਰ ਬਲਜੀਤ ਕੌਰ ਵੱਲੋਂ ... ਇਸੇ ਲੜੀ ਤਹਿਤ ਬੀਤੇ ਦੇਣੀ ਪੂੜਾ ਸਥਿਤ ਆਮ ਆਦਮੀ ਪਾਰਟੀ ਦੇ ਮੁੱਖ ਦਫ਼ਤਰ ਦੇ ਵਿਖੇ

15 ਈ ਰਿਕਸ਼ਾ ਦਿੱਤੇ ਗਏ, ਜਿਨ੍ਹਾਂ ਦੀ ਕੀਮਤ ਲਗਭਗ ਦਈ ਲੱਖ ਦੇ ਕਰੀਬ ਬਣਦੀ ਹੈ, ਮੁਫਤ ਵਿੱਚ ਅਪਾਹਜ ਤੇ ਜ਼ਰੂਰਤਮੰਦਾਂ ਨੂੰ ਆਪਣੇ ਘਰ ਦਾ ਚੁੱਲ੍ਹਾ ਚਲਾਉਣ ਲਈ ਇਹ ਇੱਕ ਬਹੁਤ ਵੱਡਾ ਸਹਾਰਾ ਕੈਬਨਿਟ ਮੰਤਰੀ ਡਾਕਟਰ ਬਲਜੀਤ ਕੌਰ ਵੱਲੋਂ ਦਿੱਤਾ ਗਿਆ। ਡਾ. ਬਲਜੀਤ ਕੌਰ ਦੇ ਪਾਰਟੀ ਵਰਕਰ, ਪੀਏ ਅਰਸ਼ ਬਰਾੜ ਅਤੇ ਸ਼ਿੰਦਰਪਾਲ ਵੀ ਹਾਜ਼ਰ ਸਨ।

ਜੌੜਾਮਾਜਰਾ ਨੇ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ

ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)- ਪੰਜਾਬ ਦੀਆਂ ਦਾਣਾ ਮੰਡੀਆਂ ਵਿੱਚ ਝੋਨੇ ਦੀ ਫਸਲ ਦੀ ਆਮਦ ਸ਼ੁਰੂ ਹੋ ਗਈ ਹੈ ਤੇ ਸਰਕਾਰ ਵੱਲੋਂ ਸਰਕਾਰੀ ਬੋਲੀ ਦੇ ਸ਼ੁਰੂ ਕਰਵਾਉਣ ਦੀਆਂ ਹਦਾਇਤਾਂ 'ਤੇ ਸਮਾਣਾ ਦੀ ਅਨਾਜ ਮੰਡੀ ਵਿੱਚ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਝੋਨੇ ਦੀ ਪਲੇਠੀ ਢੇਰੀ ਦੀ ਬੋਲੀ ਕਰਵਾ ਕੇ ਖ਼ੀਦ ਸ਼ੁਰੂ ਕਰਵਾਈ।ਇਸ ਮੌਕੇ ਉਨ੍ਹਾਂ ਨਾਲ ਮਾਰਕੀਟ ਕਮੇਟੀ ਦੇ ਚੇਅਰਮੈਨ ਬਲਕਾਰ ਸਿੰਘ ਗੱਜੂ ਮਾਜਰਾ ਵੀ ਮੌਜੂਦ ਸਨ।ਸ: ਜੌੜਾਮਾਜਰਾ ਨੇ ਕਿਹਾ ਕਿ ਖ਼ੀਦ ਕੇਂਦਰਾਂ 'ਚ ਪੁਖਤਾ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ।ਲਿਫਟਿੰਗ ਤੇ ਅਦਾਇਗੀ ਵੀ ਨਾਲੋ-ਨਾਲ ਹੋਵੇਗੀ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਫਸਲ ਪਕਾ ਕੇ ਵਢਾਉਣ ਤਾਂ ਜੋ ਆਉਂਦੇ ਸਾਰ ਉਨ੍ਹਾਂ ਦੀ ਫਸਲ ਵਿਕ ਸਕੇ।ਸੀਜ਼ਨ ਦੌਰਾਨ ਜੇਕਰ ਕਿਸੇ ਨੂੰ ਵੀ ਕੋਈ ਪ੍ਰੇਸ਼ਾਨੀ ਆਉਂਦੀ ਹੈ ਤਾਂ ਉਨ੍ਹਾਂ ਨਾਲ ਕਿਸੇ ਵੀ ਸਮੇਂ ਸੰਪਰਕ ਕੀਤਾ ਜਾ ਸਕਦਾ ਹੈ। ਇਸ ਮੌਕੇ ਆੜ੍ਹਤੀ ਐਸੋਸੀਏਸ਼ਨ ਦੇ ਸਰਪ੍ਰਸਤ ਸੰਦੀਪ ਗਰਗ (ਸੰਜੂ), ਪ੍ਰਧਾਨ ਨਰਿੰਦਰ ਗਰਗ, ਵਾਇਸ ਪ੍ਰਧਾਨ ਕਸ਼ਮੀਰ ਸਿੰਘ ਰਾਜਲਾ, ਸੈਕਟਰੀ ਪਵਨ ਧੂਰੀ, ਕੈਸ਼ੀਅਰ ਪਵਨ ਕੁਮਾਰ, ਬੀ. ਕੇ. ਗੁਪਤਾ ਪ੍ਰਧਾਨ ਰਾਈਸ ਮਿੱਲ ਐਸੋਸੀਏਸ਼ਨ, ਕਿੱਟੀ ਗਰਗ, ਪੁਨੀਤ ਸਿੰਗਲਾ, ਕੁਲਦੀਪ ਸਿੰਘ ਬੰਮਣਾ, ਕੁਲਵੀਰ ਸਿੰਗਲਾ, ਹਾਕਮ ਸਿੰਘ, ਮਨੋਜ ਕੁਮਾਰ, ਨਿਰਭੈ ਸਿੰਘ, ਗੋਪਾਲ ਕ੍ਰਿਸ਼ਨ ਗਰਗ, ਮਨੋਜ ਬਾਂਸਲ (ਮੰਜਾ), ਮਾਰਕਿਟ ਕਮੇਟੀ ਸੁਪਰਵਾਇਜ਼ਰ ਦੀਪ ਇੰਦਰ ਸ਼ਰਮਾ (ਜੌਲੀ) ਗੌਰਵ ਗੋਰੀ, ਸਤਿੰਦਰ ਸੱਤੀ ਤੋਂ ਇਲਾਵਾ ਸਾਰੀਆਂ ਖ਼ੀਦ ਏਜੰਸੀਆਂ ਦੇ ਅਧਿਕਾਰੀ ਮੌਜੂਦ ਰਹੇ।

ਮਾਤਾ ਗੰਗਾ ਖਾਲਸਾ ਕਾਲਜ ਮੰਜੀ ਸਾਹਿਬ ਕੋਟਾਂ ਵਿਖੇ ਪੋਸ਼ਣ ਹਫਤਾ ਸਫਲਤਾ ਪੂਰਵਕ ਸੰਪੰਨ

ਦੋਰਾਹਾ (ਹਰਿਮੰਦਰ ਸੇਠ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ਼੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਮਾਤਾ ਗੰਗਾ ਖ਼ਾਲਸਾ ਕਾਲਜ, ਮੰਜੀ ਸਾਹਿਬ ਕੋਟਾਂ ਵਿਖੇ ਗ੍ਰਹਿ ਵਿਗਿਆਨ ਵਿਭਾਗ ਦੁਆਰਾ ਮਨਾਇਆ ਪੋਸ਼ਣ ਹਫ਼ਤਾ ਬੜੇ ਹੀ ਸਫ਼ਲਤਾਪੂਰਵਕ ਢੰਗ ਨਾਲ ਸੰਪਨ ਹੋਇਆ ।ਸੱਤ ਦਿਨਾਂ ਦੌਰਾਨ ਵਿਦਿਆਰਥੀਆਂ ਨੂੰ ਪੰਜਾਬ ਤੋਂ ਬਾਹਰ ਵੱਖ-ਵੱਖ ਰਾਜਾਂ ਦੇ ਪੌਸ਼ਟਿਕ ਰਵਾਇਤੀ ਖਾਣਿਆਂ ਨੂੰ ਬਣਾਉਣਾ ਸਿਖਾਇਆ ਗਿਆ ਤੇ ਅੰਤਿਮ ਦਿਨ ਪੰਜਾਬ ਵਿੱਚ ਬਣਨ ਵਾਲੇ ਦੇਸੀ ਖਾਣਿਆਂ ਬਾਰੇ ਸਿਖਲਾਈ ਦਿੱਤੀ ਗਈ। ਗ੍ਰਹਿ ਵਿਗਿਆਨ ਵਿਭਾਗ ਦੇ ਮੁਖੀ ਪ੍ਰੋ. ਨੀਰੂ ਗਰਗ ਦੀ ਅਗਵਾਈ ਹੇਠ ਨੇੜਲੇ ਪਿੰਡ ਕੋਟ ਪਨੈਚ ਵਿਖੇ ਦੌਰਾ ਕੀਤਾ ਗਿਆ ਜਿੱਥੇ ਸ. ਰਜਿੰਦਰ ਸਿੰਘ ਦੇ ਘਰ ਪਿੰਡ ਦੀਆਂ ਔਰਤਾਂ ਵੱਲੋਂ ਰਵਾਇਤੀ ਪੰਜਾਬੀ ਪਕਵਾਨਾਂ ਨੂੰ ਬਣਾਉਣਾ ਸਿਖਾਇਆ ਗਿਆ। ਪਿੰਡ ਵਿੱਚ ਰਿਸੋਰਸ ਪਰਸਨ ਵੱਜੋਂ ਸ਼੍ਰੀਮਤੀ ਮਨਦੀਪ ਕੌਰ ਅਤੇ ਸ਼੍ਰੀਮਤੀ ਜਸਵਿੰਦਰ ਕੌਰ ਨੇ ਇੱਕ ਰਵਾਇਤੀ ਪੰਜਾਬੀ ਥਾਲੀ ਵਿਦਿਆਰਥੀਆਂ ਨੂੰ ਤਿਆਰ ਕਰਨੀ ਸਿਖਾਈ, ਜਿਸ ਵਿੱਚ ਸਰ੍ਹੋਂ ਦਾ ਸਾਗ, ਮੱਕੀ ਦੀ ਰੋਟੀ, ਗੁਲਗੁਲੇ ਅਤੇ ਦੇਸੀ ਘਿਓ ਦੀ ਚੂਰੀ ਸ਼ਾਮਲ ਸੀ। ਇਸ ਤੋਂ ਇਲਾਵਾ ... ਬਣਾਉਣੇ ਸਿਖਾਏ ਜਿਵੇਂ ਕਿ ਪੀਜ਼ਾ ਦੀ ਥਾਂ 'ਤੇ ਉਤਪਮ ਬਣਾਉਣਾ ਅਤੇ ਬਾਜ਼ਾਰ ਵਿੱਚ ਉਪਲੱਬਧ ਰਿਫਾਇੰਡ, ਆਟੇ ਅਤੇ ਖੰਡ ਦੇ ਕੇਕ ਦੇ ਪੌਸ਼ਟਿਕ ਬਦਲ ਵੱਜੋਂ ਕੂਕਰ ਵਿੱਚ ਆਟਾ- ਗੁੜ ਕੇਕ ਬਣਾਉਣ ਬਾਰੇ ਜਾਣਕਾਰੀ ਦਿੱਤੀ ।ਕਾਲਜ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ ।

ਹੜ੍ਹ ਪ੍ਰਭਾਵਤ ਇਲਾਕਿਆਂ 'ਚ ਮੈਡੀਕਲ ਪ੍ਰੈਕਟੀਸ਼ਨਰਾਂ ਵੱਲੋਂ ਸਿਹਤ ਸੇਵਾਵਾਂ ਜਾਰੀ

ਬੱਧਨੀ ਕਲਾਂ (ਲਵਲੀ ਮਾਛੀਕੇ)- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਦੇ ਸੂਬਾਈ ਆਗੂਆਂ ਨੇ ਮਹਿਸੂਸ ਕੀਤਾ ਕਿ ਹੜ੍ਹਾਂ ਤੇ ਬੇਤਹਾਸ਼ਾ ਬਾਰਿਸ਼ ਕਾਰਨ ਪੰਜਾਬ ਬੁਰੀ ਤਰ੍ਹਾਂ ਪ੍ਰਭਾਵਤ ਹੋਇਆ ਹੈ। ਪਿੰਡਾਂ ਵਿੱਚ ਤਬਾਹੀ ਦਾ ਮੰਜ਼ਰ ਦੇਖ ਦਿਲ ਕੰਬ ਉੱਠਦਾ ਹੈ। ਫ਼ਸਲਾਂ, ਰਿਹਾਇਸ਼ੀ ਤੇ ਕਾਰੋਬਾਰੀ ਇਲਾਕਿਆਂ, ਮਨੁੱਖੀ ਤੇ ਪਸ਼ੂਆਂ ਦੇ ਵੱਡੀ ਗਿਣਤੀ ਹੋਏ ਨੁਕਸਾਨ ਕਾਰਨ ਜਨਜੀਵਨ ਅਸਤ ਵਿਅਸਤ ਹੋ ਗਿਆ ਹੈ। ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਵੱਲੋਂ ਪਿਰਤ ਤੇ ਸਮਰੱਥਾ ਅਨੁਸਾਰ ਹਮੇਸ਼ਾ ਦੀ ਤਰ੍ਹਾਂ ਮਾਨਵ ਸੇਵਾ ਪਰਮੋ ਧਰਮ ਦੇ ਸਲੋਗਨ ਨੂੰ ਅਮਲੀ ਜਾਮਾ ਪਹਿਨਾਉਂਦੇ ਹੋਏ ਪ੍ਰਭਾਵਤ ਇਲਾਕਿਆਂ ਵਿੱਚ ਸਿਹਤ ਸੇਵਾਵਾਂ ਲਈ ਕਾਰਜਾਂ ਵਿੱਚ ਭਰਾਤਰੀ ਸੰਸਥਾਵਾਂ ਨਾਲ ਮਿਲ ਕੇ ਸੇਵਾਵਾਂ ਲਗਾਤਾਰ ਨਿਭਾਈਆਂ ਜਾ ਰਹੀਆਂ ਹਨ, ਜੋ ਹਾਲਾਤ ਸੁਖਾਵੇਂ ਹੋਣ ਤੱਕ ਜਾਰੀ ਰਹਿਣਗੀਆਂ।ਮੁੱਖ ਮੰਤਰੀ ਤੇ ਸਿਹਤ ਮੰਤਰੀ ਪੰਜਾਬ ਨੂੰ ਐਸੋਸੀਏਸ਼ਨ ਵੱਲੋਂ ਪਿਛਲੇ ਸਮੇਂ ਕਰੋਨਾ ਵਰਗੀ ਮਹਾਂਮਾਰੀ ਸਮੇਂ ਵੀ ਤੇ ਹੁਣ ਹੜ੍ਹਾਂ ਅਤੇ ਭਾਰੀ ਬਰਸਾਤ ਕਾਰਨ ਹੋਏ ਭਾਰੀ ਜਾਨੀ ਤੇ ਮਾਲੀ ਨੁਕਸਾਨ ਸਮੇਂ ਪੰਜਾਬ ਦੇ ਲੋਕਾਂ ਅਤੇ ਪੰਜਾਬ ਸਰਕਾਰ ਵੱਲੋਂ ਪੰਜਾਬ ਪੁਨਰਵਾਸ ਅਤੇ ਮੁੜ ਵਸੇਬੇ ਲਈ ਕੀਤੇ ਜਾ ਰਹੇ ਯਤਨਾਂ 'ਚ ਸਿਹਤ ਸੇਵਾਵਾਂ ਲਈ ਦਸ ਲੱਖ ਦਾ ਬੀਮਾ ਕਰਨ ਦੇ ਕੀਤੇ ਐਲਾਨ ਦੀ ਸ਼ਲਾਘਾ ਕਰਦਿਆਂ ਰਜਿਸਟ੍ਰੇਸ਼ਨ ਤੇ ਮੈਡੀਕਲ ਕੈਂਪਾਂ ਦੌਰਾਨ ਸਵੈ ਇੱਛਤ ਸੇਵਾਵਾਂ ਨਿਭਾਉਣ ਲਈ ਮਾਨਤਾ/ਇਜਾਜ਼ਤ ਦੀ ਮੰਗ ਕੀਤੀ ਜਾਂਦੀ ਹੈ।

ਦਸਮੇਸ਼ ਮਿਸ਼ਨ ਸਕੂਲ ਹਰੀ ਨੌਂ 'ਚ ਐੱਨ ਐੱਸ ਐੱਸ ਡੇ ਮਨਾਇਆ

ਕੋਟਕਪੂਰਾ (ਰਛਪਾਲ ਭੁੱਲਰ) ਦਸਮੇਸ਼ ਮਿਸ਼ਨ ਸੀਨੀਅਰ ਸੈਕੰਡਰੀ ਸਕੂਲ ਹਰੀ ਨੌਂ ਵਿਖੇ ਵਿਖੇ ਐੱਨ.ਐੱਸ.ਐੱਸ. ਡੇ ਮਨਾਇਆ ਗਿਆ । ਇਸ ਦੇ ਸਬੰਧ ਵਿੱਚ ਸਕੂਲ ਦੇ ਐੱਨ.ਐੱਸ.ਐੱਸ. ਪ੍ਰੋਗਰਾਮ ਅਫਸਰ ਸ੍ਰੀਮਤੀ ਸ਼ਮਿੰਦਰ ਕੌਰ ਨੇ ਸਕੂਲ ਦੇ ਵਿਦਿਆਰਥੀਆਂ ਨੂੰ ਦੱਸਿਆ ਕਿ ਐੱਨ.ਐੱਸ.ਐੱਸ. ਭਾਰਤ ਸਰਕਾਰ ਦੇ ਯੁਵਕ ਮਾਮਲੇ ਅਤੇ ਖੇਡ ਮੰਤਰਾਲੇ ਦੁਆਰਾ ਚਲਾਇਆ ਜਾਂਦਾ ਇੱਕ ਬਹੁਤ ਹੀ ਮਹੱਤਵਪੂਰਨ ਪ੍ਰੋਗਰਾਮ ਹੈ, ਜੋ ਨੌਜਵਾਨਾਂ ਵਿੱਚ ਸਮਾਜ ਸੇਵਾ ਦੀ ਭਾਵਨਾ ਪੈਦਾ ਕਰਨ ਲਈ ਬਣਾਇਆ ਗਿਆ ਹੈ। ਐੱਨ.ਐੱਸ.ਐੱਸ ਦੇ ਇਤਿਹਾਸ ਬਾਰੇ ਦੱਸਦੇ ਹੋਏ ਕਿਹਾ ਕਿ ਐੱਨ.ਐੱਸ.ਐੱਸ ਦੀ ਸ਼ੁਰੂਆਤ 24 ਸਤੰਬਰ 1969 ਨੂੰ ਮਹਾਤਮਾ ਗਾਂਧੀ ਦੇ ਜਨਮ ਸ਼ਤਾਬਦੀ ਸਾਲ ਵਿੱਚ ਹੋਈ ਸੀ।ਇਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੀ ਸ਼ਖ਼ਸੀਅਤ ਤੇ ਚਰਿੱਤਰ ਨੂੰ ਸਮਾਜ ਸੇਵਾ ਰਾਹੀਂ ਵਿਕਸਤ ਕਰਨਾ ਹੈ।ਗਾਂਧੀ ਜੀ ਦਾ ਮੰਨਣਾ ਸੀ ਕਿ ਦੇਸ਼ ਦੀ ਸੇਵਾ ਵਿੱਚ ਨੌਜਵਾਨਾਂ ਦੀ ਭਾਗੀਦਾਰੀ ਬਹੁਤ ਜ਼ਰੂਰੀ ਹੈ ਤੇ ਐੱਨ.ਐੱਸ.ਐੱਸ ਇਸੇ ਸਿਧਾਂਤ 'ਤੇ ਅਧਾਰਤ ਹੈ।

ਗੁਰੂਕੁਲ ਗਲੋਬਲ ਸਕੂਲ 'ਚ ਵਿਸ਼ਵ ਪੰਜਾਬੀ ਦਿਵਸ ਮਨਾਇਆ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)- ਸਮਾਜ ਸੇਵੀ ਸੰਸਥਾ ਆਪਣਾ ਪੰਜਾਬ ਫਾਊਂਡੇਸ਼ਨ ਅਤੇ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ ਦੇ ਡਾ ਜਗਜੀਤ ਸਿੰਘ ਧੂਰੀ ਦੀ ਅਗਵਾਈ ਹੇਠ ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਗੁਰੂਕੁਲ ਗਲੋਬਲ ਕਰਿਐਂਜ਼ਾ ਸੀਨੀਅਰ ਸੈਕੰਡਰੀ ਸਕੂਲ ਪਾਤੜਾਂ ਵੱਲੋਂ ਬਾਬਾ ਫ਼ਰੀਦ ਦੇ ਆਗਮਨ ਦਿਵਸ ਨੂੰ ਸਮਰਪਿਤ ਵਿਸ਼ਵ ਪੰਜਾਬ ਦਿਵਸ ਮਨਾਇਆ ਗਿਆ । ਇਹ ਜਾਣਕਾਰੀ ਦਿੰਦਿਆਂ ਸੰਸਥਾ ਦੇ ਚੇਅਰਮੈਨ ਰਾਕੇਸ਼ ਸਿੰਗਲਾ, ਵਾਈਸ ਚੇਅਰਮੈਨ ਸ਼ਾਮ ਸੁੰਦਰ ਅਤੇ ਪ੍ਰਿੰਸੀਪਲ ਹਰਪ੍ਰੀਤ ਨਾਗਪਾਲ ਨੇ ਦੱਸਿਆ ਕਿ ਸਕੂਲ ਦਾ ਸਟਾਫ ਅਤੇ ਵਿਦਿਆਰਥੀ ਪੰਜਾਬੀ ਪਹਿਰਾਵੇ ਵਿੱਚ ਆਏ ਅਤੇ ਨਿਰੋਲ ਪੰਜਾਬੀ ਭਾਸ਼ਾ ਵਿੱਚ ਗੱਲਬਾਤ ਕੀਤੀ। ਹਰ ਇੱਕ ਵਿਦਿਆਰਥੀ ਨੇ ਇੱਕ ਪੰਨਾ ਗੁਰਮੁਖੀ ਲਿਪੀ ਦਾ ਸੁੰਦਰ ਲਿਖਾਈ ਵਿੱਚ ਲਿਖਿਆ। ਵਿਦਿਆਰਥੀਆਂ ਨੇ ਕਵਿਤਾ ਉਚਾਰਨ, ਕਹਾਣੀ ਰਚਨਾ, ਵਾਦ—ਵਿਵਾਦ, ਭਾਸ਼ਣ ਮੁਕਾਬਲਾ, ਅੰਗਰੇਜ਼ੀ ਤੋਂ ਪੰਜਾਬੀ ਅਨੁਵਾਦ ਮੁਕਾਬਲਾ, ਸ਼ਬਦ ਜੋੜ ਮੁਕਾਬਲਾ, ਬੋਲ ਲਿਖਤ, ਸਵਾਲ ਜਵਾਬ ਮੁਕਾਬਲਾ, ਪੋਸਟਰ ਮੁਕਾਬਲਾ, ਪੰਜਾਬੀ ਭਾਸ਼ਾ ਵਿੱਚ ਨਾਅਰਾ ਲਿਖਣਾ, ਅੱਖਰਕਾਰੀ ਮੁਕਾਬਲੇ ਵਿੱਚ ਹਿੱਸਾ ਲਿਆ।

ਹੜ੍ਹ ਪ੍ਰਭਾਵਤ ਇਲਾਕਿਆਂ 'ਚ ਮੈਡੀਕਲ ਪ੍ਰੈਕਟੀਸ਼ਨਰਾਂ ਵੱਲੋਂ ਸਿਹਤ ਸੇਵਾਵਾਂ ਜਾਰੀ

ਮਾਨਸਾ (ਆਤਮਾ ਸਿੰਘ ਪਮਾਰ)- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਵੱਲੋਂ ਪਿਰਤ ਅਤੇ ਸਮਰੱਥਾ ਅਨੁਸਾਰ ਹਮੇਸ਼ਾਂ ਦੀ ਤਰ੍ਹਾਂ ਮਾਨਵ ਸੇਵਾ ਪਰਮੋ ਧਰਮ ਦੇ ਸਲੋਗਨ ਨੂੰ ਅਮਲੀ ਜਾਮਾ ਪਹਿਨਾਉਂਦੇ ਹੋਏ ਹੜ੍ਹ ਨਾਲ ਪ੍ਰਭਾਵਿਤ ਇਲਾਕਿਆਂ ਵਿੱਚ ਸਿਹਤ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ ਜੋ ਹਾਲਾਤ ਸੁਖਾਵੇਂ ਹੋਣ ਤੱਕ ਜਾਰੀ ਰਹਿਣਗੀਆਂ। ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ, ਸਕੱਤਰ ਡਾ.ਗੁਰਮੇਲ ਸਿੰਘ ਮਾਛੀਕੇ, ਸਰਪ੍ਰਸਤ ਡਾ.ਸੁਰਜੀਤ ਸਿੰਘ ਲੁਧਿਆਣਾ, ਕੈਸ਼ੀਅਰ ਡਾ. ਰਾਕੇਸ਼ ਮਹਿਤਾ, ਨਛੱਤਰ ਸਿੰਘ ਚੀਮਾ, ਅਰਜਿੰਦਰ ਸਿੰਘ ਕੋਹਾਲੀ, ਸੀ ਆਰ ਸ਼ੰਕਰ, ਅਵਤਾਰ ਸਿੰਘ, ਜਸਵਿੰਦਰ ਸਿੰਘ ਖੀਵਾ, ਜਸਵਿੰਦਰ ਸਿੰਘ ਭੋਗਲ,ਦਿਲਦਾਰ ਸਿੰਘ ਚਾਹਲ, ਗੁਰਦੀਪ ਸਿੰਘ ਘੁੱਦਾ,ਜਸਬੀਰ ਸਿੰਘ ,ਮੇਵਾ ਸਿੰਘ, ਸੱਤਪਾਲ ਰਿਸ਼ੀ, ਅਨੰਦ ਵਾਲੀਆ, ਰਣਜੀਤ ਸਿੰਘ ਸੋਹੀ, ਸਹਿਗਲ ਪੰਕਜ ਅੱਗਰਵਾਲ, ਮਨਜੀਤ ਸਿੰਘ, ਬਲਵੀਰ ਸਿੰਘ ਆਦਿ ਵੱਲੋਂ ਜਾਰੀ ਬਿਆਨ ਵਿੱਚ ਕਿਹਾ ਗਿਆ ਹੈ ਕਿ ਉਹ ਇਸ ਮੁਸ਼ਕਿਲ ਦੀ ਘੜੀ ਵਿੱਚ ਪੰਜਾਬ ਵਾਸੀਆਂ ਨਾਲ ਖੜੇ ਰਹਿਣਗੇ।

...ਸਫ਼ਾ 1 ਦੇ ਬਾਕੀ

ਨਵੀਆਂ ਸਹਿਕਾਰੀ ਸਭਾਵਾਂ ਦੇ ਗਠਨ...

ਵਿਕਾਸ ਦਾ ਕੇਂਦਰੀ ਥੰਮ੍ਹ ਬਣਾਉਣਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਹ ਦੇਖਣ ਵਿੱਚ ਆਇਆ ਹੈ ਕਿ ਪੁਰਾਣੇ ਨਿਰਦੇਸ਼, ਜੋ ਨਵੀਂ ਸੁਸਾਇਟੀ ਦੀ ਰਜਿਸਟ੍ਰੇਸ਼ਨ ਨੂੰ ਰੋਕਣ (ਜਿਥੇ ਪਹਿਲਾਂ ਕੋਈ ਸੁਸਾਇਟੀ ਹੋਵੇ), ਕਾਰਜਸ਼ੀਲ ਖੇਤਰਾਂ ਨੂੰ ਸਖ਼ਤੀ ਨਾਲ ਪਰਿਭਾਸ਼ਿਤ ਕਰਨ ਅਤੇ ਘੱਟੋ-ਘੱਟ ਦੂਰੀ (ਜਿਵੇਂ ਕਿ ਲੇਬਰ ਸੁਸਾਇਟੀਆਂ ਲਈ 8 ਕਿਲੋਮੀਟਰ) ਦੀ ਸ਼ਰਤ ਲਾਉਣਾ, ਪੰਜਾਬ ਸਹਿਕਾਰੀ ਸਭਾਵਾਂ ਐਕਟ, 1961 ਦੀ ਭਾਵਨਾ ਅਤੇ ਸਹਿਕਾਰੀ ਲਹਿਰ ਦੀ ਧਾਰਨਾ ਦੇ ਉਲਟ ਸਨ।ਉਨ੍ਹਾਂ ਕਿਹਾ ਕਿ ਇਨ੍ਹਾਂ ਸ਼ਰਤਾਂ ਨੇ ਸਵੈ-ਇੱਛਤ ਭਾਗੀਦਾਰੀ ਨੂੰ ਨਿਰਾਸ਼ ਕਰਨ ਦੇ ਨਾਲ-ਨਾਲ ਏਕਾਧਿਕਾਰ ਵਾਲੀਆਂ ਸਥਿਤੀਆਂ ਪੈਦਾ ਕੀਤੀਆਂ, ਜਿਸ ਨਾਲ ਮੈਂਬਰਾਂ ਦੀ ਆਵਾਜ਼ ਵੀ ਸੀਮਤ ਹੋ ਗਈ।ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਹਰੇਕ ਕਿਸਾਨ, ਮਜ਼ਦੂਰ ਅਤੇ ਉੱਦਮੀ ਨੂੰ ਆਪਣੀ ਪਸੰਦ ਦਾ ਸਹਿਕਾਰੀ ਸੰਗਠਨ ਬਣਾਉਣ ਦੀ ਆਜ਼ਾਦੀ ਦੇਣ ਵਿੱਚ ਅਗਵਾਈ ਕਰੇਗਾ। ਉਨ੍ਹਾਂ ਕਿਹਾ ਕਿ ਇਸ ਉਦੇਸ਼ ਨੂੰ ਅਮਲ ਵਿੱਚ ਲਿਆਉਣ ਲਈ ਸੂਬਾ ਸਰਕਾਰ ਨੇ ਹੁਣ ਅਜਿਹੀਆਂ ਸਾਰੀਆਂ ਪਾਬੰਦੀਆਂ ਵਾਲੀਆਂ ਹਦਾਇਤਾਂ ਨੂੰ ਤੁਰੰਤ ਪ੍ਰਭਾਵ ਨਾਲ ਵਾਪਸ ਲੈ ਲਿਆ ਹੈ।ਮੁੱਖ ਮੰਤਰੀ ਨੇ ਕਿਹਾ ਕਿ ਨਵੀਆਂ ਸੁਸਾਇਟੀਆਂ ਦੀ ਰਜਿਸਟ੍ਰੇਸ਼ਨ ਬਿਨਾਂ ਕਿਸੇ ਬੇਵਜ੍ਹਾ ਰੁਕਾਵਟ ਦੇ ਐਕਟ ਅਨੁਸਾਰ ਕੀਤੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਇਸ ਤੋਂ ਇਲਾਵਾ ਸੂਬਾ ਸਰਕਾਰ ਪੀ ਏ ਸੀ ਐਸ, ਡੇਅਰੀ ਅਤੇ ਮੱਛੀ ਪਾਲਣ ਸਹਿਕਾਰੀ ਸਭਾਵਾਂ ਲਈ ਰਜਿਸਟ੍ਰੇਸ਼ਨ ਫੀਸ ਵੀ ਘਟਾ ਰਹੀ ਹੈ ਤਾਂ ਜੋ ਛੋਟੇ ਕਿਸਾਨ ਅਤੇ ਕਮਜ਼ੋਰ ਵਰਗ ਇਸ ਵਿੱਚ ਸ਼ਾਮਲ ਹੋ ਸਕਣ ਅਤੇ ਇਸ ਦਾ ਲਾਭ ਲੈ ਸਕਣ। ਉਨ੍ਹਾਂ ਕਿਹਾ ਕਿ ਇਹ ਕਦਮ ਜ਼ਮੀਨੀ ਪੱਧਰ 'ਤੇ ਸਮਾਵੇਸ਼, ਨਿਰਪੱਖ ਮੁਕਾਬਲੇ ਅਤੇ ਸਸ਼ਕਤੀਕਰਨ ਨੂੰ ਯਕੀਨੀ ਬਣਾਉਂਦਿਆਂ ਸੂਬਾ ਸਰਕਾਰ ਦੀ ਪੰਜਾਬ ਵਿੱਚ ਸਹਿਕਾਰੀ ਲਹਿਰ ਨੂੰ ਮੁੜ ਸੁਰਜੀਤ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

350ਵੇਂ ਸ਼ਹੀਦੀ ਦਿਹਾੜੇ ...

ਹੈ ਜਦੋਂ ਅਸੀਂ ਜਾਤ, ਰੰਗ, ਨਸਲ ਅਤੇ ਧਰਮ ਦੀਆਂ ਸੌੜੀਆਂ ਵਲਗਣਾਂ ਤੋਂ ਉੱਪਰ ਉੱਠ ਕੇ ਸਮਰਪਣ ਅਤੇ ਮਿਸ਼ਨਰੀ ਭਾਵਨਾ ਨਾਲ ਸਮਾਜ ਖਾਸ ਕਰਕੇ ਗਰੀਬਾਂ ਅਤੇ ਦੱਬੇ-ਕੁਚਲੇ ਲੋਕਾਂ ਦੀ ਸੇਵਾ ਲਈ ਆਪਣੇ-ਆਪ ਨੂੰ ਮੁੜ ਸਮਰਪਿਤ ਕਰਦੇ ਹਾਂ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਮਹਾਨ ਮੌਕੇ ਨੂੰ ਸਦਭਾਵਨਾ ਅਤੇ ਸਮਾਜਿਕ ਏਕਤਾ ਦੀ ਭਾਵਨਾ ਨਾਲ ਮਨਾਉਣ ਤਾਂ ਜੋ ਸਾਡੇ ਦੇਸ਼ ਖਾਸ ਕਰਕੇ ਸੂਬੇ ਦੀ ਏਕਤਾ ਅਤੇ ਅਖੰਡਤਾ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।ਇਸ ਮੌਕੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ, ਤਰੁਣਪ੍ਰੀਤ ਸਿੰਘ ਸੌਂਦ ਅਤੇ ਹਰਭਜਨ ਸਿੰਘ ਈ.ਟੀ.ਓ., ਲੋਕ ਸਭਾ ਮੈਂਬਰ ਮਾਲਵਿੰਦਰ ਸਿੰਘ ਕੰਗ, ਮੁੱਖ ਸਕੱਤਰ ਕੇ.ਏ.ਪੀ. ਸਿਨਹਾ, ਸਲਾਹਕਾਰ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਤੇ ਹੋਰ ਮੌਜੂਦ ਸਨ।

ਵਧ ਰਹੀਆਂ ਅਪਰਾਧਕ ਗਤੀਵਿਧੀਆਂ ਖਿਲਾਫ ਚੇਤਨਾ ਮਾਰਚ

ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)

ਸਥਾਨਕ ਸਮੂਹ ਸਮਾਜ ਸੇਵੀ, ਧਾਰਮਿਕ, ਬੁੱਧੀਜੀਵੀ ਅਤੇ ਇਲਾਕਾ ਨਿਵਾਸੀਆਂ ਵੱਲੋਂ ਬੰਗਾ ਚੌਂਕ ਵਿਖੇ ਇਕੱਤਰਤ ਹੋ ਕੇ ਵਿਦਰੋਹ/ਚੇਤਨਾ ਮਾਰਚ ਕੱਢਿਆ ਗਿਆ ਜਿਸ ਵਿੱਚ ਵੱਖ ਵੱਖ ਵਰਗਾਂ ਦੇ ਲੋਕਾਂ ਨੇ ਭਾਗ ਲਿਆ ਅਤੇ ਪੰਜਾਬ ਦੇ ਮੁੱਖ ਮੰਤਰੀ ਨੂੰ ਐਸ ਡੀ ਐਮ ਦੇ ਰਾਹੀਂ ਇੱਕ ਮੰਗ ਪੱਤਰ ਦਿੰਦੇ ਹੋਏ ਮੰਗ ਕੀਤੀ ਕਿ ਪੰਜਾਬ ਵਿੱਚ ਪ੍ਰਵਾਸੀਆਂ ਵੱਲੋਂ ਵਧ ਰਹੀਆਂ ਅਪਰਾਧਕ ਗਤੀਵਿਧੀਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਹੇਠ ਲਿਖੇ ਸੁਝਾਵਾਂ ਨੂੰ ਮੰਨਿਆ ਜਾਵੇ ਤਾਂ ਕਿ ਪੰਜਾਬੀਆਂ ਦੇ ਸੱਭਿਆਚਾਰ, ਪੰਜਾਬ ਦੀ ਧਰਤੀ, ਪੰਜਾਬ ਦੀ ਆਬੋ- ਹਵਾ, ਅਤੇ ਪੰਜਾਬ ਦੀ ਹੋਂਦ ਨੂੰ ਬਚਾਇਆ ਜਾ ਸਕੇ। ਮੰਗ ਪੱਤਰ ਵਿੱਚ ਮੰਗਾਂ ਹੇਠ ਲਿਖੇ ਅਨੁਸਾਰ ਸਨ। ਪੰਜਾਬ ਵਿੱਚ ਰਹਿ ਰਹੇ ਪ੍ਰਵਾਸੀਆਂ ਜਿਸ ਰਾਜ ਦੇ ਉਹ ਵਸਨੀਕ ਹੋਣ ਉਸ ਦੇ ਪੱਕੇ ਪਹਿਚਾਣ ਪੱਤਰਾਂ ਦੇ ਆਧਾਰ ਤੇ ਪੀ ਸੀ ਸੀ ਕਰਵਾਈ ਜਾਵੇ ਤੇ ਉਸਦੀ ਪੁਲਿਸ ਜਾਂਚ ਪੜਤਾਲ ਕਰਕੇ ਪਹਿਚਾਣ ਪੱਤਰ ਪੱਤਰ ਦਿੱਤਾ ਜਾਵੇ । ਗ੍ਰਾਮ ਪੰਚਾਇਤਾਂ, ਨਗਰ ਪੰਚਾਇਤਾਂ, ਮਿਊਨਿਸ਼ਅਲ ਕੋਮੇਟੀਆਂ ਅਤੇ ਨਗਰ ਨਿਗਮ ਵਿੱਚ ਰਹਿ ਰਹੇ ਪ੍ਰਵਾਸੀਆਂ ਦਾ ਤਰਤੀਬ ਵੱਧ ਦਫਤਰਾਂ ਵਿੱਚ ਰਿਕਾਰਡ ਰੱਖਿਆ ਜਾਵੇ। ਰੇੜੀ ਅਤੇ ਠੇਲੇ ਵਾਲਿਆਂ ਨੂੰ ਪਛਾਣ ਪੱਤਰ ਤੇ ਟੋਕਨ ਨੰਬਰ ਜਾਰੀ ਕੀਤੇ ਜਾਣ ਅਤੇ ਉਹਨਾਂ ਨੂੰ ਆਪਣੇ ਰੇੜੀ ਜਾਂ ਠੇਲੇ ਦੇ ਉੱਪਰ ਸਮੇਤ ਆਈ ਡੀ ਟੈਲੀਫੋਨ ਨੰਬਰ ਲਗਾਇਆ ਜਾਵੇ ਅਤੇ ਰੇੜੀ ਠੇਲੇਵਾਲੇ ਨੂੰ ਬਾਜ਼ਾਰ ਦੀ ਭੀੜ ਤੋਂ ਬਾਹਰ ਇੱਕ ਨਿਸ਼ਚਿਤ ਜਗ੍ਹਾ ਦਿੱਤੀ ਜਾਵੇ ਤਾਂ ਕਿ ਸ਼ਹਿਰ ਦੀ ਆਵਾਜਾਈ ਨੂੰ ਸੁਚਾਰੂ ਕੀਤਾ ਜਾ ਸਕੇ।ਉਹਨਾਂ ਕਿਹਾ ਕਿ ਪੰਦਰਾਂ ਦਿਨ ਦੇ ਵਿੱਚ ਵਿੱਚ ਸਰਕਾਰ ਇਸ ਮੰਗਾਂ ਦੇ ਤੁਰੰਤ ਕਾਰਵਾਈ ਕਰੇ ਅਗਰ ਨਹੀਂ ਕਾਰਵਾਈ ਕਰਦੀ ਤਾਂ ਆਉਣ ਵਾਲੇ ਦਿਨਾਂ ਦੇ ਵਿੱਚ ਅਸੀਂ ਫਿਰ ਤੋ ਵੱਡਾ ਸੰਘਰਸ਼ ਵਿੱਢ ਕੇ ਸੜਕਾਂ ਵੀ ਜਾਮ ਕਰਾਂਗੇ। ਵਿਦਰੋਹ/ ਚੇਤਨਾ ਮਾਰਚ ਵਿੱਚ ਸੋਸ਼ਲ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਅਤੇ ਮੁੱਖ ਆਯੋਜਿਕ ਹਰਵੇਲ ਸਿੰਘ ਸੈਣੀ ਗੜ੍ਹਸ਼ੰਕਰ, ਗੁਰਮੇਲ ਸਿੰਘ ਖਾਲਸਾ ਦਿਨਵਾਲ ਕਲਾਂ, ਪਹਿਲਵਾਨ ਬਘੇਲ ਸਿੰਘ ਲਲੀਆਂ, ਸਨਾਤਨੀ ਲੀਡਰ ਚੇਤਨ ਸ਼ਰਮਾ, ਗਊਸ਼ਾਲਾ ਦੇ ਪ੍ਰਧਾਨ ਰਜੀਵ ਰਾਣਾ, ਸੁਨਿਆਰਾ ਯੂਨੀਅਨ ਪ੍ਰਧਾਨ ਜੀਵਨ ਕੁਮਾਰ ਅਤੇ ਹੋਰ ਸ਼ਖ਼ਸ਼ੀਅਤਾਂ ਵੀ ਸ਼ਾਮਲ ਸਨ।

ਕਿਸਾਨ ਵਿੰਗ ਦੀ ਮੀਟਿੰਗ

ਡੇਰਾਬੱਸੀ, (ਵਿਨੈ ਕੁਮਾਰ ਜੈਨ)-ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੀ ਅਗਵਾਈ ਹੇਠ ਮੁੱਖ ਦਫ਼ਤਰ ਡੇਰਾਬੱਸੀ ਵਿਖੇ ਕਿਸਾਨ ਵਿੰਗ ਦੀ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੌਕੇ 'ਤੇ ਮਾਲਵਾ ਈਸਟ ਦੇ ਪ੍ਰਧਾਨ ਗੁਰਸੇਵਕ ਸਿੰਘ, ਜ਼ਿਲ੍ਹਾ ਪ੍ਰਧਾਨ ਮੋਹਾਲੀ ਜਸਵੀਰ ਸਿੰਘ ਅਤੇ ਹਲਕਾ ਕੋਆਰਡੀਨੇਟਰ ਡੇਰਾਬੱਸੀ ਜਸਵਿੰਦਰ ਸਿੰਘ ਨੇ ਆਪਣੇ ਡੇਰਾਬੱਸੀ ਹਲਕੇ ਦੇ ਬਲਾਕ ਕੋਆਰਡੀਨੇਟਰਾਂ ਨਾਲ ਮਿਲ ਕੇ ਖੇਤੀਬਾੜੀ ਅਤੇ ਕਿਸਾਨਾਂ ਦੇ ਹਿੱਤਾਂ ਨਾਲ ਜੁੜੇ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ।

ਮੀਟਿੰਗ ਦੌਰਾਨ ਬਲਾਕ ਕੋਆਰਡੀਨੇਟਰਾਂ ਨੂੰ ਪ੍ਰੇਰਿਤ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਪੰਜਾਬ ਦੀ ਕਿਸਾਨੀ ਨੂੰ ਅਗਲੇ ਪੱਧਰ ਤੱਕ ਲੈ ਜਾਣ ਲਈ ਸੰਗਠਨ ਦੀ ਮਜ਼ਬੂਤੀ ਸਭ ਤੋਂ ਪਹਿਲੀ ਲੋੜ ਹੈ। ਕਿਸਾਨ ਵਿੰਗ ਦੇ ਜ਼ਿੰਮੇਵਾਰਾਂ ਨੇ ਜ਼ੋਰ ਦਿੱਤਾ ਕਿ ਕਿਸਾਨਾਂ ਦੇ ਹੱਕਾਂ ਦੀ ਰੱਖਿਆ ਲਈ ਹਰ ਪੱਧਰ 'ਤੇ ਮਜ਼ਬੂਤ ਆਵਾਜ਼ ਉਠਾਈ ਜਾਵੇਗੀ।

ਇਸ ਮੌਕੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਗੁਰਸੇਵਕ ਸਿੰਘ, ਜਸਵੀਰ ਸਿੰਘ ਅਤੇ ਜਸਵਿੰਦਰ ਸਿੰਘ ਦੀ ਲੀਡਰਸ਼ਿਪ ਦੀ ਖੁੱਲ੍ਹ ਕੇ ਪ੍ਰਸ਼ੰਸਾ ਕੀਤੀ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

ਇਨਫੋਸਿਸ ਮੁਹਾਲੀ 'ਚ 300 ਕਰੋੜ ਦਾ ਨਿਵੇਸ਼ ਕਰੇਗੀ : ਸੰਜੀਵ ਅਰੋੜਾ

ਚੰਡੀਗੜ੍ਹ, (ਗੁਰਜੀਤ ਬਿੱਲਾ/ ਕ੍ਰਿਸ਼ਨ ਗਰਗ)

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਇਨਫੋਸਿਸ ਲਿਮਿਟਡ ਮੁਹਾਲੀ ਵਿੱਚ ਲਗਭਗ 300 ਕਰੋੜ

ਰੁਪਏ ਦਾ ਨਿਵੇਸ਼ ਹੋਰ ਕਰੇਗੀ। ਇਸ ਨਾਲ 2500 ਵਿਅਕਤੀਆਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਹੋਣਗੇ ਅਤੇ 210 ਵਿਅਕਤੀਆਂ ਲਈ ਅਸਿੱਧੇ ਤੌਰ 'ਤੇ ਰੁਜ਼ਗਾਰ ਦੇ ਮੌਕਿਆਂ ਖੁੱਲ੍ਹਣਗੇ। ਅਰੋੜਾ ਨੇ ਦੱਸਿਆ ਕਿ ਇਨਫੋਸਿਸ ਲਿਮਿਟਡ 2017 ਤੋਂ ਮੋਹਾਲੀ ਵਿੱਚ ਮੌਜੂਦ ਹੈ ਅਤੇ ਇਸ ਸਮੇਂ ਲਗਭਗ 900 ਕਰਮਚਾਰੀ ਇਥੇ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਫੇਜ਼ 1 ਯੋਜਨਾ ਤਹਿਤ ਇਨਫੋਸਿਸ ਲਿਮਿਟਡ 300,000 ਵਰਗ ਫੁੱਟ ਦੇ ਕੁੱਲ ਨਿਰਮਾਣ ਖੇਤਰ ਦੇ ਨਾਲ ਦਫਤਰੀ ਜਗ੍ਹਾ ਅਤੇ ਹੋਰ ਇਮਾਰਤਾਂ ਦਾ ਵਿਸਥਾਰ ਕਰੇਗੀ। ਸਾਰੀਆਂ ਜ਼ਰੂਰੀ ਪ੍ਰਵਾਨਗੀਆਂ ਪ੍ਰਾਪਤ ਕਰਨ ਦੀ ਮਿਤੀ ਤੋਂ ਮੁਕੰਮਲ ਹੋਣ ਦੀ ਅਨੁਮਾਨਿਤ ਸਮਾਂ-ਸੀਮਾ 3 ਸਾਲ ਹੈ। ਇਸ ਦਾ ਨਿਰਮਾਣ ਕੰਮ 5 ਨਵੰਬਰ ਨੂੰ ਗੁਰਪੁਰਬ ਦੇ ਸ਼ੁਭ ਦਿਨ ਸ਼ੁਰੂ ਕੀਤਾ ਜਾਵੇਗਾ।ਇਸੇ ਤਰ੍ਹਾਂ ਉਨ੍ਹਾਂ ਕਿਹਾ ਕਿ ਫੇਜ਼ 2 ਯੋਜਨਾ ਤਹਿਤ ਫਰਮ 480,000 ਵਰਗ ਫੁੱਟ ਦੇ ਕੁੱਲ ਨਿਰਮਾਣ ਖੇਤਰ ਦੇ ਨਾਲ ਦਫਤਰੀ ਥਾਂ ਅਤੇ ਹੋਰ ਸਹਾਇਕ ਇਮਾਰਤਾਂ ਦਾ ਵਿਸਤਾਰ ਕਰੇਗੀ। ਮੁਕੰਮਲ ਹੋਣ ਦੀ ਅਨੁਮਾਨਿਤ ਸਮਾਂ-ਸੀਮਾ 5 ਸਾਲ ਹੈ। ਪ੍ਰੈੱਸ ਕਾਨਫਰੰਸ ਦੌਰਾਨ ਇਨਵੈਸਟ ਪੰਜਾਬ ਦੇ ਸੀ ਈ ਓ ਅਮਿਤ ਢਾਕਾ ਆਈ ਏ ਐੱਸ, ਪੰਜਾਬ ਵਿਕਾਸ ਪ੍ਰੀਸ਼ਦ ਦੇ ਵਾਇਸ-ਚੇਅਰਪਰਸਨ ਸੀਮਾ ਬਾਂਸਲ, ਰਿਜਨਲ ਹੈੱਡ ਇਨਫਰਾਸਟ੍ਰਕਚਰ ਇਨਫੋਸਿਸ ਅਮੋਲ ਰਮੇਸ਼ ਕੁਲਕਰਨੀ, ਬ੍ਰਾਂਚ ਡਿਵੈੱਲਪਮੈਂਟ ਸੈਂਟਰ ਇਨਫੋਸਿਸ ਦੇ ਹੈੱਡ ਡਾ. ਸਮੀਰ ਗੋਇਲ ਮੌਜੂਦ ਸਨ।

ਪੰਜਾਬ ਕੇਰਲਾ ਨੂੰ ਸਾਹੀਵਾਲ ਸਾਨ੍ਹ ਸਪਲਾਈ ਕਰੇਗਾ

ਚੰਡੀਗੜ੍ਹ, (ਗੁਰਜੀਤ ਬਿੱਲਾ)-ਪੰਜਾਬ ਤੇ ਕੇਰਲਾ ਸੂਬਿਆਂ ਨੇ ਪਸ਼ੂ ਪਾਲਣ ਦੇ ਖੇਤਰ ਵਿੱਚ ਇੱਕ-ਦੂਜੇ ਦੀਆਂ ਵਿਲੱਖਣ ਸਮਰਥਾਵਾਂ ਦਾ ਲਾਭ ਉਠਾ ਕੇ ਪਸ਼ੂ-ਧਨ ਦੀ ਉਤਪਾਦਕਤਾ ਨੂੰ ਵਧਾਉਣ ਲਈ ਇੱਕ ਇਤਿਹਾਸਕ ਸਮਝੌਤਾ ਕੀਤਾ ਹੈ। ਇਸ ਰਣਨੀਤਕ ਸਹਿਯੋਗ ਵਿੱਚ ਉੱਚ-ਗੁਣਵੱਤਾ ਵਾਲੀ ਜੈਨੇਟਿਕ ਸਮਗਰੀ ਦਾ ਅਦਾਨ-ਪ੍ਰਦਾਨ ਕਰਨਾ ਸ਼ਾਮਲ ਹੈ, ਜਿਸ ਤਹਿਤ ਕੇਰਲਾ ਵੱਲੋਂ ਪੰਜਾਬ ਤੋਂ ਸਾਹੀਵਾਲ ਨਸਲ ਦੇ ਸਾਨ੍ਹ ਖਰੀਦੇ ਜਾਣਗੇ। ਇਸ ਦੇ ਬਦਲੇ ਵਿੱਚ ਪੰਜਾਬ ਕੇਰਲਾ ਤੋਂ ਹੋਲਸਟਾਈਨ ਫ੍ਰਾਈਜ਼ੀਅਨ (ਐੱਚ ਐੱਫ) ਅਤੇ ਮੁਰ੍ਹਾ ਨਸਲ ਦੇ ਸਾਨ੍ਹਾਂ ਦਾ ਸੀਮਨ ਪ੍ਰਾਪਤ ਕਰੇਗਾ। ਪੰਜਾਬ ਨੇ ਕੇਰਲਾ ਪਸ਼ੂ-ਧਨ ਵਿਕਾਸ ਬੋਰਡ ਤੋਂ ਐੱਚ ਐੱਫ ਸੀਮਨ ਦੀਆਂ 30,000 ਖੁਰਾਕਾਂ ਅਤੇ ਮੁਰ੍ਹਾ ਬਲਦੋਂ ਸੀਮਨ ਦੀਆਂ 60,520 ਖੁਰਾਕਾਂ ਖਰੀਦਣ ਦਾ ਸ਼ੁਰੂਆਤੀ ਆਰਡਰ ਦਿੱਤਾ ਹੈ।ਇਹ ਫੈਸਲੇ ਪੰਜਾਬ ਸਿਵਲ ਸਕੱਤਰੇਤ ਵਿਖੇ ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਕੇਰਲਾ ਦੀ ਪਸ਼ੂ ਪਾਲਣ ਅਤੇ ਡੇਅਰੀ ਵਿਕਾਸ ਮੰਤਰੀ ਜੇ ਚਿੰਚੂ ਰਾਣੀ ਦਰਮਿਆਨ ਹੋਈ ਉੱਚ-ਪੱਧਰੀ ਮੀਟਿੰਗ ਦੌਰਾਨ ਲਏ ਗਏ।

ਓ ਟੀ ਐੱਸ ਨੀਤੀ ਦਾ ਮਕਸਦ 'ਬਿਮਾਰ' ਚੌਲ ਮਿੱਲਾਂ ਨੂੰ ਮੁੜ ਕਾਰਜਸ਼ੀਲ ਕਰਨਾ : ਕਟਾਰੂਚੱਕ

ਚੰਡੀਗੜ੍ਹ, (ਗੁਰਜੀਤ ਬਿੱਲਾ)

ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ 2024-25 ਤੱਕ 1688 ਮਿੱਲਾਂ ਵੱਲ ਤਕਰੀਬਨ 12000 ਕਰੋੜ ਰੁਪਇਆ ਬਕਾਇਆ ਹੈ ਜਿਸ ਵਿੱਚ 10000 ਕਰੋੜ ਵਿਆਜ ਤੇ 2181 ਕਰੋੜ ਰੁਪਏ ਮੂਲ ਰਕਮ ਸ਼ਾਮਲ ਹੈ।ਇਸ ਨਵੀਂ ਓਟੀਐਸ ਨੀਤੀ ਤਹਿਤ ਮਿੱਲਰਾਂ ਨੂੰ ਮੂਲ ਰਕਮ ਦਾ ਅੱਧਾ ਹਿੱਸਾ ਤਾਰਨਾ ਪਵੇਗਾ।ਮੰਤਰੀ ਨੇ ਇਹ ਵੀ ਕਿਹਾ ਕਿ ਨੋਟੀਫਿਕੇਸ਼ਨ ਦੇ 1 ਮਹੀਨੇ ਅੰਦਰ ਡਿਫਾਲਟਰ ਮਿੱਲਰ ਅਨਾਜ ਖਰੀਦ ਪੋਰਟਲ 'ਤੇ ਅਰਜ਼ੀ ਦੇ ਸਕਦੇ ਹਨ ਜਾਂ ਤੁਰੰਤ ਵੀ ਬਕਾਇਆ ਰਕਮ ਜਮਾਂ ਕਰਵਾ ਸਕਦੇ ਹਨ। ਮਿੱਲਰ ਕੋਲ ਵਸੂਲੀਯੋਗ ਰਕਮ ਦਾ ਭੁਗਤਾਨ 1 ਮਹੀਨੇ ਵਿੱਚ ਇੱਕਮੁਸ਼ਤ ਰੂਪ ਵਿੱਚ ਜਾਂ 3 ਮਹੀਨਿਆਂ ਵਿੱਚ ਕਿਸ਼ਤਾਂ ਵਿੱਚ ਕਰਨ ਦਾ ਬਦਲ ਮੌਜੂਦ ਹੋਵੇਗਾ।ਕਟਾਰੂਚੱਕ ਨੇ ਦੱਸਿਆ ਕਿ ਹਰੇਕ ਮਿੱਲ ਮਾਲਕ ਨੂੰ ਮਿਲਿੰਗ ਦਾ ਸਮਾਂ ਪੂਰਾ ਹੋਣ ਮਗਰੋਂ ਹਰੇਕ ਸੂਬਾਈ ਖਰੀਦ ਏਜੰਸੀ ਨਾਲ ਆਪਣਾ ਖਾਤਾ ਕਲੀਅਰ ਕਰਨਾ ਹੁੰਦਾ ਹੈ ਤਾਂ ਕਿ ਉਸ ਮਿੱਲ ਮਾਲਕ ਨੂੰ ਅਗਲੇ ਸਾਲ ਲਈ ਕਸਟਮ ਮਿਲਿੰਗ ਲਈ ਝੋਨੇ ਦੀ ਅਲਾਟਮੈਂਟ ਵਾਸਤੇ ਵਿਚਾਰਿਆ ਜਾ ਸਕੇ। ਕਈ ਮਿੱਲ ਮਾਲਕਾਂ ਨੇ ਆਪਣਾ ਬਕਾਏ ਜਮ੍ਹਾਂ ਨਹੀਂ ਕਰਵਾਏ, ਜਿਸ ਕਾਰਨ ਇਨ੍ਹਾਂ ਮਿੱਲ ਮਾਲਕਾਂ ਨੂੰ ਡਿਫਾਲਟਰ ਐਲਾਨ ਦਿੱਤਾ ਗਿਆ ਅਤੇ ਉਨ੍ਹਾਂ ਵਿਰੁੱਧ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ। ਇਹ ਕਾਰਵਾਈ ਪਿਛਲੇ ਕਈ ਸਾਲਾਂ ਤੋਂ ਵੱਖ ਵੱਖ ਅਦਾਲਤਾਂ/ਲੀਗਲ ਫੋਰਮਾਂ ਵਿੱਚ ਲੰਬਿਤ ਹੈ।ਇਹ ਨਵੀਂ ਓ ਟੀ ਐੱਸ ਸਕੀਮ ਸਾਰੀਆਂ ਏਜੰਸੀਆਂ ਦੇ ਘਾਟੇ ਨੂੰ ਘੱਟ ਤੋਂ ਘੱਟ ਕਰਨ ਅਤੇ ਇਸ ਨੀਤੀ ਅਧੀਨ ਕੇਸਾਂ ਦਾ ਨਿਬੇੜਾ ਕਰਨ ਲਈ ਲਿਆਂਦੀ ਗਈ ਹੈ ਤਾਂ ਕਿ ਅਜਿਹੀਆਂ 'ਬਿਮਾਰ' ਚੌਲ ਮਿੱਲਾਂ ਨੂੰ ਮੁੜ ਕਾਰਜਸ਼ੀਲ ਕਰ ਕੇ ਸੂਬੇ ਵਿੱਚ ਰੋਜ਼ਗਾਰ ਦੇ ਵਧੇਰੇ ਮੌਕੇ ਪੈਦਾ ਹੋ ਸਕਣ।

ਬਲਾਕ ਤਰਸਿੱਕਾ ਨੂੰ ਬਹਾਲ ਕਰਵਾਉਣ ਲਈ ਮੋਰਚੇ ਦੀ ਮੀਟਿੰਗ ਅੱਜ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਬਲਾਕ ਤਰਸਿੱਕਾ ਦੀ ਬਹਾਲੀ ਲਈ ਸੰਘਰਸ਼ ਕਰ ਰਹੇ ਬਲਾਕ ਤਰਸਿੱਕਾ ਬਚਾਉ ਮੋਰਚਾ ਦੀ ਅੰਤ੍ਰਿੰਗ ਕਮੇਟੀ ਦੀ ਇੱਕ ਅਹਿਮ ਮੀਟਿੰਗ 26 ਸਤੰਬਰ ਨੂੰ ਸਵੇਰੇ 10 ਵਜੇ ਗੁਰਦੁਆਰਾ ਡੇਰਾ ਭਗਤਾਂ ਤਰਸਿੱਕਾ ਵਿਖੇ ਹੋਵੇਗੀ। ਇਸ ਮੀਟਿੰਗ ਵਿੱਚ ਅਗਲੀ ਰਣਨੀਤੀ ਤਿਆਰ ਕੀਤੀ ਜਾਵੇਗੀ।ਇਸ ਮੋਰਚੇ ਨੂੰ ਆਮ ਲੋਕਾਂ ਤੋਂ ਇਲਾਵਾ ਕਿਸਾਨ ਮਜ਼ਦੂਰ ਅਤੇ ਕਾਮਰੇਡ ਜਥੇਬੰਦੀਆਂ ਦਾ ਪੂਰਾ ਸਮਰਥਨ ਮਿਲ ਰਿਹਾ ਹੈ। ਨਾਲ ਹੀ ਸੱਤਾਧਾਰੀ ਪਾਰਟੀ ਨੂੰ ਛੱਡ ਕੇ ਬਾਕੀ ਸਾਰੀਆਂ ਸਿਆਸੀ ਧਿਰਾਂ ਵੀ ਇਸ ਸੰਘਰਸ਼ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰ ਰਹੀਆਂ ਹਨ।ਮੋਰਚੇ ਦੇ ਆਗੂਆਂ ਨੇ ਸਮੂਹ ਸੁਹਿਰਦ ਮੋਹਤਬਰਾਂ, ਮਜ਼ਦੂਰਾਂ ਅਤੇ ਸਾਬਕਾ ਪੰਚਾਂ, ਸਰਪੰਚਾਂ ਅਤੇ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਨੂੰ ਇਸ ਮੀਟਿੰਗ ਵਿੱਚ ਸਮੇਂ ਸਿਰ ਪਹੁੰਚਣ ਦੀ ਅਪੀਲ ਕੀਤੀ ਹੈ ਤਾਂ ਜੋ ਤਰਸਿੱਕਾ ਬਲਾਕ ਨੂੰ ਮੁੜ ਬਹਾਲ ਕਰਵਾਉਣ ਲਈ ਅਗਲਾ ਪ੍ਰੋਗਰਾਮ ਉਲੀਕਿਆ ਜਾ ਸਕੇ।

ਮਾਨ ਸਰਕਾਰ ਨੌਕਰੀਆਂ ਦੇਣ ਵਾਲੀ ਸਰਕਾਰ : ਬੈਂਸ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਵਿਭਾਗ ਨੇ ਸਫਾਈ ਸੇਵਕਾਂ ਤੇ ਸਥਾਨਕ ਸਰਕਾਰਾਂ ਦੇ ਮੁਲਾਜ਼ਮਾਂ ਨਾਲ ਮੀਟਿੰਗ ਕਰਕੇ ਉਹਨਾਂ ਨੂੰ ਯਕੀਨ ਦਵਾਇਆ ਕਿ ਸਰਕਾਰ ਉਹਨਾਂ ਦੀਆਂ ਮੰਗਾਂ ਪ੍ਰਤੀ ਗੰਭੀਰ ਹੈ ਤੇ ਜਲਦ ਹੀ ਇੱਕ ਬੈਠਕ ਸਬ ਕਮੇਟੀ ਨਾਲ ਕਰਵਾਈ ਜਾਵੇਗੀ।ਕੈਬਨਿਟ ਮੰਤਰੀ ਨੇ ਕਿਹਾ ਕਿ ਪਿਛਲੇ 10-12 ਦਿਨਾਂ ਤੋਂ ਹੜਤਾਲ 'ਤੇ ਬੈਠੇ ਸਫਾਈ ਸੇਵਕਾਂ ਦੇ ਨਾਲ ਸਾਡੀ ਟੀਮ ਹਰ ਰੋਜ਼ ਸੰਪਰਕ ਵਿੱਚ ਰਹੀ ਹੈ। ਪਰ ਉਹਨਾਂ ਦੀਆਂ ਮੰਗਾਂ ਨੂੰ ਸੁਣ ਕੇ ਫ਼ੈਸਲਾ ਕੀਤਾ ਗਿਆ ਕਿ ਉਹ ਸਬ-ਕਮੇਟੀ ਸਾਹਮਣੇ ਆਪਣੀਆਂ ਜਾਇਜ਼ ਮੰਗਾਂ ਰੱਖ ਸਕਣਗੇ।ਸ੍ਰੀ ਬੈਂਸ ਨੇ ਸਪੱਸ਼ਟ ਕੀਤਾ ਕਿ ਕਿਸੇ ਵੀ ਕਰਮਚਾਰੀ ਦੀ ਨੌਕਰੀ ਨੂੰ ਕੋਈ ਖ਼ਤਰਾ ਨਹੀਂ ਹੈ ਅਤੇ ਨਾ ਹੀ ਕਿਸੇ ਨੂੰ ਡਰਾਇਆ ਜਾਂ ਗੁਮਰਾਹ ਕੀਤਾ ਜਾਵੇ। ਸ.ਭਗਵੰਤ ਸਿੰਘ ਮਾਨ ਸਾਹਿਬ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਰਕਾਰੀ ਨੌਕਰੀਆਂ ਦੇਣ ਵਾਲੀ ਸਰਕਾਰ ਹੈ, ਕਿਸੇ ਦੀ ਨੌਕਰੀ ਖ਼ਤਮ ਨਹੀਂ ਹੋਵੇਗੀ, ਸਾਰੀਆਂ ਨੌਕਰੀਆਂ ਪੂਰੀ ਤਰ੍ਹਾਂ ਸੁਰੱਖਿਅਤ ਹਨ। ਇਸ ਮੌਕੇ ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਂਸਲ, ਦਿਲਤਜੀਤ ਸਿੰਘ ਕਾਹਲੋ ਪ੍ਰਧਾਨ ਵਪਾਰ ਮੰਡਲ, ਦਲੀਪ ਹੰਸ ਮੈਂਬਰ ਦਲਿਤ ਵਿਕਾਸ ਬੋਰਡ, ਸੁਨੀਲ ਅਡਵਾਲ ਪ੍ਰਧਾਨ ਰੇਹੜੀ ਯੂਨੀਅਨ ਤੇ ਨਗਰ ਕੌਂਸਲ ਦੇ ਕਰਮਚਾਰੀ ਅਤੇ ਸਫਾਈ ਸੇਵਕ ਹਾਜ਼ਰ ਸਨ।

ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸਾਬਕਾ ਆਗੂ ਮਾਸਟਰ ਸੋਹਣ ਲਾਲ ਦਾ ਦੇਹਾਂਤ

ਮਹਿਤਪੁਰ (ਰਾਜਾ)-ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਿਕ) ਜ਼ਿਲ੍ਹਾ ਜਲੰਧਰ ਦੇ ਵਿੱਤ ਸਕੱਤਰ ਸੁਖਵਿੰਦਰ ਪਾਲ ਸੋਨੂੰ ਦੇ ਚਾਚਾ ਮਾਸਟਰ ਸੋਹਣ ਲਾਲ (ਸਾਬਕਾ ਜੀਟੀਯੂ ਆਗੂ) ਦਾ ਮਿਤੀ 24 ਸਤੰਬਰ ਨੂੰ ਸੰਖੇਪ ਬਿਮਾਰੀ ਤੋਂ ਬਾਅਦ ਦਿਹਾਂਤ ਹੋ ਗਿਆ ਹੈ। ਉਹਨਾਂ ਦੇ ਦਿਹਾਂਤ ਤੇ

ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ (ਵਿਗਿਆਨਿਕ) ਦੇ ਸੂਬਾ ਪ੍ਰਧਾਨ ਨਵਪ੍ਰੀਤ ਬੱਲੀ ਅਤੇ ਜਨਰਲ ਸਕੱਤਰ ਸੁਰਿੰਦਰ ਕੰਬੋਜ, ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (ਵਿਗਿਆਨਿਕ) ਦੇ ਸੂਬਾ ਪ੍ਰਧਾਨ ਗਗਨਦੀਪ ਸਿੰਘ ਭੁੱਲਰ ਬਠਿੰਡਾ ਅਤੇ ਜਨਰਲ ਸਕੱਤਰ ਐਨ.ਡੀ.ਤਿਵਾੜੀ ਨੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਮਾਸਟਰ ਸੋਹਣ ਲਾਲ ਦੇ ਪਰਿਵਾਰਕ ਮਿੱਤਰ ਅਧਿਆਪਕ ਆਗੂ ਕੰਵਲਜੀਤ ਸੰਗੋਵਾਲ ਨੇ ਦੱਸਿਆ ਹੈ ਕਿ ਮਾਸਟਰ ਸੋਹਣ ਲਾਲ ਦਾ ਸਸਕਾਰ ਅੱਜ 26 ਸਤੰਬਰ ਨੂੰ ਦੁਪਹਿਰ 12:00 ਵਜੇ ਸ਼ਮਸ਼ਾਨਘਾਟ ਪਿੰਡ ਪੰਡੋਰੀ ਖਾਸ,ਤਹਿਸੀਲ ਨਕੋਦਰ (ਜਲੰਧਰ) ਵਿਖੇ ਕੀਤਾ ਜਾਵੇਗਾ।

'ਆਪ' ਨੇ ਕਾਂਗਰਸ ਦੇ ਪ੍ਰਵਾਸੀ ਮਜ਼ਦੂਰਾਂ ਬਾਰੇ ਪਾਰਟੀ ਦੇ ਸਟੈਂਡ 'ਤੇ ਚੁੱਕੇ ਸਵਾਲ

ਚੰਡੀਗੜ੍ਹ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)

ਆਮ ਆਦਮੀ ਪਾਰਟੀ ਪੰਜਾਬ ਨੇ ਕਾਂਗਰਸ 'ਤੇ ਤਿੱਖਾ ਹਮਲਾ ਬੋਲਦਿਆਂ ਉਸਦੇ ਆਗੂਆਂ 'ਤੇ ਰਾਸ਼ਟਰੀ ਸਵੈਮਾਣ ਅਤੇ ਪੰਜਾਬ ਵਿੱਚ ਰਹਿਣ ਵਾਲੇ ਪ੍ਰਵਾਸੀ ਮਜ਼ਦੂਰਾਂ ਨਾਲ ਪੱਖਪਾਤ ਅਤੇ ਦੋਹਰੇ ਮਾਪਦੰਡ ਅਪਣਾਉਣ ਦਾ ਦੋਸ਼ ਲਗਾਇਆ। ਵੀਰਵਾਰ ਨੂੰ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ 'ਆਪ' ਪੰਜਾਬ ਦੇ ਸੀਨੀਅਰ ਆਗੂ ਨੀਲ ਗਰਗ ਅਤੇ ਬਲਤੇਜ ਪੰਨੂ ਨੇ ਵੀਡੀਓਜ਼ ਦਿਖਾ ਕੇ ਕਾਂਗਰਸ ਆਗੂਆਂ ਦੇ ਪਖੰਡ ਨੂੰ ਉਜਾਗਰ ਕੀਤਾ, ਜਿਨ੍ਹਾਂ ਨੇ ਪੰਜਾਬੀਆਂ ਵਿੱਚ ਫੁੱਟ ਪਾਉਣ ਦਾ ਯਤਨ ਕਰ ਦਿੱਤਾ ਹੈ।ਪਹਿਲੇ ਵੀਡੀਓ ਵਿੱਚ ਸਨੌਰ ਤੋਂ ਕਾਂਗਰਸ ਦੇ ਸਾਬਕਾ ਵਿਧਾਇਕ ਮਦਨ ਲਾਲ ਜਲਾਲਪੁਰ ਨੂੰ ਦਿਖਾਇਆ, ਜੋ ਕਿ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਅਤੇ ਰਾਜੀਵ ਗਾਂਧੀ ਦੇ ਕਤਲ ਬਾਰੇ ਬੋਲਦੇ ਹੋਏ ਭਾਰਤ ਨੂੰ ਸ਼ਰਮਨਾਕ ਢੰਗ ਨਾਲ 'ਗੰਦਾ ਦੇਸ਼' (ਤੀਜੇ ਦਰਜੇ ਦਾ ਦੇਸ਼) ਕਹਿੰਦੇ ਹਨ। ਨੀਲ ਗਰਗ ਨੇ ਕਿਹਾ ਕਿ ਇਹ ਉਸ ਧਰਤੀ ਦਾ ਨਾ-ਮਾਫ ਕਰਨ ਯੋਗ ਅਪਮਾਨ ਹੈ ਜਿੱਥੇ ਸ਼ਹੀਦ ਭਗਤ ਸਿੰਘ ਅਤੇ ਸ਼ਹੀਦ ਊਧਮ ਸਿੰਘ ਵਰਗੇ ਸ਼ਹੀਦਾਂ ਨੇ ਭਾਰਤ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਵਾਰ ਦਿੱਤੀਆਂ ਸਨ। ਉਨ੍ਹਾਂ ਅੱਗੇ ਕਿਹਾ ਕਿ ਜਿਸ ਦੇਸ਼ ਲਈ ਲੱਖਾਂ ਭਾਰਤੀਆਂ ਨੇ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ, ਉਸ ਨੂੰ 'ਤੀਜੇ ਦਰਜੇ ਦਾ ਦੇਸ਼' ਕਹਿਣਾ ਉਨ੍ਹਾਂ ਦੀ ਸ਼ਹਾਦਤ ਅਤੇ ਹਰ ਭਾਰਤੀ ਦੇ ਮਾਣ ਦਾ ਅਪਮਾਨ ਹੈ। ਕਾਂਗਰਸ ਪਾਰਟੀ ਨੂੰ ਪੰਜਾਬ ਅਤੇ ਪੂਰੇ ਦੇਸ਼ ਦੇ ਲੋਕਾਂ ਤੋਂ ਮੁਆਫ਼ੀ ਮੰਗਣੀ ਚਾਹੀਦੀ ਹੈ।ਦੂਜੇ ਵੀਡੀਓ ਨੇ ਪੰਜਾਬ ਵਿੱਚ ਪ੍ਰਵਾਸੀ ਮਜ਼ਦੂਰਾਂ ਦੇ

ਮੁੱਦੇ 'ਤੇ ਕਾਂਗਰਸ ਲੀਡਰਸ਼ਿਪ ਦੇ ਅੰਦਰਲੇ ਸਪੱਸ਼ਟ ਵਿਰੋਧ ਨੂੰ ਉਜਾਗਰ ਕੀਤਾ।ਇੱਕ ਪਾਸੇ, ਕਾਂਗਰਸੀ ਵਿਧਾਇਕ ਸੁਖਪਾਲ ਸਿੰਘ ਖਹਿਰਾ ਪ੍ਰਵਾਸੀਆਂ ਨੂੰ ਪੰਜਾਬ ਵਿੱਚ ਵਸਣ ਤੋਂ ਰੋਕਣ ਲਈ ਕਾਨੂੰਨਾਂ ਦੀ ਮੰਗ ਕਰ ਰਹੇ ਹਨ। ਦੂਜੇ ਪਾਸੇ, ਪੰਜਾਬ ਕਾਂਗਰਸ ਦੇ ਪ੍ਰਧਾਨ ਅਤੇ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਬਿਹਾਰ ਵਿੱਚ ਇੱਕ ਪਾਰਟੀ ਮੀਟਿੰਗ ਵਿੱਚ ਪੰਜਾਬ ਅਤੇ ਬਿਹਾਰ ਦੇ ਡੂੰਘੇ ਸਬੰਧਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਪ੍ਰਵਾਸੀ ਮਜ਼ਦੂਰਾਂ ਦੇ ਯੋਗਦਾਨ ਤੋਂ ਬਿਨਾਂ ਪੰਜਾਬ ਨਹੀਂ ਚੱਲ ਸਕਦਾ।ਬਲਤੇਜ ਪੰਨੂ ਨੇ ਕਿਹਾ ਇਹ ਕਾਂਗਰਸ ਦਾ ਅਸਲੀ ਚਿਹਰਾ, ਦੋਹਰਾ ਮਾਪਦੰਡ ਅਤੇ ਰਾਜਨੀਤਿਕ ਪਖੰਡ ਹੈ।ਉਨ੍ਹਾਂ ਕਿਹਾ ਕਿ ਇੱਕ ਨੇਤਾ ਪ੍ਰਵਾਸੀਆਂ ਦਾ ਅਪਮਾਨ ਕਰਦਾ ਹੈ, ਦੂਜਾ ਉਨ੍ਹਾਂ ਦੀ ਪ੍ਰਸ਼ੰਸਾ ਕਰਦਾ ਹੈ। ਕੋਈ ਭਾਰਤ ਨੂੰ ਤੀਜੇ ਦਰਜੇ ਦਾ ਦੇਸ਼ ਕਹਿੰਦਾ ਹੈ, ਕੋਈ ਇਸ ਦੇਸ਼ ਨੂੰ ਬਚਾਉਣ ਲਈ 'ਸੰਵਿਧਾਨ ਬਚਾਓ' ਰੈਲੀਆਂ ਕਰਦਾ ਹੈ। ਪੰਜਾਬੀ ਸਭ ਦੇਖ ਰਹੇ ਹਨ।ਉਨ੍ਹਾਂ ਪੁੱਛਿਆ ਕਿ ਕੀ ਕਾਂਗਰਸ ਪਾਰਟੀ ਖਹਿਰਾ ਦੀ ਫੁੱਟ ਪਾਊ ਰਾਜਨੀਤੀ ਦਾ ਸਮਰਥਨ ਕਰਦੀ ਹੈ ਜਾਂ ਕੀ ਇਹ ਵੜਿੰਗ ਦੇ ਸ਼ਬਦਾਂ 'ਤੇ ਖੜ੍ਹੀ ਹੈ? ਕਾਂਗਰਸ ਨੂੰ ਆਪਣਾ ਸਟੈਂਡ ਸਪੱਸ਼ਟ ਕਰਨਾ ਚਾਹੀਦਾ ਹੈ।'ਆਪ' ਆਗੂਆਂ ਨੇ ਮੰਗ ਕੀਤੀ ਕਿ ਕਾਂਗਰਸ ਹਾਈਕਮਾਨ ਮਦਨ ਲਾਲ ਜਲਾਲਪੁਰ ਦੀਆਂ ਅਪਮਾਨਜਨਕ ਟਿੱਪਣੀਆਂ ਲਈ ਭਾਰਤ ਦੇ ਲੋਕਾਂ ਤੋਂ ਤੁਰੰਤ ਮੁਆਫੀ ਮੰਗੇ ਅਤੇ ਆਉਣ ਵਾਲੇ ਵਿਧਾਨ ਸਭਾ ਸੈਸ਼ਨ ਤੋਂ ਪਹਿਲਾਂ ਪ੍ਰਵਾਸੀ ਮਜ਼ਦੂਰਾਂ ਦੇ ਮੁੱਦੇ 'ਤੇ ਆਪਣਾ ਅਧਿਕਾਰਤ ਰੁਖ ਸਪੱਸ਼ਟ ਕਰੇ।

ਲੈਫ਼ਟੀਨੈਂਟ ਨਵਦੀਪ ਸਿੰਘ ਸਟੇਡੀਅਮ ਵਿਖੇ 12 ਨਵੰਬਰ ਤੋਂ 22 ਨਵੰਬਰ ਤੱਕ ਅਗਨੀਵੀਰ ਭਰਤੀ ਰੈਲੀ

ਗੁਰਦਾਸਪੁਰ (ਜਨਕ ਮਹਾਜਨ)

ਭਾਰਤੀ ਫ਼ੌਜ ਦੇ ਭਰਤੀ ਬੋਰਡ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਦੇ ਸਹਿਯੋਗ ਨਾਲ ਸਰਕਾਰੀ ਕਾਲਜ ਗੁਰਦਾਸਪੁਰ ਦੇ ਸ਼ਹੀਦ ਲੈਫ਼ਟੀਨੈਂਟ ਨਵਦੀਪ ਸਿੰਘ ਸਟੇਡੀਅਮ ਵਿਖੇ ਮਿਤੀ 12 ਨਵੰਬਰ ਤੋਂ 22 ਨਵੰਬਰ ਤੱਕ ਅਗਨੀਵੀਰ ਭਰਤੀ ਰੈਲੀ ਕਰਵਾਈ ਜਾ ਰਹੀ ਹੈ। ਇਸ ਭਰਤੀ ਰੈਲੀ ਵਿੱਚ ਅਗਨੀਵੀਰ ਜਨਰਲ ਡਿਊਟੀ, ਅਗਨੀਵੀਰ ਟੈਕਨੀਕਲ, ਅਗਨੀਵੀਰ ਕਲਰਕ/ਸਟੋਰ ਕੀਪਰ ਅਤੇ ਅਗਨੀਵੀਰ ਟਰੇਡਸਮੈਨ (10ਵੀਂ ਅਤੇ 8ਵੀਂ) ਭਰਤੀ ਕੀਤੇ ਜਾਣਗੇ। ਇਸ ਭਰਤੀ ਰੈਲੀ ਨੂੰ ਸਫ਼ਲ ਬਣਾਉਣ ਲਈ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇੱਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਕਰਨਲ ਚੇਤਨ ਪਾਂਡੇ, ਡਾਇਰੈਕਟਰ ਭਰਤੀ ਬੋਰਡ ਅੰਮ੍ਰਿਤਸਰ, ਸਹਾਇਕ ਕਮਿਸ਼ਨਰ ਜਨਰਲ ਸ੍ਰੀ ਆਦਿੱਤਿਆ ਗੁਪਤਾ, ਐਸ.ਡੀ.ਐਮ. ਗੁਰਦਾਸਪੁਰ ਸ੍ਰੀ ਮਨਜੀਤ ਸਿੰਘ ਰਾਜਲਾ, ਸਹਾਇਕ ਕਮਿਸ਼ਨਰ ਸ੍ਰੀ ਰੁਪਿੰਦਰਪਾਲ ਸਿੰਘ, ਆਰ.ਟੀ.ਓ. ਸ੍ਰੀਮਤੀ ਨਵਜੋਤ ਸ਼ਰਮਾ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜ਼ਰ ਸਨ। ਮੀਟਿੰਗ ਦੌਰਾਨ ਕਰਨਲ ਚੇਤਨ ਪਾਂਡੇ, ਡਾਇਰੈਕਟਰ ਭਰਤੀ ਬੋਰਡ ਅੰਮ੍ਰਿਤਸਰ ਨੇ ਦੱਸਿਆ ਕਿ ਇਸ ਗੁਰਦਾਸਪੁਰ ਦੀ ਭਰਤੀ ਰੈਲੀ ਵਿੱਚ ਜ਼ਿਲ੍ਹਾ ਗੁਰਦਾਸਪੁਰ, ਅੰਮ੍ਰਿਤਸਰ ਅਤੇ ਪਠਾਨਕੋਟ ਦੇ ਉਮੀਦਵਾਰ ਜੋ ਕਿ ਭਰਤੀ ਪ੍ਰੀਕ੍ਰਿਆ ਦੇ ਪਹਿਲੇ ਪੜਾਅ ਵਿੱਚ ਸਫਲ ਹੋਏ ਹਨ, ਦਾ ਫਿਜ਼ੀਕਲ ਫਿਟਨੈੱਸ, ਮੈਡੀਕਲ ਫਿਟਨੈੱਸ ਦੇ ਨਾਲ-ਨਾਲ ਡਾਕੂਮੈਂਟੇਸ਼ਨ ਦੀ ਸਕਰੀਨਿੰਗ ਵੀ ਕੀਤੀ ਜਾਵੇਗੀ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਹਰਜਿੰਦਰ ਸਿੰਘ ਬੇਦੀ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਇਸ ਭਰਤੀ ਰੈਲੀ ਨੂੰ ਸਫ਼ਲ ਬਣਾਉਣ ਲਈ ਆਪਣੇ ਜ਼ਿੰਮੇ ਆਏ ਕੰਮਾਂ ਨੂੰ ਸਮਾਂ ਰਹਿੰਦੇ ਮੁਕੰਮਲ ਕਰ ਲੈਣ।

ਪੰਮਾ ਪ੍ਰਧਾਨ ਨੇ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਦੀ ਨਿਯੁਕਤੀ ਲਈ ਦਾਅਵੇਦਾਰੀ ਠੋਕੀ

ਮਜੀਠਾ (ਸੰਜੀਵ ਆਨੰਦ)

ਆਲ ਇੰਡੀਆ ਕਾਂਗਰਸ ਕਮੇਟੀ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਕਾਂਗਰਸ ਪਾਰਟੀ ਨੂੰ ਬੂਥ ਪੱਧਰ 'ਤੇ ਮਜ਼ਬੂਤ ਕਰਨ ਲਈ ਸੰਗਠਨ ਸਿਰਜਣ ਅਭਿਆਨ ਦੀ ਸ਼ੁਰੂਆਤ ਕੀਤੀ ਗਈ ਹੈ।ਇਸ ਪ੍ਰੀਕ੍ਰਿਆ ਨੂੰ ਬਿਨਾਂ ਕਿਸੇ ਭੇਦਭਾਵ ਤੇ ਜ਼ਿੰਮੇਵਾਰੀ ਨਾਲ ਪੂਰਾ ਕਰਵਾਉਣ ਲਈ ਕਾਂਗਰਸ ਪਾਰਟੀ ਦੀ ਹਾਈ ਕਮਾਂਡ ਵੱਲੋਂ ਸੀਨੀਅਰ ਕਾਂਗਰਸੀ ਆਗੂ ਤੇ ਸਾਬਕਾ ਕੇਂਦਰੀ ਮੰਤਰੀ ਸੀ ਪੀ ਜੋਸ਼ੀ ਨੂੰ

ਬਤੌਰ ਆਬਜ਼ਰਵਰ ਨਿਯੁਕਤ ਕਰਕੇ ਇਹ ਅਹਿਮ ਜ਼ਿੰਮੇਵਾਰੀ ਸੌਂਪੀ ਗਈ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਮਜੀਠਾ ਤੋਂ ਕਾਂਗਰਸ ਪਾਰਟੀ ਦੇ ਕੌਂਸਲਰ ਪਰਮਜੀਤ ਸਿੰਘ ਪੰਮਾ ਪ੍ਰਧਾਨ ਮਜੀਠਾ ਵਲੋਂ ਜ਼ਿਲ੍ਹਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਦੀ ਨਿਯੁਕਤੀ ਲਈ ਆਪਣੀ ਮਜ਼ਬੂਤ ਦਾਅਵੇਦਾਰੀ ਸਾਬਕਾ ਕੇਂਦਰੀ ਮੰਤਰੀ ਆਬਜ਼ਰਵਰ ਸੀ ਪੀ ਜੋਸ਼ੀ ਸਾਹਮਣੇ ਪੇਸ਼ ਹੋ ਕੇ ਸੌਂਪਣ ਉਪਰੰਤ ਵਿਸ਼ੇਸ਼ ਤੌਰ 'ਤੇ ਗੱਲਬਾਤ ਕਰਦਿਆਂ ਕੀਤਾ।ਓਹਨਾਂ ਕਿਹਾ ਕੇ ਓਹ ਪਿਛਲੇ ਲੰਬੇ ਸਮੇਂ ਤੋਂ ਕਾਂਗਰਸ ਪਾਰਟੀ ਨਾਲ ਜੁੜੇ ਹੋਏ ਹਨ ਤੇ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਲਈ ਕੰਮ ਕਰ ਰਹੇ ਹਨ।ਓਹਨਾਂ ਵਲੋਂ ਜ਼ਿਲਾ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਦੀ ਨਿਯੁਕਤੀ ਲਈ ਆਪਣੀ ਮਜ਼ਬੂਤ ਦਾਅਵੇਦਾਰੀ ਪੇਸ਼ ਕੀਤੀ ਗਈ ਹੈ ਤੇ ਹੁਣ ਤੱਕ ਪਾਰਟੀ 'ਚ ਨਿਭਾਈਆਂ ਗਈਆਂ ਸੇਵਾਵਾਂ ਨੂੰ ਆਬਜ਼ਰਵਰ ਸੀ ਪੀ ਜੋਸ਼ੀ ਦੇ ਸਨਮੁੱਖ ਰੱਖਿਆ ਹੈ। ਇਸ ਮੌਕੇ ਓਹਨਾਂ ਦੇ ਨਾਲ ਸਾਬਕਾ ਚੇਅਰਮੈਨ ਮੋਹਣ ਸਿੰਘ ਨਿੰਬਰਵਿੰਡ, ਸੀਨੀਅਰ ਕਾਂਗਰਸੀ ਆਗੂ ਜਗਦੀਪ ਸਿੰਘ ਗੋਗਾ ਮਜੀਠਾ, ਅਪਰਮਦੀਪ ਸਿੰਘ ਅੱਪੂ, ਰਣਜੀਤ ਸਿੰਘ ਰਾਣਾ , ਸਰਪੰਚ ਬਲਜੀਤ ਸਿੰਘ ਸਰਾਂ , ਕੁਲਵਿੰਦਰ ਸਿੰਘ ਪਾਲੀ, ਸਰਪੰਚ ਪ੍ਰੇਮ ਸਿੰਘ, ਸਰਪੰਚ ਕੇਵਲ ਸਿੰਘ, ਸਰਪੰਚ ਜਗਜੀਤ ਸਿੰਘ, ਸਰਪੰਚ ਗੁਰਭੇਦ ਸਿੰਘ, ਇਕਬਾਲ ਸਿੰਘ ਭੀਲੋਵਾਲ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਸੇਖਵਾਂ ਨੇ ਧਾਰੀਵਾਲ ਇਲਾਕੇ ਦੀਆਂ ਅੱਧੀ ਦਰਜਨ ਸੜਕਾਂ ਦੇ ਨੀਂਹ ਪੱਥਰ ਰੱਖੇ

ਧਾਰੀਵਾਲ (ਮਨਦੀਪ ਸਿੰਘ ਵਿੱਕੀ)

ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਵਿਧਾਨ ਸਭਾ ਹਲਕਾ ਕਾਦੀਆਂ ਦੇ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੱਲੋਂ ਮਾਰਕਿਟ ਕਮੇਟੀ ਧਾਰੀਵਾਲ ਅਧੀਨ ਪੈਂਦੀਆਂ ਸੜਕਾਂ ਪੁਰਾਣੇ ਧਾਰੀਵਾਲ ਤੋਂ ਪੀਰ ਦੀ ਸੈਨ, ਪੀਰ ਦੀ ਸੈਨ ਦੀ ਫਿਰਨੀ, ਪੀਰ ਦੀ ਸੈਨ ਤੋਂ ਸੁਜਾਨਪੁਰ, ਖੁੰਡਾ ਰੋਡ ਤੋਂ ਮਾਲੀ ਸਮਰਾਏ, ਪਿੰਡ ਫਤਿਹ ਨੰਗਲ ਤੋਂ ਲੇਹਲ, ਖੁੰਡਾ ਤੋਂ ਸਰਸਪੁਰ ਅਤੇ ਖੁੰਡਾ ਤੋਂ ਡੇਅਰੀਵਾਲ ਰੋਡ ਪਰਦੇਸੀ ਰੁੱਖਾਂ ਤੱਕ ਸੰਪਰਕ ਸੜਕਾਂ ਦੀ ਮੁਰੰਮਤ ਕਰਨ/ਬਣਾਉਣ ਦੇ ਨੀਂਹ ਪੱਥਰ ਰੱਖੇ ਗਏ। ਐਡਵੋਕੇਟ ਸੇਖਵਾਂ ਨੇ ਪਿੰਡ ਖੁੰਡਾ ਵਿਖੇ ਇਲਾਕਾ ਨਿਵਾਸੀਆਂ ਦੇ ਭਰਵੇਂ ਇੱਕਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿਧਾਨ ਸਭਾ ਹਲਕਾ ਕਾਦੀਆਂ ਵਿੱਚ ਤਿੰਨ ਮਾਰਕਿਟ ਕਮੇਟੀਆਂ ਕਾਹਨੂੰਵਾਨ, ਕਾਦੀਆਂ ਅਤੇ ਧਾਰੀਵਾਲ ਪੈਂਦੀਆਂ ਹਨ। ਪੰਜਾਬ ਸਰਕਾਰ ਵੱਲੋਂ ਇਨ੍ਹਾਂ ਤਿੰਨਾਂ ਮਾਰਕਿਟ ਕਮੇਟੀਆਂ ਅਧੀਨ ਆਉਂਦੀਆਂ ਪੇਂਡੂ ਸੰਪਰਕ ਸੜਕਾਂ ਦੀ ਮੁਰੰਮਤ ਲਈ 100 ਕਰੋੜ ਰੁਪਏ ਮਨਜ਼ੂਰ ਕੀਤੇ ਗਏ ਹਨ। ਇਨ੍ਹਾਂ ਸੜਕਾਂ ਦੀ ਮੁਰੰਮਤ ਕਰਨ ਦੇ ਨਾਲ ਇਨ੍ਹਾਂ ਨੂੰ ਚੌੜਾ ਵੀ ਕੀਤਾ ਜਾਵੇਗਾ। ਉਨ੍ਹਾਂ ਕਿਹਾ ਸੜਕਾਂ ਦੀ ਮੁਰੰਮਤ ਦੌਰਾਨ ਇਸ ਦੀ ਗੁਣਵੱਤਾ ਦਾ ਖਾਸ ਖਿਆਲ ਰੱਖਿਆ ਜਾ ਰਿਹਾ ਹੈ ਅਤੇ 5 ਸਾਲ ਤੱਕ ਸੜਕ ਦੇ ਰੱਖ-ਰਖਾਅ ਦੀ ਜ਼ਿਮੇਦਾਰੀ ਵੀ ਸੰਬੰਧਤ ਠੇਕੇਦਾਰ ਦੀ ਹੋਵੇਗੀ। ਸੇਖਵਾਂ ਨੇ ਦੱਸਿਆ ਕਿ ਧਾਰੀਵਾਲ ਸ਼ਹਿਰ ਦੇ ਵਾਟਰ ਸਪਲਾਈ 'ਤੇ ਸੀਵਰੇਜ ਉੱਪਰ 75 ਕਰੋੜ ਰੁਪਏ ਖਰਚ ਕੀਤੇ ਜਾਣਗੇ। ਇਸੇ ਤਰ੍ਹਾਂ ਹੀ ਕਾਦੀਆਂ ਸ਼ਹਿਰ ਵਿੱਚ ਵੀ ਵਾਟਰ ਸਪਲਾਈ 'ਤੇ ਸੀਵਰੇਜ ਉੱਪਰ 75 ਕਰੋੜ ਰੁਪਏ ਮਨਜ਼ੂਰ ਕੀਤੇ ਗਏ ਹਨ। ਹਲਕੇ ਵਿੱਚ ਸਰਕਾਰੀ ਸਕੂਲਾਂ ਉੱਪਰ ਸਿੱਖਿਆ ਕ੍ਰਾਂਤੀ ਤਹਿਤ 60 ਕਰੋੜ ਰੁਪਏ ਖਰਚ ਕੀਤੇ ਗਏ ਹਨ। ਇਸ ਤੋਂ ਇਲਾਵਾ ਹਲਕੇ ਵਿੱਚ 25 ਖੇਡ ਸਟੇਡੀਅਮ ਮਨਜ਼ੂਰ ਕੀਤੇ ਗਏ ਹਨ । ਇਸ ਮੌਕੇ ਲੋਕ ਨਿਰਮਾਣ ਵਿਭਾਗ ਦੇ ਐਸ.ਡੀ.ਓ.ਰਛਪਾਲ ਸਿੰਘ ਢਿੱਲੋਂ, ਆਗੂ ਹਰਜੀਤ ਸਿੰਘ ਟਿੱਕਾ, ਚੇਅਰਮੈਨ ਭੁਪਿੰਦਰ ਸਿੰਘ ਰਿੰਕਾ ਖੁੰਡਾ, ਨੈਸ਼ਨਲ ਐਵਾਰਡੀ ਸਰਪੰਚ ਜਤਿੰਦਰ ਕੌਰ ਖੁੰਡੀ, ਸਰਪੰਚ ਚਰਨਜੀਤ ਸਿੰਘ ਰਾਏਚੱਕ, ਸਰਪੰਚ ਹਰਪਾਲ ਸਿੰਘ ਕੰਗ, ਸਾਬਾ ਭੱਟੀ ਫਤਿਹਨੰਗਲ, ਸਤਨਾਮ ਸਿੰਘ ਖੁੰਡੀ, ਯੂਥ ਪ੍ਰਧਾਨ ਗੁਰਦੀਪ ਸਿੰਘ,ਸਰਪੰਚ ਜਤਿੰਦਰ ਜੱਜ, ਸਰਪੰਚ ਮਨਿੰਦਰ ਸਿੰਘ ਮਨੀ ਸੁਜਾਨਪੁਰ, ਸਰਪੰਚ ਸਿਮਰਨਦੀਪ ਸਿੰਘ ਪੀਰ ਦੀ ਸੈਨ ਆਦਿ ਸਮੇਤ ਹਲਕੇ ਦੇ ਹੋਰ ਵੀ ਮੁਹਤਬਰ ਹਾਜ਼ਰ ਸਨ।

ਮੈਡੀਕਲ ਕੈਂਪਾਂ 'ਚ ਵਲੰਟਰੀ ਸੇਵਾਵਾਂ ਨਿਭਾਉਣ ਲਈ ਮਾਨਤਾ ਦੇਣ ਦੀ ਮੰਗ

ਪੱਟੀ (ਬਲਦੇਵ ਸਿੰਘ ਸੰਧੂ)

ਹੜ੍ਹਾਂ ਅਤੇ ਬੇਤਹਾਸ਼ਾ ਬਾਰਸ਼ ਕਾਰਨ ਪੰਜਾਬ ਬੁਰੀ ਤਰ੍ਹਾਂ ਪ੍ਰਭਾਵਤ ਹੋਇਆ ਹੈ। ਬੇਸ਼ੱਕ ਇਸ ਤ੍ਰਾਸਦੀ ਸਮੇਂ ਸਮਾਜਸੇਵੀਆਂ ਅਤੇ ਸੰਸਥਾਵਾਂ, ਗਾਇਕਾਂ ਅਤੇ ਦਾਨੀ ਸੱਜਣਾਂ ਵੱਲੋਂ ਆਪ ਮੁਹਾਰੇ ਦਿਲ ਖੋਲ੍ਹ ਕੇ ਵਡਮੁੱਲਾ ਯੋਗਦਾਨ ਪਾਇਆ ਗਿਆ ਹੈ ਪ੍ਰੰਤੂ ਸਮੱਸਿਆ ਬੇਹੱਦ ਗੰਭੀਰ ਹੋਣ ਕਾਰਨ ਹਾਲਾਤ ਸੁਖਾਵੇਂ ਹੋਣ ਲਈ ਸਮਾਂ ਲੱਗੇਗਾ। ਪੰਜਾਬ ਦੇ ਨੌਜਵਾਨਾਂ ਵੱਲੋਂ ਇਸ ਤ੍ਰਾਸਦੀ ਦਾ ਸਾਹਮਣਾ ਕਰਨ ਵਿੱਚ ਨਿਭਾਏ ਗਏ ਰੋਲ ਨੂੰ ਅੱਖੋਂ ਪਰੋਖੇ ਨਹੀਂ ਕੀਤਾ ਜਾ ਸਕਦਾ। ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਵੱਲੋਂ ਪਿਰਤ ਅਨੁਸਾਰ ਹਮੇਸ਼ਾ ਦੀ ਤਰ੍ਹਾਂ ਪ੍ਰਭਾਵਤ ਇਲਾਕਿਆਂ ਵਿੱਚ ਸਿਹਤ ਸੇਵਾਵਾਂ ਲਈ ਆਪਣੀ ਯਥਾਸ਼ਕਤੀ ਅਨੁਸਾਰ ਅਤੇ ਰਾਹਤ ਕਾਰਜਾਂ ਵਿੱਚ ਭਰਾਤਰੀ ਸੰਸਥਾਵਾਂ ਨਾਲ ਮਿਲ ਕੇ ਵੀ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ ਸੋ ਹਾਲਾਤ ਸੁਖਾਵੇਂ ਹੋਣ ਤੱਕ ਜਾਰੀ ਰੱਖੇ ਜਾਣਗੇ। ਮੁੱਖ ਮੰਤਰੀ ਅਤੇ ਸਿਹਤ ਮੰਤਰੀ ਪੰਜਾਬ ਨੂੰ ਐਸੋਸੀਏਸ਼ਨ ਵੱਲੋਂ ਪਿਛਲੇ ਸਮੇਂ ਕਰੋਨਾ ਵਰਗੀ ਮਹਾਂਮਾਰੀ ਸਮੇਂ ਵੀ ਹੁਣ ਹੜ੍ਹਾਂ ਅਤੇ ਭਾਰੀ ਬਰਸਾਤ ਕਾਰਨ ਹੋਏ ਭਾਰੀ ਜਾਨੀ ਅਤੇ ਮਾਲੀ ਨੁਕਸਾਨ ਸਮੇਂ ਪੰਜਾਬ ਦੇ ਲੋਕਾਂ ਅਤੇ ਪੰਜਾਬ ਸਰਕਾਰ ਵੱਲੋਂ ਪੰਜਾਬ ਪੁਨਰਵਾਸ ਅਤੇ ਮੁੜ ਵਸੇਬੇ ਲਈ ਕੀਤੇ ਜਾਣ ਵਾਲੇ ਯਤਨਾਂ ਸਿਹਤ ਸੇਵਾਵਾਂ ਦੀਆਂ ਸੇਵਾਵਾਂ ਲਈ ਦਸ ਲੱਖ ਦਾ ਬੀਮਾ ਕਰਨ ਦੇ ਕੀਤੇ ਐਲਾਨ ਦੀ ਸ਼ਲਾਘਾ ਕਰਦਿਆਂ ਰਜਿਸਟ੍ਰੇਸ਼ਨ ਅਤੇ ਮੈਡੀਕਲ ਕੈਂਪਾਂ ਵਿੱਚ ਵਲੰਟਰਲੀ ਸੇਵਾਵਾਂ ਨਿਭਾਉਣ ਲਈ ਮਾਨਤਾ / ਇਜਾਜ਼ਤ ਦੀ ਮੰਗ ਕਰਦੀ ਹੈ। ਸੂਬੇ ਵਿੱਚ ਡੇਢ ਲੱਖ ਦੇ ਕਰੀਬ ਅਨਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰ ਮੁਢਲੀਆਂ ਸਿਹਤ ਸੇਵਾਵਾਂ ਨਿਭਾ ਰਹੇ ਹਨ। ਸਰਕਾਰ ਨੂੰ ਅਪੀਲ ਕਰਦਿਆਂ ਉਨ੍ਹਾਂ ਕਿਹਾ ਕਿ ਕੈਬਨਿਟ ਮੀਟਿੰਗ ਵਿੱਚ ਏਜੰਡੇ ਵਜੋਂ ਵਿਚਾਰ ਕੇ ਵਲੰਟਰਲੀ ਸੇਵਾਵਾਂ ਦੀ ਸੇਵਾ ਦੇਣ ਲਈ ਜ਼ਰੂਰ ਮੌਕਾ ਦਿੱਤਾ ਜਾਵੇ ਤਾਂ ਜੋ ਪ੍ਰਭਾਵਤ ਲੋਕਾਂ ਦੇ ਮੁੜ-ਵਸੇਬੇ ਅਤੇ ਪੰਜਾਬ ਨੂੰ ਮੁੜ ਪੈਰਾਂ ਸਿਰ ਹੋਣ ਲਈ ਸਹਾਈ ਹੋ ਸਕੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪ੍ਰੈਸ ਦੇ ਨਾਂ ਪ੍ਰੈਸ ਨੋਟ ਜਾਰੀ ਕਰਦਿਆਂ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ, ਸਕੱਤਰ ਡਾ. ਗੁਰਮੇਲ ਸਿੰਘ ਮਾਛੀਕੇ, ਸਰਪ੍ਰਸਤ ਡਾ. ਸੁਰਜੀਤ ਸਿੰਘ ਲੁਧਿਆਣਾ, ਕੈਸ਼ੀਅਰ ਡਾ. ਰਾਕੇਸ਼ ਮਹਿਤਾ, ਨਛੱਤਰ ਸਿੰਘ ਚੀਮਾ, ਅਰਜਿੰਦਰ ਸਿੰਘ ਕੋਹਾਲੀ, ਸੀ ਆਰ ਸ਼ੰਕਰ, ਅਵਤਾਰ ਸਿੰਘ, ਸੁਖਚੈਨ ਸਿੰਘ ਬੋਪਾਰਾਏ, ਜਸਵਿੰਦਰ ਸਿੰਘ ਖੀਵਾ, ਜਸਵਿੰਦਰ ਸਿੰਘ ਭੋਗਲ, ਦਿਲਦਾਰ ਸਿੰਘ ਚਾਹਲ, ਗੁਰਦੀਪ ਸਿੰਘ ਘੁੱਦਾ, ਜਸਬੀਰ ਸਿੰਘ ਸਹਿਗਲ, ਗੁਰਜੀਤ ਸਿੰਘ ਦੁਬਲੀ, ਚਮਕੌਰ ਸਿੰਘ, ਮੇਵਾ ਸਿੰਘ, ਸੱਤਪਾਲ ਰਿਸ਼ੀ, ਅਨੰਦ ਵਾਲੀਆ, ਰਣਜੀਤ ਸਿੰਘ ਸੋਹੀ, ਰਜਿੰਦਰ ਸਿੰਘ ਔਲਖ, ਪੰਕਜ ਅੱਗਰਵਾਲ, ਮਨਜੀਤ ਸਿੰਘ, ਬਲਵੀਰ ਸਿੰਘ ਨੇ ਕੀਤਾ।

ਪ੍ਰਾਈਵੇਟ ਸ਼ੈਲਰ ਮਾਲਕਾਂ ਵੱਲੋਂ ਕਿਸਾਨਾਂ ਦੀ ਲੁੱਟ : ਮੀਆਂਵਿੰਡ, ਬਿਹਾਰੀਪੁਰ

ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਸ੍ਰੀ ਗੁਰੂ ਅੰਗਦ ਦੇਵ ਜੀ ਦੀ ਇਕ ਮੀਟਿੰਗ ਪਿੰਡ ਬਿਹਾਰੀਪੁਰ ਦੇ ਗੁਰਦੁਆਰਾ ਸਾਹਿਬ ਵਿਖੇ ਜ਼ੋਨ ਪ੍ਰਧਾਨ ਮੁਖ਼ਤਾਰ ਸਿੰਘ ਬਿਹਾਰੀਪੁਰ ਅਤੇ ਜ਼ੋਨ ਸਕੱਤਰ ਸਤਨਾਮ ਸਿੰਘ ਖੋਜਕੀਪੁਰ ਦੀ ਅਗਵਾਈ ਹੇਠ ਹੋਈ, ਜਿਸ ਵਿਚ ਜ਼ਿਲ੍ਹਾ ਤਰਨ ਤਾਰਨ ਦੇ ਮੀਤ

ਪ੍ਰਧਾਨ ਦਿਆਲ ਸਿੰਘ ਮੀਆਂਵਿੰਡ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਮੀਟਿੰਗ ਵਿੱਚ ਕਈ ਅਹਿਮ ਮੁੱਦਿਆਂ 'ਤੇ ਗੱਲਬਾਤ ਹੋਈ ਅਤੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਦਿਆਲ ਸਿੰਘ ਮੀਆਂਵਿੰਡ ਅਤੇ ਜ਼ੋਨ ਪ੍ਰਧਾਨ ਮੁਖ਼ਤਾਰ ਸਿੰਘ ਬਿਹਾਰੀਪੁਰ ਨੇ ਕਿਹਾ ਕਿ ਹੜ੍ਹਾਂ ਦੀ ਮਾਰ ਦੇ ਮਾਰੇ ਕਿਸਾਨਾਂ ਦੇ ਕੁਝ ਕੁ ਬਚੇ ਖੁਚੇ ਝੋਨੇ ਦੀ ਮੰਡੀਆਂ ਵਿੱਚ ਆੜ੍ਹਤੀਆਂ, ਸ਼ੈਲਰ ਮਾਲਕਾਂ ਅਤੇ ਸਰਕਾਰੀ ਅਫਸਰਾਂ ਦੀ ਮਿਲੀਭੁਗਤ ਨਾਲ ਹੋ ਰਹੀ ਲੁੱਟ ਨੂੰ ਰੋਕਣ ਲਈ ਕਿਸਾਨਾਂ ਵੱਲੋਂ ਸਰਕਾਰ, ਅਫਸਰ, ਸ਼ੈਲਰ ਮਾਲਕ ਅਤੇ ਆੜ੍ਹਤੀਆਂ ਨੂੰ ਬਾਜ਼ ਆਉਣ ਦੀ ਸਖ਼ਤ ਸ਼ਬਦਾਂ ਵਿੱਚ ਤਾੜਨਾ ਕੀਤੀ ਗਈ ਅਤੇ ਕਿਸਾਨਾਂ ਦੀਆਂ ਜ਼ਮੀਨਾਂ ਵਿਚ ਪਈ ਰੇਤ ਨੂੰ ਕਿਸਾਨ ਹੀ ਵੇਚਣ ਦੇ ਸਰਕਾਰ ਵੱਲੋਂ ਦਿੱਤੇ ਬਿਆਨ ਦੀ ਸਰਕਾਰੀ ਅਫ਼ਸਰ ਵਿੱਚ ਟੰਗ ਨਾ ਅੜਾਉਣ। ਕਿਸਾਨਾਂ ਨੂੰ ਪ੍ਰੇਸ਼ਾਨ ਕਰਨਾ ਬੰਦ ਕਰਨ ਨਹੀਂ ਤੇ ਜਥੇਬੰਦੀ ਵੱਲੋਂ ਸਖ਼ਤ ਐਕਸ਼ਨ ਲੈਣ ਲਈ ਮਜਬੂਰ ਹੋਣਾ ਪਵੇਗਾ। ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੜ੍ਹਾਂ ਨਾਲ ਮਾਰੀਆਂ ਗਈਆਂ ਫਸਲਾਂ ਤੇ ਨਿਗੂਣੇ 20 ਹਜ਼ਾਰ ਰੁਪਏ ਮੁਆਵਜ਼ੇ ਦੇ ਐਲਾਨ ਨਾਲ ਕਿਸਾਨਾਂ ਨਾਲ ਕੋਝਾ ਮਜ਼ਾਕ ਦੱਸਿਆ ਅਤੇ ਮੰਗ ਕੀਤੀ ਕਿ ਕਿਸਾਨਾਂ ਦੀਆਂ ਬਰਬਾਦ ਹੋਈਆਂ ਫਸਲਾਂ ਦਾ ਘੱਟੋ ਘੱਟ 70 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਦਿੱਤਾ ਜਾਵੇ ਅਤੇ ਗਰੀਬ ਲੋਕਾਂ ਦੇ ਢਹਿ ਢੇਰੀ ਹੋ ਚੁੱਕੇ ਮਕਾਨਾਂ ਵਾਸਤੇ ਉਨ੍ਹਾਂ ਦੇ ਮੁੜ ਵਸੇਬੇ ਲਈ ਤਰੁੰਤ ਰਾਹਤ ਰਾਸ਼ੀ ਜਾਰੀ ਕੀਤੀ ਜਾਵੇ। ਇਸ ਮੌਕੇ ਮਨਜੀਤ ਸਿੰਘ ਵੈਰੋਵਾਲ ਬਾਵਿਆਂ, ਬਲਜਿੰਦਰ ਸਿੰਘ ਆਲਮਪੁਰ, ਪ੍ਰਮਜੀਤ ਸਿੰਘ ਬਾਠ ਦਾਰਾਪੁਰ, ਸਾਹਿਬ ਸਿੰਘ ਨਰੋਤਮਪੁਰ, ਜਗਜੀਤ ਸਿੰਘ ਭਲੋਜਲਾ, ਸੁਲੱਖਣ ਸਿੰਘ ਖੋਜਕੀਪੁਰ, ਤਜਿੰਦਰ ਸਿੰਘ ਬਹਾਦਰਪੁਰ, ਰੂਪ ਸਿੰਘ ਵੈਰੋਵਾਲ ਬਾਵਿਆਂ, ਕੁਲਦੀਪ ਸਿੰਘ ਬਿਹਾਰੀਪੁਰ, ਹਰਵਿੰਦਰ ਸਿੰਘ ਭਲੋਜਲਾ ਹਰਜੀਤ ਸਿੰਘ ਹੋਠੀਆ ਤੋ ਇਲਾਵਾ ਵੱਖ ਵੱਖ ਪਿੰਡਾਂ ਤੋ ਕਿਸਾਨ ਮਜ਼ਦੂਰ ਆਗੂ ਹਾਜ਼ਰ ਹੋਏ।

ਬਿਰਧ ਆਸ਼ਰਮ ਨੇ ਦਿੱਤਾ ਇੱਕ ਹੋਰ ਬਜ਼ੁਰਗ ਮਾਤਾ ਨੂੰ ਸਹਾਰਾ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)

ਬਜ਼ੁਰਗਾਂ ਦਾ ਵਿਹੜਾ ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਨੇ ਇੱਕ ਹੋਰ ਬਜ਼ੁਰਗ ਮਾਂ ਨੂੰ ਸਹਾਰਾ ਦਿੱਤਾ ਹੈ। ਇਸ ਮੌਕੇ ਆਸ਼ਰਮ ਪ੍ਰਬੰਧਕਾਂ ਨੇ ਦੱਸਿਆ ਕਿ ਇਹ ਮਾਤਾ ਰਾਜ ਰਾਣੀ ਪਤਨੀ ਯਸ ਪਾਲ ਨਿਵਾਸੀ ਬਦਰੋਆ, ਉਮਰ 75 ਸਾਲ ਹੈ । ਇਸ ਮਾਤਾ ਨੂੰ ਦੀਪਕ ਮਹਾਜਨ ਤੇ ਅਜੀਤ ਸਿੰਘ ਗੁਰਦਾਸਪੁਰ ਵੱਲੋਂ ਬਿਰਧ ਘਰ ਵਿੱਚ ਛੱਡਿਆ ਗਿਆ ਹੈ । ਉਹਨਾਂ ਨੇ ਦੱਸਿਆ ਕਿ ਮਾਤਾ ਦਾ ਇੱਕ ਪੁੱਤਰ ਹੈ ਜੋ ਨਸ਼ਿਆਂ ਦੀ ਦਲਦਲ ਵਿੱਚ ਫਸਿਆ ਹੋਇਆ ਹੈ। ਉਸ ਦਾ ਪੁੱਤਰ ਮਾਤਾ ਨੂੰ ਆਪਣੇ ਘਰ ਵਿੱਚ ਨਹੀਂ ਰੱਖਦਾ। ਜੰਕਰੀ ਮਾਤਾ ਗੁਰਦਾਸਪੁਰ ਵਿਖੇ ਕਿਸੇ ਕਿਰਾਏ ਦੇ ਮਕਾਨ 'ਚ ਰਹਿੰਦੀ ਹੈ। ਇਸ ਦੀ ਸਾਰੀ ਦੇਖਭਾਲ ਗਲੀ ਮੁਹੱਲੇ ਵਾਲੇ ਹੀ ਕਰਦੇ ਸਨ ਤੇ ਮਾਤਾ ਲੋਕਾਂ ਦੇ ਘਰ ਮੰਗ ਕੇ ਗੁਜ਼ਾਰਾ ਕਰਦੀ ਸੀ। ਮਾਤਾ ਨੇ ਕਿਹਾ ਕਿ ਉਹ ਚੱਲਣ ਫਿਰਨ ਵਿੱਚ ਅਸਮਰਥ ਹੈ ਅਤੇ ਸਿਹਤ ਵੀ ਤੰਦਰੁਸਤ ਨਹੀਂ ਰਹਿੰਦੀ, ਦੇਖਣ ਵਿੱਚ ਵੀ ਮੈਨੂੰ ਧੁੰਦਲਾ ਦਿਖਾਈ ਦਿੰਦਾ ਹੈ। ਉਮਰ ਜ਼ਿਆਦਾ ਹੋਣ ਕਰਕੇ ਮੈਂ ਆਪਣੇ ਆਪ ਨੂੰ ਨਹੀਂ ਸੰਭਾਲ ਸਕਦੀ। ਬਿਰਧ ਘਰ ਵਿੱਚ ਬਹੁਤ ਉਮੀਦ ਕਰਕੇ ਆਈ ਹਾਂ। ਮੈਨੂੰ ਸਹਾਰੇ ਦੀ ਜ਼ਰੂਰਤ ਹੈ। ਉਹਨਾਂ ਬਿਰਧ ਆਸ਼ਰਮ ਪ੍ਰਬੰਧਕਾਂ ਨੂੰ ਬੇਨਤੀ ਕੀਤੀ ਕਿ ਮਾਤਾ ਨੂੰ ਆਸ਼ਰਮ ਵਿੱਚ ਸਹਾਰਾ ਦਿੱਤਾ ਜਾਵੇ ਤਾਂ ਜੋ ਮਾਤਾ ਆਪਣੇ ਜ਼ਿੰਦਗੀ ਦਾ ਅਗਲਾ ਸਫਰ ਇੱਥੇ ਬਤੀਤ ਕਰ ਸਕੇ।

ਗੱਲਬਾਤ ਸੁਣਨ ਤੋਂ ਬਾਅਦ ਆਸ਼ਰਮ ਪ੍ਰਬੰਧਕਾਂ ਨੇ ਕਿਹਾ ਕਿ ਘਬਰਾਉਣ ਦੀ ਲੋੜ ਨਹੀਂ ।ਅੰਤ 'ਚ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਅਤੇ ਆਸ਼ਰਮ ਪ੍ਰਧਾਨ ਸਤਨਾਮ ਸਿੰਘ ਨੇ ਸਾਰੀ ਗੱਲਬਾਤ ਸੁਣਨ ਤੋਂ ਬਾਅਦ ਨੇ ਮਾਤਾ ਨੂੰ ਬਿਰਧ ਘਰ ਵਿੱਚ ਰਹਿਣ ਦੀ ਆਗਿਆ ਦੇ ਦਿੱਤੀ। ਇਸ ਮੌਕੇ ਪ੍ਰਧਾਨ ਸਤਨਾਮ ਸਿੰਘ ਅਤੇ ਆਸ਼ਰਮ ਸਮੂਹ ਸਟਾਫ ਸਵੀਤਾ, ਰੂਪ ਰਾਣੀ, ਰਾਜ ਰਾਣੀ, ਰਮੇਸ਼ ਚੰਦਰ, ਕਮਲੇਸ਼, ਬਲਦੇਵ ਰਾਜ, ਕਿਰਣ ਕੁਮਾਰ ਆਦਿ ਮੌਜੂਦ ਸਨ।

ਕੋਹਾੜ 'ਚ ਪਰਾਲੀ ਦੀ ਰਹਿੰਦ-ਖੂੰਹਦ ਨੂੰ ਬਿਨਾਂ ਅੱਗ ਲਗਾਏ ਖੇਤ 'ਚ ਵਾਹੁਣ ਸੰਬੰਧੀ ਜਾਗਰੂਤਾ ਕੈਂਪ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਡਿਪਟੀ ਕਮਿਸ਼ਨਰ ਗੁਰਦਾਸਪੁਰ ਜੀ ਦੇ ਦਿਸ਼ਾ ਨਿਰਦੇਸ਼ ਤਹਿਤ, ਮੁੱਖ ਖੇਤੀਬਾੜੀ ਅਫਸਰ ਡਾ.ਅਮਰੀਕ ਸਿੰਘ ਗੁਰਦਾਸਪੁਰ ਦੀ ਰਹਿਨੁਮਾਈ ਹੇਠ ਅਤੇ ਬਲਾਕ ਖੇਤੀਬਾੜੀ ਅਫ਼ਸਰ ਕਾਹਨੂੰਵਾਨ ਡਾ. ਪਰਮਿੰਦਰ ਕੁਮਾਰ ਦੀ ਯੋਗ ਅਗਵਾਈ ਤਹਿਤ ਅਮਨਦੀਪ ਕੌਰ ਖੇਤੀਬਾੜੀ ਵਿਸ਼ਥਾਰ ਅਫਸਰ ਵੱਲੋਂ ਪਿੰਡ ਕੋਹਾੜ ਵਿਖੇ ਸੀ.ਆਰ.ਐਮ ਸਕੀਮ ਅਧੀਨ ਝੋਨੇ ਦੀ ਪਰਾਲੀ ਦੀ ਰਹਿੰਦ ਖੂੰਹਦ ਨੂੰ ਬਿਨਾਂ ਅੱਗ ਲਗਾਏ ਖੇਤ ਵਿਚ ਵਾਹੁਣ ਸੰਬੰਧੀ ਜਾਗਰੂਤਾ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਸਟੱਬਲ ਬਰਨਿੰਗ ਸੰਬੰਧੀ ਪ੍ਰਚਾਰ ਕੀਤਾ ਗਿਆਂ, ਕਿਸਾਨਾਂ ਨੂੰ ਖੇਤਾਂ ਵਿੱਚ ਲਗਾਈ ਜਾਣ ਵਾਲੀ ਅੱਗ ਦੇ ਨੁਕਸਾਨਾਂ ਤੋਂ ਜਾਣੂ ਕਰਵਾਇਆ ਅਤੇ ਅਪੀਲ ਕੀਤੀ ਗਈ ਕੀ ਉਹ ਰਹਿੰਦ ਖੂੰਹਦ ਨੂੰ ਅੱਗ ਨਾ ਲਗਾਉਣ ਅਤੇ ਖੇਤਾਂ ਵਿੱਚ ਹੀ ਮਿਲਾਉਣ । ਇਸ ਮੌਕੇ ਦਫਤਰ ਜ਼ਿਲ੍ਹਾ ਟ੍ਰੇਨਿੰਗ ਅਫਸਰ, ਡਾ. ਸੰਦੀਪ ਸਿੰਘ, ਡਾ. ਜਰਮਨਜੀਤ ਸਿੰਘ, ਡਾ. ਦਿਲਰਾਜ ਸਿੰਘ ਅਤੇ ਡਾ. ਰੈਨੂ ਵਿਰਦੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਇਸ ਤੋਂ ਇਲਾਵਾ ਡਾ ਭਵਜੀਤ ਸਿੰਘ ਖੇਤੀਬਾੜੀ ਵਿਕਾਸ ਅਫਸਰ, ਦਰਸ਼ਨ ਸਿੰਘ ਖੇਤੀਬਾੜੀ ਉਪ ਨਿਰੀਖਕ, ਬਲਰਾਜ ਸਿੰਘ ਕੋਹਾੜ ਅਤੇ ਅਗਾਹਵਧੂ ਜ਼ਿਮੀਦਾਰ ਵੀ ਹਾਜ਼ਰ ਸਨ।

ਸਰਕਾਰੀ ਐਲੀਮੈਂਟਰੀ ਸਕੂਲ ਕਲੇਰ ਦੇ ਫੁੱਲ ਬੂਟਿਆਂ ਦੀ ਸਾਂਭ-ਸੰਭਾਲ ਦੇ ਯਤਨ

ਚੇਤਨਪੁਰਾ (ਸੁਖਵੰਤ ਚੇਤਨਪੁਰੀ)

ਹੜ੍ਹਾਂ ਤੋਂ ਪ੍ਰਭਾਵਤ ਦਿਹਾਤੀ ਖੇਤਰ ਦੇ ਸਕੂਲਾਂ ਨੂੰ ਖੋਲ੍ਹਣ ਤੇ ਸਕੂਲ ਕਲੇਰ ਦੇ ਅਧਿਆਪਕਾਂ ਅਤੇ ਮਾਸੂਮੀਅਤ ਦੇ ਪੈਮਾਨੇ ਵਿੱਚ ਤਰਾਸ਼ੀਆਂ ਨੰਨ੍ਹੀਆਂ ਮੁੰਨੀਆਂ ਧੀਆਂ ਵੱਲੋਂ ਸਕੂਲ ਦੇ ਬਾਗ ਬਗੀਚੇ ਤੇ ਹਰੇਕ ਪ੍ਰਕਾਰ ਦੇ ਫੁੱਲ ਬੂਟਿਆਂ ਦੀ ਸਾਂਭ ਸੰਭਾਲ ਲਈ ਸਾਂਝੇ ਤੌਰ 'ਤੇ ਯਤਨ ਕੀਤੇ ਜਾ ਰਹੇ ਹਨ, ਤਾਂ ਜੋ ਮੌਸਮੀ ਤੇ ਬੇਮੌਸਮੀ ਬਾਰਿਸ਼ ਦੇ ਪਾਣੀ ਤੇ ਹੜ੍ਹਾਂ ਕਾਰਨ ਖਰਾਬ ਹੋਈ ਦਿੱਖ ਨੂੰ ਮੁੜ ਆਕਰਸ਼ਕ ਬਣਾਇਆ ਜਾ ਸਕੇ। ਸਕੂਲ ਦੀਆਂ ਬਗੀਚੀਆਂ ਤੇ ਕਿਆਰੀਆਂ ਨੂੰ ਸਜਾਇਆ ਤੇ ਸਵਾਰਿਆ ਜਾ ਰਿਹਾ ਹੈ। ਸਕੂਲ ਦੇ ਹੈੱਡ ਟੀਚਰ ਜਿੰਦਰ ਕੁਮਾਰ ਦੇ ਸ਼ਾਨਦਾਰ ਤੇ ਮਿਸਾਲੀ ਪ੍ਰਬੰਧਾਂ ਹੇਠ ਅਧਿਆਪਕਾ ਕੁਲਵਿੰਦਰ ਕੌਰ, ਅਧਿਆਪਕ ਵਰਿੰਦਰ ਕੁਮਾਰ, ਪੂਜਾ ਮਲਹੋਤਰਾ, ਸਰਗੁਰਬਰਿੰਦਰ ਕੌਰ ਆਪਣੇ ਪੱਧਰ ਤੇ ਨੰਨ੍ਹੀਆਂ ਮੁੰਨ੍ਹੀਆਂ ਵਿਦਿਆਰਥਣਾਂ ਦੇ ਨਾਲ ਇਸ ਸ਼ੁੱਭ ਕਾਰਜ ਨੂੰ ਅਮਲੀ ਜਾਮਾ ਪਹਿਨਾ ਰਹੇ ਹਨ। ਇਸ ਤੋਂ ਪਹਿਲਾਂ ਸਕੂਲ ਵਿੱਚ ਵੱਡੇ ਪੱਧਰ 'ਤੇ ਫੁੱਲ ਬੂਟਿਆਂ ਨਾਲ ਭਰਪੂਰ ਗਮਲੇ ਦਿਖਾਈ ਦਿੰਦੇ ਸਨ ਅਤੇ ਬਾਗ ਬਗੀਚਾ, ਕਿਆਰੀਆਂ ਤੇ ਫੁਲਵਾੜੀਆਂ ਵੀ ਵੱਖਰਾ ਨਜ਼ਾਰਾ ਪੇਸ਼ ਕਰਦੀਆਂ ਸਨ, ਜੋ ਕਿ ਬਾਰਿਸ਼ ਦੇ ਦਿਨਾਂ ਵਿੱਚ ਤਹਿਸ਼-ਨਹਿਸ਼ ਹੋ ਕੇ ਰਹਿ ਗਈਆਂ ਸਨ। ਮੌਸਮ ਦੇ ਬਦਲਦੇ ਮਿਜ਼ਾਜ਼ਾਂ ਦੇ ਸ਼ੁਰੂ ਹੁੰਦਿਆਂ ਹੀ ਵੱਖ-ਵੱਖ ਸਰਕਾਰੀ ਤੇ ਗ਼ੈਰ ਸਰਕਾਰੀ ਸਕੂਲਾਂ ਵੱਲੋਂ ਇਸ ਪਾਸੇ ਵੱਲ ਉਚੇਚੇ ਤੌਰ ਤੇ ਧਿਆਨ ਦਿੱਤਾ ਜਾ ਰਿਹਾ ਹੈ, ਤਾਂ ਜੋ ਅਲੋਪ ਹੋਏ ਫੁੱਲ ਬੂਟਿਆਂ, ਬਗੀਚੀਆਂ ਤੇ ਕਿਆਰੀਆਂ ਨੂੰ ਮੁੜ ਪਹਿਲਾਂ ਵਾਲਾ ਰੂਪ ਮਿਲ ਸਕੇ। ਅਧਿਆਪਕਾਂ ਦੱਸਿਆ ਕਿ ਸਰਕਾਰ ਤੇ ਵਿਭਾਗ ਦੇ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਹੂ-ਬ-ਹੂ ਪਾਲਣਾ ਦੇ ਤਹਿਤ ਭਵਿੱਖ ਵਿੱਚ ਵੀ ਇਹ ਸਿਲਸਿਲਾ ਇਸੇ ਤਰ੍ਹਾਂ ਜਾਰੀ ਰਹੇਗਾ।

ਲੋਕ ਭਲਾਈ ਮੰਚ ਪੰਜਾਬ ਦੀ ਮੀਟਿੰਗ 'ਚ ਸ਼ਹੀਦ ਭਗਤ ਸਿੰਘ ਦਾ ਜਨਮ ਦਿਨ ਮਨਾਉਣ ਲਈ ਕੀਤੀਆਂ ਵਿਚਾਰਾਂ

ਅੰਮ੍ਰਿਤਸਰ (ਜਸਬੀਰ ਸਿੰਘ, ਕੰਵਲਜੀਤ ਸਿੰਘ)- ਲੋਕ ਭਲਾਈ ਮੰਚ ਪੰਜਾਬ ਦੀ ਮੀਟਿੰਗ ਨਿਰਵੈਲ ਸਿੰਘ ਢਪੱਈ ਦੀ ਪ੍ਰਧਾਨਗੀ ਹੇਠ ਮੰਚ ਦੇ ਮੁੱਖ ਦਫਤਰ ਕੱਚੀ ਮਿੱਟੀ ਰੋਡ ਏਕਤਾ ਨਗਰ ਢਪੱਈ ਵਿਖੇ ਹੋਈ। ਮੀਟਿੰਗ ਵਿੱਚ ਵਿਚ ਸ਼ਹੀਦ ਭਗਤ ਸਿੰਘ ਦਾ ਜਨਮ ਦਿਨ ਜੋ 28 ਸਤੰਬਰ ਨੂੰ ਹੈ ਵੱਡੇ ਪੱਧਰ ਤੇ ਮਨਾਉਣ ਲਈ ਵਿਚਾਰਾਂ ਕੀਤੀਆਂ ਗਈਆਂ। ਇਸ ਸਮੇਂ ਹੋਈ ਪ੍ਰਤੀਨਿਧ ਮੀਟਿੰਗ ਨੂੰ ਬਲਬੀਰ ਸਿੰਘ ਝਾਮਕਾ, ਕਿਰਪਾਲ ਸਿੰਘ, ਕਸ਼ਮੀਰ ਸਿੰਘ ਢਪੱਈ, ਸਰਦੂਲ ਸਿੰਘ ਢਪੱਈ, ਕੁਲਦੀਪ ਸਿੰਘ ਦਸਮੇਸ਼ ਨਗਰ ਅਤੇ ਬਲਦੇਵ ਸਿੰਘ ਨੇ ਸੰਬੋਧਨ ਕੀਤਾ। ਇਹ ਸਮਾਗਮ ਮੰਚ ਦੇ ਮੁੱਖ ਦਫਤਰ ਵਿਖੇ ਠੀਕ 9-30 ਵਜੇ ਸਵੇਰੇ ਸ਼ੁਰੂ ਹੋਵੇਗਾ। ਇਸ ਸਮੇਂ ਉਪਰੋਕਤ ਤੋਂ ਇਲਾਵਾ ਰਣਜੀਤ ਸਿੰਘ ਰਾਣਾ, ਤੀਰਥ ਰਾਮ,ਜੀਤ ਲਾਲ, ਜਗਦੀਸ਼ ਸਿੰਘ, ਰਮੇਸ਼ ਕੁਮਾਰ, ਵਰਿਆਮ ਚੰਦ, ਕੁਲਦੀਪ ਕੁਮਾਰ ਗੋਲਡੀ, ਕਿਸ਼ਨ ਕੁਮਾਰ ਅਤੇ ਜਗਦੀਸ਼ ਚੰਦਰ ਪ੍ਰੇਮ ਨਗਰ ਆਦਿ ਹਾਜ਼ਰ ਸਨ।

ਕ੍ਰਿਸ਼ੀ ਵਿਗਿਆਨ ਕੇਂਦਰ ਗੁਰਦਾਸਪੁਰ ਵਿਖੇ ਮਧੂ ਮੱਖੀ ਪਾਲਣ ਸੰਬੰਧੀ ਸਿਖਲਾਈ ਕੋਰਸ ਕਰਵਾਇਆ

ਗੁਰਦਾਸਪੁਰ, (ਜਨਕ ਮਹਾਜਨ)

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਗੁਰਦਾਸਪੁਰ ਵਲੋਂ ਪੰਜ ਦਿਨਾ ਮਧੂ ਮੱਖੀ ਪਾਲਣ ਸਬੰਧੀ ਸਿਖਲਾਈ ਕੋਰਸ ਲਗਾਇਆ ਗਿਆ ਜਿਸ ਵਿਚ ਗੁਰਦਾਸਪੁਰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਦੇ 25 ਸਿੱਖਿਆਰਥੀਆਂ ਨੇ ਸਿਖਲਾਈ ਹਾਸਲ ਕੀਤੀ। ਇਸ ਮੌਕੇ ਡਾ. ਸਰਬਜੀਤ ਸਿੰਘ ਔਲਖ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਨੇ ਕਿਹਾ ਕਿ ਕਿਸਾਨਾਂ ਨੂੰ ਕਿਸਾਨੀ ਦੇ ਨਾਲ-ਨਾਲ ਸਹਾਇਕ ਧੰਦਾ ਕਰਨਾ ਵੀ ਬਹੁਤ ਜ਼ਰੂਰੀ ਹੋ ਗਿਆ ਹੈ ਸੋ ਇਸ ਕਰਕੇ ਕਿਸਾਨ ਵੀਰ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਸਮੇਂ-ਸਮੇਂ ਤੇ ਲਗਾਏ ਜਾ ਰਹੇ ਵੱਖ-ਵੱਖ ਕਿੱਤਿਆਂ (ਬੱਕਰੀ ਪਾਲਣ, ਸੂਰ ਪਾਲਣ, ਡੇਅਰੀ ਪਾਲਣ, ਖੁੰਬਾਂ ਦੀ ਕਾਸ਼ਤ ਆਦਿ) ਸੰਬੰਧੀ ਸਿਖਲਾਈ ਕੋਰਸਾਂ ਰਾਹੀਂ ਟਰੇਨਿੰਗ ਹਾਸਿਲ ਕਰ ਸਕਦੇ ਹਨ। ਡਾ. ਰਾਜਵਿੰਦਰ ਕੌਰ, ਸਹਾਇਕ ਪ੍ਰੋਫੈਸਰ (ਪੌਦ ਸੁਰੱਖਿਆ) ਨੇ ਸਿੱਖਿਆਰਥੀਆਂ ਨੂੰ ਮਧੂ ਮੱਖੀ ਦੀ ਸਰੀਰਕ ਬਣਤਰ, ਵੱਖ-ਵੱਖ ਜਾਤਾਂ, ਮੌਸਮੀ ਸਾਂਭ ਸੰਭਾਲ, ਦੁਸ਼ਮਣ ਕੀੜੇ ਤੇ ਬਿਮਾਰੀਆਂ ਦੀ ਰੋਕਥਾਮ ਅਤੇ ਸ਼ਹਿਦ ਕੱਢਣ ਆਦਿ ਬਾਰੇ ਲਿਖਤੀ ਅਤੇ ਪ੍ਰਯੋਗੀ ਜਾਣਕਾਰੀ ਦਿੱਤੀ। ਇਸ ਮੌਕੇ ਡਾ. ਨਰਿੰਦਰਦੀਪ ਸਿੰਘ, ਪਸਾਰ ਮਾਹਿਰ ਨੇ ਸਿੱਖਿਆਰਥੀਆਂ ਨੂੰ ਮਧੂ ਮੱਖੀ ਪਾਲਣ ਦੀ ਆਰਥਿਕ ਵਿਵਸਥਾ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਜਾਵੇਦ ਮੈਨੇਜਰ (ਪੰਜਾਬ ਨੈਸ਼ਨਲ ਬੈਂਕ) ਨੇ ਸਿੱਖਿਆਰਥੀਆਂ ਨੂੰ ਮਧੂ ਮੱਖੀ ਪਾਲਣ ਦਾ ਕੰਮ ਸ਼ੁਰੂ ਕਰਨ ਲਈ ਬੈਂਕ ਵਲੋਂ ਦਿੱਤੇ ਜਾ ਰਹੇ ਕਰਜ਼ੇ ਬਾਰੇ ਜਾਣਕਾਰੀ ਦਿੱਤੀ।

ਨਵਾਂ ਜ਼ਮਾਨਾ
ਸ਼ੁੱਕਰਵਾਰ 26 ਸਤੰਬਰ 2025

ਠੰਢੇ ਮਾਰੂਥਲ 'ਚ ਹਿੰਸਾ

ਲੱਦਾਖ ਦੀਆਂ ਸ਼ਾਂਤ ਪਹਾੜੀਆਂ ਬੁੱਧਵਾਰ ਅਚਾਨਕ ਸੁਲਗ ਗਈਆਂ। ਲੇਹ ਵਿੱਚ ਪੁਰਅਮਨ ਅੰਦੋਲਨ ਅਚਾਨਕ ਹਿੰਸਕ ਸੰਘਰਸ਼ ਵਿੱਚ ਬਦਲ ਗਿਆ। ਅਚਾਨਕ ਵੱਡੀ ਗਿਣਤੀ 'ਚ ਨੌਜਵਾਨ, ਜਿਨ੍ਹਾਂ ਨੂੰ ਜੈੱਨ-ਜ਼ੀ ਕਿਹਾ ਜਾ ਰਿਹਾ ਹੈ, ਸੜਕਾਂ 'ਤੇ ਉੱਤਰ ਆਏ ਅਤੇ ਪੁਲਸ ਨਾਲ ਝੜਪਾਂ ਹੋ ਗਈਆਂ। ਪੁਲਸ ਨੇ ਗੋਲੀਬਾਰੀ ਕੀਤੀ, ਜਿਸ ਨਾਲ 4 ਲੋਕਾਂ ਦੀ ਮੌਤ ਹੋ ਗਈ ਤੇ ਹਿੰਸਾ ਵਿੱਚ ਪੰਜ ਦਰਜਨ ਤੋਂ ਵੱਧ ਲੋਕ ਜ਼ਖ਼ਮੀ ਹੋ ਗਏ। ਕੇਂਦਰ ਦੀ ਮੋਦੀ ਸਰਕਾਰ ਵੱਲੋਂ ਅਗਸਤ 2019 ਵਿੱਚ ਜੰਮੂ-ਕਸ਼ਮੀਰ ਸੂਬੇ ਦੇ ਦੋ ਟੋਟੇ ਕਰਕੇ ਜੰਮੂ-ਕਸ਼ਮੀਰ ਅਤੇ ਲੱਦਾਖ ਨੂੰ ਦੋ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਬਦਲਣ ਦੇ ਬਾਅਦ ਤੋਂ ਜੰਮੂ-ਕਸ਼ਮੀਰ ਦੇ ਲੋਕਾਂ ਵਾਂਗ ਲੱਦਾਖ ਦੇ ਲੋਕ ਵੀ ਪੂਰਨ ਰਾਜ ਦਾ ਦਰਜਾ ਦੇਣ ਤੇ ਖਿੱਤੇ ਨੂੰ ਸੰਵਿਧਾਨ ਦੀ ਛੇਵੀਂ ਅਨੁਸੂਚੀ ਵਿੱਚ ਸ਼ਾਮਲ ਕਰਨ ਦੀ ਮੰਗ ਕਰ ਰਹੇ ਹਨ। ਇਸ ਤੋਂ ਇਲਾਵਾ ਉਹ ਲੱਦਾਖ ਦੀ ਇੱਕ ਸੀਟ ਦੀ ਥਾਂ ਲੇਹ ਤੇ ਕਾਰਗਿਲ ਦੀਆਂ ਦੋ ਲੋਕ ਸਭਾ ਸੀਟਾਂ ਬਣਾਉਣ ਅਤੇ ਸਰਕਾਰੀ ਨੌਕਰੀਆਂ ਵਿੱਚ ਸਥਾਨਕ ਲੋਕਾਂ ਦੀ ਭਰਤੀ ਕਰਨ ਦੀਆਂ ਮੰਗਾਂ ਵੀ ਉਠਾ ਰਹੇ ਹਨ।

ਇਸ ਅੰਦੋਲਨ ਦੀ ਅਗਵਾਈ ਪ੍ਰਸਿੱਧ ਜਲਵਾਯੂ ਕਾਰਕੁਨ ਸੋਨਮ ਵਾਂਗਚੁੱਕ ਕਰ ਰਹੇ ਹਨ ਅਤੇ ਅੰਦੋਲਨ ਵਿੱਚ ਸਮਾਜ ਦੇ ਹਰ ਵਰਗ ਦੇ ਲੋਕ ਪਾਰਟੀਆਂ ਤੋਂ ਉੱਪਰ ਉੱਠ ਕੇ ਸ਼ਾਮਲ ਹੋ ਰਹੇ ਹਨ। ਪਹਿਲਾਂ ਲੱਦਾਖ ਦੇ ਲੋਕਾਂ ਨੇ ਲੱਦਾਖ ਨੂੰ ਜੰਮੂ-ਕਸ਼ਮੀਰ ਨਾਲੋਂ ਵੱਖਰਾ ਕੇਂਦਰ ਸ਼ਾਸਤ ਪ੍ਰਦੇਸ਼ ਬਣਾਉਣ ਦਾ ਸਵਾਗਤ ਕੀਤਾ ਸੀ, ਕਿਉਂਕਿ ਲੱਦਾਖ ਰਾਜਧਾਨੀ ਤੋਂ ਬਹੁਤ ਦੂਰ ਹੋਣ ਕਾਰਨ ਉਨ੍ਹਾਂ ਨੂੰ ਆਪਣੇ ਮਸਲੇ ਹੱਲ ਕਰਾਉਣ ਵਿੱਚ ਬਹੁਤ ਦਿੱਕਤ ਆਉਂਦੀ ਸੀ, ਪਰ ਕੁਝ ਸਮੇਂ ਬਾਅਦ ਹੀ ਉਨ੍ਹਾਂ ਨੂੰ ਅਹਿਸਾਸ ਹੋ ਗਿਆ ਕਿ ਲੱਦਾਖ ਨਾਲ ਧੋਖਾ ਹੋਇਆ ਹੈ। ਕੇਂਦਰ ਸ਼ਾਸਤ ਪ੍ਰਦੇਸ਼ ਬਣ ਕੇ ਉਸ ਨੂੰ ਫਾਇਦੇ ਦੀ ਥਾਂ ਨੁਕਸਾਨ ਹੋਇਆ ਹੈ। ਜੰਮੂ-ਕਸ਼ਮੀਰ ਦਾ ਹਿੱਸਾ ਹੋਣ ਵੇਲੇ ਉੱਥੇ ਜੰਮੂ-ਕਸ਼ਮੀਰ ਵਾਂਗ ਬਾਹਰਲਾ ਕੋਈ ਵਿਅਕਤੀ ਜ਼ਮੀਨ ਨਹੀਂ ਲੈ ਸਕਦਾ ਸੀ, ਪਰ ਕੇਂਦਰ ਸ਼ਾਸਤ ਪ੍ਰਦੇਸ਼ ਬਣਨ ਤੋਂ ਬਾਅਦ ਕਾਰਪੋਰੇਟੀ ਬਘਿਆੜ ਉਸ 'ਤੇ ਝਪਟ ਪਏ ਹਨ। ਉਹ ਵਿਕਾਸ ਦੇ ਨਾਂਅ 'ਤੇ ਉਸ ਦੇ ਕੁਦਰਤੀ ਮਾਹੌਲ ਨੂੰ ਖਰਾਬ ਕਰ ਰਹੇ ਹਨ ਅਤੇ ਆਪਣੇ ਨਾਲ ਬਾਹਰੋਂ ਬੰਦੇ ਲਿਆ ਰਹੇ ਹਨ, ਜਦਕਿ ਸਥਾਨਕ ਲੋਕ ਬੇਰੁਜ਼ਗਾਰ ਹੀ ਬੈਠੇ ਹਨ। ਕਾਰਪੋਰੇਟੀ ਹਮਲੇ ਤੋਂ ਬਾਅਦ ਵਾਂਗਚੁੱਕ ਤੇ ਉਨ੍ਹਾ ਦੇ ਸਾਥੀਆਂ ਨੇ ਵੱਖਰੇ ਰਾਜ ਦੀ ਮੰਗ ਨੂੰ ਲੈ ਕੇ ਪੰਜ ਵਾਰ ਭੁੱਖ ਹੜਤਾਲਾਂ ਕੀਤੀਆਂ ਤੇ ਲੱਦਾਖ ਤੋਂ ਦਿੱਲੀ ਤੱਕ ਪੈਦਲ ਮਾਰਚ ਵੀ ਕੀਤਾ, ਪਰ ਕੇਂਦਰ ਤੋਂ ਭਰੋਸੇ ਦੇ ਇਲਾਵਾ ਉਨ੍ਹਾਂ ਨੂੰ ਕੁਝ ਨਹੀਂ ਮਿਲਿਆ। ਹੁਣ ਵੀ ਲੱਦਾਖ ਦੇ ਲੋਕ 10 ਸਤੰਬਰ ਤੋਂ 35 ਦਿਨਾਂ ਦੀ ਭੁੱਖ ਹੜਤਾਲ 'ਤੇ ਸਨ। 23 ਸਤੰਬਰ ਨੂੰ ਦੋ ਬਜ਼ੁਰਗ ਭੁੱਖ ਹੜਤਾਲੀਆਂ ਦੀ ਤਬੀਅਤ ਵਿਗੜਨ ਤੋਂ ਬਾਅਦ ਉਨ੍ਹਾਂ ਨੂੰ ਹਸਪਤਾਲ ਦਾਖਲ ਕਰਾਉਣਾ ਪੈਣ 'ਤੇ ਨੌਜਵਾਨਾਂ ਦਾ ਪਾਰਾ ਚੜ੍ਹ ਗਿਆ ਅਤੇ ਉਹ ਵੱਡੀ ਗਿਣਤੀ 'ਚ ਸੜਕਾਂ 'ਤੇ ਉੱਤਰ ਆਏ। ਹਿੰਸਾ ਭੜਕਣ ਤੋਂ ਬਾਅਦ ਗਾਂਧੀਵਾਦੀ ਵਾਂਗਚੁੱਕ ਨੇ ਭੁੱਖ ਹੜਤਾਲ ਖਤਮ ਕਰ ਦੇਣ ਦਾ ਐਲਾਨ ਕਰ ਦਿੱਤਾ ਤੇ ਨੌਜਵਾਨਾਂ ਨੂੰ ਠਰ੍ਹੰਮਾ ਵਰਤਣ ਦੀ ਅਪੀਲ ਕੀਤੀ। ਇਸ ਤੋਂ ਬਾਅਦ ਸਰਕਾਰ ਨੇ ਕਰਫਿਊ ਲਾ ਦਿੱਤਾ ਅਤੇ ਇਹ ਦੋਸ਼ ਵੀ ਲਾਇਆ ਕਿ ਵਾਂਗਚੁੱਕ ਨੇ ਹਿੰਸਾ ਭੜਕਾਈ। ਭਾਜਪਾ ਨੇ ਹਿੰਸਾ ਪਿੱਛੇ ਕਾਂਗਰਸ ਦਾ ਹੱਥ ਹੋਣ ਦਾ ਦੋਸ਼ ਲਾ ਦਿੱਤਾ। ਗੋਦੀ ਮੀਡੀਆ ਨੇ ਲੱਦਾਖ ਦੇ ਲੋਕਾਂ ਦੇ ਦੁੱਖਾਂ ਦੀ ਥਾਂ ਸਰਕਾਰੀ ਬਿਰਤਾਂਤ ਘੁਮਾਉਣ ਨੂੰ ਹੀ ਪਹਿਲ ਦਿੱਤੀ। ਵਾਂਗਚੁੱਕ ਨੂੰ ਬਾਹਰੋਂ ਪੈਸੇ ਮਿਲਣ ਦੇ ਦੋਸ਼ ਲਾਏ ਜਾ ਰਹੇ ਹਨ। ਸੀ ਬੀ ਆਈ ਜਾਂਚ ਦੀ ਗੱਲ ਮੁੜ ਚੱਲ ਪਈ ਹੈ। ਹਾਕਮਾਂ ਵੱਲੋਂ ਵਾਅਦਾਖਿਲਾਫੀ ਕਰਨ ਕਾਰਨ ਲੱਦਾਖ ਦੇ ਲੋਕ ਭੜਕੇ ਹਨ ਅਤੇ ਉਨ੍ਹਾਂ ਨੂੰ ਤਾਕਤ ਨਾਲ ਦਬਾਉਣ ਦੇ ਨਤੀਜੇ ਖਤਰਨਾਕ ਹੋ ਸਕਦੇ ਹਨ। ਇਸ ਨਾਲ ਚੀਨ ਨਾਲ ਲੱਗਦੇ ਠੰਢੇ ਮਾਰੂਥਲ ਵਿੱਚ ਗੁੱਸਾ ਹੋਰ ਭੜਕੇਗਾ, ਜਿਹੜਾ ਕਸ਼ਮੀਰ ਵਾਂਗ ਸਿਰਦਰਦੀ ਬਣ ਸਕਦਾ ਹੈ।

ਹਾਕਮਾਂ ਦੇ ਵੰਡ-ਪਾਊ ਯਤਨਾਂ ਤੋਂ ਸੁਚੇਤ ਹੋਣ ਦੀ ਲੋੜ



ਮੰਗਤ ਰਾਮ ਪਾਸਲਾ

ਕੁਝ ਸੱਜਣਾਂ ਵੱਲੋਂ ਪਿਛਲੇ ਤਿੰਨ-ਚਾਰ ਦਹਾਕਿਆਂ ਤੋਂ ਪੰਜਾਬ 'ਚ ਗੈਰ-ਪੰਜਾਬੀਆਂ (ਪ੍ਰਵਾਸੀ ਜਾਂ ਅੰਤਰਰਾਜੀ ਕਿਰਤੀਆਂ) ਵਿਰੁੱਧ ਕੀਤਾ ਜਾ ਰਿਹਾ ਬੜੀ ਭੱਦੀ ਕਿਸਮ ਦਾ, ਨਫ਼ਰਤ ਭਰਿਆ ਕੂੜ ਪ੍ਰਚਾਰ ਅੱਜ ਵਡੇਰੀ ਚਿੰਤਾ ਦਾ ਸਬੱਬ ਬਣ ਗਿਆ ਹੈ। ਇਹ ਕੰਮ ਕਰਦਿਆਂ ਕਈ ਲੋਕਾਂ 'ਚ ਤਿੱਖੇ ਬੋਲ-ਕੁਬੋਲ ਬੋਲਣ ਰਾਹੀਂ ਇਕ-ਦੂਜੇ ਤੋਂ ਅੱਗੇ ਨਿਕਲਣ ਦੀ ਦੌੜ ਲੱਗੀ ਹੋਈ ਹੈ। ਅਪਰਾਧੀ ਮਾਨਸਿਕਤਾ ਵਾਲੇ ਇਕ ਪ੍ਰਵਾਸੀ ਵੱਲੋਂ ਹੁਸ਼ਿਆਰਪੁਰ ਵਿਖੇ ਪੰਜ ਸਾਲਾਂ ਦੇ ਇਕ ਮਾਸੂਮ ਬੱਚੇ ਦਾ ਬੜੀ ਬੇਰਹਮੀ ਨਾਲ ਕਤਲ ਕੀਤੇ ਜਾਣ ਤੋਂ ਪਿੱਛੋਂ ਇਹ ਪ੍ਰਾਪੇਗੰਡਾ ਹੋਰ ਜ਼ੋਰ ਫੜ ਗਿਆ ਹੈ। ਇਸ ਦਰਦਨਾਕ ਤੇ ਅਤਿਅੰਤ ਨਿੰਦਣਯੋਗ ਕਾਰੇ ਬਾਰੇ ਸੁਣ ਕੇ ਹਰ ਸੰਵੇਦਨਸ਼ੀਲ ਮਨੁੱਖ ਦੀਆਂ ਅੱਖਾਂ ਨਮ ਹੋ ਜਾਂਦੀਆਂ ਹਨ। ਇਹ ਹੌਲਨਾਕ ਗੁਨਾਹ ਕਰਨ ਵਾਲੇ ਦਰਿੰਦੇ ਖ਼ਿਲਾਫ਼ ਫਾਸਟ ਟਰੈਕ ਕੋਰਟ ਰਾਹੀਂ ਮੁਕੱਦਮਾ ਚਲਾ ਕੇ ਬਿਨਾਂ ਦੇਰੀ ਸਖ਼ਤ ਤੋਂ ਸਖ਼ਤ ਸਜ਼ਾ ਮਿਲਣੀ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਹਾਲਾਂਕਿ ਮਰਹੂਮ ਬੱਚੇ ਦੇ ਮਾਂ-ਬਾਪ ਤੇ ਬਾਕੀ ਪਰਵਾਰ ਦੇ ਮਨਾਂ 'ਤੇ ਇਸ ਅਕਹਿ ਤੇ ਅਸਹਿ ਜ਼ੁਲਮ 'ਚੋਂ ਉਪਜੇ ਸਦਮੇ ਦਾ ਪ੍ਰਭਾਵ ਤਾਂ ਹਮੇਸ਼ਾ ਰਹੇਗਾ, ਪਰ ਦੋਸ਼ੀ ਨੂੰ ਮਿਸਾਲੀ ਸਜ਼ਾ ਦਿੱਤੇ ਜਾਣ ਨਾਲ ਅਜਿਹੇ ਹੋਰ ਕੁਕਰਮੀ ਮੌਕਜ਼ਦਾ ਜ਼ਰੂਰ ਹੋਣਗੇ। ਅਪਰਾਧ, ਬਿਨਾਂ ਸ਼ੱਕ ਮੌਜੂਦਾ ਅਸਹਿਜ ਪ੍ਰਸਥਿਤੀਆਂ ਕਰਕੇ ਬਣੀ ਬਿਮਾਰ ਮਾਨਸਿਕਤਾ ਦੀ ਪੈਦਾਵਾਰ ਹਨ। ਇਸੇ ਕਰਕੇ ਇਹ ਵਰਤਾਰਾ ਕਿਸੇ ਖ਼ਾਸ ਦੇਸ਼, ਧਰਮ, ਕੌਮ ਜਾਂ ਫਿਰਕੇ ਤੱਕ ਮਹਿਦੂਦ ਨਹੀਂ ਰਿਹਾ, ਬਲਕਿ ਸੰਸਾਰ ਵਿਆਪੀ ਬਣ ਗਿਆ ਹੈ।

ਦੁੱਖ ਦੀ ਗੱਲ ਇਹ ਹੈ ਕਿ ਇਸ ਵਹਿਸ਼ੀ ਵਾਰਦਾਤ ਦੀ ਆੜ 'ਚ ਰੋਜ਼ੀ-ਰੋਟੀ ਕਮਾਉਣ ਲਈ ਭਾਰਤ ਦੇ ਕਿਸੇ ਵੀ ਹੋਰ ਪ੍ਰਾਂਤ ਤੋਂ ਪੰਜਾਬ 'ਚ ਆਏ ਸਮੁੱਚੇ ਕਿਰਤੀਆਂ ਨੂੰ ਇੱਥੋਂ ਕੱਢ ਦੇਣ ਦੇ ਐਲਾਨ ਕੀਤੇ ਜਾ ਰਹੇ ਹਨ ਤੇ ਗੈਰ-ਪੰਜਾਬੀਆਂ ਵਿਰੁੱਧ ਅਤਿਅੰਤ ਨਿਮਨ ਪੱਧਰ ਦੀ ਭਾਸ਼ਾ 'ਚ ਗਾਲੀ-ਗਲੋਚ ਕੀਤਾ ਜਾ ਰਿਹਾ ਹੈ। ਕੀ ਇਹ ਘਟੀਆ ਬੋਲ-ਬਾਣੀ ਤੇ ਵਤੀਰਾ ਪੰਜਾਬੀਆਂ ਦੀ ਮਾਨਮੱਤੀ ਵਿਰਾਸਤ ਤੇ ਮਾਨਵੀ ਅਸੂਲਾਂ ਦੇ ਅਨੁਕੂਲ ਹੈ? ਕੀ ਹੋਰਨਾਂ ਪ੍ਰਾਂਤਾਂ ਤੋਂ ਆਏ ਕਿਸੇ ਇਕ ਵਿਅਕਤੀ ਜਾਂ ਕੁਝ ਵਿਅਕਤੀਆਂ ਵੱਲੋਂ ਕੀਤਾ ਗਿਆ ਕੋਈ ਸੰਗੀਨ ਗੁਨਾਹ ਜਾਂ ਗੈਰ-ਸਮਾਜੀ ਵਿਵਹਾਰ ਸੰਬੰਧਤ ਪ੍ਰਾਂਤਾਂ ਦੇ ਸਮੁੱਚੇ ਲੋਕਾਂ ਨਾਲ ਨੱਥੀ ਕਰਨਾ ਹੱਕ ਬਜਾਨਬ ਹੈ? ਕੀ ਇਹ ਵਤੀਰਾ ਸਿੱਖ ਗੁਰੂ ਸਾਹਿਬਾਨ ਵੱਲੋਂ ਰਚੀ ਮਹਾਨ ਬਾਣੀ ਦੇ ਉਦੇਸ਼ਾਂ ਤੇ ਭਗਤੀ ਲਹਿਰ ਦੇ ਮਹਾਨ ਰਹਿਬਰਾਂ ਦੀਆਂ ਮਾਨਵੀ ਸਿੱਖਿਆਵਾਂ ਨਾਲ ਮੇਲ ਖਾਂਦਾ ਹੈ? ਕੀ ਇਹ ਸੋਚ ਬੱਬਰ ਅਕਾਲੀਆਂ, ਗਦਰੀ ਸੂਰਬੀਰਾਂ, ਸ਼ਹੀਦ-ਏ-ਆਜ਼ਮ ਭਗਤ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਦੇ ਦੇਸ਼ ਨੂੰ ਆਜ਼ਾਦ ਕਰਵਾਉਣ ਤੇ ਬਰਾਬਰਤਾ ਵਾਲਾ ਸਮਾਜ ਸਿਰਜਣ ਦੇ ਆਸ਼ੇ ਦੇ ਐਨ ਵਿਪਰੀਤ ਨਹੀਂ ਹੈ? ਸਭ ਤੋਂ ਵਧ ਕੇ, ਕੀ 'ਸਰਬੱਤ ਦੇ ਭਲੇ' ਦੇ ਮਾਨਮੱਤੇ ਸੰਕਲਪ ਸਿਧਾਂਤ ਵਿਆਪੀ ਸੰਕਲਪ 'ਚੋਂ ਯੂ ਪੀ, ਬਿਹਾਰ ਜਾਂ ਬਾਕੀ ਪ੍ਰਦੇਸ਼ਾਂ ਦੇ ਕਿਰਤੀਆਂ ਨੂੰ ਮਨਫੀ ਕਰ ਦਿੱਤਾ ਜਾਣਾ ਚਾਹੀਦਾ ਹੈ? ਇਨ੍ਹਾਂ ਸਵਾਲਾਂ ਦਾ ਜਵਾਬ ਜੇਕਰ ਤਰਕ ਦੇ ਆਧਾਰ 'ਤੇ ਦਿੱਤਾ ਜਾਵੇ ਤਾਂ ਲਾਜ਼ਮੀ 'ਨਾਂਹ' ਹੀ ਹੋਵੇਗਾ, ਪ੍ਰੰਤੂ ਜੇਕਰ ਇਸ ਨੂੰ ਸੌੜੀ ਸੋਚਣੀ ਤੇ ਫਿਰਕੂ ਨਫ਼ਰਤ ਨਾਲ ਭਰੇ ਦਿਮਾਗਾਂ ਵਾਲੇ ਤੱਤਾਂ ਦੀ ਸੋਚ ਦੇ ਤਰਾਜੂ 'ਤੇ ਤੋਲਿਆ ਜਾਵੇ ਤਾਂ ਉਤਰ 'ਹਾਂ' ਹੀ ਹੋ ਸਕਦਾ ਹੈ? ਇਹ ਐਨ ਸੰਭਵ ਹੈ ਕਿ ਕਈ ਪ੍ਰਵਾਸੀਗੈਰ-ਸਮਾਜੀ ਗਤੀਵਿਧੀਆਂ 'ਚ ਲਿਪਤ ਹੋਣ, ਪਰ ਇਹ ਵੀ ਸੱਚ ਹੈ ਕਿ ਅਜਿਹੇ ਕਾਰਿਆਂ 'ਚ ਤਾਂ ਅਨੇਕਾਂ ਪੰਜਾਬ ਵਾਸੀ ਵੀ ਬਰਾਬਰ ਦੇ ਭਾਈਵਾਲ ਹਨ। ਨਸ਼ਾ ਤਸਕਰੀ, ਕਤਲ, ਲੁੱਟਾਂ-ਖੋਹਾਂ, ਗੈਂਗਵਾਰ, ਬਲਾਤਕਾਰ ਆਦਿ ਜੁਰਮਾਂ 'ਚ ਤਾਂ ਪੰਜਾਬੀ ਕਈ ਵਾਰ ਪ੍ਰਵਾਸੀਆਂ ਨਾਲੋਂ ਵੀ ਵਧੇਰੇ ਦੋਸ਼ੀ ਪਾਏ ਜਾਂਦੇ ਹਨ।

ਇਸ ਪ੍ਰਚਾਰ 'ਚ ਜਿੱਥੇ ਸੌੜੀ ਸੋਚ ਵਾਲੇ ਫਿਰਕੂ ਅਨਸਰ ਗਲਤਾਨ ਹਨ, ਉੱਥੇ ਕੇਂਦਰ ਸਰਕਾਰ ਦੀਆਂ ਏਜੰਸੀਆਂ ਤੇ ਆਰ ਐੱਸ ਐੱਸ ਨਾਲ ਜੁੜੇ ਵੱਖੋ-ਵੱਖ ਸੰਗਠਨਾਂ ਵੱਲੋਂ ਸਿਰਜੇ ਵੰਡਵਾਦੀ ਤਾਣੇ-ਬਾਣੇ ਦਾ ਹੱਥ ਹੋਣ ਤੋਂ ਵੀ ਅੱਖਾਂ ਨਹੀਂ ਮੀਟੀਆਂ ਜਾ ਸਕਦੀਆਂ। ਦੁਨੀਆ ਦੇ ਕਈ ਦੇਸ਼ਾਂ, ਖਾਸ ਕਰਕੇ ਆਸਟ੍ਰੇਲੀਆ, ਕੈਨੇਡਾ, ਇੰਗਲੈਂਡ, ਅਮਰੀਕਾ, ਆਇਰਲੈਂਡ ਆਦਿ ਵਿਖੇ ਸੱਜ ਪਿਛਾਖੜੀ ਸੰਗਠਨਾਂ ਵੱਲੋਂ ਪ੍ਰਵਾਸੀਆਂ ਵਿਰੁੱਧ ਕੀਤੇ ਜਾ ਰਹੇ ਮੁਜ਼ਾਹਰਿਆਂ ਦੇ ਖਾਸੇ ਨੂੰ ਘੋਖਵੀਂ ਨਜ਼ਰ ਨਾਲ ਦੇਖਿਆ ਜਾਵੇ ਤਾਂ ਪੰਜਾਬ 'ਚ ਚੱਲ ਰਹੀ ਪ੍ਰਵਾਸੀ ਮਜ਼ਦੂਰਾਂ ਵਿਰੋਧੀ ਮੁਹਿੰਮ ਦੀਆਂ ਤਾਰਾਂ ਕੌਮਾਂਤਰੀ ਪੱਧਰ 'ਤੇ ਜੁੜੀਆਂ ਹੋਣ ਦੀ ਸੰਭਾਵਨਾ ਵੀ ਰੱਦ ਨਹੀਂ ਕੀਤੀ ਜਾਣੀ ਚਾਹੀਦੀ। ਨਾਲ ਹੀ ਨਾਲ ਇਹ ਵਤੀਰਾ ਪੰਜਾਬ-ਪੰਜਾਬੀਅਤ ਅਤੇ ਗੁਰੂ ਸਾਹਿਬਾਨ ਵੱਲੋਂ ਰਚੀ ਬਾਣੀ ਤੇ ਸਿੱਖ ਫਲਸਫੇ ਨੂੰ ਵੀ ਸੰਗੀਨ ਤੇ ਵਿਗਾੜ ਕੇ ਪੇਸ਼ ਕਰਨ ਦੀ ਡੂੰਘੀ ਸਾਜ਼ਿਸ਼ ਵਜੋਂ ਵੀ ਸਮਝਿਆ ਜਾਣਾ ਚਾਹੀਦਾ ਹੈ। ਕੀ ਦੂਜੇ ਪ੍ਰਾਂਤਾਂ ਤੋਂ ਆਏ ਲੋਕਾਂ ਬਾਰੇ ਪੰਜਾਬ 'ਚੋਂ ਹੁੰਦਾ ਇਹ ਦੁਸ਼ਪ੍ਰਚਾਰ ਸੁਣ ਕੇ ਪੂਰੇ ਦੇਸ਼ ਦੇ ਲੋਕਾਂ ਦੇ ਮਨਾਂ 'ਚ ਪੰਜਾਬੀਆਂ, ਖਾਸ ਤੌਰ 'ਤੇ ਸਿੱਖਾਂ ਖ਼ਿਲਾਫ਼ ਨਫ਼ਰਤ ਜਾਂ ਗੁੱਸਾ ਨਹੀਂ ਭੜਕੇਗਾ? ਯਾਦ ਰਹੇ ਦੇਸ਼ ਦੇ ਦੂਜੇ ਭਾਗਾਂ 'ਚ ਵੱਸਦੇ-ਰਸਦੇ, ਖੁਸ਼ ਤੇ ਖੁਸ਼ਹਾਲ ਪੰਜਾਬੀਆਂ, ਖਾਸ ਕਰਕੇ ਸਿੱਖਾਂ ਨੂੰ ਉੱਥੋਂ ਦੇ ਲੋਕਾਂ ਵੱਲੋਂ ਬੜੇ ਸਤਿਕਾਰ ਦੀ ਨਿਗਾਹ ਨਾਲ ਦੇਖਿਆ ਜਾਂਦਾ ਹੈ।

1978 'ਚ ਪੈਦਾ ਹੋਏ ਸਿੱਖ-ਨਿਰੰਕਾਰੀ ਵਿਵਾਦ ਤੋਂ ਪਿੱਛੋਂ ਪੰਜਾਬ ਬੜੇ ਹੀ ਡਰਾਉਣੇ ਤੇ ਕਾਲੇ ਦੌਰ 'ਚੋਂ ਲੰਘ ਚੁੱਕਿਆ ਹੈ। ਉਸ ਦੌਰ 'ਚ ਪੰਜਾਬ 'ਚ 26 ਹਜ਼ਾਰ ਤੋਂ ਜ਼ਿਆਦਾ ਬੇਗੁਨਾਹ ਲੋਕਾਂ ਦੀਆਂ ਹੱਤਿਆਵਾਂ ਹੋਈਆਂ ਸਨ। ਉਦੋਂ, ਬੇਦੋਸ਼ਿਆਂ ਨਾਲ ਵੀ ਪੁਲਸ ਤੇ ਅਰਧ ਸੈਨਿਕ ਬਲਾਂ ਵੱਲੋਂ ਕੀਤੀਆਂ ਦਿਲ-ਕੰਬਾਊ ਜ਼ਿਆਦਤੀਆਂ ਦੀ ਫਹਿਰਿਸਤ ਵੀ ਬੜੀ ਲੰਮੀ ਹੈ। ਪੰਜਾਬ ਦੇ ਲੋਕ, ਸਿੱਖ ਹਿਰਦੇ ਵਲੂੰਧਰਨ ਵਾਲਾ 'ਅਪ੍ਰੇਸ਼ਨ ਬਲਿਊ ਸਟਾਰ' ਤੇ 1984 'ਚ ਇੰਦਰਾ ਗਾਂਧੀ ਦੇ ਕਤਲ ਤੋਂ ਪਿੱਛੋਂ ਦਿੱਲੀ ਤੇ ਦੇਸ਼ ਦੇ ਹੋਰ ਭਾਗਾਂ 'ਚ ਹਜ਼ਾਰਾਂ ਪੰਜਾਬੀਆਂ, ਖਾਸ ਕਰਕੇ ਸਿੱਖਾਂ ਦਾ ਖੂਨ ਡੋਲ੍ਹੇ ਜਾਣ ਜਿਹੇ ਡਰਾਉਣੇ ਬਿਰਤਾਂਤਾਂ ਸਮੇਤ ਹੋਰ ਬੜਾ ਕੁਝ ਆਪਣੀਆਂ ਅੱਖਾਂ ਨਾਲ ਤੱਕ ਚੁੱਕੇ ਹਨ। ਪੰਜਾਬੀਆਂ, ਖਾਸ ਕਰਕੇ ਸਿੱਖਾਂ ਨੇ ਆਪਣੇ ਵਿਰੁੱਧ ਕੀਤਾ ਕੂੜ ਪ੍ਰਚਾਰ, ਗੁਰੂ ਸਾਹਿਬਾਨ ਵੱਲੋਂ ਦਿਖਾਏ ਰਸਤੇ 'ਤੇ ਚੱਲਣ ਦੀ ਮਹਾਨ ਰਵਾਇਤ ਸਦਕਾ ਹੌਸਲੇ, ਦਲੇਰੀ ਤੇ ਸਿਦਕਦਿਲੀ ਬੜੀ ਨਾਲ ਬਹੁਤ ਤਰੱਦਦ ਕਰਕੇ ਪਛਾੜਿਆ ਸੀ। ਨਤੀਜਾ, ਕਿਰਤੀਆਂ ਤੇ ਦੀਨ-ਦੁਖੀਆਂ ਲਈ ਜਾਨਾਂ ਵਾਰਨ ਦੇ ਜਜ਼ਬੇ ਨਾਲ ਸ਼ਿੰਗਾਰੇ ਪੰਜਾਬੀਆਂ ਦੇ ਖੂਬਸੂਰਤ ਚਿਹਰੇ-ਮੋਹਰੇ ਨੂੰ ਸਮੁੱਚੇ ਭਾਰਤ ਦੇ ਲੋਕਾਂ ਨੇ ਇਕ ਵਾਰ ਫਿਰ ਖੁਸ਼ੀ-ਖੁਸ਼ੀ ਸਵੀਕਾਰ ਕਰ ਲਿਆ ਹੈ।

ਮੋਦੀ ਸਰਕਾਰ ਦੇ ਖੇਤੀ ਨਾਲ ਸੰਬੰਧਤ ਤਿੰਨ ਕਾਲੇ ਕਾਨੂੰਨ ਰੱਦ ਕਰਵਾਉਣ ਲਈ ਪੰਜਾਬ ਦੇ ਕਿਸਾਨਾਂ ਵੱਲੋਂ ਸ਼ੁਰੂ ਕੀਤੇ ਤੇ ਦਿੱਲੀ ਦੀਆਂ ਬਰੂਹਾਂ 'ਤੇ ਸਾਲ ਭਰ ਲੜੇ ਗਏ ਇਤਿਹਾਸਕ ਘੋਲ ਨੂੰ ਹਾਸਲ ਹੋਈ ਹਰਿਆਣਾ, ਰਾਜਸਥਾਨ, ਯੂ ਪੀ ਸਮੇਤ ਦੇਸ਼ ਤੇ ਦੁਨੀਆ ਭਰ ਦੇ ਲੋਕਾਂ ਦੀ ਹਮਾਇਤ ਇਸ ਤੱਥ ਦਾ ਮੂੰਹੋਂ ਬੋਲਦਾ ਸਬੂਤ ਹੈ। 2025 'ਚ ਆਏ ਹੜ੍ਹਾਂ ਦੌਰਾਨ ਪੰਜਾਬੀਆਂ ਦੀ ਪਿੱਠ 'ਤੇ ਆਣ ਖੜ੍ਹੇ ਸਮੂਹ ਦੇਸ਼ ਵਾਸੀਆਂ, ਜਿਨ੍ਹਾਂ 'ਚ ਦੂਜੇ ਪ੍ਰਾਂਤਾਂ ਦੇ ਹਿੰਦੂ-ਮੁਸਲਮਾਨਾਂ ਸਮੇਤ ਸਭ ਲੋਕ ਸ਼ਾਮਲ ਹਨ, ਵੱਲੋਂ ਕੀਤੀ ਸਹਾਇਤਾ ਨੇ ਪੰਜਾਬੀਆਂ ਨਾਲ ਬਾਕੀ ਮੁਲਕ ਦੇ ਪਿਆਰ ਦੀ ਗੰਢ ਹੋਰ ਪੀਡੀ ਕੀਤੀ ਹੈ।

ਦੂਜੇ ਪ੍ਰਾਂਤਾਂ ਦੇ ਮਜ਼ਦੂਰਾਂ ਵਿਰੁੱਧ ਚਲਾਈ ਜਾਂਦੀ ਨਫ਼ਰਤੀ ਮੁਹਿੰਮ ਨਾਲ ਆਪਾਂ ਕਿਤੇ ਫੇਰ ਕੇਂਦਰੀ ਹੁਕਮਰਾਨਾਂ ਦੇ ਓਸੇ ਮੱਕੜ ਜਾਲ 'ਚ ਤਾਂ ਨਹੀਂ ਫਸ ਰਹੇ? ਹੁਕਮਰਾਨ ਉਹ ਜਿਹੜੇ ਦੇਸ਼ ਅੰਦਰ 'ਧਰਮ ਅਧਾਰਤ ਗੈਰ ਲੋਕਰਾਜੀ' ਰਾਜਸੀ-ਸਮਾਜਿਕ ਢਾਂਚਾ ਕਾਇਮ ਕਰਨਾ ਚਾਹੁੰਦੇ ਹਨ। ਆਰ ਐੱਸ ਐੱਸ, ਇਸ ਨਾਲ ਜੁੜੇ ਅਨੇਕਾਂ ਸੰਗਠਨਾਂ ਅਤੇ ਮੋਦੀ ਸਰਕਾਰ ਨੇ ਦੇਸ਼ ਦੇ ਸਮੂਹ ਘੱਟ ਗਿਣਤੀ ਭਾਈਚਾਰਿਆਂ ਵਿਰੁੱਧ ਕਾਤਲਾਨਾ ਮੁਹਿੰਮ ਵਿੱਢੀ ਹੋਈ ਹੈ। ਕੀ ਪੰਜਾਬ 'ਚ ਪ੍ਰਵਾਸੀਆਂ ਵਿਰੁੱਧ ਕੀਤਾ ਜਾ ਰਿਹਾ ਨਫ਼ਰਤੀ ਕੂੜ ਪ੍ਰਚਾਰ ਉਸੇ ਮੁਹਿੰਮ ਦਾ ਹਿੱਸਾ ਤਾਂ ਨਹੀਂ? ਸਮਾਂ ਵੀ ਉਹ ਚੁਣਿਆ ਗਿਆ ਹੈ, ਜਦੋਂ ਬਿਹਾਰ ਦੇ ਜੁਝਾਰੂ ਲੋਕ ਆਪਣਾ ਏਕਾ ਕਾਇਮ ਕਰਕੇ ਆਉਂਦੀਆਂ ਅਸੰਬਲੀ ਚੋਣਾਂ 'ਚ ਕੇਂਦਰੀ ਤੇ ਸੂਬਾਈ ਸਰਕਾਰ ਨਾਲ ਲਹੂ-ਵੀਟਵਾਂ ਮੁਕਾਬਲਾ ਲੜਨ ਲਈ ਕਮਰਕੱਸੇ ਕਰ ਰਹੇ ਹਨ। ਸੰਕੀਰਨ ਸੋਚ ਦੇ ਧਾਰਨੀ ਤੇ ਗੈਰ-ਜ਼ਿੰਮੇਵਾਰ ਤੱਤਾਂ ਨੂੰ ਵੱਖੋ-ਵੱਖ ਲਾਲਚਾਂ ਅਧੀਨ ਯੋਜਨਾਬੱਧ ਢੰਗ ਨਾਲ ਪੰਜਾਬ 'ਚ ਹਿੰਸਕ ਕਾਰੇ ਕਰਨ ਲਈ ਉਕਸਾਇਆ ਜਾ ਰਿਹਾ ਹੈ। ਇਕ ਹਾਕਮਾਂ ਨੇ ਲੋਕਾਂ ਦੀ ਏਕਤਾ ਤੇ ਭਾਈਚਾਰਕ ਸਾਂਝ ਨੂੰ ਤੋੜਨ ਦੇ ਯਤਨ ਤੇਜ਼ ਕਰ ਦਿੱਤੇ ਹਨ। ਕੀ ਇਹ ਸਭ ਪੰਜਾਬ ਦੇ ਨਾਬਰੀ ਦੇ ਸੁਭਾਅ ਨੂੰ ਮੇਟਣ ਲਈ ਤਾਂ ਨਹੀਂ ਕੀਤਾ ਜਾ ਰਿਹਾ? ਇਹ ਹੁੜਦੰਗ ਕਿਧਰੇ ਸਿੱਖ ਗੁਰੂ ਸਾਹਿਬਾਨ ਵੱਲੋਂ ਰਚੀ ਸਰਬੱਤ ਦਾ ਭਲਾ ਮੰਗਦੀ, ਸਾਂਝੀਵਾਲਤਾ ਦੀ ਮੁੱਦਈ, ਮਨੁੱਖੀ ਆਜ਼ਾਦੀਆਂ ਦੀ ਅਲੰਬਰਦਾਰ ਤੇ ਭਾਈ ਲਾਲੋ ਦੇ ਪੱਖ 'ਚ ਖਲੋਣ ਦਾ ਸਪਸ਼ਟ ਹੋਕਾ ਦਿੰਦੀ ਬਾਣੀ ਨੂੰ ਆਮ ਲੋਕਾਂ ਦੇ ਮਨਾਂ 'ਚੋਂ ਵਿਸਾਰਨ ਦੀ ਫਿਰਕੂ-ਫਾਸ਼ੀਵਾਦੀਆਂ ਦੀ ਯੋਜਨਾ ਦਾ ਭਾਗ ਤਾਂ ਨਹੀਂ?

ਭਾਰਤ ਤੇ ਪੰਜਾਬ 'ਚੋਂ ਪ੍ਰਵਾਸ ਕਰਕੇ ਗਏ ਅਤੇ ਇੰਗਲੈਂਡ, ਅਮਰੀਕਾ, ਕੈਨੇਡਾ, ਜਰਮਨੀ, ਫਰਾਂਸ ਆਦਿ ਦੇਸ਼ਾਂ 'ਚ ਵਸੇ ਵੱਡੀ ਗਿਣਤੀ ਲੋਕ ਓਥੇ ਜਾ ਕੇ ਆਪਣੀ ਸਖ਼ਤ ਮਿਹਨਤ ਨਾਲ ਆਰਥਿਕ ਪੱਖੋਂ ਚੋਖੇ ਮਜ਼ਬੂਤ ਹੋ ਚੁੱਕੇ ਹਨ। ਇਹੋ ਨਹੀਂ ਵਿਦੇਸ਼ਾਂ ਨੂੰ ਗਏ ਭਾਰਤੀ, ਖਾਸ ਕਰਕੇ ਬੱਚੇ ਤੇ ਬਜ਼ੁਰਗ ਉੱਥੋਂ ਦੀਆਂ ਸਰਕਾਰਾਂ ਵੱਲੋਂ ਦਿੱਤੀਆਂ ਜਾਂਦੀਆਂ ਸਾਰੀਆਂ ਸਹੂਲਤਾਂ ਦਾ ਆਨੰਦ ਮਾਣਦੇ ਹਨ, ਜੋ ਬਿਨਾਂ ਸ਼ੱਕ ਉਨ੍ਹਾਂ ਦਾ ਹੱਕ ਵੀ ਬਣਦਾ ਹੈ। ਭਾਰਤੀ ਲੋਕ ਉਨ੍ਹਾਂ ਦੇਸ਼ਾਂ ਦੀਆਂ ਚੋਣਾਂ 'ਚ ਹਿੱਸਾ ਲੈ ਕੇ ਐੱਮ ਪੀ, ਐੱਮ ਐੱਲ ਏ, ਕਾਊਂਸਲਰ ਹੀ ਨਹੀਂ, ਬਲਕਿ ਕੇਂਦਰੀ ਵਜ਼ੀਰ ਤੋਂ ਲੈ ਕੇ ਪ੍ਰਧਾਨ ਮੰਤਰੀ ਦੇ ਅਹੁਦੇ ਤੱਕ ਪੁੱਜਦੇ ਰਹੇ ਹਨ। ਅਸੀਂ ਪੰਜਾਬੀ ਇਸ 'ਤੇ ਮਾਣ ਵੀ ਕਰਦੇ ਹਾਂ, ਪ੍ਰੰਤੂ ਸਾਡੇ ਹੀ ਦੇਸ਼ ਦੇ ਵਸਨੀਕ, ਜੋ ਦੂਜੇ ਪ੍ਰਾਂਤਾਂ ਤੋਂ ਰੋਟੀ-ਰੋਜ਼ੀ ਕਮਾਉਣ ਲਈ ਪੰਜਾਬ ਆਏ ਹਨ, ਨੂੰ ਪੰਜਾਬ 'ਚੋਂ ਬਾਹਰ ਕੱਢਣ ਦੀ ਮੰਗ ਕੀਤੀ ਜਾਂਦੀ ਹੈ ਤੇ 'ਸਿੱਧਾ ਲਾਊਣ' ਦੇ ਦਬਕਾੜੇ ਮਾਰੇ ਜਾਂਦੇ ਹਨ। ਵੋਟ ਪਾਊਣ, ਆਧਾਰ ਕਾਰਡ ਬਣਵਾਉਣ, ਸਮਾਜਿਕ ਸਹੂਲਤਾਂ ਲੈਣ ਤੇ ਜਾਇਦਾਦ ਖ੍ਰੀਦਣ ਵਰਗੇ ਬੁਨਿਆਦੀ ਸੰਵਿਧਾਨਕ ਅਧਿਕਾਰਾਂ ਤੋਂ ਵਾਂਝਿਆਂ ਕਰਨ ਦੀ ਮੰਗ ਕਿੰਨੀ ਕੁ ਵਾਜਬ ਜਾਂ ਤਰਕਸੰਗਤ ਹੈ? ਜੇਕਰ ਰੋਟੀ-ਰੋਜ਼ੀ ਲਈ ਭਾਰਤ ਦੇ ਦੂਜੇ ਪ੍ਰਾਂਤਾਂ 'ਚ ਜਾਂ ਵਿਦੇਸ਼ਾਂ ਨੂੰ ਗਏ ਭਾਰਤੀਆਂ ਤੇ ਪੰਜਾਬੀਆਂ ਪ੍ਰਤੀ ਉੱਥੋਂ ਦੀਆਂ ਸਰਕਾਰਾਂ ਤੇ ਸਥਾਨਕ ਲੋਕਾਂ ਨੇ ਇਹੋ ਵਤੀਰਾ ਧਾਰਨ ਕਰ ਲਿਆ ਤਾਂ ਉਸ ਨਾਲ ਹੋਣ ਵਾਲੇ ਵਸੀਹ ਨੁਕਸਾਨ ਦਾ ਅੰਦਾਜ਼ਾ ਲਗਾਉਣਾ ਵੀ ਮੁਸ਼ਕਿਲ ਹੈ।

ਸਾਡੀ ਲੜਾਈ ਪ੍ਰਵਾਸੀਆਂ ਨਾਲ ਨਹੀਂ, ਬਲਕਿ ਉਨ੍ਹਾਂ ਹਾਕਮਾਂ ਨਾਲ ਹੈ, ਜਿਨ੍ਹਾਂ ਨੇ ਆਪਣੀਆਂ ਲੋਕ ਵਿਰੋਧੀ ਨੀਤੀਆਂ ਰਾਹੀਂ ਸਾਡੇ ਸਿਰ ਮਹਿੰਗਾਈ, ਬੇਰੁਜ਼ਗਾਰੀ, ਭੁੱਖਮਰੀ, ਗਰੀਬੀ ਵਰਗੀਆਂ ਲਾਹਨਤਾਂ ਮੜ੍ਹੀਆਂ ਹਨ। ਜੇਕਰ ਪ੍ਰਵਾਸੀਆਂ ਨੂੰ ਪੰਜਾਬ 'ਚ ਬਾਹਰ ਵੀ ਕੱਢ ਦਿੱਤਾ ਜਾਵੇ, ਜੋ ਸੰਭਵ ਹੀ ਨਹੀਂ, ਤਾਂ ਵੀ ਸਾਡੇ ਲੋਕਾਂ ਦੀਆਂ ਮੁਸ਼ਕਲਾਂ ਦਾ ਹੱਲ ਨਹੀਂ ਹੋ ਜਾਣਾ। ਜੇਕਰ ਇਨ੍ਹਾਂ ਮੁਸ਼ਕਲਾਂ ਦਾ ਸਦੀਵੀ ਹੱਲ ਲੱਭਣਾ ਹੈ ਤਾਂ ਅੱਜ ਲੋੜ ਦੁਵੱਲੇ ਪਾਉਣ ਦੀ ਨਹੀਂ, ਬਲਕਿ ਕਿਰਤੀਆਂ ਦੀਆਂ ਸਾਂਝਾਂ ਪੀਡੀਆਂ ਕਰਨ ਦੀ ਹੈ।

ਸਾਨੂੰ ਸੋਚ-ਸਮਝ ਤੋਂ ਵਿਰਵੇ ਪਿਛਲੱਗ ਹਜੂਮ ਵਾਂਗ ਹਵਾ ਦੇ ਬੁੱਲਿਆਂ ਨਾਲ ਇਕ-ਪਾਸੜ ਵਹਿ ਤੁਰਨ ਦੀ ਘਾਟ ਨੂੰ ਤਿਆਗਣਾ ਹੋਵੇਗਾ। ਅਜਿਹੀਆਂ ਕੁਤਾਹੀਆਂ ਸਦਕਾ ਆਪਾਂ ਅਤੀਤ 'ਚ ਬੜਾ ਨੁਕਸਾਨ ਝੱਲ ਚੁੱਕੇ ਹਾਂ। ਆਪਾਂ ਜੇਕਰ ਆਪਣੀ ਮਾਨਮੱਤੀ ਵਿਰਾਸਤ ਨੂੰ ਸਾਂਭ ਕੇ ਸਾਂਝੀਵਾਲਤਾ ਤੇ ਬਰਾਬਰੀ ਦੇ ਅਸੂਲਾਂ 'ਤੇ ਆਧਾਰਤ ਖੁਸ਼ਹਾਲ ਸਮਾਜ ਸਿਰਜਣ ਵਾਲੇ ਪਾਸੇ ਅਗਾਂਹ ਪੁਲਾਂਘ ਪੁੱਟਣ ਦੇ ਚਾਹਵਾਨ ਹਾਂ ਤਾਂ ਸਾਨੂੰ ਗੁਰੂ ਸਾਹਿਬਾਨ ਤੇ ਹੋਰ ਮਹਾਂਪੁਰਸ਼ਾਂ, ਸਮਾਜ ਸੁਧਾਰਕਾਂ ਤੇ ਇਨਕਲਾਬੀਆਂ ਵੱਲੋਂ ਦਿਖਾਏ ਉਸ ਮਾਰਗ 'ਤੇ ਚੱਲਣ ਦੀ ਲੋੜ ਹੈ, ਜੋ ਲੁਟੇਰੇ ਲੋਕਾਂ ਦੇ ਖਿਲਾਫ਼ ਜੂਝਣ ਤੇ ਕਿਰਤੀਆਂ ਦੇ ਏਕੇ ਦੀ ਗੱਲ ਕਰਦਾ ਹੈ।

 # ਸੰਪਰਕ : 98141-82998

ਸੋਸ਼ਲ ਮੀਡੀਆ ਦੇ ਦੌਰ 'ਚ ਭੁਲੱਕੜ ਬਣਦਾ ਜਾ ਰਿਹਾ ਅੱਜ ਦਾ ਇਨਸਾਨ

ਅੰਗਰੇਜ ਸਿੰਘ ਕਕਰਾਲਾ

ਆਧੁਨਿਕ ਯੁੱਗ ਵਿੱਚ ਮਨੁੱਖੀ ਜੀਵਨ ਬੇਹੱਦ ਤੇਜ਼ੀ ਨਾਲ ਬਦਲ ਰਿਹਾ ਹੈ। ਜਿੱਥੇ ਇਕ ਪਾਸੇ ਵਿਗਿਆਨ ਤੇ ਤਕਨਾਲੋਜੀ ਨੇ ਸੁਵਿਧਾਵਾਂ ਦੇ ਦਰਵਾਜ਼ੇ ਖੋਲ੍ਹ ਦਿੱਤੇ ਹਨ, ਉੱਥੇ ਦੂਜੇ ਪਾਸੇ ਇਸਦਾ ਮਨੁੱਖੀ ਮਨੋਵਿਗਿਆਨ, ਸੋਚ-ਵਿਚਾਰ ਅਤੇ ਯਾਦਾਸ਼ਤ 'ਤੇ ਡੂੰਘਾ ਅਸਰ ਪੈ ਰਿਹਾ ਹੈ। ਅੱਜ ਦੇ ਸੋਸ਼ਲ ਮੀਡੀਆ ਦੇ ਸਮੇਂ ਵਿੱਚ ਜ਼ਿੰਦਗੀ ਤੋਂ ਵੱਖਰਾ ਸੋਚਣਾ ਅਸੰਭਵ ਜਿਹਾ ਹੋ ਗਿਆ ਹੈ। ਹਰ ਛੋਟਾ-ਵੱਡਾ, ਬਜ਼ੁਰਗ-ਨੌਜਵਾਨ, ਪਿੰਡ ਦਾ ਕਿਸਾਨ ਹੋਵੇ ਜਾਂ ਸ਼ਹਿਰ ਦਾ ਨੌਕਰਸ਼ਾਹ, ਸਭ ਦੇ ਹੱਥਾਂ ਵਿੱਚ ਮੋਬਾਈਲ ਹੈ ਅਤੇ 'ਤੇ ਚੱਲ ਰਹੀਆਂ ਐਪਾਂ-ਫੇਸਬੁੱਕ, ਇੰਸਟਾਗ੍ਰਾਮ, ਯੂਟਿਊਬ, ਵਟਸਐਪ, ਟਵਿੱਟਰ ਰੋਜ਼ਾਨਾ ਦੀ ਜ਼ਿੰਦਗੀ ਦਾ ਹਿੱਸਾ ਬਣ ਗਈਆਂ ਹਨ। ਇਹ ਪਲੇਟਫਾਰਮ ਜਾਣਕਾਰੀ ਦੇਣ, ਸਮਾਜਿਕ ਰਿਸ਼ਤਿਆਂ ਨੂੰ ਜੋੜਨ ਅਤੇ ਮਨੋਰੰਜਨ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਅ ਰਹੇ ਹਨ, ਪਰ ਇਹਨਾਂ ਦੀ ਹੱਦ ਤੋਂ ਵੱਧ ਵਰਤੋਂ ਕਾਰਨ ਅਸੀਂ ਹੌਲੀ-ਹੌਲੀ ਭੁਲੱਕੜ ਹੋ ਰਹੇ ਹਾਂ।

ਪਹਿਲਾਂ ਦੇ ਸਮਿਆਂ ਵਿੱਚ ਮਨੁੱਖੀ ਯਾਦਾਸ਼ਤ ਮਜ਼ਬੂਤ ਹੁੰਦੀ ਸੀ। ਲੋਕ ਆਪਣੇ ਪਰਵਾਰਕ ਰਿਸ਼ਤੇਦਾਰਾਂ ਦੇ ਫ਼ੋਨ ਨੰਬਰ, ਖ਼ਾਸ ਤਾਰੀਖਾਂ, ਪਤੇ (ਐਡਰੈੱਸ), ਲੋਕ-ਕਹਾਣੀਆਂ, ਕਵਿਤਾਵਾਂ, ਗੀਤਾਂ ਅਤੇ ਇਤਿਹਾਸਕ ਘਟਨਾਵਾਂ ਤੱਕ ਮਨ ਵਿੱਚ ਸੰਭਾਲ ਕੇ ਰੱਖਦੇ ਸਨ। ਯਾਦ ਰੱਖਣ ਦੀ ਆਦਤ ਉਨ੍ਹਾਂ ਦੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਸੀ। ਬਜ਼ੁਰਗਾਂ ਨਾਲ ਬੈਠ ਕੇ ਕਹਾਣੀਆਂ ਸੁਣਦਿਆਂ ਜੋ ਗਿਆਨ ਮਿਲਦਾ ਸੀ, ਉਹ ਜ਼ਿੰਦਗੀ ਭਰ ਦੀ ਪੂੰਜੀ ਬਣਦਾ ਸੀ, ਪਰ ਅੱਜ ਦੇ ਸਮੇਂ ਵਿੱਚ ਹਰੇਕ ਜਾਣਕਾਰੀ ਸਾਡੇ ਹੱਥ ਦੀ ਮੁੱਠੀ ਵਿੱਚ ਹੈ। ਕੋਈ ਵੀ ਸਵਾਲ ਆਵੇ, ਅਸੀਂ ਗੂਗਲ ਕਰ ਲੈਂਦੇ ਹਾਂ। ਕੋਈ ਵੀ ਨੰਬਰ ਚਾਹੀਦਾ ਹੋਵੇ, ਉਹ ਮੋਬਾਈਲ ਵਿੱਚ ਸੇਵ ਹੁੰਦਾ ਹੈ। ਮਨੁੱਖ ਨੂੰ ਆਪਣਾ ਦਿਮਾਗ ਵਰਤਣ ਦੀ ਲੋੜ ਹੀ ਨਹੀਂ ਰਹਿੰਦੀ। ਇਸੇ ਕਾਰਨ ਮਨੁੱਖ ਦੀ ਕੁਦਰਤੀ ਯਾਦਾਸ਼ਤ ਕਮਜ਼ੋਰ ਹੋ ਰਹੀ ਹੈ ਅਤੇ ਮਨੁੱਖ ਹੌਲੀ-ਹੌਲੀ ਭੁਲੱਕੜ ਬਣਦਾ ਜਾ ਰਿਹਾ।

ਇਕ ਹੋਰ ਵੱਡੀ ਸਮੱਸਿਆ ਧਿਆਨ-ਕੇਂਦਰਤਾ ਦੀ ਘਾਟ ਹੈ। ਸੋਸ਼ਲ ਮੀਡੀਆ 'ਤੇ ਅਸੀਂ ਸੈਕਿੰਡਾਂ ਵਿੱਚ ਇਕ ਪੋਸਟ ਤੋਂ ਦੂਜੇ ਪੋਸਟ 'ਤੇ, ਇਕ ਵੀਡੀਓ ਤੋਂ ਦੂਜੇ ਵੀਡੀਓ ਵੱਲ ਤੁਰ ਪੈਂਦੇ ਹਾਂ। ਇਸ ਤਰ੍ਹਾਂ ਦੀ ਆਦਤ ਨਾਲ ਇਨਸਾਨ ਕਿਸੇ ਵੀ ਗੱਲ ਨੂੰ ਡੂੰਘਾਈ ਨਾਲ ਸਮਝਣ ਜਾਂ ਯਾਦ ਰੱਖਣ ਯੋਗ ਨਹੀਂ ਰਹਿੰਦਾ। ਸਿਰਫ਼ ਉੱਪਰੀ ਤੌਰ 'ਤੇ ਜਾਣਕਾਰੀ ਲੈ ਕੇ ਅੱਗੇ ਵਧ ਜਾਣਾ ਪਸੰਦ ਕਰਦਾ ਹੈ। ਅਜਿਹੇ ਹਾਲਾਤ ਵਿੱਚ ਸੋਚਣ-ਵਿਚਾਰਨ ਦੀ ਸਮਰੱਥਾ ਵੀ ਘਟਣ ਲੱਗਦੀ ਹੈ ਅਤੇ ਇਨਸਾਨ ਗੰਭੀਰ ਵਿਸ਼ਿਆਂ 'ਤੇ ਧਿਆਨ ਕੇਂਦਰਤ ਨਹੀਂ ਕਰ ਸਕਦਾ।

ਪਰਵਾਰਕ ਰਿਸ਼ਤਿਆਂ ਅਤੇ ਸਮਾਜਿਕ ਸਾਂਝ ਵਿੱਚ ਵੀ ਕਮੀ ਆ ਰਹੀ ਹੈ। ਪਹਿਲਾਂ ਬਜ਼ੁਰਗਾਂ ਨਾਲ ਬੈਠਣਾ, ਉਹਨਾਂ ਦੀਆਂ ਕਹਾਣੀਆਂ ਤੇ ਜੀਵਨ ਦੇ ਅਨੁਭਵ ਸੁਣਨ ਨਾਲ ਨਵੀਂ ਪੀੜ੍ਹੀ ਦੀ ਸੋਚ ਵਿਚਾਰਨ ਦੀ ਸਮਰੱਥਾ ਮਜ਼ਬੂਤ ਹੁੰਦੀ ਸੀ, ਪਰ ਹੁਣ ਜ਼ਿਆਦਾਤਰ ਸਮਾਂ ਮੋਬਾਈਲ 'ਤੇ ਬਿਤਾਉਣ ਕਰਕੇ ਉਹਨਾਂ ਦੀ ਥਾਂ ਖਾਲੀਪਣ ਨੇ ਲੈ ਲਈ ਹੈ। ਅਸੀਂ ਆਪਣੇ ਨੇੜੇ-ਤੇੜੇ ਲੋਕਾਂ ਨਾਲ ਸਮਾਂ ਬਿਤਾਉਣਾ ਭੁੱਲ ਰਹੇ ਹਾਂ। ਕਈ ਵਾਰ ਅਜਿਹਾ ਹੁੰਦਾ ਹੈ ਕਿ ਅਸੀਂ ਆਪਣੇ ਪਰਵਾਰ (ਮਾਂ, ਪਿਓ, ਪਤਨੀ, ਭੈਣ, ਭਰਾ) ਜਾਂ ਕਿਸੇ ਰਿਸ਼ਤੇਦਾਰ ਦੀ ਜਨਮ ਤਾਰੀਖ ਭੁੱਲ ਜਾਂਦੇ ਹਾਂ ਅਤੇ ਕਿਸੇ ਅਣਜਾਣ ਸਿਤਾਰੇ ਦੀਆਂ ਸੋਸ਼ਲ ਮੀਡੀਆ ਪੋਸਟਾਂ ਯਾਦ ਰਹਿ ਜਾਂਦੀਆਂ ਹਨ। ਇਹ ਵੀ ਇੱਕ ਤਰ੍ਹਾਂ ਦੀ ਭੁਲੱਕੜਤਾ ਹੈ, ਜੋ ਰਿਸ਼ਤਿਆਂ ਨੂੰ ਕਮਜ਼ੋਰ ਕਰ ਰਹੀ ਹੈ।

ਇਸ ਤੋਂ ਇਲਾਵਾ ਸੋਸ਼ਲ ਮੀਡੀਆ 'ਤੇ ਮਿਲਣ ਵਾਲੀਆਂ ਚਮਕਦਾਰ ਤਸਵੀਰਾਂ ਤੇ ਵੀਡੀਓ ਸਾਡੇ ਦਿਮਾਗ ਵਿੱਚ ਝੂਠੀਆਂ ਯਾਦਾਂ ਪੈਦਾ ਕਰ ਰਹੀਆਂ ਹਨ। ਕਈ ਵਾਰ ਅਸੀਂ ਇਸ ਨਕਲੀ ਜ਼ਿੰਦਗੀ ਨੂੰ ਸੱਚ ਸਮਝ ਬੈਠਦੇ ਹਾਂ। ਨਤੀਜਾ ਇਹ ਹੁੰਦਾ ਹੈ ਕਿ ਅਸੀਂ ਆਪਣੇ ਅਸਲੀ ਜੀਵਨ ਦੇ ਮੁੱਲਾਂ, ਸੱਚੇ ਰਿਸ਼ਤਿਆਂ ਅਤੇ ਅਸਲੀਅਤ ਤੋਂ ਅਣਜਾਣ ਹੋਣ ਲੱਗਦੇ ਹਾਂ। ਇਹ ਨਵੀਂ ਤਰ੍ਹਾਂ ਦੀ ਭੁਲੱਕੜਤਾ ਹੈ ਜਿੱਥੇ ਇਨਸਾਨ ਹਕੀਕਤ ਅਤੇ ਭਰਮ-ਭੁਲੇਖੇ ਵਿੱਚ ਫ਼ਰਕ ਨਹੀਂ ਕਰ ਸਕਦਾ।

ਇਸ ਸਮੱਸਿਆ ਦਾ ਹੱਲ ਵੀ ਸਾਡੇ ਹੱਥ ਵਿੱਚ ਹੈ। ਸਭ ਤੋਂ ਪਹਿਲਾਂ ਸੋਸ਼ਲ ਮੀਡੀਆ ਲਈ ਸੀਮਿਤ ਸਮਾਂ ਨਿਰਧਾਰਤ ਕਰਨਾ ਚਾਹੀਦਾ ਹੈ। ਜਿਵੇਂ ਅਸੀਂ ਭੋਜਨ ਹੱਦ ਤੋਂ ਵੱਧ ਨਹੀਂ ਖਾਂਦੇ, ਓਸੇ ਤਰ੍ਹਾਂ ਤਕਨਾਲੋਜੀ ਨੂੰ ਵੀ ਹੱਦ ਵਿੱਚ ਵਰਤਣਾ ਜ਼ਰੂਰੀ ਹੈ। ਪੁਸਤਕਾਂ ਪੜ੍ਹਨ ਦੀ ਆਦਤ ਮੁੜ ਬਣਾਉਣੀ ਚਾਹੀਦੀ ਹੈ ਕਿਉਂਕਿ ਕਿਤਾਬਾਂ ਮਨੁੱਖੀ ਯਾਦਾਸ਼ਤ ਨੂੰ ਤਿੱਖਾ ਕਰਦੀਆਂ ਹਨ। ਪਰਵਾਰ ਅਤੇ ਦੋਸਤਾਂ ਨਾਲ ਸਮਾਂ ਬਿਤਾਉਣਾ ਚਾਹੀਦਾ ਹੈ ਤਾਂ ਜੋ ਅਸਲੀ ਯਾਦਾਂ ਬਣ ਸਕਣ। ਇਸ ਤੋਂ ਇਲਾਵਾ ਧਿਆਨ, ਯੋਗ ਅਤੇ ਮਨ ਦੀਆਂ ਕਲਾਵਾਂ ਨੂੰ ਜੀਵਨ ਵਿੱਚ ਸ਼ਾਮਲ ਕਰਨਾ ਚਾਹੀਦਾ ਹੈ, ਜਿਹੜੀਆਂ ਮਨੁੱਖ ਦੇ ਮਨ ਨੂੰ ਸ਼ਾਂਤ ਕਰਦੀਆਂ ਹਨ ਅਤੇ ਯਾਦ ਸ਼ਕਤੀ ਨੂੰ ਮਜ਼ਬੂਤ ਬਣਾਉਂਦੀਆਂ ਹਨ।

ਅੰਤ ਵਿੱਚ ਇਹ ਕਹਿਣਾ ਠੀਕ ਰਹੇਗਾ ਕਿ ਸੋਸ਼ਲ ਮੀਡੀਆ ਆਪਣੇ ਆਪ ਵਿੱਚ ਖ਼ਤਰਨਾਕ ਨਹੀਂ ਹੈ। ਇਹ ਸਿਰਫ਼ ਇੱਕ ਸਾਧਨ ਹੈ। ਹਾਂ, ਇਸ ਦੀ ਵਰਤੋਂ ਕਿਵੇਂ ਕਰਨੀ ਹੈ, ਇਹ ਮਨੁੱਖ 'ਤੇ ਨਿਰਭਰ ਕਰਦਾ ਹੈ। ਜੇ ਅਸੀਂ ਇਸ ਦੀ ਹੱਦ ਤੋਂ ਵੱਧ ਵਰਤੋਂ ਕਰਾਂਗੇ ਤਾਂ ਇਹ ਸਾਨੂੰ ਭੁਲੱਕੜ ਬਣਾ ਦੇਵੇਗਾ, ਪਰ ਜੇ ਅਸੀਂ ਸੰਤੁਲਿਤ ਤੇ ਸੋਚ-ਵਿਚਾਰ ਨਾਲ ਇਸ ਦੀ ਵਰਤੋਂ ਕਰਾਂਗੇ ਤਾਂ ਇਹ ਸਾਡੇ ਜੀਵਨ ਦਾ ਸਹਿਯੋਗੀ ਬਣ ਸਕਦਾ ਹੈ। ਸਭ ਤੋਂ ਵੱਡੀ ਗੱਲ ਇਹ ਹੈ ਕਿ ਅਸੀਂ ਤਕਨਾਲੋਜੀ ਦੀ ਚਮਕਦਾਰ ਦੁਨੀਆ ਵਿੱਚ ਗੁੰਮ ਹੋ ਕੇ ਆਪਣੇ ਅਸਲ ਜੀਵਨ ਨੂੰ ਨਾ ਭੁੱਲੀਏ। ਯਾਦਾਂ ਤਾਂ ਉਹ ਹਨ, ਜੋ ਮਨੁੱਖ ਆਪਣੇ ਪਰਵਾਰ, ਦੋਸਤਾਂ ਅਤੇ ਆਪਣੇ ਆਪ ਨਾਲ ਬਿਤਾਉਂਦਾ ਹੈ। ਜੇ ਉਹ ਯਾਦਾਂ ਹੀ ਗੁਆ ਲਈਆਂ ਤਾਂ ਸੋਸ਼ਲ ਮੀਡੀਆ ਦੀ ਇਸ ਭਰੀ ਦੁਨੀਆ ਵਿੱਚ ਵੀ ਮਨੁੱਖ ਇਕੱਲਾ ਰਹਿ ਜਾਵੇਗਾ।

 # ਸੰਪਰਕ : 98155-02398

ਨੇਪਾਲ ਦਾ ਇਤਿਹਾਸ ਅਤੇ ਮੌਜੂਦਾ ਤਖ਼ਤਾ ਪਲਟ ਦੇ ਅਰਥ



ਮੁਹੰਮਦ ਅੱਬਾਸ ਧਾਲੀਵਾਲ

ਹਿਮਾਲਿਆ ਦੀ ਗੋਦ ਵਿੱਚ ਵੱਸਦੇ ਨੇਪਾਲ ਵਿੱਚ ਪਿਛਲੇ ਦਿਨੀਂ ਅਚਾਨਕ ਉੱਭਰੇ ਅੰਦੋਲਨਾਂ ਦੇ ਨਤੀਜੇ ਵੱਜੋਂ ਤਖ਼ਤਾ ਪਲਟ ਹੋ ਗਿਆ ਸੀ, ਜਿਸ ਦੇ ਚਲਦਿਆਂ ਨੇਪਾਲ ਪਿਛਲੇ ਦਿਨਾਂ ਤੋਂ ਮੀਡੀਆ 'ਚ ਲਗਾਤਾਰ ਸੁਰਖੀਆਂ ਵਿੱਚ ਬਣਿਆ ਰਿਹਾ।

ਅੱਜ ਅਸੀਂ ਨੇਪਾਲ ਦੇ ਇਤਿਹਾਸ ਤੇ ਮੌਜੂਦਾ ਅੰਦੋਲਨਾਂ ਦੇ ਕਾਰਨਾਂ ਬਾਰੇ ਜਾਨਣ ਦੀ ਕੋਸ਼ਿਸ਼ ਕਰਦੇ ਹਾਂ।ਜਦੋਂ ਅਸੀਂ ਨੇਪਾਲ ਦੇ ਇਤਿਹਾਸ ਦਾ ਅਧਿਐਨ ਕਰਦੇ ਹਾਂ ਤਾਂ ਇਸ ਦਾ ਇਤਿਹਾਸ ਪੰਜਵੀਂ ਸਦੀ ਈਸਵੀ ਪੂਰਵ ਤੱਕ ਜਾਂਦਾ ਹੈ। ਇਹ ਧਰਤੀ ਵੈਦਿਕ ਯੁੱਗ ਤੋਂ ਹੀ ਇਨਸਾਨੀ ਆਬਾਦੀ ਲਈ ਜਾਣੀ ਜਾਂਦੀ ਹੈ।ਕਾਠਮਾਂਡੂ ਘਾਟੀ ਵਿੱਚ ਲਿੱਛਵੀ, ਗੋਪਾਲ ਅਤੇ ਮਹੇਸ਼ਪਾਲ ਵਰਗੇ ਪੁਰਾਤਨ ਰਾਜ ਘਰਾਣਿਆਂ ਦਾ ਜ਼ਿਕਰ ਮਿਲਦਾ ਹੈ। ਨੇਪਾਲ ਨੂੰ ਕੀਰਾਤ ਦੇਸ਼ ਵੀ ਆਖਿਆ ਜਾਂਦਾ ਸੀ, ਕਿਉਂਕਿ ਸ਼ੁਰੂਆਤੀ ਸਮਿਆਂ ਵਿੱਚ ਇੱਥੇ ਕੀਰਾਤ ਜਾਤੀ ਦੀ ਹਕੂਮਤ ਸੀ।

ਗੌਤਮ ਬੁੱਧ (563-483 ਈ.ਪੂ) ਨੇਪਾਲ ਦੇ ਲੁੰਬਿਨੀ ਵਿਖੇ ਪੈਦਾ ਹੋਏ, ਜਿਸ ਕਰਕੇ ਨੇਪਾਲ ਦੁਨੀਆਂ ਵਿੱਚ ਬੁੱਧ ਧਰਮ ਦੇ ਪਵਿੱਤਰ ਥਾਂ ਵਜੋਂ ਪ੍ਰਸਿੱਧ ਹੋਇਆ। ਸਮਰਾਟ ਅਸ਼ੋਕ ਨੇ ਤੀਜੀ ਸਦੀ ਕਿਬਲ ਮਸੀਹ ਵਿੱਚ ਇੱਥੇ ਬੁੱਧ ਧਰਮ ਦੀ ਪ੍ਰਚਾਰ-ਪ੍ਰਸਾਰ ਕੀਤੀ ਅਤੇ ਲੁੰਬਿਨੀ ਵਿੱਚ ਅਸ਼ੋਕ ਸਤੰਭ ਬਣਵਾਇਆ।

ਗੱਲ ਜੇਕਰ ਲਿਛੱਵੀ ਯੁੱਗ (400-750 ਈਸਵੀ) ਦੀ ਕਰੀਏ ਤਾਂ ਇਹ ਯੁੱਗ ਨੇਪਾਲ ਦੀ ਸੱਭਿਆਚਾਰ ਅਤੇ ਕਲਾ ਦੇ ਉਤਸ਼ਾਹ ਦਾ ਸੁਨਹਿਰੀ ਦੌਰ ਮੰਨਿਆ ਜਾਂਦਾ ਹੈ। ਮਾਨਦੇਵ (ਲਗਭਗ 464 ਈ:) ਲਿੱਛਵੀ ਘਰਾਣੇ ਦੇ ਪ੍ਰਸਿੱਧ ਰਾਜਾ ਹੋਏ। ਕਾਠਮਾਂਡੂ ਘਾਟੀ ਵਿੱਚ ਕਈ ਮੰਦਰ ਅਤੇ ਇਤਿਹਾਸਕ ਇਮਾਰਤਾਂ ਉਸੇ ਸਮੇਂ ਦੀਆਂ ਹਨ। ਹਿੰਦੂ ਅਤੇ ਬੁੱਧ ਧਰਮ ਦਾ ਸਾਂਝਾ ਅਸਤਿਤਵ ਮਜ਼ਬੂਤ ਹੋਇਆ। ਇਸ ਤੋਂ ਬਾਅਦ ਮੱਲਾ ਯੁੱਗ (1200-1769) ਦੀ ਗੱਲ ਕਰੀਏ ਤਾਂ ਇਸ ਦੌਰਾਨ ਕਲਾ, ਧਰਮ, ਸੱਭਿਆਚਾਰ ਅਤੇ ਵਾਸਤੂਕਲਾ ਵਿੱਚ ਵੱਡੀ ਤਰੱਕੀ ਹੋਈ। ਕਾਠਮਾਂਡੂ, ਭਕਤਾਪੁਰ ਅਤੇ ਪਾਟਨ ਤਿੰਨ ਮੁੱਖ ਰਾਜ ਬਣੇ, ਜਿਨ੍ਹਾਂ ਵਿੱਚ ਅਕਸਰ ਮੁਕਾਬਲਾ ਹੁੰਦਾ ਰਹਿੰਦਾ ਸੀ। ਦਰਬਾਰ ਸਕਵੈਰ, ਪਸ਼ੁਪਤਿਨਾਥ ਮੰਦਰ, ਨਿਆ ਤਾਪੋਲ ਮੰਦਰ ਆਦਿ ਇਤਿਹਾਸਕ ਥਾਵਾਂ ਉਸੇ ਸਮੇਂ ਬਣੀਆਂ। ਇਹ ਯੁੱਗ ਸੱਭਿਆਚਾਰਕ ਪੱਖੋਂ ਉਤਸ਼ਾਹਕ ਸੀ, ਪਰ ਰਾਜਨੀਤਕ ਤੌਰ 'ਤੇ ਨੇਪਾਲ ਛੋਟੀਆਂ ਰਿਆਸਤਾਂ ਵਿੱਚ ਵੰਡਿਆ ਹੋਇਆ ਸੀ।

ਜਦੋਂ ਕਿ ਇਕਤਾ ਅਤੇ ਸ਼ਾਹ ਰਾਜਵੰਸ਼ (1769-1951) ਦੌਰਾਨ ਰਾਜਾ ਪ੍ਰਿਥਵੀ ਨਾਰਾਇਣ ਸ਼ਾਹ ਨੇ 1769 ਵਿੱਚ ਕਾਠਮਾਂਡੂ ਫਤਹ ਕਰਕੇ ਨੇਪਾਲ ਦੀ ਏਕਤਾ ਦੀ ਨੀਂਹ ਰੱਖੀ। 1814-1816 ਦੀ ਐਂਗਲੋ-ਨੇਪਾਲੀ ਜੰਗ ਤੋਂ ਬਾਅਦ ਸੁਗੌਲੀ ਸੰਧੀ ਹੋਈ, ਜਿਸ ਕਰਕੇ ਨੇਪਾਲ ਨੇ ਕਈ ਇਲਾਕੇ ਗਵਾ ਦਿੱਤੇ।

ਇਸ ਤੋਂ ਬਾਅਦ ਰਾਣਾ ਰਾਜ (1846-1951) ਦੌਰਾਨ ਜੰਗ ਬਹਾਦੁਰ ਰਾਣਾ ਦੀ ਅਗਵਾਈ ਹੇਠ ਰਾਣਾ ਰਾਜ ਕਾਇਮ ਹੋਇਆ, ਜੋ ਇਕ ਤਾਨਾਸ਼ਾਹੀ ਸੀ। ਰਾਣਾ ਪ੍ਰਧਾਨ ਮੰਤਰੀ ਸਭ ਤੋਂ ਵੱਡੀ ਤਾਕਤ ਹੁੰਦੇ ਸਨ, ਜਦਕਿ ਰਾਜਾ ਸਿਰਫ਼ ਰਮਜ਼ੀਅਤ ਸੀ, ਜਦੋਂ ਕਿ ਲੋਕਤੰਤਰ ਅਤੇ ਸੰਵਿਧਾਨਕ ਬਦਲਾਅ (1951-2008) ਦੇ ਸਮੇਂ ਦੌਰਾਨ ਭਾਵ 1951 ਵਿੱਚ ਰਾਣਾ ਰਾਜ ਦਾ ਅੰਤ ਹੋਇਆ। ਰਾਜਾ ਮਹਿੰਦਰ ਅਤੇ ਫਿਰ ਵੀਰੇਂਦਰ ਨੇ ਸੰਸਦੀ ਪ੍ਰਣਾਲੀ ਦੀ ਥਾਂ ਪੰਚਾਇਤੀ ਪ੍ਰਣਾਲੀ ਲਾਗੂ ਕੀਤੀ।

1990 ਵਿੱਚ ਲੋਕ ਅੰਦੋਲਨ ਦੇ ਬਾਅਦ ਸੰਵਿਧਾਨਕ ਰਾਜਤੰਤਰ ਕਾਇਮ ਹੋਇਆ।1996 ਤੋਂ 2006 ਤੱਕ ਮਾਓਵਾਦੀ ਬਗਾਵਤ ਚੱਲੀ, ਜਿਸ ਵਿੱਚ ਹਜ਼ਾਰਾਂ ਲੋਕ ਮਾਰੇ ਗਏ।2006 ਵਿੱਚ ਦੂਜੇ ਲੋਕ ਅੰਦੋਲਨ ਤੋਂ ਬਾਅਦ ਰਾਜਤੰਤਰ ਖਤਮ ਹੋ ਗਿਆ।28 ਮਈ 2008 ਨੂੰ ਨੇਪਾਲ ਨੂੰ ਇੱਕ ਸੰਘੀ ਲੋਕਤੰਤਰ ਘੋਸ਼ਿਤ ਕਰ ਦਿੱਤਾ ਗਿਆ।

2015 ਵਿੱਚ ਨਵਾਂ ਸੰਵਿਧਾਨ ਲਾਗੂ ਹੋਇਆ, ਜਿਸ ਵਿੱਚ ਨੇਪਾਲ ਨੂੰ ਧਰਮ ਨਿਰਪੇਖ, ਸੰਘੀ ਲੋਕਤੰਤਰ ਮੰਨਿਆ ਗਿਆ।

ਜੇਕਰ ਗੱਲ ਮੌਜੂਦਾ ਹਾਲਾਤ ਅਤੇ ਅੰਦੋਲਨ ਦੇ ਕਾਰਨਾਂ ਦੀ ਕਰੀਏ ਤਾਂ ਸਾਬਕਾ ਪ੍ਰਧਾਨ ਮੰਤਰੀ ਕੇ.ਪੀ. ਸ਼ਰਮਾ ਓਲੀ ਦੀ ਸਰਕਾਰ ਵੱਲੋਂ 4 ਸਤੰਬਰ ਨੂੰ ਜਾਰੀ ਕੀਤੇ ਗਏ ਇੱਕ ਹੁਕਮ ਅਨੁਸਾਰ ਫੇਸਬੁਕ, ਇੰਸਟਾਗ੍ਰਾਮ, ਵਾਟਸਐਪ, ਟਵਿੱਟਰ, ਯੂਟਿਊਬ ਸਮੇਤ 26 ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਪਾਬੰਦੀ ਲਾ ਦਿੱਤੀ ਗਈ।

ਸਰਕਾਰ ਦਾ ਕਹਿਣਾ ਸੀ ਕਿ ਇਹ ਕੰਪਨੀਆਂ ਨੇਪਾਲ ਦੇ ਕਾਨੂੰਨਾਂ ਦੀ ਉਲੰਘਣਾ ਕਰ ਰਹੀਆਂ ਸਨ, ਪਰ ਲੋਕਾਂ ਲਈ ਇਹ ਪਾਬੰਦੀਆਂ ਮੁਸ਼ਕਲ ਬਣ ਗਈਆਂ, ਕਿਉਂਕਿ ਨੇਪਾਲ ਦੀ ਲਗਭਗ 55 ਫੀਸਦੀ ਆਬਾਦੀ ਨੂੰ ਇੰਟਰਨੈੱਟ ਦੀ ਪਹੁੰਚ ਹੈ ਅਤੇ 50 ਫੀਸਦੀ ਲੋਕ ਐਕਟਿਵ ਸੋਸ਼ਲ ਮੀਡੀਆ ਵਰਤਦੇ ਹਨ।ਹੁਣ ਲੋਕ ਸਿਰਫ Viber ਅਤੇ TikTok ਵਰਗੀਆਂ ਕੁਝ ਐਪਾਂ ਤੱਕ ਸੀਮਤ ਰਹਿ ਗਏ।ਇਸ ਤੋਂ ਪਹਿਲਾਂ ਨੇਪੋ ਕਿਡਜ਼ ਨਾਂਅ ਦੀ ਇੱਕ ਮੁਹਿੰਮ ਚੱਲ ਰਹੀ ਸੀ, ਜੋ ਰਿਸ਼ਤਦਾਰਾਂ ਅਤੇ ਸਿਆਸੀ ਹਵਾਲਿਆਂ ਨਾਲ ਨੌਕਰੀ ਲੈ ਰਹੇ ਨੌਜਵਾਨਾਂ ਖ਼ਿਲਾਫ਼ ਸੀ।

8 ਸਤੰਬਰ ਨੂੰ 14 ਤੋਂ 28 ਸਾਲ ਦੇ ਨੌਜਵਾਨ ਜਿਨ੍ਹਾਂ ਨੂੰ ਕਿਹਾ ਜਾਂਦਾ ਹੈ, ਅਮਨਪਸੰਦ ਰੂਪ ਵਿੱਚ ਰੋਸ ਵਜੋਂ ਸੜਕਾਂ 'ਤੇ ਆਏ। ਉਨ੍ਹਾਂ ਦੇ ਨਾਅਰੇ ਸਨ: ਭ੍ਰਿਸ਼ਟਾਚਾਰ ਖਤਮ ਕਰੋ, ਸੋਸ਼ਲ ਮੀਡੀਆ ਨਹੀਂ, ਭ੍ਰਿਸ਼ਟਾਚਾਰ 'ਤੇ ਪਾਬੰਦੀ ਲਗਾਓ।

9 ਸਤੰਬਰ ਨੂੰ ਇਹ ਅੰਦੋਲਨ ਵੱਡੀ ਲਹਿਰ ਬਣ ਗਿਆ। ਕਈ ਸਿਆਸਤਦਾਨਾਂ ਦੇ ਘਰਾਂ ਤੇ ਹਮਲੇ ਹੋਏ ਤੇ ਅੱਗ ਲਗਾ ਦਿੱਤੀ ਗਈ। ਸਾਬਕਾ ਪ੍ਰਧਾਨ ਮੰਤਰੀ ਮਾਧਵ ਨੇਪਾਲ ਸਣੇ ਕਈ ਆਗੂਆਂ ਨੂੰ ਪਤੰਜਲੀ ਯੋਗ ਪੀਠ ਦੇ ਮਾਮਲੇ ਵਿੱਚ ਭ੍ਰਿਸ਼ਟ ਦੱਸਿਆ ਗਿਆ।

Transparency International ਦੇ ਮੁਤਾਬਕ ਨੇਪਾਲ ਦੁਨੀਆ ਦੇ ਸਭ ਤੋਂ ਭ੍ਰਿਸ਼ਟ ਦੇਸ਼ਾਂ ਵਿੱਚੋਂ ਇੱਕ ਹੈ (2024 ਵਿੱਚ 180 ਦੇਸ਼ਾਂ ਚੋਂ 107ਵਾਂ ਨੰਬਰ) ।ਇਨ੍ਹਾਂ ਅੰਦੋਲਨਾਂ ਪਿੱਛੇ ਆਰਥਿਕ ਪ੍ਰਭਾਵ ਵੀ ਰਹੇ। ਏਸ਼ੀਆਈ ਵਿਕਾਸ ਬੈਂਕ ਅਨੁਸਾਰ, 2025 ਵਿੱਚ ਨੇਪਾਲ ਦੀ ਆਰਥਿਕ ਵਾਧੂ ਦਰ 4 ਫੀਸਦੀ ਹੋਣ ਦੀ ਸੰਭਾਵਨਾ ਸੀ, ਪਰ ਹੁਣ ਇਹ ਹਾਲਾਤ ਪ੍ਰਭਾਵਿਤ ਕਰ ਸਕਦੇ ਹਨ।ਨੇਪਾਲ ਦੀ ਆਬਾਦੀ ਮੁੱਖ ਤੌਰ 'ਤੇ ਖੇਤੀਬਾੜੀ, ਟਰੈਕਿੰਗ ਅਤੇ ਟੂਰਿਜ਼ਮ ਵਿੱਚ ਹੈ।ਬਹੁਤ ਸਾਰੇ ਨੌਜਵਾਨ ਵਿਦੇਸ਼ਾਂ ਵੱਲ ਪਲਾਇਨ ਕਰ ਰਹੇ ਹਨ।

2021 ਦੀ ਮਰਦਮਸ਼ੁਮਾਰੀ ਮੁਤਾਬਕ ਲਗਭਗ 30 ਲੱਖ ਨੇਪਾਲੀ ਵਿਦੇਸ਼ਾਂ ਵਿੱਚ ਵਸਦੇ ਹਨ। ਲੱਖਾਂ ਨੇਪਾਲੀ ਭਾਰਤ ਦੇ ਵੱਡੇ ਅਤੇ ਛੋਟੇ ਸ਼ਹਿਰਾਂ ਵਿੱਚ ਕੰਮ ਕਰਦੇ ਹਨ। ਦੋਹਾਂ ਦੇਸ਼ਾਂ ਵਿਚਕਾਰ ਖੁੱਲ੍ਹੀ ਸਰਹੱਦ ਹੈ। ਇਸ ਤੋਂ ਇਲਾਵਾ ਨੇਪਾਲੀ ਲੋਕ ਮੱਧ ਪੂਰਬ, ਮਲੇਸ਼ੀਆ, ਦੱਖਣੀ ਕੋਰੀਆ ਅਤੇ ਜਪਾਨ ਵਿੱਚ ਵੀ ਕੰਮ ਕਰਦੇ ਹਨ। ਨੇਪਾਲ ਤੋਂ ਨਾ ਸਿਰਫ ਮਜ਼ਦੂਰ, ਸਗੋਂ ਹਜ਼ਾਰਾਂ ਵਿਦਿਆਰਥੀ ਵੀ ਵਧੀਆ ਆਰਥਿਕ ਅਤੇ ਵਿਦਿਅਕ ਮੌਕਿਆਂ ਦੀ ਘਾਟ ਕਾਰਨ ਆਸਟਰੇਲੀਆ, ਨਿਊ ਜ਼ੀਲੈਂਡ, ਬ੍ਰਿਟੇਨ ਅਤੇ ਅਮਰੀਕਾ ਵੱਲ ਰੁਖ ਕਰ ਰਹੇ ਹਨ। ਹਾਲਾਂਕਿ ਇਸ ਕਾਰਨ ਨੇਪਾਲ ਦੀ ਕਈ ਏਕੜ ਖੇਤੀਯੋਗ ਜ਼ਮੀਨ ਬੰਜਰ ਹੋ ਚੁੱਕੀ ਹੈ, ਪਰ ਇਹ ਵੀ ਸੱਚ ਹੈ ਕਿ ਦੇਸ਼ ਨੂੰ ਕਿਸੇ ਨਾਂ ਕਿਸੇ ਰੂਪ ਵਿੱਚ ਇਸ ਦਾ ਲਾਭ ਵੀ ਹੋ ਰਿਹਾ ਹੈ।

ਨੇਪਾਲ ਦੇ ਕੇਂਦਰੀ ਬੈਂਕ ਦੇ ਅਨੁਸਾਰ ਮਈ ਤੋਂ ਜੂਨ 2025 ਦੇ ਦੌਰਾਨ ਵਿਦੇਸ਼ਾਂ ਵਿਚ ਰਹਿ ਰਹੇ ਨੇਪਾਲੀਆਂ ਨੇ 176 ਅਰਬ ਨੇਪਾਲੀ ਰੁਪਏ ਦੇਸ਼ ਭੇਜੇ ਅਤੇ ਅੰਦਾਜ਼ਾ ਹੈ ਕਿ ਇਹ ਰਕਮ ਹੋਰ ਵਧ ਸਕਦੀ ਹੈ।

ਦੇਸ਼ ਵਿੱਚ ਉੱਚ ਤਨਖ਼ਾਹ ਵਾਲੀਆਂ ਨੌਕਰੀਆਂ ਘੱਟ ਹਨ। ਇਹੀ ਕਾਰਨ ਹੈ ਕਿ ਨੇਪਾਲੀ ਨੌਜਵਾਨ ਵਿਦੇਸ਼ਾਂ ਵੱਲ ਜਾ ਰਹੇ ਹਨ, ਜਿੱਥੇ ਉਨ੍ਹਾਂ ਨੂੰ ਵਧੀਆ ਨੌਕਰੀ ਅਤੇ ਤਨਖ਼ਾਹ ਮਿਲਦੀ ਹੈ।ਨੇਪਾਲ ਵਿੱਚ ਉੱਚ ਸਿੱਖਿਆ ਲਈ ਯੋਗਤਾ ਵਾਲੀਆਂ ਯੂਨੀਵਰਸਿਟੀਆਂ ਅਤੇ ਵਿਦਿਅਕ ਸੰਸਥਾਵਾਂ ਮੌਜੂਦ ਹਨ, ਪਰ ਇੱਥੇ ਚੱਲ ਰਹੀ ਸਿਆਸੀ ਖਿੱਚੋ-ਤਾਣ ਕਾਰਨ ਮੱਧ ਵਰਗ ਦੇ ਵਿਦਿਆਰਥੀ ਸਿਡਨੀ, ਵੈਲਿੰਗਟਨ ਜਾਂ ਲੰਡਨ ਜਾਣ ਲਈ ਮਜਬੂਰ ਹੋ ਗਏ ਹਨ।

ਜੋ ਨੌਜਵਾਨ 'ਨੇਪੋ ਕਿਡਜ਼' ਨੇਪਾਲ ਵਿੱਚ ਰਹਿ ਗਏ ਹਨ, ਉਹ ਰਵਾਇਤੀ ਤੌਰ 'ਤੇ ਨਵੀਆਂ ਅਤੇ ਪੁਰਾਣੀਆਂ ਸਿਆਸੀ ਪਾਰਟੀਆਂ ਵਿੱਚ ਸ਼ਾਮਲ ਹੋ ਚੁੱਕੇ ਹਨ। ਇਨ੍ਹਾਂ ਨੌਜਵਾਨਾਂ ਨੂੰ ਆਕਰਸ਼ਕ ਠੇਕੇ ਜਾਂ ਸਰਕਾਰੀ ਦਫ਼ਤਰਾਂ ਵਿੱਚ ਰਾਜਨੀਤਕ ਨਾਤਿਆਂ ਰਾਹੀਂ ਅਹੁਦੇ ਦਿੱਤੇ ਗਏ ਹਨ।

ਇਹੀ ਗੱਲ "Generation Z ਦੇ ਨੌਜਵਾਨਾਂ ਨੂੰ ਗਵਾਰਾ ਨਹੀਂ ਹੋਈ, ਜੋ ਆਪਣੇ ਮੋਬਾਇਲ ਜਾਂ ਕੰਪਿਊਟਰ ਸਕਰੀਨ ਉੱਤੇ ਇਕ ਵਧੀਆ ਅਤੇ ਖੁਸ਼ਹਾਲ ਦੁਨੀਆ ਦੀ ਝਲਕ ਵੇਖਦੇ ਹੋਏ ਵੱਡੇ ਹੋਏ ਹਨ।

ਉਪਰੋਕਤ ਅੰਦੋਲਨ ਦੌਰਾਨ ਪੁਲਸ ਦੀ ਗੋਲੀਬਾਰੀ ਵਿੱਚ 19 ਲੋਕ ਮਾਰੇ ਗਏ। ਇਸ ਤੋਂ ਤੁਰੰਤ ਬਾਅਦ ਪ੍ਰਧਾਨ ਮੰਤਰੀ ਓਲੀ ਦੇ ਬੁਲਾਰੇ ਪ੍ਰਿਥਵੀ ਸਬਾ ਗੁਰੁੰਗ ਨੇ "Generation Z ਦੇ ਅੰਦੋਲਨ ਵਿੱਚ ਹੋਈ ਬੇਹਿਸਾਬੀ ਅਤੇ ਹਿੰਸਾ ਦੀ ਜ਼ਿੰਮੇਵਾਰੀ ਸਵਾਰਥੀ ਗਰੋਹਾਂ ਦੀ ਦਖਲਅੰਦਾਜ਼ੀ ਉੱਤੇ ਥੋਪ ਦਿੱਤੀ।ਹਾਲਾਂਕਿ ਉਨ੍ਹਾਂ ਇਹ ਨਹੀਂ ਦੱਸਿਆ ਕਿ ਇਹ ਗਿਰੋਹ ਕੌਣ ਸਨ।

"Generation Z" ਦੇ ਪ੍ਰਦਰਸ਼ਨਕਾਰੀਆਂ ਨੇ ਵੀ ਦੱਸਿਆ ਕਿ ਉਨ੍ਹਾਂ ਦੇ ਅਮਨਪਸੰਦ ਅੰਦੋਲਨ ਨੂੰ ਦਖਲਅੰਦਾਜ਼ਾਂ ਵੱਲੋਂ ਹਾਈਜੈੱਕ ਕਰ ਲਿਆ ਗਿਆ।

ਕੁਝ ਹਫਤੇ ਪਹਿਲਾਂ ਹੀ 2008 ਵਿੱਚ ਹਟਾਏ ਗਏ ਸਾਬਕਾ ਰਾਜਾ ਗਿਆਨਿੰਦ੍ਰ ਨੇ ਦੇਸ਼ ਵਿੱਚ ਏਕਤਾ ਅਤੇ ਬਦਲਾਅ ਦੀ ਜਨਤਕ ਅਪੀਲ ਕੀਤੀ ਸੀ।

ਇਸੇ ਹਫਤੇ Generation Z ਦੇ ਅੰਦੋਲਨ ਤੋਂ ਪਹਿਲਾਂ ਪਰਸੀਅਨ ਅਤੇ ਇੱਕ RPP ਆਗੂ ਨੇ ਜਨਤਕ ਤੌਰ 'ਤੇ ਸੰਕੇਤ ਦਿੱਤਾ ਸੀ ਕਿ ਉਹ ਵੀ ਇਸ ਅੰਦੋਲਨ ਵਿੱਚ ਸ਼ਾਮਿਲ ਹੋਣਗੇ।

ਇਸ ਤੋਂ ਇਲਾਵਾ, "Generation Z" ਗਰੁੱਪ ਦੇ ਪਿੱਛੇ ਕਾਠਮਾਂਡੂ ਦੇ ਮੇਅਰ ਬਾਲੇਨਦ੍ਰ ਸ਼ਾਹ ਵੀ ਸਨ, ਜੋ ਆਪਣੀਆਂ ਬੇਬਾਕ ਅਤੇ ਗੈਰ-ਸਫਾਰਤੀ ਸੋਸ਼ਲ ਮੀਡੀਆ ਪੋਸਟਾਂ ਲਈ ਮਸ਼ਹੂਰ ਹਨ।

ਸੰਪਰਕ : 98552-59650

ਅਧਿਆਪਕਾਂ ਵੱਲੋਂ ਡੀ ਪੀ ਆਈ ਦਫ਼ਤਰ ਅੱਗੇ ਵਿਸ਼ਾਲ ਧਰਨਾ

- ਪੰਜਵੇਂ ਸਕੇਲ ਦਾ ਪੱਤਰ ਵਾਪਸ ਹੋਣ ਤੋਂ ਬਾਅਦ ਖਤਮ ਹੋਇਆ ਧਰਨਾ
- ਛੇਵੇਂ ਸਕੇਲ ਅਨੁਸਾਰ ਹੀ ਜਾਰੀ ਰਹਿਣਗੀਆਂ ਤਨਖਾਹਾਂ

ਤਲਵੰਡੀ ਸਾਬੋ (ਜਗਦੀਪ ਗਿੱਲ)- ਵੀਰਵਾਰ 3704 ਅਧਿਆਪਕ ਯੂਨੀਅਨ ਵੱਲੋਂ ਡੀਪੀਆਈ ਦਫ਼ਤਰ ਵਿੱਚ ਲਗਭਗ 3000 ਅਧਿਆਪਕਾਂ ਵੱਲੋਂ ਵੱਡਾ ਪ੍ਰਦਰਸ਼ਨ ਕੀਤਾ ਗਿਆ, ਜਿਸ ਬਾਰੇ ਦੱਸਦਿਆਂ ਯੂਨੀਅਨ ਪ੍ਰਧਾਨ ਹਰਜਿੰਦਰ ਸਿੰਘ ਨੇ ਦੱਸਿਆ ਕਿ ਪਿਛਲੇ ਪੰਜ ਸਾਲ ਤੋਂ 3704 ਅਧਿਆਪਕਾਂ ਵੱਲੋਂ ਪੰਜਾਬ ਦਾ ਪੇਅ ਸਕੇਲ ਲਾਗੂ ਕਰਵਾਉਣ ਲਈ ਕੋਰਟ ਦਾ ਦਰਵਾਜ਼ਾ ਖੜਕਾਇਆ ਗਿਆ, ਜਿਸ ਅਧੀਨ ਹਾਈ ਕੋਰਟ ਤੇ ਸੁਪਰੀਮ ਕੋਰਟ ਵੱਲੋਂ ਇਨ੍ਹਾਂ ਅਧਿਆਪਕਾਂ ਨੂੰ ਪੰਜਾਬ ਸਰਕਾਰ ਵੱਲੋਂ ਥੋਪੇ ਗਏ 17-07-2020 ਦੇ ਨੋਟੀਫਿਕੇਸ਼ਨ ਤੋਂ ਨਿਜਾਤ ਮਿਲੀ ਤੇ ਕੋਰਟ ਨੇ ਰੂਲਾਂ ਅਨੁਸਾਰ ਵਿਭਾਗ ਨੂੰ ਤਨਖਾਹ ਜਾਰੀ ਕਰਨ ਦੀ ਹਦਾਇਤ ਕੀਤੀ। ਇਸ ਅਧੀਨ ਹੀ ਵਿਭਾਗ ਵੱਲੋਂ ਸਪੀਕਿੰਗ ਆਰਡਰ ਜਾਰੀ ਕਰ ਲਗਭਗ 20 ਜ਼ਿਲ੍ਹਿਆਂ ਦੇ ਅਧਿਆਪਕਾਂ ਦੀ ਸਹੀ ਤਨਖਾਹ ਜਾਰੀ ਕਰ ਦਿੱਤੀ ਗਈ, ਪ੍ਰੰਤੂ ਲਗਭਗ ਤਿੰਨ ਜ਼ਿਲ੍ਹੇ ਮਾਨਸਾ, ਸੰਗਰੂਰ ਤੇ ਬਰਨਾਲਾ ਵੱਲੋਂ ਬਣਦਾ ਲਾਭ ਜਾਰੀ ਕਰਨ ਦੀ ਜਗ੍ਹਾ ਅਧਿਆਪਕਾਂ ਨੂੰ ਤਨਖ਼ਾਹ ਉੱਪਰ ਉਲਝਾਉਣ ਦੀ ਕੋਸ਼ਿਸ਼ ਕੀਤੀ ਗਈ।ਇਸ ਅਧੀਨ ਹੀ ਇਨ੍ਹਾਂ ਅਧਿਆਪਕਾਂ ਵੱਲੋਂ 1 ਸਤੰਬਰ ਨੂੰ ਮੁੱਖ ਸਿੱਖਿਆ ਦਫ਼ਤਰ ਮੋਹਾਲੀ ਦਾ ਘਿਰਾਓ ਕੀਤਾ ਗਿਆ ਅਤੇ ਪੱਕਾ ਧਰਨਾ ਲਗਾ ਦਿੱਤਾ ਗਿਆ, ਜੋ ਹੁਣ ਤੱਕ ਲਗਾਤਾਰ ਚੱਲ ਰਿਹਾ ਹੈ, ਪ੍ਰੰਤੂ ਫਿਰ ਵੀ ਵਿਭਾਗ ਵੱਲੋਂ ਅਧਿਆਪਕਾਂ ਦੀ ਕੋਈ ਸਾਰ ਨਹੀਂ ਲਈ ਗਈ।3704 ਅਧਿਆਪਕਾਂ ਵੱਲੋਂ ਆਪਣੇ ਨਾਲ ਹੋ ਰਹੇ ਇਸ ਧੱਕੇ ਤੋਂ ਜਾਣੂ ਕਰਵਾਉਣ ਲਈ ਪੰਜਾਬ ਸਰਕਾਰ ਦੇ ਨਾਮ ਹਲਕਾ ਵਿਧਾਇਕਾ ਤੇ ਮੰਤਰੀਆਂ ਨੂੰ ਮੰਗ ਪੱਤਰ ਸੌਂਪਣ ਦੀ ਪ੍ਰਕਿਰਿਆ ਚਲਾਈ ਗਈ।ਇਸ ਸੰਬੰਧੀ 24 ਸਤੰਬਰ ਨੂੰ ਉਨ੍ਹਾਂ ਵੱਲੋਂ ਸਰਕਾਰ ਵਿਰੁੱਧ ਮੋਹਾਲੀ ਵਿਖੇ ਭਰਵਾਂ ਇਕੱਠ ਕਰਕੇ ਵਿਰੋਧ ਪ੍ਰਦਰਸ਼ਨ ਕੀਤਾ ਗਿਆ ਤੇ ਸਵੇਰ ਤੋਂ ਸ਼ਾਮ ਤੱਕ ਗੇਟ ਬੰਦ ਰੱਖਿਆ ਗਿਆ, ਜਿਸ ਕਾਰਨ ਵਿਭਾਗ ਵੱਲੋਂ ਭੇਜਿਆ ਗਿਆ ਪੰਜਵੇਂ ਸਕੇਲ ਦਾ ਪੱਤਰ ਵਾਪਸ ਲੈ ਲਿਆ ਗਿਆ ਅਤੇ ਦੱਸਿਆ ਗਿਆ ਕਿ ਤੁਹਾਡੀਆਂ ਤਨਖਾਹਾਂ ਕੋਰਟ ਵਿੱਚ ਰੱਖੀਆਂ ਪੇਅ ਫਿਕਸੇਸ਼ਨਾਂ ਅਨੁਸਾਰ ਜਾਰੀ ਰਹਿਣਗੀਆਂ ਅਤੇ ਮਾਨਸਾ, ਸੰਗਰੂਰ ਤੇ ਬਰਨਾਲਾ ਦਾ ਵੀ ਹੱਲ ਇਸ ਪੱਤਰ ਵਾਪਸ ਹੋਣ ਨਾਲ ਹੋ ਜਾਵੇਗਾ, ਜਿਸ ਤੋਂ ਬਾਅਦ ਧਰਨਾ ਸਮਾਪਤ ਕੀਤਾ ਗਿਆ। ਅਧਿਆਪਕ ਆਗੂਆਂ ਦਵਿੰਦਰ ਕੁਮਾਰ, ਯਾਦਵਿੰਦਰ ਸਿੰਘ, ਜਗਜੀਵਨਜੋਤ ਸਿੰਘ ਤੇ ਰਾਜੇਸ਼ਵਰ ਰਾਏ ਵੱਲੋਂ ਚੇਤਾਵਨੀ ਦਿੱਤੀ ਗਈ ਕਿ ਜੇਕਰ ਭਵਿੱਖ ਵਿੱਚ ਵਿਭਾਗ ਵੱਲੋਂ ਆਪਣੀਆਂ ਹਦਾਇਤਾਂ ਨੂੰ ਕਾਨੂੰਨ ਤੋਂ ਬਾਹਰ ਜਾ ਕੇ ਲਾਗੂ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਇਸ ਸੰਬੰਧੀ ਤਿੱਖਾ ਐਕਸ਼ਨ ਕਰ ਸਿੱਖਿਆ ਵਿਭਾਗ ਦੇ ਮੁੱਖ ਦਫ਼ਤਰ ਦਾ ਘਿਰਾਓ ਕੀਤਾ ਜਾਵੇਗਾ ਅਤੇ ਪੰਜਾਬ ਸਰਕਾਰ ਵਿਰੁੱਧ ਇਸ ਤੋਂ ਵੀ ਵੱਡਾ ਪ੍ਰਦਰਸ਼ਨ ਕੀਤਾ ਜਾਵੇਗਾ।

ਪੰਜਾਬ ਨੂੰ ਬਚਾਉਣ ਲਈ ਵਿਚਾਰਾਂ ਦੇ ਅਖਾੜੇ 'ਚ ਉਤਰਨ ਤੋਂ ਬਿਨਾਂ ਹੋਰ ਕੋਈ ਰਾਹ ਨਹੀਂ : ਬਲਕਰਨ ਮੋਗਾ

- 28 ਨੂੰ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਮੌਕੇ ਪ੍ਰਗਤੀਸ਼ੀਲ ਮੰਚ ਕਰਵਾਏਗਾ ਸੈਮੀਨਾਰ

ਮੋਗਾ (ਇਕਬਾਲ ਸਿੰਘ ਖਹਿਰਾ)- ਪ੍ਰਗਤੀਸ਼ੀਲ ਮੰਚ ਦੀ ਮੀਟਿੰਗ ਅਮਨਦੀਪ ਸਿੰਘ ਸਿੰਘਾਵਾਲਾ ਦੀ ਪ੍ਰਧਾਨਗੀ ਹੇਠ ਨੇਚਰ ਪਾਰਕ ਮੋਗਾ ਵਿਖੇ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਮੰਚ ਦੇ ਸੂਬਾਈ ਪ੍ਰਧਾਨ ਬਲਕਰਨ ਮੋਗਾ ਨੇ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਨਾਲ ਰੁਜ਼ਗਾਰ ਦੀ ਗਰੰਟੀ ਦਾ ਵਾਅਦਾ ਪੂਰਾ ਕਰਨ ਵਿੱਚ ਬੁਰੀ ਤਰ੍ਹਾਂ ਫੇਲ੍ਹ ਸਾਬਿਤ ਹੋਈ ਹੈ।ਕੇਜਰੀਵਾਲ ਦੀ ਅਗਵਾਈ ਵਾਲੀ ਆਪ ਸਰਕਾਰ ਨੇ ਬਦਲਾਵ ਦੇ ਨਾਂਅ 'ਤੇ ਪੰਜਾਬ ਦੇ ਲੋਕਾਂ ਨੂੰ ਠੱਗਿਆ ਹੈ।ਪੰਜਾਬ ਦੇ ਬੇਰੁਜ਼ਗਾਰ ਨੌਜਵਾਨ ਖ਼ੁਦਕੁਸ਼ੀਆਂ, ਗੁਨਾਹ, ਨਫਰਤ ਤੇ ਅਪਰਾਧ ਵਰਗੀਆਂ ਸਮਾਜਿਕ ਅਲਾਮਤਾਂ ਦਾ ਸ਼ਿਕਾਰ ਬਣਾਏ ਜਾ ਰਹੇ ਹਨ।ਨੌਜਵਾਨਾਂ ਨੂੰ ਅਖੌਤੀ ਲੀਡਰਾਂ ਦੇ ਪਿੱਛੇ ਲੱਗਣ ਦੀ ਬਜਾਏ ਖੁਦ ਅਧਿਐਨ ਦਾ ਰਸਤਾ ਅਖਤਿਆਰ ਕਰਨਾ ਚਾਹੀਦਾ ਹੈ।ਪੰਜਾਬ ਨੂੰ ਬਚਾਉਣ ਲਈ ਵਿਚਾਰਾਂ ਦੇ ਅਖਾੜੇ ਵਿੱਚ ਉਤਰਨ ਤੋਂ ਬਿਨਾਂ ਕੋਈ ਹੋਰ ਰਾਹ ਨਹੀਂ। ਬਲਕਰਨ ਮੋਗਾ ਨੇ ਕਿਹਾ ਕਿ ਇਸ ਸਮੇਂ ਪੰਜਾਬ ਭਿਆਨਕ ਹੜ੍ਹਾਂ ਦੀ ਮਾਰ ਝੱਲ ਰਿਹਾ ਹੈ।ਪੰਜਾਬ ਦੇ ਜੁਝਾਰੂ ਲੋਕਾਂ ਤੋਂ ਬਿਨਾਂ ਵੱਖ ਵੱਖ ਸੂਬਿਆਂ ਤੋਂ ਵੀ ਵੱਖ ਵੱਖ ਫਿਰਕਿਆਂ ਦੇ ਲੋਕ ਪੰਜਾਬ ਦੀ ਮਦਦ ਲਈ ਸਰਗਰਮ ਹਨ।ਇਹ ਭਾਈਚਾਰਕ ਸਾਂਝ ਦੀ ਨਿਸ਼ਾਨੀ ਹੈ, ਪਰ ਦੂਜੇ ਪਾਸੇ ਕਾਰਪੋਰੇਟ ਘਰਾਣਿਆਂ ਤੇ ਉਨ੍ਹਾਂ ਦੀਆਂ ਕਠਪੁਤਲੀ ਸਰਕਾਰਾਂ ਨੇ ਪੰਜਾਬ ਦੀ ਉਪਜਾਊ ਜ਼ਮੀਨ ਨੂੰ ਹੜੱਪਣ ਲਈ ਇਸ 'ਤੇ ਮੈਲੀ ਅੱਖ ਰੱਖੀ ਹੋਈ ਹੈ।ਇਸ ਲਈ ਵੱਖ ਵੱਖ ਤਰ੍ਹਾਂ ਦੇ ਹੱਥਕੰਡੇ ਅਪਣਾਏ ਜਾ ਰਹੇ ਹਨ।ਪੰਜਾਬ ਦੇ ਲੋਕਾਂ ਨੂੰ ਆਪਣੇ ਸਾਂਝੇ ਦੁਸ਼ਮਣ ਵਿਰੁੱਧ ਇਕਜੁੱਟ ਹੋਣ ਦੀ ਲੋੜ ਹੈ। ਇਸ ਮੌਕੇ ਪ੍ਰਗਤੀਸ਼ੀਲ ਮੰਚ ਦੇ ਨਵਜੋਤ ਸਿੰਘ ਜੋਗੇਵਾਲਾ ਤੇ ਪ੍ਰਧਾਨ ਸਕੱਤਰ ਜਗਜੀਤ ਸਿੰਘ ਭੁੱਲਰ ਤੇ ਬਲਵੰਤ ਸਿੰਘ ਨੇ ਕਿਹਾ ਕਿ ਇਸ ਵਾਰ 28 ਸਤੰਬਰ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਮੌਕੇ ਫਰੀਡਮ ਫਾਈਟਰ ਭਵਨ ਮੋਗਾ ਵਿਖੇ ਕੀਤੇ ਜਾ ਰਹੇ ਸੈਮੀਨਾਰ ਨੂੰ ਸੰਬੋਧਨ ਕਰਨ ਲਈ ਉੱਘੇ ਚਿੰਤਕ ਸੁਖਦਰਸ਼ਨ ਸਿੰਘ ਨੱਤ ਤੇ ਕੁੱਲ ਹਿੰਦ ਕਿਸਾਨ ਸਭਾ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਸੂਰਤ ਸਿੰਘ ਪਹੁੰਚ ਰਹੇ ਹਨ।ਇਸ ਸੈਮੀਨਾਰ ਲਈ ਸਭ ਨੂੰ ਖੁੱਲ੍ਹਾ ਸੱਦਾ ਹੈ।ਇਸ ਮੌਕੇ ਪ੍ਰਗਤੀਸ਼ੀਲ ਮੰਚ ਦੀ ਸ਼ਹਿਰੀ ਕਮੇਟੀ ਦੇ ਮੀਤ ਪ੍ਰਧਾਨ ਸੁਖਜਿੰਦਰ ਸਿੰਘ ਤੇ ਗੁਰਦੀਪ ਸਿੰਘ ਸੁੱਖੀ ਤੇ ਆਗੂ ਸੋਨੂੰ ਮੋਗਾ, ਅਜੇ ਕੁਮਾਰ, ਰਣਜੀਤ ਸਿੰਘ ਹਾਜ਼ਰ ਸਨ।

ਮਾਈਸਰਖਾਨਾ ਮੇਲੇ 'ਤੇ 27 ਤੋਂ 29 ਤੱਕ ਸਰਕਾਰੀ ਛੁੱਟੀ

ਬਠਿੰਡਾ (ਪਰਵਿੰਦਰ ਜੀਤ ਸਿੰਘ)- ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦੱਸਿਆ ਕਿ 28 ਸਤੰਬਰ 2025 ਨੂੰ ਜ਼ਿਲ੍ਹੇ ਦੇ ਪਿੰਡ ਮਾਈਸਰਖਾਨਾ ਵਿਖੇ ਲੱਗਣ ਵਾਲੇ ਮੇਲੇ ਦੇ ਮੱਦੇਨਜ਼ਰ 27 ਤੋਂ 29 ਸਤੰਬਰ 2025 ਤੱਕ ਸਰਕਾਰੀ ਛੁੱਟੀ ਘੋਸ਼ਿਤ ਕੀਤੀ ਜਾਂਦੀ ਹੈ।ਡੀ. ਸੀ. ਰਾਜੇਸ਼ ਧੀਮਾਨ ਨੇ ਅੱਗੇ ਦੱਸਿਆ ਕਿ ਇਹ ਛੁੱਟੀ ਉਪ ਮੰਡਲ ਮੈਜਿਸਟਰੇਟ ਮੌੜ ਦੀ ਮੰਗ ਅਨੁਸਾਰ ਪਿੰਡ ਮਾਈਸਰਖਾਨਾ ਦੇ ਸਰਕਾਰੀ ਐਲੀਮੈਂਟਰੀ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਮਾਈਸਰਖਾਨਾ ਤੇ ਮਾਤਾ ਮਾਈਸਰਖਾਨਾ ਕਾਲਜ ਆਫ ਐਜੂਕੇਸ਼ਨ (ਫਾਰ ਗਰਲਜ਼) ਵਿੱਚ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਇਸ ਮੇਲੇ ਵਿੱਚ ਲੱਖਾਂ ਦੀ ਗਿਣਤੀ 'ਚ ਸ਼ਰਧਾਲੂ ਉੱਥੇ ਪਹੁੰਚਦੇ ਹਨ, ਜਿਸ ਕਰਕੇ ਕਸਬੇ ਵਿੱਚ ਬਹੁਤ ਭੀੜ ਹੋ ਜਾਂਦੀ ਹੈ ਤਾਂ ਜੋ ਮੇਲੇ ਦੌਰਾਨ ਕੋਈ ਅਣ-ਸੁਖਾਵੀਂ ਘਟਨਾ ਨਾ ਵਾਪਰੇ।ਇਸ ਲਈ ਇਹ ਸਰਕਾਰੀ ਛੁੱਟੀ ਘੋਸ਼ਿਤ ਕੀਤੀ ਗਈ ਹੈ।

ਪਟੇਲ ਕਾਲਜ ਦੇ ਪੰਜਾਬੀ ਵਿਭਾਗ ਨੇ ਲੇਖ ਮੁਕਾਬਲੇ ਕਰਵਾਏ

ਰਾਜਪੁਰਾ (ਰਮੇਸ਼ ਕਟਾਰੀਆ)- ਇੱਥੋਂ ਦੇ ਪਟੇਲ ਮੈਮੋਰੀਅਲ ਨੈਸ਼ਨਲ ਕਾਲਜ ਵਿਖੇ ਭਾਸ਼ਾ ਵਿਭਾਗ, ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡਾ. ਹਰਿਦਰਪਾਲ ਕੌਰ, ਕਨਵੀਨਰ ਭਾਸ਼ਾ ਮੰਚ ਤੇ ਡਾ. ਮਨਦੀਪ ਸਿੰਘ ਮੁਖੀ ਪੰਜਾਬੀ ਵਿਭਾਗ ਦੀ ਅਗਵਾਈ ਹੇਠ ਲੇਖ ਮੁਕਾਬਲੇ ਕਰਵਾਏ ਗਏ।ਮੁਕਾਬਲੇ ਦਾ ਵਿਸ਼ਾ 'ਲੋਕਧਾਰਾ ਤੇ ਸੱਭਿਆਚਾਰ : ਅੰਤਰ ਸੰਬੰਧ' ਇਸ ਮੁਕਾਬਲੇ ਵਿੱਚ 35 ਵਿਦਿਆਰਥੀਆਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ 5 ਵਿਦਿਆਰਥੀ ਜੇਤੂ ਚੁਣੇ ਗਏ।ਪ੍ਰਿੰਸੀਪਲ ਡਾ. ਚੰਦਰ ਪ੍ਰਕਾਸ਼ ਗਾਂਧੀ ਨੇ ਵਿਦਿਆਰਥੀਆਂ ਨੂੰ ਇਹੋ ਜਿਹੇ ਮੁਕਾਬਲਿਆਂ ਵਿੱਚ ਵਧ ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਸਰਟੀਫਿਕੇਟ ਤੇ ਮੈਡਲ ਦੇ ਕੇ ਸਨਮਾਨਤ ਕੀਤਾ। ਪਹਿਲਾ ਸਥਾਨ ਨੇਹਾ ਬੀ. ਏ. ਭਾਗ ਤੀਜਾ, ਦੂਜਾ ਸਥਾਨ ਦਮਨਪ੍ਰੀਤ ਕੌਰ ਐੱਮ ਏ ਪੰਜਾਬੀ ਭਾਗ ਪਹਿਲਾ, ਤੀਜਾ ਸਥਾਨ ਚਾਹਤਪ੍ਰੀਤ ਕੌਰ ਬੀ ਏ ਭਾਗ ਤੀਜਾ ਤੇ ਸਤਿੰਦਰ ਕੌਰ ਬੀ. ਕਾਮ. ਭਾਗ ਪਹਿਲਾ, ਚੌਥਾ ਸਥਾਨ ਅੰਮ੍ਰਿਤਪ੍ਰੀਤ ਕੌਰ ਬੀ ਐੱਸਸੀ ਨਾਨ-ਮੈਡੀਕਲ ਭਾਗ ਪਹਿਲਾ ਨੇ ਪ੍ਰਾਪਤ ਕੀਤਾ।ਇਸ ਮੌਕੇ ਪੰਜਾਬੀ ਵਿਭਾਗ ਦੇ ਡਾ. ਅਮਨਪ੍ਰੀਤ ਕੌਰ, ਡਾ. ਮਨਿੰਦਰ ਕੌਰ, ਡਾ. ਹਰਜਿੰਦਰ ਕੌਰ, ਡਾ. ਸਵਰਨਜੀਤ ਕੌਰ, ਪ੍ਰੋ. ਸੰਦੀਪ ਕੌਰ, ਪ੍ਰੋ. ਅਵਤਾਰ ਸਿੰਘ, ਪ੍ਰੋ. ਦਲਜੀਤ ਸਿੰਘ, ਪ੍ਰੋ. ਰਵਿੰਦਰ ਸਿੰਘ ਤੋਂ ਇਲਾਵਾ ਅਧਿਆਪਕ ਸਾਹਿਬਾਨ ਹਾਜ਼ਰ ਸਨ।

ਸਿਹਤ ਵਿਭਾਗ ਨੇ ਏਡਜ਼ ਤੋਂ ਬਚਾਅ ਲਈ ਲੋਕਾਂ ਨੂੰ ਕੀਤਾ ਜਾਗ੍ਰਿਤ

ਕੋਟ ਈਸੇ ਖਾਂ (ਅਰੋੜਾ) ਸਿਵਲ ਸਰਜਨ ਮੋਗਾ ਦੇ ਨਿਰਦੇਸ਼ ਅਨੁਸਾਰ ਡਾਕਟਰ ਰਿਪੂ ਦਮਨ ਕੌਰ ਸੀਨੀਅਰ ਮੈਡੀਕਲ ਅਫ਼ਸਰ ਤੇ ਇੰਚਾਰਜ ਡਾ. ਸਮਰਪ੍ਰੀਤ ਕੌਰ ਸੋਢੀ ਦੀ ਯੋਗ ਅਗਵਾਈ ਵਿੱਚ ਸਿਹਤ ਵਿਭਾਗ ਵੱਲੋਂ ਏਡਜ਼ ਕੰਟਰੋਲ ਸੁਸਾਇਟੀ ਚੰਡੀਗੜ੍ਹ ਦੇ ਸਹਿਯੋਗ ਨਾਲ ਕੋਟ ਈਸੇ ਖਾਂ ਤੇ ਧਰਮਕੋਟ ਵਿਖੇ ਜਾਗਰੂਕਤਾ ਕੈਂਪ ਲਾ ਕੇ ਲੋਕਾਂ ਨੂੰ ਏਡਜ਼ ਤੋਂ ਬਚਾਅ ਲਈ ਜਾਗ੍ਰਿਤ ਕੀਤਾ ਗਿਆ। ਬਲਾਕ ਐਜੂਕੇਟਡ ਜਤਿੰਦਰ ਸੂਦ ਨੇ ਦੱਸਿਆ ਕਿ ਨੁੱਕੜ ਨਾਟਕ ਰਾਹੀਂ ਲੋਕਾਂ ਨੂੰ ਏਡਜ਼ ਤੋਂ ਬਚਾਅ ਤੇ ਇਲਾਜ ਸੰਬੰਧੀ ਪੂਰਨ ਜਾਣਕਾਰੀ ਦਿੱਤੀ ਗਈ।ਇਸ ਸਮੇਂ ਸਿਹਤ ਵਿਭਾਗ ਵੱਲੋਂ ਇਹ ਐਨ ਐਮ ਗੁਰਪ੍ਰੀਤ ਕੌਰ, ਆਈ ਸੀ ਟੀ ਸੀ ਕੌਂਸਲਰ ਗੁਰਪ੍ਰੀਤ ਸਿੰਘ, ਓਟ ਸੈਂਟਰ ਵੱਲੋਂ ਅਮਨਦੀਪ ਕੌਰ ਤੇ ਗੁਰਪ੍ਰੀਤ ਸਿੰਘ ਤੇ ਏਡਜ਼ ਕੰਟਰੋਲ ਸੁਸਾਇਟੀ ਚੰਡੀਗੜ੍ਹ ਦੇ ਮੈਂਬਰ ਹਾਜ਼ਰ ਸਨ।

ਸਰਕਾਰ ਝੋਨੇ ਦੀ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਣ ਲਈ ਵਚਨਬੱਧ : ਹਡਾਣਾ

ਆੜ੍ਹਤੀਆ ਐਸੋਸੀਏਸ਼ਨ ਵੱਲੋਂ ਰਣਜੋਧ ਹਡਾਣਾ ਸਨਮਾਨਤ

ਦੇਵੀਗੜ੍ਹ/ਪਟਿਆਲਾ (ਰਾਜਿੰਦਰ ਸਿੰਘ ਥਿੰਦ) : ਪੀ ਆਰ ਟੀ ਸੀ ਦੇ ਚੇਅਰਮੈਨ ਤੇ ਵਿਧਾਨ ਸਭਾ ਹਲਕਾ ਸਨੌਰ ਦੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਝੋਨੇ ਦੀ ਖ਼ਰੀਦ ਮੌਕੇ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਨਹੀਂ ਆਉਣ ਦੇਵੇਗੀ। ਇਸ ਮੌਕੇ ਹਡਾਣਾ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਫ਼ਸਲ ਦਾ ਇੱਕ ਇੱਕ ਦਾਣਾ ਖ਼ਰੀਦਣ ਲਈ ਪੂਰੀ ਤਰ੍ਹਾਂ ਤਿਆਰ ਹੈ ਤੇ ਖ਼ਰੀਦ ਕੀਤੇ ਝੋਨੇ ਦੀ ਨਾਲੋਂ ਨਾਲ ਅਦਾਇਗੀ ਵੀ ਕੀਤੀ ਜਾਵੇਗੀ।ਇਸ ਮੌਕੇ ਆੜ੍ਹਤੀਆ ਐਸੋਸੀਏਸ਼ਨ ਦੂਧਨ ਸਾਧਾਂ ਦੀ ਨਵੀਂ ਬਣੀ ਕਾਰਜਕਰਨੀ ਵੱਲੋਂ ਨਵੇਂ ਬਣੇ ਪ੍ਰਧਾਨ ਭੁਪਿੰਦਰ ਸਿੰਘ ਜੱਜ ਤੇ ਕਿਸਾਨ ਯੂਨੀਅਨ ਦੇ ਪ੍ਰਧਾਨ ਨਰਿੰਦਰ ਸਿੰਘ ਲੇਲਾਂ ਵੱਲੋਂ ਰਣਯੋਧ ਸਿੰਘ ਹਡਾਣਾ ਨੂੰ ਸਨਮਾਨਤ ਕੀਤਾ ਗਿਆ। ਹਡਾਣਾ ਨੇ ਕਿਹਾ ਕਿ ਮੌਜੂਦਾ ਸੀਜ਼ਨ ਦੌਰਾਨ ਪੰਜਾਬ ਮੰਡੀ ਬੋਰਡ ਵੱਲੋਂ 1822 ਖ਼ਰੀਦ ਕੇਂਦਰ ਸਥਾਪਤ ਕੀਤੇ ਹਨ, ਜਿੱਥੇ ਝੋਨੇ ਦੀ ਖ਼ਰੀਦ ਤੇ ਲਿਫਟਿੰਗ ਦੇ ਪੁਖ਼ਤਾ ਪ੍ਰਬੰਧ ਹਨ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸੁੱਕਾ ਝੋਨਾ ਵੇਚਣ ਲਈ ਲੈ ਕੇ ਆਉਣ ਤਾਂ ਜੋ ਮੰਡੀ ਵਿੱਚ ਉਨ੍ਹਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ। ਇਸ ਮੌਕੇ ਰਾਜਾ ਧੰਜੂ, ਰਾਜਵਿੰਦਰ ਸਿੰਘ ਹਡਾਣਾ ਤੇ ਆੜ੍ਹਤੀ ਐਸੋਸੀਏਸ਼ਨ ਦੇ ਅਹੁਦੇਦਾਰਾਂ ਸਮੇਤ ਵੱਡੀ ਗਿਣਤੀ ਕਿਸਾਨ ਤੇ ਆੜ੍ਹਤੀਏ ਮੌਜੂਦ ਸਨ।

ਬਜ਼ੁਰਗ ਨੇ ਸਰਹਿੰਦ ਨਹਿਰ 'ਚ ਛਾਲ ਮਾਰ ਕੇ ਜਾਨ ਗਵਾਈ

ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)- ਨੇੜਲੇ ਪਿੰਡ ਪਵਾਤ ਦੇ ਵਾਸੀ ਸਵਰਨ ਸਿੰਘ (62) ਨੇ ਨੇੜੇ ਵਗਦੀ ਸਰਹਿੰਦ ਨਹਿਰ ਵਿੱਚ ਛਾਲ ਮਾਰ ਕੇ ਜਾਨ ਦੇ ਦਿੱਤੀ। ਇਸ ਸੰਬੰਧੀ ਕਾਨੂੰਨੀ ਕਾਰਵਾਈ ਕਰ ਰਹੇ ਸਹਾਇਕ ਥਾਣੇਦਾਰ ਜਗਤਾਰ ਸਿੰਘ ਨੇ ਦੱਸਿਆ ਕਿ ਸਵਰਨ ਸਿੰਘ ਮਜ਼ਦੂਰੀ ਦਾ ਕੰਮ ਕਰਦਾ ਸੀ ਤੇ 23 ਸਤੰਬਰ ਸ਼ਾਮ ਨੂੰ ਉਹ ਘਰੋਂ ਗਿਆ, ਜਿਸ ਨੇ ਸਰਹਿੰਦ ਨਹਿਰ ਦੇ ਪਵਾਤ ਪੁਲ ਤੋਂ ਛਾਲ ਮਾਰ ਦਿੱਤੀ। ਪਰਿਵਾਰਕ ਮੈਂਬਰਾਂ ਵੱਲੋਂ ਉਸ ਦੀ ਨਹਿਰ ਵਿੱਚ ਤਲਾਸ਼ ਕੀਤੀ ਜਾ ਰਹੀ ਸੀ, ਜਿਸ ਦੀ ਲਾਸ਼ ਅੱਜ ਤੈਰਦੀ ਮਿਲ ਗਈ।ਪੁਲਸ ਵੱਲੋਂ ਲਾਸ਼ ਨੂੰ ਕਬਜ਼ੇ 'ਚ ਕਰ ਪੋਸਟ ਮਾਰਟਮ ਲਈ ਭਿਜਵਾ ਦਿੱਤਾ ਹੈ। ਸਹਾਇਕ ਥਾਣੇਦਾਰ ਜਗਤਾਰ ਸਿੰਘ ਨੇ ਦੱਸਿਆ ਕਿ ਮਜ਼ਦੂਰ ਸਵਰਨ ਸਿੰਘ ਵੱਲੋਂ ਆਤਮ ਹੱਤਿਆ ਦੇ ਕਾਰਨਾਂ ਦੀ ਸਪੱਸ਼ਟ ਜਾਣਕਾਰੀ ਨਹੀਂ ਮਿਲ ਸਕੀ ਅਤੇ ਪੁਲਸ ਵੱਲੋਂ ਮਾਮਲਾ ਦਰਜ ਕਰ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

ਪੀ ਐੱਮ ਸ੍ਰੀ ਸਕੂਲਾਂ ਦੇ ਗਣਿਤ ਅਧਿਆਪਕਾਂ ਲਈ ਸਿਖਲਾਈ ਕੈਂਪ ਲਾਇਆ

ਬੋਹਾ (ਨਿਰੰਜਣ ਬੋਹਾ)- ਰਾਜ ਸਿੱਖਿਆ ਖੋਜ ਤੇ ਸਿਖਲਾਈ ਪ੍ਰੀਸ਼ਦ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਸਿੱਖਿਆ ਅਫ਼ਸਰ ਨੀਲਮ ਰਾਣੀ, ਪ੍ਰਿੰਸੀਪਲ ਡਾਇਟ ਅਹਿਮਦਪੁਰ ਡਾ. ਬੂਟਾ ਸਿੰਘ ਸੇਖੋਂ ਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਪਰਮਜੀਤ ਸਿੰਘ ਭੋਗਲ ਦੀ ਅਗਵਾਈ ਹੇਠ ਜ਼ਿਲ੍ਹਾ ਮਾਨਸਾ ਦੇ ਸਮੂਹ ਪੀ ਐੱਮ ਸ੍ਰੀ ਸਕੂਲਾਂ ਦੇ ਗਣਿਤ ਅਧਿਆਪਕਾਂ ਦਾ ਵੈਦਿਕ ਗਣਿਤ ਦਾ ਤਿੰਨ ਰੋਜ਼ਾ ਟ੍ਰੇਨਿੰਗ ਕੈਂਪ ਬਲਾਕ ਰਿਸੋਰਸ ਸੈਂਟਰ ਬੁਢਲਾਡਾ ਵਿਖੇ ਲੱਗਿਆ।ਇਸ ਕੈਂਪ ਵਿੱਚ ਵਿਸ਼ੇਸ਼ ਰੂਪ ਵਿੱਚ ਨੈਸ਼ਨਲ ਅਵਾਰਡੀ ਤੇ ਐੱਨ.ਸੀ.ਈ.ਆਰ.ਟੀ. ਮੈਂਟਰ ਡਾ. ਅਰੁਣ ਕੁਮਾਰ ਗਰਗ ਨੇ ਸ਼ਮੂਲੀਅਤ ਕੀਤੀ ਤੇ ਅਧਿਆਪਕਾਂ ਨਾਲ ਵੈਦਿਕ ਗਣਿਤ ਦੀ ਮਹੱਤਤਾ ਬਾਰੇ ਚਰਚਾ ਕੀਤੀ ਗਈ।ਉਨ੍ਹਾਂ ਦੁਆਰਾ ਕਰਾਈਆਂ ਗਈਆਂ ਵੈਦਿਕ ਗਣਿਤ ਵਿਧੀਆਂ ਦੀ ਸਮੁੱਚੇ ਭਾਗੀਦਾਰਾਂ ਨੇ ਪ੍ਰਸ਼ੰਸਾ ਕੀਤੀ।ਇਸ ਤਿੰਨ ਰੋਜ਼ਾ ਟ੍ਰੇਨਿੰਗ ਕੈਂਪ ਵਿੱਚ ਉਨ੍ਹਾਂ ਤੋਂ ਇਲਾਵਾ ਸਟੇਟ ਰਿਸੋਰਸ ਪਰਸਨ ਨਵਨੀਤ ਕੱਕੜ, ਜ਼ਿਲ੍ਹਾ ਰਿਸੋਰਸ ਪਰਸਨ ਸੰਦੀਪ ਕੁਮਾਰ, ਤਰਨਜੀਤ ਸਿੰਘ ਤੇ ਕੇਵਲ ਸਿੰਘ ਨੇ ਵੱਖ ਵੱਖ ਟੌਪਿਕ 'ਤੇ ਟ੍ਰੇਨਿੰਗ ਦਿੱਤੀ।ਤਰਨਜੀਤ ਸਿੰਘ ਨੇ ਵੈਦਿਕ ਗਣਿਤ ਦਾ ਜੋੜ ਤੇ ਘਟਾਅ, ਸੰਦੀਪ ਕੁਮਾਰ ਨੇ ਗੁਣਾ ਤੇ ਕੇਵਲ ਸਿੰਘ ਨੇ ਵਰਗ ਤੇ ਘਣ ਦਾ ਟੌਪਿਕ ਕਰਵਾਇਆ।ਇਸ ਟ੍ਰੇਨਿੰਗ ਵਿੱਚ ਜ਼ਿਲ੍ਹੇ ਦੇ 15 ਸਕੂਲਾਂ ਦੇ 46 ਗਣਿਤ ਅਧਿਆਪਕਾਂ ਨੇ ਭਾਗ ਲਿਆ।ਸਮੁੱਚੀ ਟ੍ਰੇਨਿੰਗ ਦੀ ਪ੍ਰਸ਼ੰਸਾ ਕਰਦਿਆਂ ਡਾ. ਬੂਟਾ ਸਿੰਘ ਸੇਖੋਂ ਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਨੀਲਮ ਰਾਣੀ ਨੇ ਕਿਹਾ ਕਿ ਗਣਿਤ ਦੇ ਖੇਤਰ ਵਿੱਚ ਭਾਰਤੀ ਗਣਿਤਕਾਰਾਂ ਦਾ ਮਹਾਨ ਯੋਗਦਾਨ ਹੈ ਤੇ ਉਨ੍ਹਾਂ ਦੀ ਮਿਹਨਤ ਵੈਦਿਕ ਗਣਿਤ ਦੇ ਰੂਪ ਵਿੱਚ ਸਕੂਲਾਂ ਤੀਕ ਪਹੁੰਚਾਉਣਾ ਇੱਕ ਚੰਗਾ ਉਪਰਾਲਾ ਹੈ।

ਓ ਐੱਸ ਡੀ ਨੇ ਸ੍ਰੀ ਰਾਮ ਇੰਟਰਨੈਸ਼ਨਲ ਸਕੂਲ ਦਾ ਕੀਤਾ ਦੌਰਾ

ਧੂਰੀ (ਮੋਹਿਤ ਗਰਗ, ਵਿਨੀ ਗਰਗ) ਮੁੱਖ ਮੰਤਰੀ ਭਗਵੰਤ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਸ੍ਰੀ ਰਾਮ ਇੰਟਰਨੈਸ਼ਨਲ ਸਕੂਲ ਵਿੱਚ ਪਹੁੰਚੇ।ਸਕੂਲ ਡਾਇਰੈਕਟਰ ਅਭਿਨਵ ਗੋਇਲ ਦੀ ਅਗਵਾਈ ਹੇਠ ਸਕੂਲ ਪ੍ਰਬੰਧਕਾਂ ਤੇ ਸਟਾਫ਼ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਸੁਖਵੀਰ ਸਿੰਘ ਨੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ।ਉਨ੍ਹਾਂ ਵਿਦਿਆਰਥੀਆਂ ਨੂੰ ਸਿਰਫ਼ ਪੜ੍ਹਾਈ ਹੀ ਨਹੀਂ, ਸਗੋਂ ਖੇਡਾਂ, ਸੱਭਿਆਚਾਰਕ ਕਾਰਜਕਲਾਪਾਂ ਤੇ ਹੋਰ ਰਚਨਾਤਮਕ ਗਤੀਵਿਧੀਆਂ ਵੱਲ ਵੀ ਧਿਆਨ ਕੇਂਦਰਤ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਆਧੁਨਿਕ ਸਮੇਂ ਵਿੱਚ ਜਿੱਥੇ ਸਿੱਖਿਆ ਦਾ ਮਿਆਰ ਵਧਾਉਣਾ ਜ਼ਰੂਰੀ ਹੈ, ਉੱਥੇ ਸਿਹਤਮੰਦ ਜੀਵਨ-ਸ਼ੈਲੀ ਲਈ ਖੇਡਾਂ ਨਾਲ ਜੁੜਨਾ ਵੀ ਲਾਜ਼ਮੀ ਹੈ।ਸੁਖਵੀਰ ਸਿੰਘ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਦੀ ਬੁਰਾਈ ਤੋਂ ਦੂਰ ਰਹਿਣ ਦੀ ਸਲਾਹ ਦਿੰਦਿਆਂ ਕਿਹਾ ਕਿ ਵਧੀਆ ਸਮਾਂ ਕਿਤਾਬਾਂ, ਖੇਡ ਮੈਦਾਨਾਂ ਤੇ ਸੱਭਿਆਚਾਰਕ ਸਰਗਰਮੀਆਂ ਨਾਲ ਜੋੜਿਆ ਜਾਣਾ ਚਾਹੀਦਾ ਹੈ।ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਵੱਡੇ ਪੱਧਰ 'ਤੇ ਸੁਧਾਰ ਕੀਤੇ ਜਾ ਰਹੇ ਹਨ।ਉਨ੍ਹਾਂ ਨੇ ਆਮ ਆਦਮੀ ਕਲੀਨਿਕਾਂ ਦੇ ਖੁੱਲ੍ਹਣ ਨਾਲ ਲੋਕਾਂ ਨੂੰ ਘਰ-ਦੁਆਰ 'ਤੇ ਹੀ ਮੁਫ਼ਤ ਸਿਹਤ ਸਹੂਲਤਾਂ ਪ੍ਰਾਪਤ ਹੋ ਰਹੀਆਂ ਹਨ।

ਭਲਕੇ ਬਿਜਲੀ ਬੰਦ ਰਹੇਗੀ

ਦੋਰਾਹਾ (ਹਰਮਿੰਦਰ ਸਿੰਘ)- 220 ਕੇ ਵੀ ਸ/ਸ ਦੋਰਾਹਾ ਤੋਂ ਚਲਦੇ 11 ਕੇ ਵੀ ਸਿਟੀ ਦੋਰਾਹਾ, 11 ਕੇ ਵੀ ਡਰਾਹਣ ਸੰਨੀ ਤੇ 11 ਕੇ ਵੀ ਸਤਨਾਮ ਨਗਰ ਫੀਡਰ ਦੀ ਜ਼ਰੂਰੀ ਮੈਂਟੀਨੈਂਸ ਕਰਨ ਲਈ ਮਿਤੀ 27-09-2025 ਸਵੇਰੇ 10-00 ਤੋਂ ਸ਼ਾਮ 6-00 ਵਜੇ ਤੱਕ ਬਿਜਲੀ ਸਪਲਾਈ ਬੰਦ ਰਹੇਗੀ, ਜਿਸ ਨਾਲ ਸ਼ਹਿਰੀ ਦੋਰਾਹਾ ਉਪਮੰਡਲ ਅਧੀਨ ਆਉਂਦੇ ਏਰੀਏ ਸਤਨਾਮ ਨਗਰ, ਸਿੱਧੂ ਹਸਪਤਾਲ ਰੋਡ, ਗੁਰੂ ਨਾਨਕਪੁਰਾ ਮਹੱਲਾ, ਰੇਲਵੇ ਰੋਡ, ਕੰਪਾਰਾਏ ਰੋਡ, ਲੱਕੜ ਮੰਡੀ, ਪੁਰਾਣਾ ਬਾਜ਼ਾਰ, ਸਤਨਾਮ ਨਗਰ, ਕੈਲਾਸ਼ ਨਗਰ, ਵਿਸ਼ਵਕਰਮਾ ਚੌਕ, ਡੇਲਵਾਲਾਂ ਮੁਹੱਲਾ, ਕੱਚੀ ਰੋਡ, ਅੜੈਚਾਂ ਰੋਡ ਤੇ ਇਨ੍ਹਾਂ ਫੀਡਰਾਂ ਤੋਂ ਚਲਦੇ ਬਾਕੀ ਏਰੀਏ ਦੀ ਸਪਲਾਈ ਬੰਦ ਰਹੇਗੀ। ਇਸ ਦੀ ਜਾਣਕਾਰੀ ਉੱਪ ਮੰਡਲ ਅਫ਼ਸਰ ਸ਼ਹਿਰੀ ਦੋਰਾਹਾ ਵੱਲੋਂ ਦਿੱਤੀ ਗਈ ਹੈ।

2027 'ਚ ਲੋਕ ਸ਼੍ਰੋਮਣੀ ਅਕਾਲੀ ਦਲ ਨੂੰ ਪੰਜਾਬ ਦੀ ਸੱਤਾ ਸੌਂਪਣਗੇ : ਅਕਾਲੀ ਆਗੂ

ਬਾਘਾ ਪੁਰਾਣਾ (ਮਨੀ ਸਿੰਗਲਾ)- ਪੰਜਾਬ ਅੰਦਰ ਆਏ ਹੜ੍ਹਾਂ ਨਾਲ ਹੋਏ ਨੁਕਸਾਨ ਤੋਂ ਪ੍ਰਭਾਵਿਤ ਸੰਗਤ ਦੀ ਮਦਦ ਦੇ ਉਪਰਾਲੇ ਵਜੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਜੋ ਉਪਰਾਲੇ ਕੀਤੇ ਜਾ ਰਹੇ ਹਨ, ਉਹ ਬਹੁਤ ਹੀ ਸ਼ਲਾਘਾਯੋਗ ਹਨ।ਉਕਤ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਜਗਮੋਹਨ ਸਿੰਘ, ਲਵਲੀ ਬਾਂਸਲ ਲਧਾਈਕੇ ਵਾਲੇ, ਰਾਕੇਸ਼ ਜਿੰਦਲ, ਵਿੱਕੀ ਗੁਲੇਰੀਆਵਾਲਾ ਨੇ ਕਰਦਿਆਂ ਆਖਿਆ ਕਿ ਪਿਛਲੇ ਦਿਨਾਂ ਅੰਦਰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਆਪਣੀ ਨਿੱਜੀ ਸਮਰੱਥਾ ਮੁਤਾਬਕ ਪ੍ਰਭਾਵਿਤ ਕਿਸਾਨਾਂ ਦੀ ਭਲਾਈ ਲਈ ਡੀਜ਼ਲ, ਚਾਰਾ, ਦਵਾਈਆਂ, ਪਸ਼ੂ ਫੀਡ, ਪਾਣੀ ਆਦਿ ਜ਼ਰੂਰੀ ਵਸਤਾਂ ਦੀ ਸੇਵਾ ਨਿਭਾਉਣ ਤੋਂ ਬਾਅਦ ਹੁਣ ਕਣਕ ਦੇ ਬੀਜ ਸਮੇਤ 50 ਹਜ਼ਾਰ ਲੋੜਵੰਦ ਪਰਿਵਾਰਾਂ ਨੂੰ ਖਾਣ ਲਈ ਕਣਕ ਤੇ ਇਸ ਤੋਂ ਇਲਾਵਾ ਖੇਤਾਂ ਵਿੱਚ ਲੱਖ ਏਕੜ ਜ਼ਮੀਨ ਲਈ ਕਣਕ ਦੇ ਬੀਜ ਦਾ ਪ੍ਰਬੰਧ ਕਰਕੇ ਦੇਣ ਦਾ ਐਲਾਨ ਕਰ ਕਿਹਾ ਹੈ ਅਤੇ ਸੁਖਬੀਰ ਸਿੰਘ ਬਾਦਲ ਵੱਲੋਂ ਅੱਜ ਚੰਡੀਗੜ੍ਹ ਤੋਂ 500 ਫੌਗਿੰਗ ਮਸ਼ੀਨਾਂ ਵੱਖ-ਵੱਖ ਇਲਾਕਿਆਂ ਲਈ ਰਵਾਨਾ ਕੀਤੀਆਂ ਗਈਆਂ ਹਨ, ਜੋ ਹੜ੍ਹ ਪ੍ਰਭਾਵਿਤ ਪਿੰਡਾਂ ਵਿੱਚ ਮੱਛਰਾਂ ਨਾਲ ਫੈਲਣ ਵਾਲੀਆਂ ਬਿਮਾਰੀਆਂ ਤੋਂ ਬਚਾਅ ਲਈ ਯੂਥ ਅਕਾਲੀ ਦਲ ਦੇ ਵਰਕਰ ਸਾਹਿਬਾਨ ਇਨ੍ਹਾਂ ਮਸ਼ੀਨਾਂ ਨਾਲ ਪਿੰਡ-ਪਿੰਡ ਦਵਾਈ ਛਿੜਕਾਅ ਦੀ ਡਿਊਟੀ ਆਪ ਨਿਭਾਉਣਗੇ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬੀਆਂ ਦੀ ਆਪਣੀ ਪਾਰਟੀ ਹੈ ਅਤੇ ਹਰ ਦੁੱਖ-ਸੁੱਖ ਵਿੱਚ ਆਪਣਿਆਂ ਦੇ ਨਾਲ ਖੜ੍ਹੀ ਹੈ।ਉਨ੍ਹਾਂ ਕਿਹਾ ਕਿ ਆ ਰਹੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਅੰਦਰ ਪੰਜਾਬ ਦੇ ਲੋਕ ਦੁਬਾਰਾ ਸ਼੍ਰੋਮਣੀ ਅਕਾਲੀ ਦਲ ਨੂੰ ਪੰਜਾਬ ਦੀ ਸੱਤਾ ਸੌਂਪਣਗੇ ਤੇ ਪੰਜਾਬ ਵਿੱਚ ਫਿਰ ਤੋਂ ਵਿਕਾਸ ਕਾਰਜਾਂ ਦੀ ਲੀਹੋਂ ਲੱਥੀ ਗੱਡੀ ਨੂੰ ਮੁੜ ਤੋਂ ਲੀਹ 'ਤੇ ਚੜ੍ਹਾਇਆ ਜਾਵੇਗਾ।ਇਸ ਮੌਕੇ ਉਨ੍ਹਾਂ ਨਾਲ ਹੋਰ ਵੀ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

ਭਵਾਨੀਗੜ੍ਹ ਖੇਤਰ 'ਚ ਲੁੱਟ-ਖੋਹ ਕਰਨ ਵਾਲੇ ਗਰੋਹ ਦਾ ਪਰਦਾਫਾਸ਼, ਦੋ ਕਾਬੂ

- 1,69,500 ਰੁਪਏ ਨਕਦ, ਫੋਨ, ਹਥਿਆਰ ਤੇ ਮੋਟਰਸਾਈਕਲ ਅਤੇ 36.25 ਗ੍ਰਾਮ ਹੈਰੋਇਨ ਬਰਾਮਦ

ਭਵਾਨੀਗੜ੍ਹ/ਸੰਗਰੂਰ (ਪ੍ਰਵੀਨ ਸਿੰਘ)- ਸ੍ਰੀ ਸਰਤਾਜ ਸਿੰਘ ਚਾਹਲ ਐੱਸ.ਐੱਸ.ਪੀ. ਸੰਗਰੂਰ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਸੰਗਰੂਰ ਵੱਲੋਂ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਚਲਾਈ ਗਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਥਾਣਾ ਭਵਾਨੀਗੜ੍ਹ ਏਰੀਏ ਵਿੱਚ ਲੁੱਟ/ਖੋਹ ਕਰਨ ਵਾਲੇ ਗਰੋਹ ਦਾ ਪਰਦਾਫਾਸ਼ ਕਰਕੇ ਮੁਕੱਦਮਾ ਟਰੇਸ ਕਰਕੇ ਲੁੱਟ ਕੀਤੇ 1,69,500/- ਰੁਪਏ, 01 ਮੋਟਰਸਾਈਕਲ, 36.25 ਗ੍ਰਾਮ ਹੈਰੋਇਨ ਤੇ ਲੁੱਟ ਕੀਤੀ ਰਕਮ ਵਿੱਚੋਂ ਖ਼ਰੀਦ ਕੀਤਾ ਆਈਫੋਨ ਪਰੋ ਬਰਾਮਦ ਕਰਕੇ 02 ਮੁਲਜ਼ਮਾਂ ਨੂੰ ਕਾਬੂ ਕੀਤਾ ਗਿਆ। ਸ੍ਰੀ ਚਾਹਲ ਨੇ ਦੱਸਿਆ ਕਿ ਮਿਤੀ 01.09.2025 ਦੀ ਰਾਤ ਨੂੰ 03 ਨਾਮਲੂਮ ਮੁਲਜ਼ਮਾਂ ਵੱਲੋਂ ਡਾਕਟਰ ਵਿਕਰਮਪਾਲ ਸਿੰਘ ਪੁੱਤਰ ਹਰਵਿੰਦਰ ਸਿੰਘ ਵਾਸੀ ਕੁਆਟਰ ਨੰਬਰ 01 ਸਿਵਲ ਹਸਪਤਾਲ ਭਵਾਨੀਗੜ੍ਹ ਦੇ ਘਰੋਂ ਲੁੱਟ ਕਰ ਕੇ ਮੌਕੇ ਤੋਂ ਭੱਜ ਜਾਣ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਸੀ। ਜਿਸ 'ਤੇ ਮੁਕੱਦਮਾ ਥਾਣਾ ਭਵਾਨੀਗੜ੍ਹ ਵਿਖੇ ਨਾਮਲੂਮ ਵਿਅਕਤੀਆਂ ਖ਼ਿਲਾਫ਼ ਦਰਜ ਕਰਕੇ ਤਫ਼ਤੀਸ਼ ਅਮਲ ਵਿੱਚ ਲਿਆਂਦੀ ਗਈ। ਮੁਕੱਦਮੇ ਨੂੰ ਟਰੇਸ ਕਰਨ ਲਈ ਸ੍ਰੀ ਦਵਿੰਦਰ ਅੱਤਰੀ ਕਪਤਾਨ ਪੁਲਸ (ਇਨਵੈਸਟੀਗੇਸ਼ਨ) ਸੰਗਰੂਰ ਦੀ ਅਗਵਾਈ ਹੇਠ ਸ੍ਰੀ ਦਲਜੀਤ ਸਿੰਘ ਵਿਰਕ, ਉੱਪ ਕਪਤਾਨ ਪੁਲਸ (ਡਿਟੈਕਟਿਵ) ਸੰਗਰੂਰ, ਸ੍ਰੀ ਰਾਹੁਲ ਕੌਸ਼ਲ ਉੱਪ ਕਪਤਾਨ ਪੁਲਸ ਸਬ ਡਵੀਜ਼ਨ ਭਵਾਨੀਗੜ੍ਹ, ਇੰਸਪੈਕਟਰ ਸੰਦੀਪ ਸਿੰਘ, ਇੰਚਾਰਜ ਸੀ.ਆਈ.ਏ. ਤੇ ਥਾਣੇਦਾਰ ਅਵਤਾਰ ਸਿੰਘ, ਮੁੱਖ ਅਫ਼ਸਰ ਥਾਣਾ ਭਵਾਨੀਗੜ੍ਹ ਦੀਆਂ ਵੱਖ-ਵੱਖ ਟੀਮਾਂ ਬਣਾ ਕੇ ਟੈਕਨੀਕਲ ਢੰਗ ਨਾਲ ਕਾਰਵਾਈ ਕਰਦੇ ਹੋਏ ਮੁਕੱਦਮੇ ਨੂੰ ਟਰੇਸ ਕਰਕੇ ਮਿਤੀ 05.09.2025 ਨੂੰ ਦੋਸ਼ੀ ਧਰਮਪ੍ਰੀਤ ਸਿੰਘ ਪੁੱਤਰ ਰਜਿੰਦਰ ਸਿੰਘ ਵਾਸੀ ਕਾਕੂਵਾਲਾ ਤੇ ਗੁਰਵਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ ਵਾਸੀ ਦੀਵਾਨਗੜ੍ਹ ਕੈਂਪਰ (ਥਾਣਾ ਛਾਜਲੀ) ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਪਾਸੋਂ 1,69,500/- ਰੁਪਏ ਨਗਦ, ਲੁੱਟ ਕੀਤੀ ਰਕਮ ਵਿੱਚੋਂ ਖ਼ਰੀਦ ਕੀਤਾ ਆਈ ਫੋਨ ਪਰੋ, ਵਾਰਦਾਤ ਸਮੇਂ ਵਰਤੇ ਹਥਿਆਰ ਤੇ ਮੋਟਰਸਾਈਕਲ ਸਪਲੈਂਡਰ ਤੇ 36.25 ਗ੍ਰਾਮ ਹੈਰੋਇਨ ਬਰਾਮਦ ਕਰਵਾਈ ਗਈ ਤੇ ਮੁਕੱਦਮਾ ਵਿੱਚ ਜੁਰਮ 21/61/85 ਐਨ.ਡੀ.ਪੀ.ਐਸ ਐਕਟ ਦਾ ਵਾਧਾ ਜੁਰਮ ਕੀਤਾ ਗਿਆ।ਇਸ ਮਿਤੀ 08.09.2025 ਨੂੰ ਮੁਕੱਦਮਾ ਉਕਤ ਦੇ ਤੀਜੇ ਦੋਸ਼ੀ ਜਗਦੀਪ ਸਿੰਘ ਉਰਫ਼ ਜੱਗੀ ਪੁੱਤਰ ਜਗਤਾਰ ਸਿੰਘ ਵਾਸੀ ਕਾਕੂਵਾਲਾ ਨੂੰ ਮੁਕੱਦਮਾ ਹਾਜ਼ਾ ਵਿੱਚ ਹਸਬ ਜ਼ਾਬਤਾ ਗ੍ਰਿਫ਼ਤਾਰ ਕੀਤਾ ਗਿਆ।ਮੁਕੱਦਮੇ ਦੀ ਤਫ਼ਤੀਸ਼ ਜਾਰੀ ਹੈ, ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

ਡੀ ਆਈ ਜੀ ਨੇ ਪੁਲਸ ਅਧਿਕਾਰੀਆਂ ਨਾਲ ਕੀਤੀ ਮੀਟਿੰਗ

ਮੋਗਾ (ਇਕਬਾਲ ਸਿੰਘ ਖਹਿਰਾ)- ਮੋਗਾ ਜ਼ਿਲ੍ਹੇ ਵਿੱਚ ਜੁਰਮਾਂ ਨੂੰ ਕਾਬੂ ਪਾਉਣ, ਅਮਨ-ਕਾਨੂੰਨ ਵਿਵਸਥਾ ਨੂੰ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਵਿਸਥਾਰ ਨਾਲ ਸਮੀਖਿਆ ਕਰਨ ਲਈ ਡੀ ਆਈ ਜੀ ਫਰੀਦਕੋਟ ਰੇਂਜ ਨੀਲਾਂਬਰੀ ਜਗਦਲੇ ਵਿਜੇ ਐੱਸ.ਐੱਸ.ਪੀ. ਮੋਗਾ ਪੁੱਜੇ, ਜਿੱਥੇ ਉਨ੍ਹਾਂ ਨੂੰ ਐੱਸ.ਐੱਸ.ਪੀ. ਮੋਗਾ ਅਜੇ ਗਾਂਧੀ ਵੱਲੋਂ ਗੁਲਦਸਤਾ ਦੇ ਕੇ ਜੀ ਆਇਆਂ ਆਖਿਆ ਗਿਆ। ਉਪਰੰਤ ਪੰਜਾਬ ਪੁਲਸ ਦੀ ਟੁਕੜੀ ਵੱਲੋਂ ਸਲਾਮੀ ਦਿੱਤੀ ਗਈ।ਬਾਅਦ ਵਿੱਚ ਡੀ. ਆਈ ਜੀ ਫਰੀਦਕੋਟ ਰੇਂਜ ਨੀਲਾਂਬਰੀ ਜਗਦਲੇ ਵਿਜੇ ਵੱਲੋਂ ਜ਼ਿਲ੍ਹਾ ਮੋਗਾ ਦੇ ਸਾਰੇ ਗਜ਼ਟਿਡ ਅਫ਼ਸਰਾਂ, ਥਾਣਾ ਮੁਖੀਆਂ ਤੇ ਚੌਂਕੀ ਇੰਚਾਰਜਾਂ ਨਾਲ ਕ੍ਰਾਈਮ ਮੀਟਿੰਗ ਕੀਤੀ ਗਈ।ਇਸ ਮੌਕੇ ਉਨ੍ਹਾਂ ਵੱਲੋਂ ਲੰਬਿਤ ਸ਼ਿਕਾਇਤਾਂ ਤੇ ਜਾਂਚ ਅਧੀਨ ਮਾਮਲਿਆਂ ਦੇ ਨਿਪਟਾਰੇ ਲਈ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ।ਕਾਨੂੰਨ ਵਿਵਸਥਾ ਨੂੰ ਹੋਰ ਮਜ਼ਬੂਤ, ਸੁਚਾਰੂ ਤੇ ਪ੍ਰਭਾਵਸ਼ਾਲੀ ਬਣਾਉਣ ਲਈ ਸਖ਼ਤ ਨਿਰਦੇਸ਼ ਜਾਰੀ ਕੀਤੇ।ਉਨ੍ਹਾਂ ਕਿਹਾ ਕਿ ਜੁਰਮਾਂ 'ਤੇ ਕਾਬੂ ਪਾਉਣ ਲਈ ਵੀ ਮੋਗਾ ਜ਼ਿਲ੍ਹੇ ਵਿੱਚ ਅੱਤ ਆਧੁਨਿਕ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ, ਜਿਸ ਨਾਲ ਸਮੁੱਚੇ ਜ਼ਿਲ੍ਹੇ ਪ੍ਰਵੇਸ਼ ਤੇ ਬਾਹਰ ਨਿਕਲਣ ਵਾਲੇ ਵ੍ਹੀਕਲਾਂ 'ਤੇ ਨਜ਼ਰ ਰੱਖੀ ਜਾਂਦੀ ਹੈ। ਤਾਂ ਜੋ ਜੁਰਮ ਕਰਨ ਵਾਲਿਆਂ ਨੂੰ ਤੁਰੰਤ ਕਾਬੂ ਕੀਤਾ ਜਾ ਸਕੇ।

ਮਹਾਰਾਜਾ ਅਗਰਸੈਨ ਜਯੰਤੀ ਸਮਾਰੋਹ 'ਚ ਦੇਸ਼ ਭਗਤ ਗਲੋਬਲ ਸਕੂਲ ਦੇ ਬੱਚਿਆਂ ਨੇ ਹਿੱਸਾ ਲਿਆ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪ੍ਰਜਾ)- ਸਥਾਨਕ ਚਹਿਲ ਪੈਲੇਸ ਵਿਖੇ ਮਹਾਰਾਜਾ ਅਗਰਸੈਨ ਜਯੰਤੀ ਬੜੇ ਹੀ ਧੂਮਧਾਮ ਨਾਲ ਮਨਾਈ ਗਈ।ਇਸ ਮੌਕੇ ਦੇਸ਼ ਭਗਤ ਗਲੋਬਲ ਸਕੂਲ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਪ੍ਰੋ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾਕਟਰ ਤਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਤੇ ਵਾਇਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਦੇਖ ਰੇਖ ਹੇਠ ਦੇਸ਼ ਭਗਤ ਗਲੋਬਲ ਸਕੂਲ ਦੇ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤੇ ਗਏ।ਬੱਚਿਆਂ ਨੇ ਭੰਗੜਾ, ਗਿੱਧਾ, ਬੋਲੀ ਬਾਣੀ ਕੋਰੀਓਗ੍ਰਾਫੀ ਤੇ ਮਹਾਰਾਜਾ ਅਗਰਸੈਨ ਜੀ ਦੀ ਜੀਵਨ ਕਥਾ ਅਤੇ ਉਨ੍ਹਾਂ ਦੇ ਉਪਦੇਸ਼ਾਂ ਨੂੰ ਪ੍ਰਗਟਾਇਆ।ਬੱਚਿਆਂ ਦੇ ਉਤਸ਼ਾਹਪੂਰਨ ਪ੍ਰਦਰਸ਼ਨ ਨੂੰ ਮਾਪੇ, ਅਧਿਆਪਕਾਂ ਤੇ ਮਹਿਮਾਨਾਂ ਨੇ ਬੜੀ ਪ੍ਰਸ਼ੰਸਾ ਨਾਲ ਦੇਖਿਆ।ਇਸ ਮੌਕੇ ਪਹੁੰਚੀਆਂ ਉੱਘੀਆਂ ਸ਼ਖਸੀਅਤਾਂ ਨੇ ਮਹਾਰਾਜਾ ਅਗਰਸੈਨ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਵਿਦਿਆਰਥੀਆਂ ਦੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਮਹਾਰਾਜਾ ਅਗਰਸੈਨ ਜੀ ਨੇ ਸਮਾਜ ਵਿੱਚ ਏਕਤਾ, ਸਹਿਯੋਗ ਤੇ ਆਪਸੀ ਭਾਈਚਾਰੇ ਦੀ ਪ੍ਰੇਰਨਾ ਦਿੱਤੀ।ਉਨ੍ਹਾਂ ਕਿਹਾ ਕਿ ਮਹਾਰਾਜ ਅਗਰਸੈਨ ਜਯੰਤੀ ਸਮਾਰੋਹ ਇਸ ਵਾਰ ਪੂਰੇ ਸ਼ਹਿਰ ਵਿੱਚ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ।ਸਾਨੂੰ ਚਾਹੀਦਾ ਹੈ ਕਿ ਅਸੀਂ ਉਨ੍ਹਾਂ ਦੀਆਂ ਦਿੱਤੀਆਂ ਸਿੱਖਿਆਵਾਂ ਉੱਪਰ ਚੱਲੀਏ ਤੇ ਆਪਣੇ ਬੱਚਿਆਂ ਨੂੰ ਵੀ ਇਸ ਰਸਤੇ 'ਤੇ ਚੱਲਣ ਲਈ ਪ੍ਰੇਰਿਤ ਕਰੀਏ। ਇਸ ਮੌਕੇ ਵਾਇਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਨੇ ਕਿਹਾ ਕਿ ਅਜਿਹੇ ਸਮਾਰੋਹ ਬੱਚਿਆਂ ਨੂੰ ਆਪਣੇ ਸੱਭਿਆਚਾਰ ਤੇ ਇਤਿਹਾਸ ਨਾਲ ਜੋੜਨ ਦਾ ਵਧੀਆ ਮਾਧਿਅਮ ਹਨ।ਸਮਾਰੋਹ ਦੇ ਅੰਤ ਵਿੱਚ ਸਕੂਲ ਦੇ ਪ੍ਰਬੰਧਕਾਂ ਨੇ ਸਾਰੇ ਵਿਦਿਆਰਥੀਆਂ ਨੂੰ ਮਹਾਰਾਜਾ ਅਗਰਸੈਨ ਜੀ ਦੇ ਆਦਰਸ਼ਾਂ 'ਤੇ ਚੱਲਣ ਦੀ ਪ੍ਰੇਰਨਾ ਦਿੱਤੀ ਗਈ।

ਪੁਖਰਾਜ ਹੈਲਥ ਕੇਅਰ ਵੱਲੋਂ ਪਲੇਸਮੈਂਟ ਕੈਂਪ ਅੱਜ

ਸੰਗਰੂਰ (ਪ੍ਰਵੀਨ ਸਿੰਘ)- ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਸੰਗਰੂਰ ਵੱਲੋਂ ਪੁਖਰਾਜ ਹੈਲਥ ਕੇਅਰ ਪ੍ਰਾਈਵੇਟ ਲਿਮਿਟਡ ਕੰਪਨੀ ਨਾਲ ਤਾਲਮੇਲ ਕਰਕੇ 26 ਸਤੰਬਰ ਨੂੰ ਨੌਕਰੀ ਦੇ ਚਾਹਵਾਨ ਪ੍ਰਾਰਥੀਆਂ ਲਈ ਜ਼ਿਲ੍ਹਾ ਰੋਜ਼ਗਾਰ ਉਤਪੱਤੀ ਹੁਨਰ ਵਿਕਾਸ ਤੇ ਸਿਖਲਾਈ ਦਫ਼ਤਰ ਸੰਗਰੂਰ ਵਿਖੇ ਇੱਕ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ।ਇਸ ਸੰਬੰਧੀ ਕੰਪਨੀ ਵੱਲੋਂ ਵੈੱਲਨੈਸ ਅਡਵਾਈਜ਼ਰ ਤੇ ਟ੍ਰੇਨਰ (ਕੇਵਲ ਲੜਕੀਆਂ ਲਈ) ਦੀ ਅਸਾਮੀਆਂ ਲਈ ਇੰਟਰਵਿਊ ਲਈ ਜਾਵੇਗੀ, ਜਿਸ ਲਈ ਪ੍ਰਾਰਥੀ ਦੀ ਵਿੱਦਿਅਕ ਯੋਗਤਾ 10ਵੀਂ, 12ਵੀਂ, ਗਰੈਜੂਏਟ ਪਾਸ ਹੋਣੀ ਚਾਹੀਦੀ ਹੈ।ਇਸ ਤੋਂ ਇਲਾਵਾ ਉਮਰ 18 ਤੋਂ 25 ਸਾਲ ਹੋਣੀ ਚਾਹੀਦੀ ਹੈ।ਚਾਹਵਾਨ ਤੇ ਯੋਗ ਪ੍ਰਾਰਥੀ ਰਜ਼ਿਊਮ ਅਤੇ ਵਿੱਦਿਅਕ ਯੋਗਤਾ ਦੇ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ ਲੈ ਕੇ ਇਸ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ।ਇੰਟਰਵਿਊ ਵਿੱਚ ਭਾਗ ਲੈਣ ਲਈ ਕੋਈ ਵੀ ਟੀ ਏ ਤੇ ਡੀ ਏ ਦੇਣ ਯੋਗ ਨਹੀਂ ਹੋਵੇਗਾ।ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਸੰਗਰੂਰ ਵਿਖੇ ਸੰਪਰਕ ਕਰ ਸਕਦੇ ਹਨ।

ਮੋਟਰਸਾਈਕਲ ਚਾਲਕ ਦੀ ਖੰਭੇ 'ਚ ਵੱਜਣ ਕਾਰਨ ਮੌਤ

ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)- ਸਥਾਨਕ ਵਾਰਡ ਮੁਹੱਲੇ ਵਿਖੇ ਵੀਰਵਾਰ ਤੜਕੇ ਮੋਟਰਸਾਈਕਲ ਚਾਲਕ ਦੀ ਖੰਭੇ ਵਿੱਚ ਵੱਜਣ ਕਾਰਨ ਮੌਕੇ 'ਤੇ ਮੌਤ ਹੋ ਗਈ।ਮ੍ਰਿਤਕ ਦੀ ਪਹਿਚਾਣ ਸੁਖਵੀਰ ਸਿੰਘ (38) ਵਾਸੀ ਮੋਹਣ ਮਾਜਰਾ, ਥਾਣਾ ਚਮਕੌਰ ਸਾਹਿਬ ਵਜੋਂ ਹੋਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸੁਖਵੀਰ ਸਿੰਘ ਦੀ ਰਾਹੋਂ ਰੋਡ 'ਤੇ ਫਲੈਕਸ ਬੋਰਡ ਬਣਾਉਣ ਦੀ ਦੁਕਾਨ ਹੈ ਅਤੇ ਵੀਰਵਾਰ ਤੜਕੇ ਉਹ ਮਾਛੀਵਾੜਾ ਮੁਹੱਲੇ 'ਚੋਂ ਗੁਜ਼ਰ ਰਿਹਾ ਸੀ ਤਾਂ ਉਸ ਦਾ ਮੋਟਰਸਾਈਕਲ ਸੰਤੁਲਨ ਵਿਗੜਨ ਕਾਰਨ ਬਿਜਲੀ ਦੇ ਖੰਭੇ ਨਾਲ ਟਕਰਾ ਗਿਆ। ਸਵੇਰੇ ਜਦੋਂ ਮੁਹੱਲਾ ਵਾਸੀਆਂ ਨੇ ਇਸ ਨੂੰ ਮ੍ਰਿਤਕ ਪਿਆ ਦੇਖਿਆ ਤਾਂ ਤੁਰੰਤ ਪੁਲਸ ਨੂੰ ਸੂਚਿਤ ਕੀਤਾ। ਮੌਕੇ 'ਤੇ ਜਾਂਚ ਲਈ ਪੁੱਜੇ ਸਹਾਇਕ ਥਾਣੇਦਾਰ ਹਾਕਮ ਸਿੰਘ ਨੇ ਦੱਸਿਆ ਕਿ ਮੁੱਢਲੀ ਜਾਂਚ ਦੌਰਾਨ ਇਹ ਸੜਕ ਹਾਦਸਾ ਲੱਗਦਾ ਹੈ ਕਿ ਮੋਟਰਸਾਈਕਲ ਖੰਭੇ ਵਿੱਚ ਵੱਜਣ ਕਾਰਨ ਇਸ ਦੇ ਚਾਲਕ ਸੁਖਵੀਰ ਸਿੰਘ ਦੀ ਸਿਰ ਵਿੱਚ ਸੱਟ ਵੱਜਣ ਕਾਰਨ ਮੌਤ ਹੋਈ। ਪੁਲਸ ਵੱਲੋਂ ਲਾਸ਼ ਨੂੰ ਕਬਜ਼ੇ 'ਚ ਕਰ ਪੋਸਟ ਮਾਰਟਮ ਲਈ ਭੇਜ ਦਿੱਤਾ ਹੈ ਅਤੇ ਮ੍ਰਿਤਕ ਦੇ ਵਾਰਿਸਾਂ ਨੂੰ ਬੁਲਾ ਕੇ ਉਨ੍ਹਾਂ ਦੇ ਬਿਆਨ ਦਰਜ ਕਰ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਰਾਈਸੀਲਾ ਗਰੁੱਪ ਨੂੰ ਰਾਈਸ ਬਰਾਨ ਆਇਲ ਸਰਵੋਤਮ ਨਿਰਯਾਤ ਐਵਾਰਡ

ਧੂਰੀ (ਮਨੋਹਰ ਸੱਗੂ, ਮੋਹਿਤ ਗਰਗ, ਵਿਨੀ ਗਰਗ)- ਧੂਰੀ ਸਥਿਤ ਰਾਈਸੀਲਾ ਗਰੁੱਪ ਨੂੰ ਸਾਲ 2024-25 ਵਿੱਚ ਰਿਫਾਇੰਡ ਰਾਈਸ ਬਰੈਨ ਆਇਲ ਦੀ ਸਭ ਤੋਂ ਵੱਧ ਮਾਤਰਾ ਨਿਰਯਾਤ ਕਰਨ ਲਈ ਪਹਿਲਾ ਤੇ ਦੋਸ਼ਮ ਐਵਾਰਡ ਦਿੱਤਾ ਗਿਆ ਹੈ। ਇਹ ਐਵਾਰਡ ਦੇ ਪੀ ਆਰਈਨਿਕਸ ਦੇ ਡਾਇਰੈਕਟਰ ਪ੍ਰਨੀਤ ਗੋਇਲ ਨੇ ਸੋਲਵੈਂਟ ਐਕਸਟਰੈਕਟਰਜ਼ ਐਸੋਸੀਏਸ਼ਨ ਆਫ ਇੰਡੀਆ ਦੇ ਪ੍ਰਧਾਨ ਸੋਲਵੈਂਟ ਐਕਸਟਰੈਕਟਰਜ਼ ਐਸੋਸੀਏਸ਼ਨ ਆਫ ਇੰਡੀਆ ਤੇ ਸੀਈਓ ਪਤੰਜਲੀ ਫੂਡਜ਼ ਲਿਮਿਟਡ ਤੋਂ ਨਾਲ ਵਿੱਚ ਹੀ ਮੁੰਬਈ ਵਿੱਚ ਆਯੋਜਿਤ ਸੋਲਵੈਂਟ ਐਕਸਟਰੈਕਟਰਜ਼ ਐਸੋਸੀਏਸ਼ਨ ਆਫ ਇੰਡੀਆ ਦੀ 54ਵੀਂ ਸਾਲਾਨਾ ਮੀਟਿੰਗ ਤੇ ਪੁਰਸਕਾਰ ਸਮਾਰੋਹ ਵਿੱਚ ਪ੍ਰਾਪਤ ਕੀਤਾ ਗਿਆ। ਇਸ ਪੁਰਸਕਾਰ ਸਮਾਰੋਹ ਵਿੱਚ ਹੋਰਨਾਂ ਦੇਸ਼ਾਂ ਦੇ ਉੱਚ ਅਧਿਕਾਰੀ ਵੀ ਮੌਜੂਦ ਸਨ। ਜ਼ਿਕਰਯੋਗ ਹੈ ਕਿ ਰਾਈਸੀਲਾ ਗਰੁੱਪ ਵੱਲੋਂ ਤਿਆਰ ਕੀਤਾ ਗਿਆ ਰਿਫਾਇੰਡ ਰਾਈਸ ਬਰੈਨ ਆਇਲ ਦੁਨੀਆ ਦੇ ਕਈ ਦੇਸ਼ਾਂ ਨੂੰ ਵੱਡੀ ਮਾਤਰਾ ਵਿੱਚ ਨਿਰਯਾਤ ਕੀਤਾ ਜਾ ਰਿਹਾ ਹੈ, ਜਿਸ ਵਿੱਚ ਅਮਰੀਕਾ ਆਸਟ੍ਰੇਲੀਆ, ਜਰਮਨੀ, ਨਿਊਜ਼ੀਲੈਂਡ, ਬਰਤਾਨੀਆ ਵਰਗੇ ਵਿਕਸਿਤ ਦੇਸ਼ ਵੀ ਸ਼ਾਮਲ ਹਨ। ਰਾਈਸੀਲਾ ਗਰੁੱਪ ਨੇ ਮਾਰਕੀਟ ਵਿੱਚ ਇੱਕ ਕੋਲੈਸਟ੍ਰੋਲ ਘੱਟ ਕਰਨ ਵਾਲਾ ਨਿਊਟਰਾਸਿਊਟੀਕਲ ਉਤਪਾਦ ਓਰੀਜ਼ੇਨੋਲ ਵੀ ਪੇਸ਼ ਕੀਤਾ ਹੈ। ਰਾਈਸੀਲਾ ਗਰੁੱਪ ਦੇ ਚੇਤਨਾਂ ਨਾਲ ਹੁਣ ਗਾਮਾ ਓਰੀਜ਼ੇਨੋਲ ਭਾਰਤੀ ਖਪਤਕਾਰਾਂ ਲਈ ਉਪਲਬਧ ਹੈ। ਭਾਰਤ ਦੇ ਸਿਹਤ ਮਾਹਿਰ, ਪ੍ਰਮੁੱਖ ਡਾਕਟਰ ਤੇ ਆਹਾਰ ਵਿਸ਼ੇਸ਼ਗ ਵੀ ਅੱਗੇ ਆ ਰਹੇ ਹਨ ਤੇ ਸਿਹਤਮੰਦ ਕੋਲੈਸਟ੍ਰੋਲ ਦੇ ਪੱਧਰਾਂ ਨੂੰ ਬਣਾਈ ਰੱਖਣ ਤੇ ਸਮੁੱਚੀ ਸਿਹਤ ਨੂੰ ਬਿਹਤਰ ਬਣਾਉਣ ਲਈ ਇਸ ਵਿਲੱਖਣ ਪੌਸ਼ਟਿਕ ਤੱਤ ਬਾਰੇ ਲੋਕਾਂ ਨੂੰ ਜਾਗਰੂਕ ਕਰ ਰਹੇ ਹਨ। ਰਾਈਸੀਲਾ ਗਰੁੱਪ ਦੁਆਰਾ ਤਿਆਰ ਕੀਤੇ ਗਏ 'ਗਾਮਾ ਓਰੀਜ਼ੇਨੋਲ' ਦੀ ਹਰ ਦਿਨ ਲਗਭਗ ਦੋ ਲੱਖ ਖਪਤਕਾਰ ਖਪਤ ਕਰ ਰਹੇ ਹਨ।

ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਵੱਲੋਂ ਸਿਰਸਾ ਵਿਖੇ 'ਸ਼ਬਦ ਤੇ ਸ਼ਹਾਦਤ' ਸੈਮੀਨਾਰ 4 ਤੇ 5 ਨੂੰ

ਲੁਧਿਆਣਾ (ਐੱਮ ਐੱਸ ਭਾਟੀਆ) : ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਵੱਲੋਂ ਪੰਜਾਬੀ ਲੇਖਕ ਸਭਾ ਸਿਰਸਾ ਤੇ ਪੰਜਾਬੀ ਵਿਭਾਗ ਸਰਕਾਰੀ ਨੈਸ਼ਨਲ ਕਾਲਜ ਸਿਰਸਾ ਦੇ ਸਹਿਯੋਗ ਨਾਲ 4-5 ਅਕਤੂਬਰ ਨੂੰ ਮਲਟੀਪਰਪਜ਼ ਹਾਲ ਸਰਕਾਰੀ ਨੈਸ਼ਨਲ ਕਾਲਜ ਸਿਰਸਾ ਵਿਖੇ ਗੁਰੂ ਤੇਗ ਬਹਾਦਰ ਜੀ ਦੀ ਯਾਦ ਵਿੱਚ 'ਸ਼ਬਦ ਤੇ ਸ਼ਹਾਦਤ' ਸੈਮੀਨਾਰ ਕਰਵਾਇਆ ਜਾ ਰਿਹਾ ਹੈ।ਇਸ ਸਮਾਗਮ ਦੀ ਸ਼ੁਰੂਆਤ ਦਾ ਉਦਘਾਟਨ ਡਾ. ਸਵਰਾਜਬੀਰ ਕਰਨਗੇ, ਜਿਸ ਵਿੱਚ ਮੁੱਖ ਮਹਿਮਾਨ ਸ੍ਰ. ਮਨਮੋਹਨ ਸਿੰਘ ਪ੍ਰਸਿੱਧ ਸਿਨੇਮੈਟੋਗ੍ਰਾਫ਼ਰ, ਨਿਰਦੇਸ਼ਕ ਤੇ ਨਿਰਮਾਤਾ ਹੋਣਗੇ।ਵਿਸ਼ੇਸ਼ ਮਹਿਮਾਨ ਵਜੋਂ ਸ. ਸੁਰਿੰਦਰ ਸਿੰਘ ਵੈਦਵਾਲਾ ਤੇ ਸ. ਗੁਰਭੇਜ ਸਿੰਘ ਗੁਰਾਇਆ ਆਉਣਗੇ।ਜਿਨ੍ਹਾਂ ਦਾ ਸੁਆਗਤ ਪੰਜਾਬੀ ਸਾਹਿਤ ਅਕਾਡਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਕਰਨਗੇ।ਸਮਾਗਮ ਦੀ ਰੂਪ-ਰੇਖਾ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਪੇਸ਼ ਕਰਨਗੇ।ਸਮਾਗਮ ਮੌਕੇ ਡਾ. ਸੁਖਦੇਵ ਸਿੰਘ ਸਿਰਸਾ ਦਾ ਮੁੱਖ ਭਾਸ਼ਣ ਹੋਵੇਗਾ, ਜੋ ਆਪਣੇ ਵਿਚਾਰ ਸਾਂਝੇ ਕਰਨਗੇ।ਸਮਾਗਮ ਵਿੱਚ ਪਹੁੰਚੇ ਮਹਿਮਾਨਾਂ ਦਾ ਧੰਨਵਾਦ ਡਾ. ਪਾਲ ਕੌਰ ਕਰਨਗੇ।ਮੰਚ ਸੰਚਾਲਕ ਵਜੋਂ ਡਾ. ਹਰਵਿੰਦਰ ਸਿੰਘ ਸਿਰਸਾ ਸਟੇਜ ਸੰਭਾਲਣਗੇ।ਸਾਰੇ ਸੈਸ਼ਨ ਦੀ ਰਿਪੋਰਟ ਡਾ. ਸਰਘੀ ਪੇਸ਼ ਕਰਨਗੇ। ਦੂਸਰੇ ਸੈਸ਼ਨ ਦੀ ਪ੍ਰਧਾਨਗੀ ਡਾ. ਸਤਨਾਮ ਸਿੰਘ ਜੱਸਲ ਕਰਨਗੇ, ਜਿਸ ਵਿੱਚ ਮੁੱਖ ਮਹਿਮਾਨ ਡਾ. ਸੁਖਵਿੰਦਰ ਸਿੰਘ ਜੁਆਇੰਟ ਡਾਇਰੈਕਟਰ ਉਚੇਰੀ ਸਿੱਖਿਆ ਵਿਭਾਗ ਹਰਿਆਣਾ ਹੋਣਗੇ।ਵਿਸ਼ੇਸ਼ ਮਹਿਮਾਨ ਵਜੋਂ ਡਾ. ਦਲਜੀਤ ਸਿੰਘ ਤੇ ਪ੍ਰਿੰ. ਅਰਵੇਲ ਸਿੰਘ ਵਿਰਕ ਆਉਣਗੇ।ਇਸ ਵਿੱਚ ਡਾ. ਕੁਲਦੀਪ ਸਿੰਘ ਤੇ ਡਾ. ਗੁਰਪ੍ਰੀਤ ਕੌਰ ਆਪਣਾ ਪੇਪਰ ਪੜ੍ਹਨਗੇ।ਸਮਾਗਮ ਵਿੱਚ ਪਹੁੰਚੇ ਮਹਿਮਾਨਾਂ ਦਾ ਧੰਨਵਾਦ ਡਾ. ਗੁਰਚਰਨ ਕੌਰ ਕੋਚਰ ਕਰਨਗੇ।ਮੰਚ ਸੰਚਾਲਕ ਵਜੋਂ ਡਾ. ਅਨੀਤਾ ਮੜੀਆ ਸਿਰਸਾ ਸਟੇਜ ਸੰਭਾਲਣਗੇ।ਤੀਸਰੇ ਸੈਸ਼ਨ ਦੀ ਪ੍ਰਧਾਨਗੀ ਸ੍ਰੀ ਸੁਵਰਨ ਸਿੰਘ ਵਿਰਕ ਕਰਨਗੇ, ਜਿਸ ਵਿੱਚ ਮੁੱਖ ਮਹਿਮਾਨ ਪ੍ਰੋ. ਬਲਦੇਵ ਸਿੰਘ ਬੱਲੀ ਸੇਵਾ-ਮੁਕਤ ਡੀ.ਪੀ.ਆਰ.ਓ. ਪੰਜਾਬ ਹੋਣਗੇ।ਵਿਸ਼ੇਸ਼ ਮਹਿਮਾਨ ਵਜੋਂ ਡਾ. ਬੂਟਾ ਸਿੰਘ ਵਿਰਕ ਤੇ ਡਾ. ਕੁਲਦੀਪ ਸਿੰਘ ਦੀਪ ਆਉਣਗੇ।ਇਸ ਵਿੱਚ ਡਾ. ਹਰਮੀਤ ਕੌਰ ਤੇ ਡਾ. ਸੰਦੀਪ ਸਿੰਘ ਮੁੰਡੇ ਆਪਣਾ ਪੇਪਰ ਪੜ੍ਹਨਗੇ।ਸਮਾਗਮ ਵਿੱਚ ਪਹੁੰਚੇ ਮਹਿਮਾਨਾਂ ਦਾ ਧੰਨਵਾਦ ਨਰਿੰਦਰ ਪਾਲ ਕੌਰ ਕਰਨਗੇ।ਮੰਚ ਸੰਚਾਲਕ ਵਜੋਂ ਡਾ. ਸੰਤੋਖ ਸਿੰਘ ਸੁੱਖੀ ਸਿਰਸਾ ਸਟੇਜ ਸੰਭਾਲਣਗੇ।ਚੌਥੇ ਸੈਸ਼ਨ ਦੀ ਪ੍ਰਧਾਨਗੀ ਪ੍ਰੋ. ਸੁਰਜੀਤ ਜੱਜ, ਨਵਤੇਜ ਗੜ੍ਹਦੀਵਾਲਾ ਤੇ ਡਾ. ਹਰੀ ਸਿੰਘ ਜਾਚਕ ਕਰਨਗੇ, ਜਿਸ ਵਿੱਚ ਮੁੱਖ ਮਹਿਮਾਨ ਡਾ. ਨਿਰਮਲ ਸਿੰਘ ਹੋਣਗੇ।ਵਿਸ਼ੇਸ਼ ਮਹਿਮਾਨ ਵਜੋਂ ਸ੍ਰ. ਰਾਜਪਾਲ ਸਿੰਘ ਤੇ ਡਾ. ਗੁਰਪ੍ਰੀਤ ਸਿੰਘ ਸਿੰਧਰਾ ਆਉਣਗੇ।ਸਮਾਗਮ ਵਿੱਚ ਪਹੁੰਚੇ ਮਹਿਮਾਨਾਂ ਦਾ ਧੰਨਵਾਦ ਭੁਪਿੰਦਰ ਪੰਨੀਵਾਲੀਆ ਕਰਨਗੇ।ਮੰਚ ਸੰਚਾਲਕ ਵਜੋਂ ਡਾ. ਸੰਤੋਖ ਸਿੰਘ ਸੁੱਖੀ ਸਿਰਸਾ ਸਟੇਜ ਸੰਭਾਲਣਗੇ।5 ਅਕਤੂਬਰ ਵਾਲੇ ਦਿਨ ਪੰਜਵੇਂ ਸੈਸ਼ਨ ਦੀ ਪ੍ਰਧਾਨਗੀ ਡਾ. ਰਤਨ ਸਿੰਘ ਢਿੱਲੋਂ ਕਰਨਗੇ, ਜਿਸ ਵਿੱਚ ਮੁੱਖ ਡਾ. ਭਾਈ ਗੁਰਵਿੰਦਰ ਸਿੰਘ ਮੁੱਖ ਸੇਵਾਦਾਰ ਭਾਈ ਘਨ੍ਹਈਆ ਮਾਨਵ ਸੇਵਾ ਟਰੱਸਟ ਸਿਰਸਾ ਹੋਣਗੇ।ਵਿਸ਼ੇਸ਼ ਮਹਿਮਾਨ ਵਜੋਂ ਪ੍ਰੋ. ਗੁਰਸਾਹਿਬ ਸਿੰਘ ਤੇ ਡਾ. ਕਰਨੈਲ ਚੰਦ ਆਉਣਗੇ।ਇਸ ਵਿੱਚ ਡਾ. ਬੀਰਬਲ ਸਿੰਘ, ਅਮਨਦੀਪ ਕੌਰ ਤੇ ਡਾ. ਚਰਨਦੀਪ ਸਿੰਘ ਆਪਣਾ ਪੇਪਰ ਪੜ੍ਹਨਗੇ।ਸਮਾਗਮ ਵਿੱਚ ਪਹੁੰਚੇ ਮਹਿਮਾਨਾਂ ਦਾ ਧੰਨਵਾਦ ਜਸਪਾਲ ਸਿੰਘ ਮਾਨਖੇੜਾ ਕਰਨਗੇ।ਮੰਚ ਸੰਚਾਲਕ ਵਜੋਂ ਪ੍ਰੋ. ਗੁਰਦੇਵ ਸਿੰਘ ਦੇਵ ਸਟੇਜ ਸੰਭਾਲਣਗੇ।ਸਾਰੇ ਸੈਸ਼ਨ ਦੀ ਰਿਪੋਰਟ ਸਹਿਜਪ੍ਰੀਤ ਸਿੰਘ ਮਾਂਗਟ ਪੇਸ਼ ਕਰਨਗੇ।ਛੇਵੇਂ ਸੈਸ਼ਨ ਦੀ ਪ੍ਰਧਾਨਗੀ ਡਾ. ਸੁਦਰਸ਼ਨ ਗਾਸੋ ਕਰਨਗੇ, ਜਿਸ ਵਿੱਚ ਮੁੱਖ ਸੁਰਿੰਦਰ ਕੈਲੇ ਹੋਣਗੇ।ਵਿਸ਼ੇਸ਼ ਮਹਿਮਾਨ ਵਜੋਂ ਪ੍ਰਿੰ. ਦਿਲਰਾਜ ਸਿੰਘ ਤੇ ਪ੍ਰੇਮ ਬਜਾਜ ਪ੍ਰਧਾਨ ਆੜ੍ਹਤੀ ਐਸੋਸੀਏਸ਼ਨ ਸਿਰਸਾ ਆਉਣਗੇ।ਸਮਾਗਮ ਵਿੱਚ ਪਹੁੰਚੇ ਮਹਿਮਾਨਾਂ ਦਾ ਧੰਨਵਾਦ ਜਸਵੀਰ ਝੱਜ ਕਰਨਗੇ।ਮੰਚ ਸੰਚਾਲਕ ਵਜੋਂ ਬਹਾਦਰ ਸਿੰਘ ਸਟੇਜ ਸੰਭਾਲਣਗੇ।ਸਾਰੇ ਸੈਸ਼ਨ ਦੀ ਰਿਪੋਰਟ ਦੀਪ ਜਗਦੀਪ ਸਿੰਘ ਪੇਸ਼ ਕਰਨਗੇ।

ਸ਼ਹੀਦ ਭਗਤ ਸਿੰਘ ਦਾ ਜਨਮ ਦਿਨ ਮਨਾਇਆ

ਮੂਣਕ (ਰਾਜਪਾਲ ਸਿੰਗਲਾ)- ਪੰਜਾਬ ਸਟੂਡੈਂਟਸ ਯੂਨੀਅਨ (ਸ਼ਹੀਦ ਰੰਧਾਵਾ) ਵੱਲੋਂ ਯੂਨੀਵਰਸਿਟੀ ਕਾਲਜ ਵਿੱਚ ਸ਼ਹੀਦ ਭਗਤ ਸਿੰਘ ਦੇ 118ਵੇਂ ਜਨਮ ਦਿਨ ਨੂੰ ਸਮਰਪਤ ਵਿਦਿਆਰਥੀ ਇਕੱਤਰਤਾ ਕੀਤੀ ਗਈ, ਜਿਸ ਵਿੱਚ 'ਪੰਜਾਬ 'ਚ ਹੜ੍ਹਾਂ ਨਾਲ ਹੋਈ ਤਬਾਹੀ ਦਾ ਦੋਸ਼ੀ ਕੌਣ?' ਵਿਸ਼ੇ 'ਤੇ ਚਰਚਾ ਕੀਤੀ।ਇਕੱਤਰਤਾ ਚ ਜਥੇਬੰਦੀ ਕਾਰਕੁੰਨ ਪ੍ਰਵੀਨ ਕੱਲਰਭੈਣੀ, ਖੁਸ਼ਪ੍ਰੀਤ ਬਖੋਰਾ, ਅੰਕਿਤਾ ਅਨਦਾਨਾ, ਇਨ੍ਹਾ ਅਨਦਾਨਾ ਤੇ ਲਵੀ ਸ਼ਾਹਪੁਰ ਥੇੜ੍ਹੀ ਨੇ ਇਨਕਲਾਬੀ ਕਵਿਤਾਵਾਂ ਪੇਸ਼ ਕੀਤੀਆਂ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਵਿਦਿਆਰਥੀ ਆਗੂ ਹੁਸ਼ਿਆਰ ਸਿੰਘ ਸਲੇਮਗੜ੍ਹ ਨੇ ਕਿਹਾ ਕਿ ਪੰਜਾਬ 'ਚ ਹੜ੍ਹਾਂ ਨਾਲ ਹੋਈ ਤਬਾਹੀ ਲਈ ਮੌਜੂਦਾ ਕਾਰਪੋਰੇਟ ਪੱਖੀ ਵਿਕਾਸ ਦਾ ਮਾਡਲ ਜ਼ਿੰਮੇਵਾਰ ਹੈ, ਜਿਸ ਨੂੰ ਸਾਡੀਆਂ ਕੇਂਦਰ ਤੇ ਸੂਬਾਈ ਸਰਕਾਰਾਂ ਧੜਾਧੜ ਲਾਗੂ ਕਰ ਰਹੀਆਂ ਹਨ।ਉਨ੍ਹਾਂ ਕਿਹਾ ਕਿ ਭਾਰਤ ਮਾਲਾ ਪ੍ਰੋਜੈਕਟ ਦੇ ਨਾਂਅ 'ਤੇ ਲਗਾਤਾਰ ਦਰੱਖਤਾਂ ਦੀ ਕਟਾਈ ਜਾਰੀ ਹੈ, ਦਰਿਆਵਾਂ ਦੇ ਕੰਢੇ ਅਣਵਿਓਂਤੀ ਮਾਈਨਿੰਗ ਜਾਰੀ ਹੈ, ਡਰੇਨਾਂ, ਨਹਿਰਾਂ, ਰਜਵਾਹਿਆਂ ਆਦਿ 'ਤੇ ਸਰਕਾਰੀ ਸ਼ਹਿ ਪ੍ਰਾਪਤ ਨਜਾਇਜ਼ ਕਬਜ਼ੇ ਕੀਤੇ ਹੋਏ ਹਨ, ਨਜਾਇਜ਼ ਉਸਾਰੀਆਂ ਲਗਾਤਾਰ ਜਾਰੀ ਹਨ।ਇਹ ਸਭ ਸਰਕਾਰ ਸ਼ਹਿ ਕਾਰਨ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਮੌਨਸੂਨ ਆਉਣ ਤੋਂ ਪਹਿਲਾਂ ਸਰਕਾਰ ਨੇ ਡੈਮਾਂ, ਨਹਿਰਾਂ, ਡਰੇਨਾਂ ਆਦਿ ਦੀ ਮੁਰੰਮਤ, ਸਫ਼ਾਈ ਤੇ ਬੰਨ੍ਹਾਂ ਵੱਲ ਕੋਈ ਧਿਆਨ ਨਾ ਦਿੱਤਾ, ਜਿਸ ਕਰਕੇ ਫਸਲਾਂ ਤੇ ਘਰਾਂ ਦੀ ਭਿਆਨਕ ਤਬਾਹੀ ਹੋਈ। ਪ੍ਰੋਫ਼ੈਸਰ ਗੁਰਜੰਟ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦ ਭਗਤ ਸਿੰਘ ਦੀ ਵਿਰਾਸਤ ਤੋਂ ਪ੍ਰੇਰਨਾ ਲੈ ਕੇ ਇਕਜੁਟ ਹੋਣ ਦੀ ਜ਼ਰੂਰਤ ਹੈ। ਵਿਦਿਆਰਥੀ ਆਗੂ ਲਛਮਣ ਬਖਸ਼ੀਵਾਲਾ ਨੇ ਇਕੱਤਰਤਾ 'ਚ ਆਏ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਤੇ ਜਥੇਬੰਦੀ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੱਤੀ ਤੇ ਵਿਦਿਆਰਥੀਆਂ ਨੂੰ ਜਥੇਬੰਦੀ ਦੇ ਮੈਂਬਰ ਬਨਣ ਦਾ ਸੱਦਾ ਦਿੱਤਾ।ਸਟੇਜ ਸਕੱਤਰ ਦੀ ਭੂਮਿਕਾ ਵਿਦਿਆਰਥੀ ਆਗੂ ਸਿਮਰਨ ਮੂਣਕ ਨੇ ਨਿਭਾਈ।

ਸਿਆਸੀ ਪਾਰਟੀਆਂ ਦੇ ਆਗੂਆਂ ਵੱਲੋਂ ਇੰਦਰਜੀਤ ਸਿੰਘ ਸੱਗੂ ਨੂੰ ਨਿੱਘੀਆਂ ਸ਼ਰਧਾਂਜਲੀਆਂ ਭੇਟ

ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ) ਸੀਨੀਅਰ ਪੱਤਰਕਾਰ ਤੇ ਪ੍ਰੈੱਸ ਕਲੱਬ ਦੇ ਪ੍ਰਧਾਨ ਰੁਪਿੰਦਰ ਸਿੰਘ ਸੱਗੂ ਦੇ ਵੱਡੇ ਭਰਾ ਇੰਦਰਜੀਤ ਸਿੰਘ ਸੱਗੂ, ਜਿਨ੍ਹਾਂ ਦਾ ਪਿਛਲੇ ਦਿਨੀਂ ਅਚਾਨਕ ਦਿਹਾਂਤ ਹੋ ਗਿਆ, ਦੀ ਅੰਤਮ ਅਰਦਾਸ ਗੁਰਦੁਆਰਾ ਅਕਾਲਗੜ੍ਹ ਸਾਹਿਬ ਵਿਖੇ ਹੋਈ।ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦੇ ਭੋਗ ਪੈਣ ਉਪਰੰਤ ਰਾਗੀ ਭਾਈ ਅਵਤਾਰ ਸਿੰਘ ਨੇ ਗੁਰਬਾਣੀ ਦਾ ਰੂਹਾਨੀ ਕੀਰਤਨ ਕੀਤਾ।ਇਸ ਮੌਕੇ ਤੇ ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਨੇ ਇੰਦਰਜੀਤ ਸਿੰਘ ਸੱਗੂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ।ਸ਼ਰਧਾਂਜਲੀ ਭੇਟ ਕਰਨ ਵਾਲਿਆਂ 'ਚ ਕੈਬਨਿਟ ਮੰਤਰੀ ਪੰਜਾਬ ਅਮਨ ਅਰੋੜਾ, ਸਾਬਕਾ ਮੰਤਰੀ ਪ੍ਰਮਿੰਦਰ ਸਿੰਘ ਢੀਂਡਸਾ, ਭਾਜਪਾ ਆਗੂ ਮੈਡਮ ਦਾਮਨ ਥਿੰਦ ਬਾਜਵਾ, ਭਾਈ ਗੋਬਿੰਦ ਸਿੰਘ ਲੌਂਗੋਵਾਲ ਸਾਬਕਾ ਮੰਤਰੀ, ਸੁਖਵਿੰਦਰ ਸਿੰਘ ਫੁੱਲ ਇੰਚਾਰਜ ਅਜੀਤ ਦਫ਼ਤਰ ਸੰਗਰੂਰ, ਜਥੇਦਾਰ ਗੁਰਪ੍ਰੀਤ ਸਿੰਘ ਲਖਮੀਰਵਾਲਾ, ਕਾਂਗਰਸੀ ਆਗੂ ਰਜਿੰਦਰ ਦੀਪਾ, ਅਕਾਲੀ ਦਲ ਹਲਕਾ ਇੰਚਾਰਜ ਵਿਨਰਜੀਤ ਸਿੰਘ ਗੋਲਡੀ, ਮੰਡੀ ਬੋਰਡ ਦੇ ਸਾਬਕਾ ਵਾਈਸ ਚੇਅਰਮੈਨ ਰਵਿੰਦਰ ਸਿੰਘ ਚੀਮਾ, ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਪ੍ਰਿਤਪਾਲ ਸਿੰਘ ਹਾਂਡਾ, ਮਹਿੰਦਰ ਸਿੰਘ ਸਿੱਧੂ ਚੇਅਰਮੈਨ ਪੰਜਾਬ, ਨਗਰ ਕੌਂਸਲ ਦੇ ਪ੍ਰਧਾਨ ਨਿਸ਼ਾਨ ਸਿੰਘ ਟੋਨੀ ਆਦਿ ਹਾਜ਼ਰ ਸਨ। ਪਰਵਾਰ ਵੱਲੋਂ ਸੰਗਤਾਂ ਦਾ ਧੰਨਵਾਦ ਅਕਾਲੀ ਆਗੂ ਵਿਨਰਜੀਤ ਸਿੰਘ ਗੋਲਡੀ ਨੇ ਕੀਤਾ ਤੇ ਸਟੇਜ ਦੀ ਕਾਰਵਾਈ ਮਾਸਟਰ ਕੁਲਵਿੰਦਰ ਸਿੰਘ ਮੋਹਲ ਅਤੇ ਮਾਸਟਰ ਗੁਰਸਿਮਰਤ ਸਿੰਘ ਜਖੇਪਲ ਨੇ ਚਲਾਈ।

THIS IS A PUBLIC ANNOUNCEMENT FOR INFORMATION PURPOSES ONLY AND IS NOT A PROSPECTUS ANNOUNCEMENT AND DOES NOT CONSTITUTE AN INVITATION OR OFFER TO ACQUIRE, PURCHASE OR SUBSCRIBE TO SECURITIES.
THIS PUBLIC ANNOUNCEMENT IS NOT INTENDED FOR PUBLICATION OR DISTRIBUTION, DIRECTLY OR INDIRECTLY OUTSIDE INDIA.

(Please Scan this QR Code to view the RHP)

MUNISH

MUNISH FORGE LIMITED

Corporate Identification Number: U28910PB1986PLC006950

Our Company was originally incorporated on July 25, 1986, as a Private Limited Company in the name of "Gaisu Forge Private Limited" under the provision s of the Companies Act, 1956 bearing Registration Number 6950 issued by the Registrar of Companies, Punjab, Himachal Pradesh & Chandigarh. Further, our Company was converted from a Private Limited Company to Public Limited Company along with name change and consequently, the name of our Company was changed from "Gaisu Forge Private Limited" to "Munish Forge Limited" and a Fresh Certificate of Incorporation consequent to Conversion was issued on May 03, 1995 bearing Registration Number 6950 issued by the Registrar of Companies, Punjab, Himachal Pradesh & Chandigarh. Further, our Company was converted from a Public Limited Company to Private Limited Company and consequently, the bearing Registration Number 06950 issued by the Registrar of Companies, Punjab, Himachal Pradesh & Chandigarh. Subsequently, pursuant to a Special Resolution of our Shareholders passed in the Extra-Ordinary General Meeting held on November 12, 2024, our Company was again converted from a Private Limited Company to Public Limited Company and consequently, the name of our Company was changed from "Munish Forge Private Limited" to "Munish Forge Limited" and a Fresh Certificate of Incorporation consequent to Conversion was issued on December 17, 2024, bearing Corporate Identification Number U28910PB1986PLC006950 by the Central Processing Centre. . *For further details of change in name and registered office of our company, please refer to section titled **"Our History and Certain Other Corporate Matters"** beginning on page 217 of the Red Herring Prospectus.*

Registered Office: Village Gobindgarh, Adjoining Phase – VII, Focal point, Ludhiana-141010, Punjab, India. **Email:** cs@munishforge.com; **Website:** www.munishforge.com **Contact No.:** +91-161-5218900
Contact Person: Ms. Sukhdeep Kaur, Company Secretary and Compliance Officer

PROMOTERS OF OUR COMPANY ARE: MR. DAVINDER BHASIN, MR DEV ARJUN BHASIN, MS MINAKSHI BHASIN, MUNISH PROMOTERS AND DEVELOPERS PRIVATE LIMITED AND DEV ARJUNA ENTERPRISES PRIVATE LIMITED

DETAILS OF OFFER TO PUBLIC, PROMOTERS/SELLING SHAREHOLDER

Type	Fresh Issue Size	OFS Size	Total Issue Size
Fresh Issue & Offer for Sale	Upto 63,56,400* Equity Shares of face value of ₹10.00 each amounting up to ₹[•] Lakhs	Upto 13,44,000* Equity Shares of face value of ₹10.00 each amounting up to ₹[•] Lakhs	Upto 77,00,400* Equity Shares of face value of ₹10.00 each amounting up to ₹[•] Lakhs

DETAILS OF THE OFFER FOR SALE, SELLING SHAREHOLDERS AND THEIR AVERAGE COST OF ACQUISITION:

Name	Fresh Issue Size	No. of Shares Offered	Average Cost of Acquisition
Mr. Davinder Bhasin	Promoter Selling Shareholder	Upto 13,44,000 Equity Shares aggregating upto ₹[•] Lakhs	15.04

PRICE BAND: ₹ 91.00 to ₹ 96.00 PER EQUITY SHARE OF FACE VALUE OF ₹ 10.00 EACH
THE FLOOR PRICE IS 9.1 TIMES THE FACE VALUE OF THE EQUITY SHARES AND THE CAP PRICE IS 9.6 TIMES THE FACE VALUE OF THE EQUITY SHARES.
THE PRICE TO EARNING RATIO BASED ON BASIS & DILUTED EPS FOR FY 2024-25 AT THE FLOOR PRICE IS 10.46 TIMES AND AT THE CAP PRICE IS 11.03 TIMES.
BIDS CAN BE MADE FOR A MINIMUM OF A LOT SIZE OF 1200 EQUITY SHARES AND IN MULTIPLES OF 1200 EQUITY SHARES THEREAFTER.

ISSUE PROGRAME	
	ANCHOR BID OPENS ON: MONDAY, SEPTEMBER 29, 2025
	ISSUE OPENS ON: TUESDAY, SEPTEMBER 30, 2025
	ISSUE CLOSES ON: FRIDAY, OCTOBER 3, 2025

Our company, Munish Forge Limited, envisioned by our founder Mr. Davinder Bhasin is a manufacturer in the forging and casting industry, specializing in manufacturing premium forged and cast components. With the vision, we have established ourselves as a trusted name in producing forged components that cater to a wide range of industries. We have continuously evolved, combining innovation with a commitment to excellence, ensuring that we deliver engineered solutions that meet the ever-growing demands of our customers across the globe. We manufacture components like Flange, Scaffolding, Auto parts, Tank tracks chains, Bomb shells, Fence post and steel accessories as per customer specifications and International Standard catering to the requirements of Indian Army and various industries such as Defence, Oil and Gas, Automobile, Construction and Infrastructure.

"THE ISSUE IS BEING MADE THROUGH BOOK BUILDING PROCESS, IN ACCORDANCE WITH CHAPTER IX OF THE SEBI ICDR REGULATIONS (IPO OF SMALL AND MEDIUM ENTERPRISES) AS AMENDED FROM TIME TO TIME (SEBI) ICDR AND THE EQUITY SHARES ARE PROPOSED TO BE LISTED ON EMERGE PLATFORM OF NSE. THE DESIGNATED STOCK EXCHANGE SHALL BE NSE."

ALLOCATION OF THE ISSUE

QIB PORTION	NOT MORE THAN 50.00% OF THE NET ISSUE
INDIVIDUAL INVESTOR PORTION	NOT LESS THAN 35.00% OF THE NET ISSUE
NON-INSTITUTIONAL PORTION	NOT LESS THAN 15.00% OF THE NET ISSUE
MARKET MAKER PORTION	UPTO 3,85,200 EQUITY SHARES OR 5.00% OF THE ISSUE

IN MAKING AN INVESTMENT DECISION, POTENTIAL INVESTORS MUST ONLY RELY ON THE INFORMATION INCLUDED IN THE RED HERRING PROSPECTUS AND THE TERMS OF THE ISSUE, INCLUDING THE RISKS INVOLVED AND NOT RELY ON ANY OTHER EXTERNAL SOURCES OF INFORMATION ABOUT THE OFFER AVAILABLE IN ANY MANNER

The price band is justified based on the qualitative factors, quantitative factors and KPIs disclosed in the chapter title *"Basis for Offer Price"* beginning on page 120 of the Red Herring Prospectus

RISKS TO INVESTORS

1. Risk to Investors: Summary description of key risk factors based on materiality:

a. Any downgrading of India's sovereign rating by as independent agency may harm our ability to raise financing
b. Our existing international operations and our plans to expand into additional overseas markets are subject to various business, economic, political, regulatory and legal risks.
c. The Company is dependent on few numbers of customers for sales. The loss of any of these large customers may affect our revenues and profitability.
d. There are certain discrepancies / errors noticed in some of our corporate records relating to forms filed with the Registrar of Companies and other provisions of Companies Act, 2013. Any penalty or action taken by any regulatory authorities in future for non-compliance with provisions of corporate and other law could impact the financial position of the Company to that extent.
e. Our Promoter and Directors play a key role in our functioning, and we heavily rely on their knowledge and experience in operating our business and therefore, it is critical for our business that our Promoter and Directors remain associated with us.

2. Comparison with Listed Industry Peer:

Particulars	CMP*	EPS (₹)	PE Ratio	RONW (%)	NAV (₹)	Face Value (₹)	Revenue from Operations (₹ in Lakh)
Munish Forge Limited	[•]	8.70	[•]	26.50	40.99	10.00	17,544.60
Peer Group **							
Ramkrishna Forgings Limited	563.80	22.22	34.80	13.35	166.28	2	3,63,429.92
Happy Forgings Limited	973.85	28.40	27.70	14.47	196.27	2	1,40,889.47

** CMP for our Company is considered as Issue Price*
*** Source: www.nseindia.com*
Notes:
1. The figures of Munish Forge Limited are based on financial statements as restated as on March 31, 2025.
2. Considering the nature and size of business of the Company, the peers are not strictly comparable. However, the same have been included for broad comparison.
3. Current Market Price (CMP) is the closing price of peer group scripts as on September 23, 2025
4. The figures for the peer group are based on the standalone audited financials for the year ended March 31, 2025.
5. PE Ratio of peer company is calculated as CMP as on March 31, 2024 divided by EPS as on March 31, 2025.

3. Weighted average return on net worth for the last 3 FYs, and return on net worth for period ended March 31, 2025:
As per Restated Financial Statements

Period	RONW (%)	Weight
March 31, 2023	5.78	1
March 31, 2024	11.48	2
March 31, 2025	26.50	3
Weighted Average	**18.04**	

Note: The RONW has been computed by dividing net profit after tax (as restated), by Net worth (as restated) as at the end of the year.

4. Disclosures as per clause (9)(K)(4) of Part A to Schedule VI:

a) Primary Acquisition:
There has been no issuance of Equity Shares, other than Equity Shares issued pursuant to a bonus issue and private placement (preferential allotment) allotted on September 5, 2024 and March 15, 2025 respectively during the 18 months preceding the date of this Red Herring Prospectus, where such issuance is equal to or more than 5% of the fully diluted paid-up share capital of the Company (calculated based on the pre-offer capital before such transaction(s) and excluding employee stock options granted but not vested), in a single transaction or multiple transactions combined together over a span of 30 days.

Date of Allotment	No. of equity shares	Face Value (₹)	Price per equity shares	Nature of allotment	Nature of consideration (in ₹ lakhs)	Total Consideration (₹ In Lakhs)
March 15, 2025	13,32,000	10	89.00	Preferential allotment	Other than Cash	1,158.48
					Weighted average cost of acquisition	**89.00**

b)Secondary Acquisition:
There have been no secondary sale/acquisitions of Equity Shares, where the promoters, members of the promoter group or shareholder(s) having the right to nominate director(s) in the board of directors of the Company are a party to the transaction (excluding gifts), during the 18 months preceding the date of this certificate, where either acquisition or sale is equal to or more than 5% of the fully diluted paid up share capital of the Company (calculated based on the pre-offer capital before such transaction/s and excluding employee stock options granted but not vested), in a single transaction or multiple transactions combined together over a span of rolling 30 days.

c)Last five Primary or Secondary Transactions:
Since there are no transactions to report to under (a) & (b) therefore, information based on last 5 primary or secondary transactions (secondary transactions where Promoter/ Promoter Group entities or Selling shareholder or shareholder(s) having the right to nominate director(s) in the Board of our Company, are a party to the transaction) not older than 3 (three) years prior to the date of this Red Herring Prospectus irrespective of the size of transactions is as follow:

d)Weighted average cost of acquisition, floor price and cap price:

Types of transactions	Weighted average cost of acquisition (₹ per Equity Shares)	Floor price* (i.e. ₹ 91.00)	Cap price* (i.e. ₹ 96.00)
Weighted average cost of acquisition of primary issuance as per paragraph (a) above	89.00	1.02 times	1.08 times
Weighted average cost of acquisition for secondary transaction as per paragraph (b) above	NIL	NA	NA
Weighted average cost of acquisition for last five primary or secondary transaction as per paragraph (c) above	NA	NA	NA

** There were no primary / new issue of equity shares other than Equity Shares issued pursuant to a shares allotted in respect to Bonus issue and Private Placement (Preferential allotment) made on September 5, 2024 and March 15, 2024, in last 18 months and three years prior to the date of this Red Herring Prospectus*

ADDITIONAL INFORMATION FOR INVESTORS:

1.Details of proposed /undertaken pre-issue placements from the DRHP filing date - Our Company has not undertaken any Pre-IPO Placements from the DRHP filing date.
2.Transaction of shares aggregating up to 1% or more of the paid-up equity share capital of the company by promoter(s) and promoter group(s) from the DRHP filing date - Our promoter(s) and promoter group(s) have not undertaken any transaction of shares aggregating up to 1% or more of the paid-up equity share capital of the company from the DRHP filing date.
3.Pre Issue Shareholding of Promoter / Promoter Group and Additional Top 10 Shareholders of the Company:

Sr. No.	Pre-Issue shareholding as at the date of Advertisement (1)			Post-Issue shareholding as at Allotment (3)			
				At the lower end of the price band (₹ 91.00)		At the upper end of the price band (₹ 96.00)	
	Shareholders	Number of Equity Shares (2)	Share Holding (in %)	Number of Equity Shares	Share Holding (in %)	Number of Equity Shares	Share Holding (in %)
Promoters							
1.	Mr. Davinder Bhasin	1,23,85,330	69.92	[•]	[•]	[•]	[•]
2.	Ms. Minakshi Bhasin	10,61,225	5.99	[•]	[•]	[•]	[•]
3.	Mr. Dev Arjun Bhasin	9,52,000	5.37	[•]	[•]	[•]	[•]
4.	M/s. Munish Promoters and Developers Private Limited	13,32,000	7.52	[•]	[•]	[•]	[•]
5.	M/s Dev Arjuna Enterprises Private Limited	19,83,305	11.20	[•]	[•]	[•]	[•]
Promoter Group							
6.	Mr. Vishesh Mehra	1	Negligible	[•]	[•]	[•]	[•]
Additional shareholders							
7.	Mr. Vishal Anand	1	Negligible	[•]	[•]	[•]	[•]
8.	Ms. Seema Mehra	1	Negligible	[•]	[•]	[•]	[•]

Notes:
1)The Promoter Group Shareholder are Mr. Vishesh Mehra;
2)Includes all options that have been exercised until date of prospectus and any transfers of equity shares by existing shareholders after the date of the pre-issue and price band advertisement until date of prospectus.
3)Based on the Issue price of ₹ [•] and subject to finalization of the basis of allotment.

BASIS OF OFFER PRICE

The ***"Basis for Offer Price"*** on page 120 of the offer document has been updated with the above price band. You may scan the QR code given on the first page of this Advertisement for the chapter titled ***"Basis for Offer Price"*** on page 120 of the Red Herring Prospectus.

INDICATIVE TIMELINES FOR THE ISSUE

Sequence of Activities	Listing within T+3 days (T is Issue Closing Date)
Application Submission by Investors	Electronic Applications (Online ASBA through 3-in-1 accounts) – **Upto 5 pm on T Day.** Electronic Applications (Bank ASBA through Online channels like Internet Banking, Mobile Banking and Syndicate UPI ASBA etc.) – **Upto 4 pm on T Day.** Electronic Applications (Syndicate Non-Individual, Non-Individual Applications) – **Upto 3 pm on T Day.** Physical Applications (Bank ASBA) – **Upto 1 pm on T Day.** Physical Applications (Syndicate Non-Individual, Non- Individual Applications of QIBs and NIIs) – **Upto 12 pm on T Day** and Syndicate members shall transfer such applications to banks **before 1 pm on T Day**
Bid Modification	From Issue opening date up to **5 pm on T Day**
Validation of bid details with depositories	From Issue opening date up to **5 pm on T Day**
Reconciliation of UPI mandate transactions (Based on the guidelines issued by NPCI from time to time): Among Stock Exchanges – Sponsor Banks – NPCI and NPCI – PSPs/TPAPs** – Issuer Banks; Reporting formats of bid information, UPI analysis report and compliance timelines.	On Daily basis Merchant Bankers to submit to SEBI, sought as and when.
UPI Mandate acceptance time	Upto **5 pm T Day**
Issue Closure	**T day- 4 pm** for all categories, i.e. QIB, NII, Individual Investors and other reserved categories.
Third party check on UPI applications	On a daily basis and to be completed before **9:30 AM on T+1 day.**
Third party check on Non-UPI applications	On a daily basis and to be completed before **1 pm on T+1 day.**
Submission of final certificates: **-For UPI from Sponsor Bank** **-For Bank ASBA, from all SCSBs** **-For syndicate ASBA**	 UPI ASBA – **Before 9:30 pm on T Day.** All SCSBs for Direct ASBA – **Before 07:30 pm on T Day** Syndicate ASBA - **Before 1 pm on T Day**
Finalization of rejections and completion of basis	Before **6 pm on T+1 day.**
Approval of basis by Stock Exchange	Before **9 pm on T+1 day.**
Issuance of fund transfer instructions in separate files for debit and unblock. For Bank ASBA and Online ASBA – To all SCSBs For UPI ASBA – To Sponsor Bank	Initiation not later than **9:30 am on T+2 day.** Completion before **2 pm on T+2 day** for fund transfer; Completion before **4 pm on T+2 day** for unblocking.
Corporate action execution for credit of shares	Initiation before **2 pm on T+2 day** Completion before **6 pm on T+2 day**
Filing of listing application with Stock Exchanges and issuance of trading notice	Before **7:30 pm on T+2 day**
Publish allotment advertisement	On website of Issuer, Merchant Banker and RTI - Before **9 pm on T+2 day.** In newspapers – On T+3 day but not later than **T+4 day**
Trading starts	**T+3 day**

*Pursuant to NSE circular no. 07/2025 dated June 18, 2025, bidding for all categories shall close at 4:00 PM & UPI mandate end time and date shall be at 5: 00pm ISTon bid/offer closing date i.e., Friday October 3, 2025.

CONTENTS OF THE MEMORANDUM OF ASSOCIATION OF THE COMPANY AS REGARDS ITS OBJECTS: For information on the main objects of the company, please see the section ***"History and Certain Corporate Matters"*** on page 217 of the Red Herring Prospectus. The Memorandum of Association of the company is a material document for inspection in relation to the issue. For further details, please see the section titled ***"Material Contracts and Documents for Inspection"*** on page 398 of the Red Herring Prospectus.

LIABILITY OF THE MEMBERS OF THE COMPANY: The Liability of the members of the company is limited by shares.

AMOUNT OF SHARE CAPITAL OF THE COMPANY AND CAPITAL STRUCTURE: The authorized share capital of the Company is ₹ 25,00,00,000, divided into 2,50,00,000 Equity Shares of ₹ 10/ each. The issued, subscribed and paid-up share capital of the Company before the Issue is ₹ 1,77,13,8630 divided into 17,71,38,63 Equity Shares of ₹ 10/ each. For details of the Capital Structure, see ***"Capital Structure"*** on the page 84 of the Red Herring Prospectus.

NAMES OF SIGNATORIES TO THE MEMORANDUM OF ASSOCIATION OF THE COMPANY AND THE NUMBER OF EQUITY SHARES SUBSCRIBED BY THEM:

ORIGINAL SIGNATORIES			CURRENT PROMOTERS		
Name of Promoters	Face Value (₹)	No. of Shares	Name of Promoters	Face Value (₹)	No. of Shares
Mr. Davinder Bhasin	100.00	1	Mr. Davinder Bhasin	10.00	1,23,85,330
Ms. Minakshi Bhasin	100.00	1	Munish Promoters and Developers Private Limited	10.00	19,83,305
			Dev Arjuna Enterprises Private Limited	10.00	13,32,000
			Ms. Minakshi Bhasin	10.00	10,61,225
			Mr. Dev Arjun Bhasin	10.00	9,52,000

LISTING: The Equity Shares issued through the Red Herring Prospectus are proposed to be listed on the Emerge Platform of NSE ("NSE SME"). Our Company has received an "In-principle" approval from the NSE for the listing of the Equity Shares pursuant to letter dated August 22, 2025. For the purposes of the Issue, the Designated Stock Exchange shall be NSE. A signed copy of the Red Herring Prospectus has been submitted for registration to the ROC on September 24, 2025 and Prospectus shall be filed with the RoC in accordance with Section 26(4) of the Companies Act, 2013.

DISCLAIMER CLAUSE OF SECURITIES AND EXCHANGE BOARD OF INDIA ("SEBI"): "SEBI only gives its observations on the draft offer document, and this does not constitute approval of either the issue or the specified securities stated in the offer document.

DISCLAIMER CLAUSE OF NSE (THE DESIGNATED STOCK EXCHANGE): It is to be distinctly understood that the permission given by NSE should not in any way be deemed or construed that the Offer Document has been cleared or approved by BSE, nor does it certify the correctness or completeness of any of the contents of the Offer Document. The investors are advised to refer to the Offer Document for the full text of the ***"Disclaimer Clause of NSE"*** beginning on page 316 of the Red Herring Prospectus.

GENERAL RISKS: Investments in equity and equity-related securities involve a degree of risk and investors should not invest any funds in this Issue unless they can afford to take the risk of losing their investment. Investors are advised to read the risk factors carefully before taking an investment decision in this offering. For taking an investment decision, investors must rely on their own examination of our Company and the Issue, including the risks involved. The Equity Shares offered in the Issue have neither been recommended nor approved by Securities and Exchange Board of India nor does Securities and Exchange Board of India guarantee the accuracy or adequacy of this Red Herring Prospectus. Specific attention of the investors is invited to the section titled ***"Risk Factors"*** on page 36 of this Red Herring Prospectus.

Continue on Next Page...

ਡਿਪਟੀ ਮੇਅਰ ਦੇ ਸਟੇਟ ਸੈਕਟਰੀ ਬਣਨ 'ਤੇ ਮੇਅਰ ਗੋਗੀਆ ਵੱਲੋਂ ਸਨਮਾਨ

ਪਟਿਆਲਾ (ਰਜਿੰਦਰ ਸਿੰਘ ਥਿੰਦ)- ਪਟਿਆਲਾ ਨਗਰ ਨਿਗਮ ਦੇ ਡਿਪਟੀ ਮੇਅਰ ਜਗਦੀਪ ਸਿੰਘ ਜੱਗਾ ਨੂੰ ਸੰਗਠਨ ਵੱਲੋਂ ਸਟੇਟ ਸੈਕਟਰੀ ਬਣਾਏ ਜਾਣ 'ਤੇ ਸ਼ਹਿਰ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਇਸ ਮੌਕੇ ਮੇਅਰ ਕੁੰਦਨ ਗੋਗੀਆ ਵੱਲੋਂ ਵਿਸ਼ੇਸ਼ ਤੌਰ 'ਤੇ ਡਿਪਟੀ ਮੇਅਰ ਜੱਗਾ ਦਾ ਸਨਮਾਨ ਕੀਤਾ ਗਿਆ।ਮੇਅਰ ਗੋਗੀਆ ਨੇ ਜੱਗਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਇਹ ਜ਼ਿੰਮੇਵਾਰੀ ਨਾ ਸਿਰਫ਼ ਮਾਣ ਵਾਲੀ ਗੱਲ ਹੈ, ਸਗੋਂ ਇਹ ਪਟਿਆਲਾ ਲਈ ਵੀ ਸਨਮਾਨ ਦੀ ਗੱਲ ਹੈ। ਡਿਪਟੀ ਮੇਅਰ ਜਗਦੀਪ ਸਿੰਘ ਜੱਗਾ ਨੇ ਮੇਅਰ ਗੋਗੀਆ ਵੱਲੋਂ ਮਿਲੇ ਸਨਮਾਨ ਲਈ ਧੰਨਵਾਦ ਕਰਦਿਆਂ ਕਿਹਾ ਕਿ ਸਟੇਟ ਸੈਕਟਰੀ ਬਣਨਾ ਉਨ੍ਹਾਂ ਲਈ ਮਾਣ ਦੇ ਨਾਲ ਜ਼ਿੰਮੇਵਾਰੀ ਵੀ ਹੈ।ਉਨ੍ਹਾਂ ਕਿਹਾ, 'ਮੇਰੇ ਲਈ ਪਾਰਟੀ ਤੇ ਲੋਕ ਸੇਵਾ ਸਭ ਤੋਂ ਉੱਪਰ ਹੈ।' ਮੇਅਰ ਗੋਗੀਆ ਜੀ ਦੇ ਮਾਰਗਦਰਸ਼ਨ ਹੇਠ ਪੂਰੀ ਜ਼ਿੰਮੇਵਾਰੀ ਨਾਲ ਸੰਗਠਨ ਦੇ ਹਰ ਫ਼ੈਸਲੇ ਨੂੰ ਲਾਗੂ ਕਰਨ ਲਈ ਕੰਮ ਕਰਾਂਗਾ।ਇਸ ਮੌਕੇ ਕਈ ਕੌਂਸਲਰ ਅਤੇ ਪਾਰਟੀ ਦੇ ਅਹੁਦੇਦਾਰ ਵੀ ਮੌਜੂਦ ਸਨ, ਜਿਨ੍ਹਾਂ ਨੇ ਜੱਗਾ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਉਨ੍ਹਾਂ ਦੇ ਸਟੇਟ ਪੱਧਰ 'ਤੇ ਪਹੁੰਚਣ ਨਾਲ ਪਟਿਆਲਾ ਦੀ ਆਵਾਜ਼ ਹੋਰ ਉੱਚੀ ਤੇ ਮਜ਼ਬੂਤੀ ਨਾਲ ਗੂੰਜੇਗੀ। ਮੇਅਰ ਤੇ ਡਿਪਟੀ ਮੇਅਰ ਦੀ ਇਹ ਮੁਲਾਕਾਤ ਖ਼ੁਸ਼ਨੁਮਾ ਮਾਹੌਲ ਵਿੱਚ ਹੋਈ, ਜਿੱਥੇ ਦੋਵਾਂ ਨੇ ਸ਼ਹਿਰ ਦੇ ਵਿਕਾਸ ਤੇ ਲੋਕ ਭਲਾਈ ਸਬੰਧੀ ਮਸਲਿਆਂ 'ਤੇ ਵੀ ਵਿਚਾਰ-ਚਰਚਾ ਕੀਤੀ।

ਪ੍ਰਧਾਨ ਮੰਤਰੀ ਨੇ ਜੀ ਐੱਸ ਟੀ ਦਰਾਂ ਘਟਾ ਕੇ ਦਿੱਤੀ ਵੱਡੀ ਰਾਹਤ : ਜੀਵਨ ਗੁਪਤਾ

ਮੋਗਾ (ਇਕਬਾਲ ਸਿੰਘ ਖਹਿਰਾ)- ਮੋਗਾ ਦੇ ਭਾਜਪਾ ਦਫ਼ਤਰ ਵਿਖੇ ਜ਼ਿਲ੍ਹੇ ਦੇ ਵਪਾਰੀਆਂ ਤੇ ਉਦਯੋਗਪਤੀਆਂ ਨਾਲ ਭਾਜਪਾ ਦੇ ਸੂਬਾ ਉਪ ਪ੍ਰਧਾਨ ਜੀਵਨ ਗੁਪਤਾ ਵੱਲੋਂ ਮੀਟਿੰਗ ਕਰਕੇ ਉਨ੍ਹਾਂ ਦੇ ਸੁਝਾਅ ਲਏ ਗਏ ਅਤੇ ਜਲਦ ਹੀ ਉਨ੍ਹਾਂ 'ਤੇ ਅਮਲ ਕਰਨ ਦਾ ਭਰੋਸਾ ਦਿਵਾਇਆ। ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ, ਸੀਨੀਅਰ ਭਾਜਪਾ ਆਗੂ ਨਿਧੜਕ ਸਿੰਘ ਬਰਾੜ, ਭਾਜਪਾ ਆਗੂ ਅਨਿਲ ਬਾਂਸਲ, ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਵਿਨੇ ਸ਼ਰਮਾ, ਵਪਾਰਕ ਆਗੂ ਦੇਵ ਪ੍ਰਿਆ ਤਿਆਗੀ, ਜਨਰਲ ਸਕੱਤਰ ਮੁਖਤਿਆਰ ਸਿੰਘ, ਵਰੁਣ ਭੱਲਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਭਾਜਪਾ ਦੇ ਆਗੂ ਤੇ ਵਰਕਰ ਹਾਜ਼ਰ ਸਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜੀਵਨ ਗੁਪਤਾ ਨੇ ਕਿਹਾ ਕਿ ਜੋ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਜੀਐੱਸਟੀ ਵਿੱਚ ਕਟੌਤੀ ਕੀਤੀ ਗਈ ਹੈ, ਉਹ 'ਕੱਲੇ ਇੱਕ ਵਰਗ ਨਹੀਂ ਸਗੋਂ ਸਮੁੱਚੇ ਦੇਸ਼ ਵਾਸੀਆਂ ਲਈ ਲਾਹੇਵੰਦ ਹੋਵੇਗੀ।ਇਸ ਕਟੌਤੀ ਦਾ ਫਾਇਦਾ ਜਿੱਥੇ ਕਿਸਾਨਾਂ ਤੇ ਮੱਧ ਵਰਗ ਪਰਿਵਾਰਾਂ ਨੂੰ ਪਹੁੰਚੇਗਾ, ਉੱਥੇ ਹੀ ਦੁਕਾਨਦਾਰਾਂ ਤੇ ਉਦਯੋਗਪਤੀਆਂ ਨੂੰ ਵੀ ਹੋਵੇਗਾ।ਉਨ੍ਹਾਂ ਕਿਹਾ ਕਿ ਜਿਹੜੀ ਜੀ.ਐੱਸ.ਟੀ 28% ਸੀ ਉਸ ਨੂੰ ਘਟਾ ਕੇ 18% ਅਤੇ ਜਿਹੜੀ ਜੀ.ਐੱਸ.ਟੀ 12% ਸੀ ਉਸ ਨੂੰ ਘਟਾ ਕੇ 5% ਕਰਨ ਦੇ ਲਏ ਗਏ ਅਹਿਮ ਫੈਸਲੇ ਅਤੇ ਕਈ ਵਸਤਾਂ ਨੂੰ ਜੀ.ਐੱਸ.ਟੀ. ਮੁਕਤ ਵੀ ਕੀਤਾ ਗਿਆ ਹੈ।ਕੁਝ ਦਿਨਾਂ ਵਿੱਚ ਇਸ ਦਾ ਅਮਲ ਪੂਰੇ ਦੇਸ਼ ਵਿੱਚ ਲਾਗੂ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਸਿੱਧੇ ਤੇ ਸਖ਼ਤ ਸੰਕੇਤ ਦਿੱਤੇ ਗਏ ਕਿ ਜੋ ਉਦਯੋਗਪਤੀ ਜਾਂ ਦੁਕਾਨਦਾਰ ਜੀ.ਐੱਸ.ਟੀ. ਦੀ ਕਟੌਤੀ ਦਾ ਲਾਭ ਐੱਮ ਆਰ ਪੀ ਵਾਧਾ ਕਰਕੇ ਆਮ ਲੋਕਾਂ ਨੂੰ ਨਹੀਂ ਦਿੰਦੇ, ਉਨ੍ਹਾਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ।

ਬਾਕਸ ਕ੍ਰਿਕਟ ਮੈਦਾਨ ਦਾ ਕੀਤਾ ਉਦਘਾਟਨ

ਲੁਧਿਆਣਾ (ਰਾਜ ਸਿੰਗਲਾ) ਨੌਜਵਾਨਾਂ ਵਿੱਚ ਖੇਡ ਸੱਭਿਆਚਾਰ ਵਿਕਸਤ ਕਰਨ ਦੇ ਉਦੇਸ਼ ਨਾਲ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਨੇ ਬੁੱਧਵਾਰ ਨੂੰ ਲੁਧਿਆਣਾ ਕੇਂਦਰੀ ਹਲਕੇ ਵਿੱਚ ਆਪਣੀ ਕਿਸਮ ਦੇ ਪਹਿਲੇ ਬਾਕਸ ਕ੍ਰਿਕਟ ਮੈਦਾਨ ਦਾ ਉਦਘਾਟਨ ਕੀਤਾ। ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ, ਸੀਨੀਅਰ ਡਿਪਟੀ ਮੇਅਰ ਰਾਕੇਸ਼ ਪਰਾਸ਼ਰ, ਕੌਂਸਲਰ ਸੁਰਿੰਦਰ ਕੌਰ ਮੰਨਾ, ਕੌਂਸਲਰ ਸਿਮਰਨ ਰਾਜੂ ਬਾਬਾ, ਕੌਂਸਲਰ ਪ੍ਰਦੀਪ ਗੋਗੀ, ਕੌਂਸਲਰ ਨਿੱਕੂ ਭਾਰਤੀ ਸਮੇਤ ਹੋਰ ਆਗੂ/ਵਾਰਡ ਇੰਚਾਰਜ ਤੇ ਇਲਾਕੇ ਦੇ ਵਸਨੀਕ ਵੀ ਉਦਘਾਟਨ ਸਮਾਰੋਹ ਦੌਰਾਨ ਮੌਜੂਦ ਸਨ। ਇਹ ਬਾਕਸ ਕ੍ਰਿਕਟ ਗਰਾਊਂਡ ਵਾਰਡ ਨੰਬਰ 81 ਦੇ ਰਣਜੀਤ ਪਾਰਕ ਇਲਾਕੇ ਨਗਰ ਨਿਗਮ ਜ਼ੋਨ ਬੀ ਦਫ਼ਤਰ ਦੇ ਨਾਲ ਵਿੱਚ ਸਥਾਪਤ ਕੀਤਾ ਗਿਆ ਹੈ।ਇਹ ਲਗਭਗ 26 ਲੱਖ ਰੁਪਏ ਦੀ ਲਾਗਤ ਨਾਲ ਸਥਾਪਤ ਕੀਤਾ ਗਿਆ ਹੈ ਤੇ ਨੌਜਵਾਨਾਂ ਦੇ ਖੇਡਣ ਲਈ ਬੈਟ/ਵਿਕਟ ਆਦਿ ਸਮੇਤ ਖੇਡ ਕਿੱਟਾਂ ਵੀ ਪ੍ਰਦਾਨ ਕੀਤੀਆਂ ਗਈਆਂ ਹਨ। ਵਿਧਾਇਕ ਪਰਾਸ਼ਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕੰਮ ਕਰਦੇ ਹੋਏ। ਵਿਧਾਇਕ ਪਰਾਸ਼ਰ ਨੇ ਅੱਗੇ ਕਿਹਾ ਕਿ ਇਹ ਗਰਾਊਂਡ ਨਿਵਾਸੀਆਂ/ਨੌਜਵਾਨਾਂ ਨੂੰ ਖੇਡਣ ਲਈ ਇੱਕ ਸੁਰੱਖਿਅਤ ਵਾਤਾਵਰਣ ਪ੍ਰਦਾਨ ਕਰਦਾ ਹੈ। ਗਰਾਊਂਡ ਦੇ ਆਲੇ-ਦੁਆਲੇ ਲਾਏ ਗਏ ਜਾਲਾਂ ਤੋਂ ਇਲਾਵਾ, ਢੁੱਕਵੇਂ ਰੋਸ਼ਨੀ ਦੇ ਪ੍ਰਬੰਧ ਵੀ ਕੀਤੇ ਗਏ ਹਨ।

ਵੱਖ-ਵੱਖ ਮੰਦਰਾਂ 'ਚ ਦੁਰਗਾ ਉਤਸਵ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ

ਬਲਾਚੌਰ (ਜਸਵਿੰਦਰ ਬੈਂਸ)- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਲਾਚੌਰ ਦੇ ਵੱਖ ਵੱਖ ਮੰਦਰਾਂ ਵਿੱਚ ਦੁਰਗਾ ਉਤਸਵ ਬੜੀ ਧੂਮ ਧਾਮ ਨਾਲ ਮਨਾਇਆ ਜਾ ਰਿਹਾ ਹੈ, ਜਿਸ ਵਿੱਚ ਗੜ੍ਹਸ਼ੰਕਰ ਰੋਡ ਸਥਿਤ ਸ੍ਰੀ ਮਹਾਦੇਵ ਬ੍ਰਹਮਚਾਰੀ ਮੰਦਰ ਤੇ ਸ੍ਰੀ ਸੀਤਾ ਰਾਮ ਮੰਦਰ ਵਿੱਚ ਦੁਰਗਾ ਉਤਸਵ ਦੀਆਂ ਰੌਣਕਾਂ ਦੇਖੀਆਂ ਜਾ ਰਹੀਆਂ ਹਨ। ਰਾਤ ਵੇਲੇ ਆਰਤੀ ਕਰਨ ਉਪਰੰਤ ਬੱਚਿਆਂ ਵੱਲੋਂ ਸੁੰਦਰ ਸੁੰਦਰ ਝਾਕੀਆਂ ਕੱਢੀਆਂ ਜਾ ਰਹੀਆਂ ਹਨ। ਸ਼ਹਿਰ ਵਾਸੀ ਮਾਤਾ ਰਾਣੀ ਦਾ ਆਸ਼ੀਰਵਾਦ ਪ੍ਰਾਪਤ ਕਰ ਰਹੇ ਹਨ। ਸਵੇਰੇ ਅਤੇ ਸ਼ਾਮ ਨੂੰ ਆਰਤੀ ਕੀਤੀ ਜਾ ਰਹੀ ਹੈ, ਸ਼ਾਮ ਨੂੰ ਆਰਤੀ ਉਪਰੰਤ ਬੱਚਿਆਂ ਵੱਲੋਂ ਸੁੰਦਰ ਸੁੰਦਰ ਝਾਕੀਆਂ ਕੱਢੀਆਂ ਜਾ ਰਹੀਆਂ ਹਨ। ਸ੍ਰੀ ਸੀਤਾ ਰਾਮ ਮੰਦਰ ਵਿੱਚ ਦੁਰਗਾ ਮਾਤਾ ਜੀ ਦੀ ਵੱਖ ਵੱਖ ਮੂਰਤੀਆਂ ਸਥਾਪਿਤ ਕੀਤੀਆਂ ਗਈਆਂ ਹਨ, ਜਿਨ੍ਹਾਂ ਦਾ ਦੁਸਹਿਰੇ ਵਾਲੇ ਦਿਨ ਸਤਲੁਜ ਦਰਿਆ ਵਿੱਚ ਵਿਸਰਜਨ ਕੀਤਾ ਜਾਵੇਗਾ।



ਬੱਚਿਆਂ ਤੇ ਔਰਤਾਂ ਨਾਲ ਸਬੰਧਤ ਸੇਵਾਵਾਂ ਬਾਰੇ ਜਾਗਰੂਕਤਾ ਕੈਂਪ

ਮਾਨਸਾ (ਆਤਮਾ ਸਿੰਘ ਪਮਾਰ) ਡਿਪਟੀ ਕਮਿਸ਼ਨਰ ਸ੍ਰੀਮਤੀ ਨਵਜੋਤ ਕੌਰ, ਆਈ.ਏ.ਐੱਸ. ਦੇ ਦਿਸ਼ਾ-ਨਿਰਦੇਸ਼ਾਂ ਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਖੁਸ਼ਵੀਰ ਕੌਰ ਦੀ ਯੋਗ ਅਗਵਾਈ ਹੇਠ ਸ਼ਪੈਸ਼ਲ ਅਵੇਅਰਨੈੱਸ ਕੈਂਪ ਅੰਡਰ ਸੰਕਲਪ ਸੀਨੀਅਰ ਸੈਕੰਡਰੀ ਸਮਾਰਟ ਕੰਨਿਆ, ਸਕੂਲ ਬੁਢਲਾਡਾ ਵਿਖੇ ਲਾਇਆ ਗਿਆ, ਜਿੱਥੇ ਬੱਚਿਆਂ ਤੇ ਔਰਤਾਂ ਨਾਲ ਸਬੰਧਤ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਜ਼ਿਲ੍ਹਾ ਪ੍ਰੋਗਰਾਮ ਦਫ਼ਤਰ ਤੋ ਜ਼ਿਲ੍ਹਾ ਕੋਆਰਡੀਨੇਟਰ ਕੁਲਵਿੰਦਰ ਸਿੰਘ, ਸਰਬਜੀਤ ਕੌਰ (ਵਿਤੀ ਸ਼ਾਖਰਤਾ) ਵੱਲੋਂ ਬੇਟੀ ਬਚਾਓ, ਬੇਟੀ ਪੜ੍ਹਾਓ ਬਾਰੇ ਜਾਗਰੂਕ ਕੀਤਾ ਕੀਤਾ ਗਿਆ।ਬਾਲ ਸੁਰੱਖਿਆ ਯੂਨਿਟ ਤੋਂ ਕਾਊਂਸਲਰ ਰਜਿੰਦਰ ਕੁਮਾਰ ਵਰਮਾ ਵੱਲੋਂ ਬਾਲ ਭੀਖਿਆ, ਬਾਲ ਵਿਆਹ ਤੇ ਸਪਾਂਸਰਸ਼ਿਪ ਸਕੀਮ ਸਬੰਧੀ ਜਾਣਕਾਰੀ ਦਿੱਤੀ।ਵੰਨ ਸਟਾਪ ਸੈਂਟਰ (ਸਖੀ) ਤੋਂ ਮਨਪ੍ਰੀਤ ਕੌਰ ਕੇਸ ਵਰਕਰ ਜਸਪ੍ਰੀਤ ਕੌਰ ਕੌਂਸਲਰ ਵੱਲੋਂ ਵੰਨ ਸਟਾਪ ਸੈਂਟਰ (ਸਖੀ) ਦੀਆਂ ਸੇਵਾਵਾਂ ਸਬੰਧੀ ਜਾਣਕਾਰੀ ਦਿੱਤੀ ਗਈ, ਜਿਸ ਵਿੱਚ ਇੱਕੋ ਛੱਤ ਥੱਲੇ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਜਿਵੇਂ ਸਾਈਕੋ ਸੋਸ਼ਲ ਕਾਊਂਸਲਿੰਗ, ਮੁਫ਼ਤ ਕਾਨੂੰਨੀ ਸਹਾਇਤਾ, ਪੁਲਸ ਸਹਾਇਤਾ, ਮੈਡੀਕਲ ਸਹਾਇਤਾ, ਅਸਥਾਈ ਸ਼ੈਲਟਰ ਆਦਿ ਬਾਰੇ ਦੱਸਿਆ ਗਿਆ।

ਹਾਈਕਮਾਂਡ ਦੀਆਂ ਹਦਾਇਤਾਂ ਅਨੁਸਾਰ ਬੂਥ ਕਮੇਟੀਆਂ ਦਾ ਗਠਨ ਕੀਤਾ ਜਾ ਰਿਹੈ : ਐਡਵੋਕੇਟ ਖੇੜੀ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)- ਕਾਂਗਰਸ ਪਾਰਟੀ ਹਾਈ ਕਮਾਂਡ ਦੀਆਂ ਹਦਾਇਤਾਂ ਅਨੁਸਾਰ ਪਿੰਡ ਪੱਧਰ 'ਤੇ ਬੂਥ ਕਮੇਟੀਆਂ ਦਾ ਗਠਨ ਕੀਤਾ ਜਾ ਰਿਹਾ ਹੈ।ਇਹ ਪ੍ਰਗਟਾਵਾ ਕਾਂਗਰਸ ਦੇ ਸੀਨੀਅਰ ਆਗੂ ਐਡਵੋਕੇਟ ਜਸਵੀਰ ਸਿੰਘ ਖੇੜੀ ਨੇ ਪਿੰਡ ਚੁਹਾਣਕੇ ਕਲਾਂ ਵਿਖੇ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਦੀ ਅਗਵਾਈ ਹੇਠ ਵਿੱਢੀ ਬੂਥ ਕਮੇਟੀ ਮੁਹਿੰਮ ਤਹਿਤ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ।ਐਡਵੋਕੇਟ ਖੇੜੀ ਨੇ ਦੱਸਿਆ ਕਿ ਕਾਂਗਰਸ ਹਾਈ ਕਮਾਂਡ ਦੇ ਦਿਸ਼ਾ ਨਿਰਦੇਸ਼ ਅਨੁਸਾਰ ਹਰ ਪਿੰਡ ਦੇ ਬੂਥ ਪੱਧਰ ਤੱਕ ਕਮੇਟੀਆਂ ਦਾ ਗਠਨ ਕਰਕੇ ਪਾਰਟੀ ਦੇ ਦਿਸ਼ਾਂ ਨਿਰਦੇਸ਼ ਅਨੁਸਾਰ ਲੋਕਾਂ ਨੂੰ ਆ ਰਹੀਆਂ ਚੋਣਾਂ ਪ੍ਰਤੀ ਲਾਮਬੰਦ ਕੀਤਾ ਜਾ ਰਿਹਾ ਹੈ। ਉਨ੍ਹਾਂ ਸੂਬਾ ਸਰਕਾਰ ਦੀਆਂ ਲੋਕ ਭਰਮਾਊ ਨੀਤੀਆਂ ਦੀ ਕਰੜੀ ਅਲੋਚਨਾ ਕਰਦਿਆਂ ਕਿਹਾ ਹਰ ਮੁਹਾਜ਼ 'ਤੇ ਫੇਲ੍ਹ ਸਾਬਿਤ ਹੋਈ ਰਾਜ ਸਰਕਾਰ ਤੋਂ ਲੋਕਾਂ ਦਾ ਮੋਹ ਭੰਗ ਹੋ ਚੁੱਕਾ ਹੈ।ਹੁਣ ਸੂਬੇ ਦੇ ਲੋਕ ਚੁਟਕਲੇ ਨਹੀਂ ਕੰਮ ਚਾਹੁੰਦੇ ਹਨ।ਆਪ ਦੀ ਸਾਢੇ ਤਿੰਨ ਸਾਲ ਤੋਂ ਉੱਪਰ ਸਮੇਂ ਦੀ ਕਾਰਗੁਜ਼ਾਰੀ ਤੋਂ ਅੱਕੇ ਲੋਕ ਹੁਣ ਕਾਂਗਰਸ ਪਾਰਟੀ ਨੂੰ ਸੂਬੇ ਦੀ ਵਾਗਡੋਰ ਸੌਂਪਣ ਲਈ ਬੇਸਬਰੀ ਨਾਲ ਉਡੀਕ ਰਹੇ ਹਨ।ਉਨ੍ਹਾਂ ਬੀਤੇ ਦਿਨ ਪਿੰਡ ਖੁੱਡੀ ਕਲਾਂ (ਬਰਨਾਲਾ) ਵਿਖੇ ਕਾਂਗਰਸ ਦੇ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਨਾਲ ਸੱਤਾਧਾਰੀ ਧਿਰ ਦੇ ਆਗੂਆਂ ਦੀ ਸ਼ਹਿ ਉੱਪਰ ਪੁਲਸ ਵੱਲੋਂ ਕੀਤੀ ਵਧੀਕੀ ਦੀ ਤਿੱਖੀ ਆਲੋਚਨਾ ਕਰਦਿਆਂ ਕਿਹਾ ਕਿ ਆਪਣੇ ਹੱਕਾਂ ਖਾਤਰ ਆਵਾਜ਼ ਬੁਲੰਦ ਕਰਨ ਵਾਲੇ ਲੋਕਾਂ ਨੂੰ ਡੰਡੇ ਦੇ ਜ਼ੋਰ ਨਾਲ ਦਬਾਉਣ ਦਾ ਆਪ ਸਰਕਾਰ ਭਰਮ ਪਾਲ ਰਹੀ ਹੈ।ਐਡਵੋਕੇਟ ਖੇੜੀ ਨੇ ਸਪੱਸ਼ਟ ਕੀਤਾ ਕਿ ਸਰਕਾਰ ਦੀ ਧੱਕੇਸ਼ਾਹੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਏਗਾ।ਇਸ ਮੌਕੇ ਸਾਬਕਾ ਲਾਲ ਚੰਦ ਚੁਹਾਣਕੇ, ਨਛੱਤਰ ਸਿੰਘ ਧਾਲੀਵਾਲ, ਰਣਧੀਰ ਸਿੰਘ ਧਾਲੀਵਾਲ, ਗੁਰਚਰਨ ਸਿੰਘ, ਚੈਂਚਲ ਸਿੰਘ, ਦਰਸ਼ਨ ਕੁਮਾਰ, ਜਰਨੈਲ ਸਿੰਘ ਧਾਲੀਵਾਲ, ਭੁਪਿੰਦਰ ਸਿੰਘ, ਤਰਨ ਵਰਮਾ ਜਨਰਲ ਸਕੱਤਰ, ਅਵਤਾਰ ਸਿੰਘ ਬਿੱਲੂ, ਮੱਤਾ ਸ਼ੇਰਪੁਰ ਕਬੱਡੀ ਖਿਡਾਰੀ, ਮਨਪ੍ਰੀਤ ਸਿੰਘ ਮਾਨ ਠੀਕਰੀਵਾਲ ਆਦਿ ਹਾਜ਼ਰ ਸਨ।

ਸਿੱਧ ਸਮਾਧਾਂ 'ਚ ਸਮਾਗਮ 2 ਨੂੰ

ਚੀਮਾ ਮੰਡੀ (ਰਵਿੰਦਰ ਚੀਮਾ) ਪਿੰਡ ਬੀਰ ਕਲਾਂ ਵਿਖੇ ਹਰ ਸਾਲ ਦੀ ਤਰ੍ਹਾਂ ਸਿੱਧ ਸਮਾਧਾਂ ਵਿਖੇ ਸੰਤ ਬਾਬਾ ਵਿਸਾਖੀ ਦਾਸ ਜੀ ਦੀ ਸਾਲਾਨਾ ਬਰਸੀ ਦੋ ਅਕਤੂਬਰ ਨੂੰ ਧੂਮ ਧਾਮ ਨਾਲ ਮਨਾਈ ਜਾ ਰਹੀ ਹੈ। ਸਮਾਧਾਂ ਦੇ ਗੱਦੀ ਨਸ਼ੀਨ ਬਾਬਾ ਰੁੜਕੀ ਦਾਸ ਜੀ ਨੇ ਦੱਸਿਆ ਕਿ 30 ਸਤੰਬਰ ਨੂੰ ਸ੍ਰੀ ਚੰਦਰ ਸਿਧਾਂਤ ਸਾਗਰ ਜੀ ਦੇ ਸ੍ਰੀ ਅਖੰਡ ਪਾਠ ਪ੍ਰਕਾਸ਼ ਹੋਣਗੇ ਤੇ ਦੋ ਅਕਤੂਬਰ ਨੂੰ ਸਵੇਰੇ 11 ਵਜੇ ਪਾਠਾਂ ਦੇ ਭੋਗ ਪਾਏ ਜਾਣਗੇ। ਇਸ ਤੋਂ ਉਪਰੰਤ ਗੁਰੂ ਜੀ ਦਾ ਲੰਗਰ ਅਤੁੱਟ ਵਰਤੇਗਾ।

ਬੀ.ਏ, ਬੀ.ਕਾਮ ਵਿਦਿਆਰਥੀਆਂ ਦਾ ਵਿੱਦਿਅਕ ਦੌਰਾ ਕਰਾਇਆ

ਦੋਰਾਹਾ (ਹਰਮਿੰਦਰ ਸੇਠ) ਮਾਤਾ ਗੰਗਾ ਖ਼ਾਲਸਾ ਕਾਲਜ, ਮੰਜੀ ਸਾਹਿਬ ਕੋਟਾਂ (ਪ੍ਰਬੰਧ ਅਧੀਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ਼੍ਰੀ ਅੰਮ੍ਰਿਤਸਰ ਸਾਹਿਬ) ਵੱਲੋਂ ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਦੀ ਯੋਗ ਅਗਵਾਈ ਹੇਠ ਗਣਿਤ, ਸਾਇੰਸ ਤੇ ਕੰਪਿਊਟਰ ਸਾਇੰਸ ਵਿਭਾਗਾਂ ਨੇ ਸਾਇੰਸ ਐਂਡ ਤਕਨਾਲੋਜੀ ਐਂਟਰਪ੍ਰਨਿਓਰਸ਼ਿਪ ਪਾਰਕ, ਗੁਰੂ ਨਾਨਕ ਦੇਵ ਇੰਜੀਨੀਅਰਿੰਗ ਕਾਲਜ, ਲੁਧਿਆਣਾ ਵਿਖੇ ਕਾਲਜ ਦੇ ਬੀ.ਐੱਸ.ਸੀ. ਮੈਡੀਕਲ ਤੇ ਨਾਨ-ਮੈਡੀਕਲ, ਬੀ.ਸੀ.ਏ, ਬੀ.ਏ.ਤੇ ਬੀ.ਕਾਮ ਦੇ 43 ਵਿਦਿਆਰਥੀਆਂ ਨੂੰ ਇਕਰੋਜ਼ਾ ਵਿੱਦਿਅਕ ਦੌਰਾ ਕਰਾਇਆ ਗਿਆ। ਵਿੱਦਿਅਕ ਦੌਰੇ ਦੌਰਾਨ ਡਾ. ਅਰਵਿੰਦ ਢੀਂਗਰਾ (ਅਗਜੈਕਟਿਵ ਡਾਇਰੈਕਟਰ ਐੱਸ.ਟੀ.ਈ.ਪੀ) ਨੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਰੁਜ਼ਗਾਰ ਦੀ ਸ਼ੁਰੂਆਤ ਕਰਨ 'ਚ ਨਵੀਂ ਸੋਚ ਨੂੰ ਉਸਾਰੂ ਰੂਪ 'ਚ ਲਿਜਾਣ, ਸਵੈ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰਨ ਲਈ ਸਰਕਾਰ ਦੁਆਰਾ ਮਿਲਦੀ ਆਰਥਿਕ ਸਹਾਇਤਾ ਬਾਰੇ ਜਾਣਕਾਰੀ ਦਿੱਤੀ ਤੇ ਵਿਦਿਆਰਥੀਆਂ ਨੂੰ ਨੌਕਰੀਆਂ ਲੱਭਣ ਦੀ ਬਜਾਏ ਰੁਜ਼ਗਾਰਦਾਤਾ ਬਣਨ ਲਈ ਪ੍ਰੇਰਤ ਕੀਤਾ। ਇਸੇ ਤਰ੍ਹਾਂ ਸ਼੍ਰੀ ਰਵਿੰਦਰ ਦੇਵ (ਟੀ.ਪੀ.ਓ. ਤੇ ਸਹਾਇਕ ਪ੍ਰੋਫੈਸਰ ਐੱਸ.ਟੀ.ਈ.ਪੀ, ਜੀ.ਐੱਨ.ਡੀ.ਈ.) ਨੇ ਵਿਦਿਆਰਥੀਆਂ ਨੂੰ ਚੰਗੇ ਕਰੀਅਰ ਦੀ ਸ਼ੁਰੂਆਤ ਲਈ ਸ੍ਵੈ-ਰੁਜ਼ਗਾਰ ਨੂੰ ਅਪਨਾਉਣ ਦੀ ਚੰਗੀ ਸਲਾਹ ਦਿੱਤੀ। ਇਹਨਾਂ ਤੋਂ ਇਲਾਵਾ ਸ਼੍ਰੀਮਤੀ ਗੁਰਪ੍ਰੀਤ ਕੌਰ (ਸਹਾਇਕ ਪ੍ਰੋਫੈਸਰ ਤੇ ਪ੍ਰੋਗਰਾਮ ਕੋਆਰਡੀਨੇਟਰ) ਨੇ ਵਿਦਿਆਰਥੀਆਂ ਨੂੰ ਸਰਕਾਰ ਤੇ ਡੀ. ਐੱਸ. ਟੀ. ਦੁਆਰਾ ਪੇਸ਼ ਕੀਤੇ ਜਾਂਦੇ ਮੁਫ਼ਤ ਕੋਰਸਾਂ ਬਾਰੇ ਜਾਣਕਾਰੀ ਦਿੱਤੀ। ਸ਼੍ਰੀ ਗੁਰਵਿੰਦਰ ਸਿੰਘ ਵਿਦਿਆਰਥੀਆਂ ਨੂੰ ਉਦਯੋਗਿਕ ਦੌਰੇ 'ਤੇ ਲੈ ਕੇ ਗਏ ਤੇ ਉਨ੍ਹਾਂ ਨੂੰ ਵੱਖ-ਵੱਖ ਵਰਕਸ਼ਾਪਾਂ ਦਿਖਾਉਂਦਿਆਂ ਉਦਯੋਗ 'ਚ ਨਵੇਂ-ਨਵੇਂ ਉੱਦਮਤਾ ਰੁਝਾਨਾਂ ਦੀ ਜਾਣਕਾਰੀ ਪ੍ਰਦਾਨ ਕੀਤੀ।ਇਸ ਤੋਂ ਬਾਅਦ ਵਿਦਿਆਰਥੀਆਂ ਨੇ ਗੁਰਦੁਆਰਾ ਆਲਮਗੀਰ ਸਾਹਿਬ, ਲੁਧਿਆਣਾ ਵਿਖੇ ਮੱਥਾ ਟੇਕਿਆ।ਇਸ ਵਿੱਦਿਅਕ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ 'ਚ ਸ੍ਵੈ- ਰੁਜ਼ਗਾਰ ਲਈ ਵੱਖ-ਵੱਖ ਰੁਝਾਨਾਂ ਨੂੰ ਉਤਸ਼ਾਹਤ ਕਰਨਾ ਸੀ।ਕਾਲਜ ਪ੍ਰਿੰਸੀਪਲ ਨੇ ਇਨ੍ਹਾਂ ਯੋਗ ਉੱਦਮਾਂ ਲਈ ਵਿਭਾਗਾਂ ਨੂੰ ਵਧਾਈ ਦਿੱਤੀ।

ਬਾਬਾ ਫ਼ਰੀਦ ਸੀਨੀਅਰ ਸੈਕੰਡਰੀ ਸਕੂਲ 'ਚ 'ਸਟੈਮ ਸਿੱਖਿਆ' ਬਾਰੇ ਵਰਕਸ਼ਾਪ

ਬਠਿੰਡਾ (ਪਰਵਿੰਦਰ ਜੀਤ ਸਿੰਘ) ਬਾਬਾ ਫ਼ਰੀਦ ਸੀਨੀਅਰ ਸੈਕੰਡਰੀ ਸਕੂਲ ਵਿਖੇ ਬੀ.ਐਫ.ਜੀ.ਆਈ. ਦੇ ਕੈਂਪਸ ਡਾਇਰੈਕਟਰ ਡਾ. ਐਮ. ਪੀ. ਪੂਨੀਆ ਦੇ ਸਹਿਯੋਗ ਤੇ ਮਾਰਗਦਰਸ਼ਨ ਨਾਲ 'ਅਨੁਭਵਾਤਮਕ ਸਟੈਮ ਸਿੱਖਿਆ-ਕਰਕੇ ਸਿੱਖਣਾ' ਵਿਸ਼ੇ 'ਤੇ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਵਰਕਸ਼ਾਪ ਵਿੱਚ 'ਐਕਸਪੀਰੀਐਂਸ਼ੀਅਲ ਸਟੈਮ ਲਰਨਿੰਗ-ਲਰਨਿੰਗ ਬਾਇ ਡੂਇੰਗ' ਰਾਹੀਂ ਸਾਇੰਸ, ਟੈਕਨਾਲੋਜੀ, ਇੰਜਨੀਅਰਿੰਗ ਅਤੇ ਗਣਿਤ ਨੂੰ ਅਨੁਭਵ ਤੇ ਵਿਹਾਰਕ ਢੰਗ ਨਾਲ ਸਿੱਖਿਆ।ਇਸ ਵਰਕਸ਼ਾਪ ਵਿੱਚ ਆਈ.ਆਈ.ਟੀ., ਗਾਂਧੀਨਗਰ ਦੇ ਇਨੋਵੇਟਿਵ ਕ੍ਰੀਏਟਿਵ ਲੈਬ ਪ੍ਰੋਗਰਾਮ ਕੋਆਰਡੀਨੇਟਰ, ਇੰਜ. ਪੰਕਜ ਗੋਦਾਰਾ ਤੇ ਉਨ੍ਹਾਂ ਦੇ ਟੀਮ ਮੈਂਬਰ ਸ਼੍ਰੀ ਗਣੇਸ਼ ਸਿਚਿਆਗ ਨੇ ਸਰੋਤ ਵਿਅਕਤੀ ਵਜੋਂ ਸ਼ਿਰਕਤ ਕੀਤੀ।ਸੈਸ਼ਨ ਦੀ ਸ਼ੁਰੂਆਤ ਕਰਦਿਆਂ ਸ਼੍ਰੀਮਤੀ ਗੀਤਾ ਅਰੋੜਾ, ਐਸੋਸੀਏਟ ਡੀਨ (ਗਤੀਵਿਧੀਆਂ) ਨੇ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ । ਵਰਕਸ਼ਾਪ ਦੌਰਾਨ ਮਾਹਿਰਾਂ ਨੇ ਕਈ ਤਰ੍ਹਾਂ ਦੇ ਵਿਹਾਰਕ ਪ੍ਰਦਰਸ਼ਨ ਕੀਤੇ, ਜਿਸ ਨਾਲ ਅਧਿਆਪਨ-ਸਿਖਲਾਈ ਪ੍ਰਕਿਰਿਆ ਬਹੁਤ ਦਿਲਚਸਪ ਤੇ ਇੰਟਰੈਕਟਿਵ ਬਣ ਗਈ।ਵਰਕਸ਼ਾਪ ਵਿੱਚ ਭਾਗ ਲੈਣ ਵਾਲੇ ਅਧਿਆਪਕਾਂ ਨੇ ਵਿਗਿਆਨ ਤੇ ਗਣਿਤ ਨੂੰ ਹੋਰ ਅਨੁਭਵੀ ਅਤੇ ਆਨੰਦਦਾਇਕ ਬਣਾਉਣ ਲਈ ਨਵੀਨਤਾਕਾਰੀ ਢੰਗਾਂ ਨੂੰ ਸਰਗਰਮੀ ਨਾਲ ਸਿੱਖਿਆ।ਬੀ.ਐਫ.ਜੀ.ਆਈ. ਦੇ ਵੱਖ-ਵੱਖ ਕਾਲਜਾਂ ਦੇ ਫੈਕਲਟੀ ਮੈਂਬਰਾਂ ਨੇ ਵੀ ਉਤਸ਼ਾਹ ਨਾਲ ਹਿੱਸਾ ਲਿਆ ਤੇ ਇਸ ਵਰਕਸ਼ਾਪ ਦੇ ਸੈਸ਼ਨਾਂ ਤੋਂ ਲਾਭ ਉਠਾਇਆ। ਵਰਕਸ਼ਾਪ ਦੇ ਸਮਾਪਨ ਮੌਕੇ ਬਾਬਾ ਫ਼ਰੀਦ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਡਾ. ਬਲਜਿੰਦਰ ਸਿੰਘ ਨੇ ਅੱਜ ਦੀ ਸਿੱਖਿਆ ਪ੍ਰਣਾਲੀ ਵਿੱਚ ਅਜਿਹੇ ਉਪਰਾਲਿਆਂ ਦੀ ਮਹੱਤਤਾ ਨੂੰ ਉਜਾਗਰ ਕਰਦਿਆਂ ਸਾਰੇ ਮਹਿਮਾਨਾਂ ਤੇ ਭਾਗੀਦਾਰਾਂ ਦਾ ਰਸਮੀ ਧੰਨਵਾਦ ਕੀਤਾ ਤੇ ਸਰੋਤ ਵਿਅਕਤੀਆਂ ਦੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ।ਅੰਤ ਵਿੱਚ ਉਨ੍ਹਾਂ ਨੇ ਬਾਬਾ ਫ਼ਰੀਦ ਸੀਨੀਅਰ ਸੈਕੰਡਰੀ ਸਕੂਲ ਵੱਲੋਂ ਸਰੋਤ ਵਿਅਕਤੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਵੀ ਕੀਤਾ ਗਿਆ।

ਤਾਲਮੇਲ ਕਮੇਟੀ ਪੈਰਾ ਮੈਡੀਕਲ ਤੇ ਸਿਹਤ ਕਰਮਚਾਰੀ ਬਲਾਕ ਠੱਠੀ ਭਾਈ ਦੀ ਹੋਈ ਚੋਣ

ਬਾਘਾ ਪੁਰਾਣਾ (ਮਨੀ ਸਿੰਗਲਾ) ਸੀ.ਐਚ.ਸੀ ਬਲਾਕ ਠੱਠੀ ਭਾਈ ਤਾਲਮੇਲ ਕਮੇਟੀ ਪੈਰਾਮੈਡੀਕਲ ਤੇ ਸਿਹਤ ਕਰਮਚਾਰੀ ਬਲਾਕ ਠੱਠੀ ਭਾਈ ਬਾਘਾ ਪੁਰਾਣਾ ਦੀ ਚੋਣ ਸਟੇਟ ਪ੍ਰਧਾਨ ਕੁਲਬੀਰ ਸਿੰਘ ਮੋਗਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸਰਬਸੰਮਤੀ ਨਾਲ ਅਹੁਦੇਦਾਰਾਂ ਦੀ ਚੋਣ ਕੀਤੀ ਗਈ, ਜਿਸ ਦੌਰਾਨ ਮਨਜੀਤ ਫਾਰਮੇਸੀ ਅਫ਼ਸਰ ਸੀ.ਐਚ.ਸੀ ਨੂੰ ਮੁੱਖ ਸਲਾਹਕਾਰ, ਅਮਨਦੀਪ ਕੌਰ ਸਟਾਫ਼ ਨਰਸ ਸੀ.ਐਚ.ਸੀ ਬਾਘਾ ਪੁਰਾਣਾ ਨੂੰ ਕਨਵੀਨਰ, ਜਸਵਿੰਦਰ ਸਿੰਘ ਐ.ਪੀ.ਐਡ ਡਬਲਯੂ ਨੂੰ ਚੇਅਰਮੈਨ, ਮਨਵਿੰਦਰ ਕਟਾਰੀਆ ਐਨ.ਐਚ.ਵੀ ਨੂੰ ਕੋ ਕਨਵੀਨਰ, ਨਵਜੋਤ ਸ਼ਰਮਾ ਨੂੰ ਕੈਸ਼ੀਅਰ, ਨਵਦੀਪ ਸ਼ਰਮਾ ਫਾਰਮੇਸੀ ਸੀ.ਐਚ.ਸੀ ਬਾਘਾ ਪੁਰਾਣਾ ਨੂੰ ਪ੍ਰੈਸ ਸਕੱਤਰ, ਮਨਦੀਪ ਕੌਰ ਏ.ਐਨ.ਐਮ ਵੈਰੋਕੇ ਨੂੰ ਸਹਾਇਕ ਪ੍ਰੈਸ ਸਕੱਤਰ, ਇਕਬਾਲ ਸਿੰਘ ਐਮ.ਪੀ.ਐਚ ਡਬਲਯੂ ਨੂੰ ਚੀਫ਼ ਆਰਗੇਨਾਈਜ਼ਰ, ਅਮਨਜੀਤ ਕੌਰ ਸੀ.ਐਚ.ਓ ਨੂੰ ਆਰਗੇਨਾਈਜ਼ਰ, ਅਮਨਜੀਤ ਕੌਰ ਸੀ.ਐਚ.ਓ ਨੂੰ ਆਰਗੇਨਾਈਜ਼ਰ, ਨਵਦੀਪ ਅਹੂਜਾ ਫਾਰਮੇਸੀ ਅਫਸਰ ਨੂੰ ਦਫਤਰ ਸਕੱਤਰ, ਮਨਦੀਪ ਕੌਰ ਸਟਾਫ਼ ਨਰਸ ਨੂੰ ਸਹਾਇਕ ਕੈਸ਼ੀਅਰ, ਅੰਮ੍ਰਿਤਪਾਲ ਸਿੰਘ ਐਮ.ਪੀ ਐਡ ਡਬਲਯੂ ਨੂੰ ਆਡੀਟਰ, ਸੁਖਪਾਲ ਕੌਰ ਏ.ਐਨ.ਐਮ ਨੂੰ ਜਥੇਬੰਦਕ ਸਕੱਤਰ, ਗੁਰਸਿਮਰਨ ਸਿੰਘ ਸੀ.ਐਚ.ਓ ਸਕੱਤਰ, ਹਰਮਨਦੀਪ ਕੌਰ ਐਮ.ਐਲ.ਟੀ ਨੂੰ ਸਹਾਇਕ ਆਡੀਟਰ ਤੇ ਸੋਨੂੰ ਕੁਮਾਰ ਨੂੰ ਸਹਾਇਕ ਪ੍ਰਾਪਗੰਡਾ ਚੁਣਿਆ ਗਿਆ।

ਜ਼ਿਲ੍ਹਾ ਕਾਂਗਰਸ ਦੀ ਪ੍ਰਧਾਨਗੀ ਬਣੀ ਰੌਚਿਕ, ਦੋ ਵੱਡੇ ਘਰਾਣੇ ਦੌੜ 'ਚ ਸ਼ਾਮਲ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ) ਜਸਵੰਤ ਸਿੰਘ ਬਰਾੜ ਸੇਵਾਮੁਕਤ ਪ੍ਰਿੰਸੀਪਲ ਕਾਂਗਰਸ ਪਾਰਟੀ ਵਿੱਚ ਲੰਮੇ ਸਮੇਂ ਤੋਂ ਬੁੱਧੀਜੀਵੀ ਸੈੱਲ ਤੇ ਹੋਰ ਅਹੁਦਿਆਂ 'ਤੇ ਕੰਮ ਕਰ ਰਹੇ ਨੇ। ਉਨ੍ਹਾਂ ਕਿਹਾ ਕਿ ਸਾਰੇ ਦੇਸ਼ ਵਾਂਗ ਇਸ ਜ਼ਿਲ੍ਹੇ ਵਿੱਚ ਵੀ ਤਿੰਨ ਮੈਂਬਰੀ ਟੀਮ ਨੇ ਸੰਗਠਨ ਰਚਨਾ ਅਭਿਆਨ ਚਲਾਇਆ ਤੇ ਕਈ ਮੀਟਿੰਗਾਂ ਕਰਕੇ ਸਾਰੇ ਵਰਕਰ ਵਿੱਚ ਜੋਸ਼ ਪੈਦਾ ਕੀਤਾ, ਸਿੱਟੇ ਵਜੋਂ ਇਸ ਜ਼ਿਲ੍ਹੇ ਦੇ ਦੋ ਵੱਡੇ ਰਾਜਸੀ ਘਰਾਣੇ ਦੇ ਆਗੂ ਕਰਨ ਕੌਰ ਬਰਾੜ ਅਤੇ ਫ਼ਤਿਹ ਸਿੰਘ ਬਾਦਲ ਇਸ ਦੌੜ ਵਿੱਚ ਸ਼ਾਮਲ ਹਨ। ਇਹ ਘਰਾਣੇ ਪੰਜਾਬ ਦੀ ਰਾਜਨੀਤੀ ਵਿਚ ਛਾਏ ਰਹੇ ਹਨ ਅਤੇ ਇਲਾਕੇ ਵਿਚ ਪੂਰਾ ਰਸੂਖ ਰੱਖਦੇ ਹਨ ਅਤੇ 1957 ਤੋਂ ਹੀ ਚੋਣ ਰਣਨੀਤੀ ਵਿਚ ਹਨ।ਇਨ੍ਹਾਂ ਦੇ ਨਾਲ ਹੀ ਮੌਜੂਦਾ ਪ੍ਰਧਾਨ ਸ਼ੁਭਦੀਪ ਸਿੰਘ ਬਿੱਟੂ ਪ੍ਰਧਾਨ ਨਗਰ ਕੌਂਸਲ ਮਲੋਟ, ਕਿਸਾਨ ਸੈੱਲ ਦੇ ਪ੍ਰਧਾਨ ਚਰਨਦੀਪ ਸਿੰਘ ਬਾਮ, ਸਾਬਕਾ ਬਲਾਕ ਕਾਂਗਰਸ ਪ੍ਰਧਾਨ ਲੰਬੀ ਜੁਗਰਾਜ ਸਿੰਘ, ਐਸਸੀ ਸੈੱਲ ਦੇ ਪ੍ਰਧਾਨ ਰਣਜੀਤ ਸਿੰਘ ਧਾਲੀਵਾਲ, ਸੇਵਾਦਲ ਦੇ ਵੱਡੇ ਆਗੂ ਓਮ ਪ੍ਰਕਾਸ਼ ਖਿੱਚੀ ਮਲੋਟ, ਇਸਤਰੀ ਵਿੰਗ ਦੀ ਪ੍ਰਧਾਨ ਨਵਦੀਪ ਕੌਰ ਸੰਧੂ, ਨਗਰ ਕੌਂਸਲ ਮਲੋਟ ਦੇ ਐਮਸੀ ਡਾ. ਨੀਲੂ ਰਾਮ, ਪੰਜਾਬ ਪ੍ਰਦੇਸ਼ ਕਾਂਗਰਸ ਦੇ ਮੈਂਬਰ ਤੇ ਯੂਥ ਕਾਂਗਰਸ ਤੋਂ ਜ਼ਿਲਾ ਕਾਂਗਰਸ ਤੱਕ ਵੱਖ-ਵੱਖ ਅਹੁਦਿਆਂ 'ਤੇ ਕੰਮ ਕਰ ਚੁੱਕੇ ਭਿੰਦਰ ਸ਼ਰਮਾ ਸਾਬਕਾ ਸਰਪੰਚ, ਰਾਜਸੀ ਪਿਛੋਕੜ ਦੇ ਪਿੰਡ ਮਧੀਰ ਤੇ ਅਨੇਕ ਸਿੰਘ ਬਰਾੜ, ਜੋ ਸੁਖਪਾਲ ਸਿੰਘ ਖਹਿਰਾ ਦੇ ਨਜ਼ਦੀਕੀ ਰਿਸ਼ਤੇਦਾਰ ਹਨ, ਨੌਜਵਾਨ ਕਾਂਗਰਸੀ ਨੇਤਾ ਜਸਪਾਲ ਸਿੰਘ ਐਡਵੋਕੇਟ ਮਲੋਟ, ਬਲਾਕ ਸੰਮਤੀ ਮੁਕਤਸਰ ਦੇ ਸਾਬਕਾ ਚੇਅਰਪਰਸਨ ਗੁਰਵਿੰਦਰ ਕੌਰ ਸੰਧੂ, ਜੋ ਸਦਰਵਾਲਾ ਤੋਂ ਕਾਂਗਰਸ ਨਾਲ ਜੁੜੇ ਪਰਵਾਰ ਤੋਂ ਹਨ ਤੇ ਉਨ੍ਹਾਂ ਦੇ ਪਤੀ ਸ਼ਰਨਜੀਤ ਸੰਧੂ ਬਲਾਕ ਕਾਂਗਰਸ ਦੇ ਪ੍ਰਧਾਨ ਅਤੇ ਪਿੰਡ ਦੇ ਸਰਪੰਚ ਰਹੇ ਹਨ। ਇਸ ਤਰ੍ਹਾਂ ਹਰ ਵਰਗ ਤੋਂ ਉਮੀਦਵਾਰਾਂ ਦਾ ਸ਼ਾਮਲ ਹੋਣਾ ਸਾਬਤ ਕਰਦਾ ਹੈ ਕਿ ਲੋਕਾਂ ਦਾ ਕਾਂਗਰਸ ਪਾਰਟੀ ਦਾ ਬਹੁਤ ਹੀ ਵਿਸ਼ਵਾਸ਼ ਹੈ ਅਤੇ ਇਸ ਨਾਲ ਪਾਰਟੀ ਦਾ ਭਵਿੱਖ ਰੌਸ਼ਨ ਹੈ।

ਹੜ੍ਹ ਪ੍ਰਭਾਵਤ ਜ਼ਮੀਨ ਲਈ ਕਿਸਾਨਾਂ ਨੂੰ ਕਣਕ ਦਾ ਬੀਜ ਮੁਫ਼ਤ ਦਿੱਤਾ ਜਾਵੇਗਾ : ਭਗਵੰਤ ਮਾਨ

ਚੰਡੀਗੜ੍ਹ, (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਇੱਕ ਠੋਸ ਮਾਨਵਤਾਵਾਦੀ ਉਪਰਾਲੇ ਤਹਿਤ ਹਾਲ ਹੀ ਵਿੱਚ ਆਏ ਭਿਆਨਕ ਹੜ੍ਹਾਂ ਦੌਰਾਨ ਲਗਪਗ ਪੰਜ ਲੱਖ ਏਕੜ ਰਕਬੇ ਵਿੱਚ ਆਪਣੀ ਫ਼ਸਲ ਗੁਆਉਣ ਵਾਲੇ ਕਿਸਾਨਾਂ ਨੂੰ ਦੋ ਲੱਖ ਕੁਇੰਟਲ ਕਣਕ ਦਾ ਬੀਜ ਮੁਫ਼ਤ ਦੇਣ ਦਾ ਫ਼ੈਸਲਾ ਕੀਤਾ ਹੈ।ਇਸ ਸਬੰਧੀ ਵੇਰਵੇ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਹਾਲ ਹੀ ਵਿੱਚ ਆਏ ਹੜ੍ਹਾਂ ਦੌਰਾਨ ਸੂਬੇ ਦੇ ਅਨਾਜ ਉਤਪਾਦਕਾਂ ਨੂੰ ਭਾਰੀ ਨੁਕਸਾਨ ਹੋਇਆ ਹੈ ਅਤੇ ਉਨ੍ਹਾਂ ਨੂੰ 74 ਕਰੋੜ ਰੁਪਏ ਦੀ ਕੀਮਤ ਦਾ ਇਹ ਦੋ ਲੱਖ ਕੁਇੰਟਲ ਬੀਜ ਮੁਫ਼ਤ ਮੁਹੱਈਆ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਸੂਬੇ ਦੇ ਮਿਹਨਤੀ ਕਿਸਾਨਾਂ ਨੇ ਦੇਸ਼ ਨੂੰ ਅਨਾਜ ਉਤਪਾਦਨ ਵਿੱਚ ਆਤਮ ਨਿਰਭਰ ਬਣਾਉਣ ਵਿੱਚ ਮੁੱਖ ਭੂਮਿਕਾ ਨਿਭਾਈ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਇਸ ਸੰਕਟ ਦੀ ਘੜੀ ਵਿੱਚ ਕਿਸਾਨਾਂ ਦੇ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਨੂੰ ਸੰਕਟ ਵਿੱਚੋਂ ਬਾਹਰ ਕੱਢਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਸੂਬਾ ਸਰਕਾਰ ਵੱਲੋਂ ਹੜ੍ਹਾਂ ਕਾਰਨ ਹੋਈ ਤਬਾਹੀ ਕਰਕੇ ਕਿਸਾਨਾਂ ਦੀ ਦਰਪੇਸ਼ ਮੁਸ਼ਕਲਾਂ ਨੂੰ ਘਟਾਉਣ ਵੱਲ ਇੱਕ ਨਿਮਾਣਾ ਜਿਹਾ ਉਪਰਾਲਾ ਹੈ। ਮਾਨ ਨੇ ਕਿਹਾ ਕਿ ਇਨ੍ਹਾਂ ਭਿਆਨਕ ਹੜ੍ਹਾਂ ਕਾਰਨ ਹੋਈ ਵੱਡ-ਆਕਾਰੀ ਤਬਾਹੀ ਦਾ ਅੰਦਾਜ਼ਾ ਵੀ ਨਹੀਂ ਲਾਇਆ ਜਾ ਸਕਦਾ ਕਿਉਂਕਿ ਪੰਜਾਬ ਨੇ ਪਹਿਲਾਂ ਕਦੇ ਵੀ ਇੰਨਾ ਨੁਕਸਾਨ ਨਹੀਂ ਦੇਖਿਆ।ਮੁੱਖ ਮੰਤਰੀ ਨੇ ਅਫ਼ਸੋਸ ਪ੍ਰਗਟ ਕਰਦਿਆਂ ਕਿਹਾ ਕਿ ਪੰਜਾਬ ਵਿੱਚ 2,300 ਪਿੰਡ ਭਿਆਨਕ ਹੜ੍ਹਾਂ ਦੀ ਮਾਰ ਹੇਠ ਆਏ ਹਨ, ਜਿਸ ਨਾਲ 20 ਲੱਖ ਤੋਂ ਵੱਧ ਆਬਾਦੀ ਪ੍ਰਭਾਵਿਤ ਹੋਈ ਅਤੇ ਪੰਜ ਲੱਖ ਏਕੜ ਰਕਬੇ 'ਚ ਖੜ੍ਹੀਆਂ ਫ਼ਸਲਾਂ ਨੂੰ ਭਾਰੀ ਨੁਕਸਾਨ ਪਹੁੰਚਿਆ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਹੀ ਹੜ੍ਹਾਂ ਕਾਰਨ 56 ਲੋਕਾਂ ਨੂੰ ਆਪਣੀ ਜਾਨ ਗੁਆਉਣੀ ਪਈ ਅਤੇ ਲਗਪਗ ਸੱਤ ਲੱਖ ਲੋਕ ਬੇਘਰ ਹੋ ਗਏ ਹਨ। ਇਸ ਤੋਂ ਇਲਾਵਾ 3,200 ਸਰਕਾਰੀ ਸਕੂਲ ਨੁਕਸਾਨੇ ਗਏ, 19 ਕਾਲਜ ਮਲਬੇ ਵਿੱਚ ਤਬਦੀਲ ਹੋ ਗਏ, 1,400 ਕਲੀਨਿਕਾਂ ਅਤੇ ਹਸਪਤਾਲਾਂ ਦਾ ਵੱਡਾ ਨੁਕਸਾਨ ਹੋਣ ਦੇ ਨਾਲ-ਨਾਲ 8,500 ਕਿਲੋਮੀਟਰ ਸੜਕਾਂ ਤਬਾਹ ਹੋ ਗਈਆਂ ਹਨ ਅਤੇ 2,500 ਪੁਲ ਢਹਿ ਗਏ ਹਨ। ਉਨ੍ਹਾਂ ਅੱਗੇ ਦੱਸਿਆ ਕਿ ਕੁੱਲ ਨੁਕਸਾਨ ਦਾ ਅਨੁਮਾਨ ਲਗਪਗ 13,800 ਕਰੋੜ ਰੁਪਏ ਬਣਦਾ ਹੈ ਪਰ ਅਸਲ ਅੰਕੜੇ ਇਸ ਤੋਂ ਵੀ ਵੱਧ ਹੋ ਸਕਦੇ ਹਨ।

ਖ਼ਾਲਸਾ ਕਾਲਜ 'ਚ ਐੱਨ ਐੱਸ ਐੱਸ ਫਾਊਂਡੇਸ਼ਨ ਡੇ ਮਨਾਇਆ

ਸੁਲਤਾਨਪੁਰ ਲੋਧੀ (ਹਨੀ) ਗੁਰੂ ਨਾਨਕ ਖ਼ਾਲਸਾ ਕਾਲਜ ਵਿਖੇ ਕਾਲਜ ਦੇ ਐਨ ਐੱਸ ਐੱਸ ਵਿਭਾਗ ਵੱਲੋਂ ਪ੍ਰਿੰਸੀਪਲ ਜਸਬੀਰ ਕੌਰ ਦੀ ਅਗਵਾਈ ਵਿੱਚ ਐਨ ਐੱਸ ਐੱਸ ਫਾਊਂਡੇਸ਼ਨ ਡੇ ਮਨਾਇਆ ਗਿਆ। ਇਸ ਸਬੰਧ ਵਿੱਚ ਵਿਸ਼ੇਸ਼ ਮੀਟਿੰਗ ਆਯੋਜਿਤ ਕੀਤਾ ਗਿਆ ਜਿਸ ਵਿੱਚ ਐਨ ਐੱਸ ਐੱਸ ਦੀ ਮਹੱਤਤਾ ਬਾਰੇ ਵਿਦਿਆਰਥੀਆਂ ਨੂੰ ਜਾਗਰੂਕ ਕਰਵਾਇਆ ਗਿਆ ਅਤੇ ਵਲੰਟੀਅਰਾਂ ਦੇ ਰੂਪ ਵਿੱਚ ਵੱਧ ਤੋਂ ਵੱਧ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ ਗਿਆ। ਇਸ ਦੌਰਾਨ ਐਨ ਐੱਸ ਐੱਸ ਪ੍ਰੋਗਰਾਮ ਅਫ਼ਸਰ ਪ੍ਰੋਫੈਸਰ ਰਿਸ਼ੂ ਬਾਲਾ ਵੱਲੋਂ ਕਾਲਜ ਦੇ ਐਨ ਐੱਸ ਐੱਸ ਯੂਨਿਟ ਦੀਆਂ ਪੂਰੇ ਸਾਲ ਦੌਰਾਨ ਕਰਵਾਈਆਂ ਗਈਆਂ ਗਤੀਵਿਧੀਆਂ ਦੀ ਰਿਪੋਰਟ ਪ੍ਰਤੁਤ ਕੀਤੀ ਗਈ। ਇਸ ਮੌਕੇ ਪ੍ਰੋਫੈਸਰ ਸੁਖਪਾਲ ਸਿੰਘ, ਪ੍ਰੋਫੈਸਰ ਜਸਵੀਰ ਕੌਰ, ਪ੍ਰੋਫੈਸਰ ਅਰਸ਼ਪ੍ਰੀਤ ਕੌਰ, ਪ੍ਰੋਫੈਸਰ ਸੰਦੀਪ ਕੌਰ, ਪ੍ਰੋਫੈਸਰ ਜੁਗਰਾਜ ਸਿੰਘ, ਪ੍ਰੋਫੈਸਰ ਹਰਪ੍ਰੀਤ ਕੌਰ ਆਦਿ ਸਟਾਫ਼ ਮੈਂਬਰ ਹਾਜ਼ਰ ਸਨ।

ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਭੋਗਪੁਰ ਨੇ ਵਿਸ਼ਵ ਪੰਜਾਬੀ ਦਿਵਸ ਮਨਾਇਆ

ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)-ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ, ਭੋਗਪੁਰ ਨੇ ਬਾਬਾ ਫ਼ਰੀਦ ਉਤਸਵ (ਵਿਸ਼ਵ ਪੰਜਾਬੀ ਦਿਵਸ) ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ। ਇਸ ਕਾਰਜਕ੍ਰਮ ਦੀ ਸ਼ੁਰੂਆਤ ਮਹਾਨ ਸੂਫੀ ਸੰਤ, ਕਵੀ ਅਤੇ ਅਧਿਆਤਮਕ ਗੁਰੂ ਬਾਬਾ ਫ਼ਰੀਦ ਜੀ ਦੇ ਜੀਵਨ ਬਾਰੇ ਚਾਨਣਾ ਪਾਉਣ ਨਾਲ ਹੋਈ। ਇਸ ਤੋਂ ਇਲਾਵਾ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਗੁਰਮੁਖੀ ਲਿਪੀ ਉੱਤੇ ਚਾਨਣਾ ਪਾਇਆ।ਜੂਨੀਅਰ ਵਿੰਗ ਦੇ ਵਿਦਿਆਰਥੀਆਂ ਨੇ ਮਾਂ ਬੋਲੀ ਪੰਜਾਬੀ ਦੇ ਸਤਿਕਾਰ ਵਿੱਚ , ਗੀਤ ਅਤੇ ਕਵਿਤਾਵਾਂ ਸੁਣਾਈਆਂ । ਵਿਦਿਆਰਥੀਆਂ ਨੇ ਆਪਣੀ ਮਾਂ ਬੋਲੀ ਪੰਜਾਬੀ ਨਾਲ ਪਿਆਰ ਦੀ ਭਾਵਨਾ ਰੱਖਣ ਦਾ ਸੰਦੇਸ਼ ਵੀ ਦਿੱਤਾ।ਸਕੂਲ ਦੇ ਪ੍ਰਿੰਸੀਪਲ, ਸ੍ਰੀ ਅਮਰੀਕ ਸਿੰਘ ਨੇ ਸਭਾ ਨੂੰ ਸੰਬੋਧਿਤ ਕਰਦੇ ਹੋਏ ਕਿਹਾ ਕਿ ਹੋਰ ਭਾਸ਼ਾਵਾਂ ਸਿੱਖਣਾ ਬਹੁਤ ਚੰਗੀ ਗੱਲ ਹੈ ਪਰ ਸਾਨੂੰ ਆਪਣੀ ਮਾਂ ਬੋਲੀ ਪੰਜਾਬੀ ਨੂੰ ਨਹੀਂ ਭੁੱਲਣਾ ਚਾਹੀਦਾ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਸਾਨੂੰ ਸਾਡੀ ਮਾਂ ਬੋਲੀ ਪੰਜਾਬੀ 'ਤੇ ਮਾਣ ਹੋਣਾ ਚਾਹੀਦਾ ਹੈ।

ਵਿਧਾਇਕ ਦੀ ਪਤਨੀ ਨੇ ਸੁਣੀਆਂ ਔਰਤਾਂ ਦੀਆਂ ਸਮੱਸਿਆਵਾਂ ਤੇ ਕੀਤਾ ਮੌਕੇ 'ਤੇ ਹੱਲ

ਮੋਹਾਲੀ (ਗੁਰਜੀਤ ਬਿੱਲਾ)- ਅੱਜ ਔਰਤਾਂ ਦੀ ਹਰ ਖੇਤਰ ਵਿੱਚ ਵਧ ਰਹੀ ਪ੍ਰਤਿਨਿਧਤਾ ਇੱਕ ਵਿਕਸਤ ਸਮਾਜ ਦੀ ਉਸਾਰੀ ਦਾ ਪ੍ਰਤੀਕ ਹੈ, ਪਹਿਲਾਂ ਦੇ ਮੁਕਾਬਲਤਨ ਹੁਣ ਔਰਤਾਂ ਪੂਰੀ ਮਿਹਨਤ ਅਤੇ ਜ਼ਿੰਮੇਵਾਰੀ ਦੇ ਨਾਲ ਸਮਾਜ ਵਿੱਚ ਵਿਚਰ ਰਹੀਆਂ ਹਨ। ਇਹ ਗੱਲ ਵਿਧਾਇਕ ਕੁਲਵੰਤ ਸਿੰਘ ਦੇ ਪਤਨੀ ਜਸਵੰਤ ਕੌਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਹੀ। ਜਸਵੰਤ ਕੌਰ ਸੈਕਟਰ- 71 ਵਿਖੇ ਇੱਕ ਮੀਟਿੰਗ ਦੇ ਦੌਰਾਨ ਹਾਜ਼ਰ ਹੋਏ ਸਨ ਜਿੱਥੇ ਵੱਡੀ ਗਿਣਤੀ ਵਿੱਚ ਹਾਜ਼ਰ ਮਹਿਲਾਵਾਂ ਦੀ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਜਸਵੰਤ ਕੌਰ ਨੇ ਇਸ ਮੌਕੇ 'ਤੇ ਔਰਤਾਂ ਨੂੰ ਆ ਰਹੀਆਂ ਰੋਜ਼ਮਰਾ ਦੀਆਂ ਸਮੱਸਿਆਵਾਂ ਨੂੰ ਸੁਣਿਆ। ਜਸਵੰਤ ਕੌਰ ਵੱਲੋਂ ਜ਼ਿਆਦਾਤਰ ਔਰਤਾਂ ਦੀਆਂ ਕਈ ਸਮੱਸਿਆਵਾਂ ਦਾ ਮੌਕੇ 'ਤੇ ਹੀ ਨਿਪਟਾਰਾ ਵੀ ਕੀਤਾ ਅਤੇ ਹਾਜ਼ਰੀਨ ਔਰਤਾਂ ਨੂੰ ਭਰੋਸਾ ਦਿਵਾਇਆ ਕਿ ਉਹ ਔਰਤਾਂ ਦੇ ਸਸ਼ਕਤੀ ਵਿਕਾਸ ਦੇ ਲਈ ਹਮੇਸ਼ਾ ਉਨ੍ਹਾਂ ਦੇ ਵਿੱਚ ਨਜ਼ਰ ਆਉਣਗੇ।

ਮਿਊਂਸਿਪਲ ਕੌਂਸਲ ਦੇ ਕਰਮਚਾਰੀਆਂ ਦੀਆਂ ਮੰਗਾਂ ਸਰਕਾਰ ਤੁਰੰਤ ਮੰਨੇ : ਸੀ ਪੀ ਆਈ ਐੱਮ

ਸ੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਸਿੰਘ ਚਿੰਦੀ)- ਮਿਊਂਸਿਪਲ ਕੌਂਸਲ ਦੇ ਕਰਮਚਾਰੀਆਂ ਵੱਲੋਂ ਪਿਛਲੇ ਦਿਨਾਂ ਤੋਂ ਕੀਤੀ ਜਾ ਰਹੀ ਹੜਤਾਲ ਕਰਮਚਾਰੀਆਂ ਦੀਆਂ ਪੰਜਾਬ ਸਰਕਾਰ ਤੁਰੰਤ ਮੰਗਾਂ ਮੰਨੇ। ਇੱਥੇ ਕੌਂਸਲ ਕਰਮਚਾਰੀਆਂ ਦੀ ਹੜਤਾਲ ਨੂੰ ਸੰਬੋਧਨ ਕਰਦਿਆਂ ਸੀਪੀਆਈਐੱਮ ਦੇ ਜ਼ਿਲ੍ਹਾ ਸਕੱਤਰ ਬਜਿੰਦਰ ਪੰਡਤ, ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ ਨੇ ਕਿਹਾ ਕਿ ਘਰ ਘਰ ਰੁਜ਼ਗਾਰ ਦੇਣ ਦੇ ਵਾਅਦਾ ਕਰਕੇ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਸਰਕਾਰ ਨੇ ਸੂਬੇ ਵਿੱਚ ਲੋਕਾਂ ਕੋਲੋਂ ਰੁਜ਼ਗਾਰ ਖੋਹ ਰਹੀ ਹੈ। ਸੀ ਪੀ ਆਈ ਐੱਮ ਦੇ ਆਗੂਆਂ ਨੇ ਮੰਗ ਕੀਤੀ ਕਿ ਮਜ਼ਦੂਰਾਂ ਨੂੰ ਘੱਟੋ ਘੱਟ ਤਨਖਾਹ 26000 ਹਜ਼ਾਰ ਰੁਪਏ ਪ੍ਰਤੀ ਮਹੀਨਾ ਦਿੱਤੀ ਜਾਵੇ, ਕਰਮਚਾਰੀਆਂ ਦੀਆਂ ਮੰਗਾਂ ਨੂੰ ਤੁਰੰਤ ਪੰਜਾਬ ਸਰਕਾਰ ਮੰਨੇ। ਇਸ ਮੌਕੇ ਸ਼ਾਮ ਲਾਲ, ਮਦਨ ਲਾਲ, ਜੈਮਲ ਸਿੰਘ, ਸਤੀਸ਼ ਕੁਮਾਰ, ਅਸ਼ਵਨੀ ਕੁਮਾਰ, ਹਰੀਸ਼ ਕੁਮਾਰ ਸਤੀਸ਼, ਜੱਸੀ ਸਮੇਤ ਹੋਰ ਕੌਂਸਲ ਦੇ ਕਰਮਚਾਰੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਹਰਵੀਰ ਦੇ ਕਾਤਲਾਂ ਨੂੰ ਸਜ਼ਾ ਦਿਵਾਉਣ ਲਈ ਦਿੱਤਾ ਮੰਗ ਪੱਤਰ

ਫਿਲੌਰ, (ਨਿਰਮਲ) ਲੋਕ ਇਨਸਾਫ ਮੰਚ ਪੰਜਾਬ ਵੱਲੋਂ ਹਰਵੀਰ ਦੇ ਕਾਤਲਾਂ ਨੂੰ ਮਿਸਾਲੀ ਸਜ਼ਾਵਾਂ ਦਿਵਾਉਣ ਲਈ ਮਾਣਯੋਗ ਰਾਸ਼ਟਰਪਤੀ, ਮੁੱਖ ਮੰਤਰੀ ਅਤੇ ਰਾਜਪਾਲ ਪੰਜਾਬ ਦੇ ਨਾਂਅ ਮੰਗ ਪੱਤਰ ਐੱਸ ਡੀ ਐੱਮ ਫਿਲੌਰ ਦੇ ਦਫਤਰ ਰਾਹੀਂ ਭੇਜਿਆ ਗਿਆ। ਇਸ ਮੌਕੇ ਵਫਦ ਦੀ ਅਗਵਾਈ ਪ੍ਰਧਾਨ ਜਰਨੈਲ ਫਿਲੌਰ ਨੇ ਕੀਤੀ।ਆਗੂਆਂ ਨੇ ਮੰਗ ਪੱਤਰ ਰਾਹੀਂ ਮੰਗ ਕੀਤੀ ਕਿ ਬੀਤੇ ਦਿਨੀਂ ਹੁਸ਼ਿਆਰਪੁਰ ਵਿੱਚ ਪੰਜ ਸਾਲ ਦੇ ਬੱਚੇ ਹਰਵੀਰ ਨੂੰ ਬਹੁਤ ਹੀ ਕਰੂਰ ਢੰਗ ਨਾਲ ਦਰਿੰਦਗੀ ਨਾਲ ਕਤਲ ਕਰ ਦਿੱਤਾ ਗਿਆ ਸੀ, ਉਸ ਨੂੰ ਮੌਤ ਦੀ ਸਜ਼ਾ ਦਿੱਤੀ ਜਾਵੇ ਤਾਂ ਕਿ ਦੁਬਾਰਾ ਕੋਈ ਇਹੋ ਜਿਹੀ ਹਰਕਤ ਕਰਨ ਦੀ ਹਿੰਮਤ ਨਾ ਕਰ ਸਕੇ। ਇਸ ਮੌਕੇ ਆਗੂਆਂ ਨੇ ਮੰਗ ਕੀਤੀ ਕਿ ਹਰਵੀਰ ਦੇ ਕਤਲ ਦਾ ਕੇਸ ਦਾ ਜਲਦ ਫੈਸਲਾ ਕਰਨ ਲਈ ਫਾਸਟ ਟਰੈਕ ਅਦਾਲਤ ਵਿੱਚ ਚਲਾਇਆ ਜਾਵੇ ਅਤੇ ਪਰਵਾਰ ਨੂੰ ਇੱਕ ਕਰੋੜ ਰੁਪਏ ਦਾ ਮੁਆਵਜ਼ਾ ਰਾਸ਼ੀ ਤੁਰੰਤ ਦਿੱਤੀ ਜਾਵੇ। ਆਗੂਆਂ ਨੇ ਕਿਹਾ ਕਿ ਜਿਨਾਂ ਸਮਾਂ ਹਰਵੀਰ ਦੇ ਕਾਤਲਾਂ ਨੂੰ ਮਿਸਾਲੀ ਸਜ਼ਾਵਾਂ ਨਹੀਂ ਮਿਲ ਜਾਂਦੀਆਂ ਉਨਾਂ ਸਮਾਂ ਅੰਦੋਲਨ ਜਾਰੀ ਰਹੇਗਾ। ਇਸ ਮੌਕੇ ਆਗੂਆਂ ਨੇ ਕਿਹਾ ਕਿ ਪ੍ਰਵਾਸੀ ਮਜ਼ਦੂਰਾਂ ਦੇ ਪ੍ਰਵਾਸ ਨੂੰ ਨਿਯਮਤ ਕਰਨ ਲਈ ਸਖ਼ਤ ਕਦਮ ਚੁੱਕੇ ਜਾਣ ਅਤੇ ਪਰਵਾਸੀਆਂ ਦੀ ਸ਼ਨਾਖਤ ਕਾਰਵਾਈ ਜਾਵੇ। ਇਸ ਮੌਕੇ ਲੋਕ ਇਨਸਾਫ ਮੰਚ ਦੇ ਆਗੂ ਮਾਸਟਰ ਹੰਸ ਰਾਜ, ਸਰਬਜੀਤ ਕੁਮਾਰ ਸਾਬਕਾ ਸਰਪੰਚ ਰਾਮਗੜ੍ਹ, ਸੋਮ ਨਾਥ ਸੈਖੂਪੁਰ, ਸੁਰਿੰਦਰ ਮਾਹਲਾ, ਡਾਕਟਰ ਮਲਕੀਤ ਸਿੰਘ ਉਰਫ਼ ਕੁਮਾਰ ਫਿਲੌਰ, ਰਾਜੂ ਬਰਮਪੁਰੀ, ਵਿਜੇ ਸਿੰਘ ਫੈਂਟੀ, ਗੋਬਿੰਦ ਰਾਮ ਆਦਿ ਹਾਜ਼ਰ ਸਨ।

ਲੌਂਗੋਵਾਲ ਗਰੁੱਪ ਆਫ਼ ਕਾਲਜਿਜ਼ 'ਚ 'ਫਰੈਸ਼ਰਜ਼ ਗੌਟ ਟੈਲੰਟ' ਸ਼ੋਅ ਦਾ ਸ਼ਾਨਦਾਰ ਆਯੋਜਨ

ਡੇਰਾ ਬੱਸੀ (ਵਿਨੈ ਕੁਮਾਰ ਜੈਨ)-ਲੌਂਗੋਵਾਲ ਗਰੁੱਪ ਆਫ਼ ਕਾਲਜਿਜ਼, ਡੇਰਾਬੱਸੀ ਨੇ ਲੌਂਗੋਵਾਲ ਪੌਲੀਟੈਕਨਿਕ ਕਾਲਜ ਵਿਖੇ 'ਫਰੈਸ਼ਰਜ਼ ਗੌਟ ਟੈਲੰਟ' ਸ਼ੋਅ ਦਾ ਆਯੋਜਨ ਕੀਤਾ। ਪ੍ਰੋਗਰਾਮ ਵਿੱਚ ਸਾਰੇ ਕੋਰਸਾਂ ਦੇ ਪਹਿਲੇ ਸਾਲ ਅਤੇ ਹੋਰ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਇਸ ਪ੍ਰੋਗਰਾਮ ਨੇ ਵਿਦਿਆਰਥੀਆਂ ਨੂੰ ਨਾਚ, ਗਾਇਕੀ, ਕਵਿਤਾ, ਸੰਗੀਤ ਯੰਤਰ, ਮਿਮਿਕਰੀ, ਪੇਂਟਿੰਗ ਅਤੇ ਜਿਮਨਾਸਟਿਕ ਵਿੱਚ ਆਪਣੀਆਂ ਲੁਕੀਆਂ ਹੋਈਆਂ ਪ੍ਰਤਿਭਾਵਾਂ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕੀਤਾ। ਲੌਂਗੋਵਾਲ ਪੌਲੀਟੈਕਨਿਕ ਕਾਲਜ ਦੇ ਪ੍ਰਿੰਸੀਪਲ, ਡਾ. ਰੇਜ਼ੀ ਕਤਿਆਲ ਅਤੇ ਲੌਂਗੋਵਾਲ ਅਕਾਦਮਿਕ ਕਾਲਜ ਦੇ ਐਡਮਿਸ਼ਨ ਹੈੱਡ/ਪ੍ਰਿੰਸੀਪਲ, ਡਾ. ਵਿਨੋਦ ਕਤਿਆਲ ਨੇ ਭਾਗੀਦਾਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਅਕਾਦਮਿਕ ਦੇ ਨਾਲ-ਨਾਲ ਆਪਣੀਆਂ ਰਚਨਾਤਮਕ ਯੋਗਤਾਵਾਂ ਨੂੰ ਅੱਗੇ ਵਧਾਉਣ ਲਈ ਉਤਸ਼ਾਹਿਤ ਕੀਤਾ।

ਸੰਤ ਸਤਵਿੰਦਰ ਹੀਰਾ ਨੇ ਸੰਗਤਾਂ ਨੂੰ ਏਕਤਾ ਤੇ ਭਾਈਚਾਰਕ ਸਾਂਝ ਬਣਾਉਣ ਦੇ ਉਪਦੇਸ਼ ਨਾਲ ਜੋੜਿਆ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ) ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ ਮਲੋਟ ਵੱਲੋਂ ਸਤਿਗੁਰੂ ਰਵਿਦਾਸ ਮਹਾਰਾਜ ਨੂੰ ਸਮਰਪਿਤ ਆਦਿ ਧਰਮ ਸਤਿਸੰਗ ਸਮਾਗਮ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਬਹੁਤ ਸ਼ਰਧਾ ਪੂਰਵਕ ਕਰਵਾਏ ਗਏ ,ਜਿਸ ਵਿੱਚ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ (ਰਜਿ.) ਭਾਰਤ , ਸੰਤ ਬੀਬੀ ਪੂਨਮ ਹੀਰਾ ਮੈਂਬਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਨੇ ਪਹੁੰਚਕੇ ਸੰਗਤਾਂ ਨੂੰ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਬਾਣੀ ਅਤੇ ਇਤਿਹਾਸ ਤੋਂ ਜਾਣੂ ਕਰਾਇਆ।ਇਸ ਮੌਕੇ ਸੰਤ ਸਤਵਿੰਦਰ ਹੀਰਾ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆ ਕਿਹਾ ਉਹ ਮਹਾਂਪੁਰਸ਼ ਸਦੀਆਂ ਤੱਕ ਯਾਦ ਕੀਤੇ ਜਾਂਦੇ ਹਨ, ਜਿਨਾਂ ਨੇ ਆਪਣੇ ਸਮੇਂ ਦੇ ਝੱਖੜਾਂ ਅਤੇ ਤੂਫਾਨਾਂ ਨੂੰ ਨਾ ਸਿਰਫ ਝੱਲਿਆ ਹੀ, ਸਗੋਂ ਉਹਨਾਂ ਵਿਚੋਂ ਵਿਚਰਦੇ ਹੋਏ ਸਮਾਜ ਨੂੰ ਆਪਣੀ ਮਾਨਵਤਾ-ਪੱਖੀ ਸਮਾਜਿਕਤੀ ਵਾਲੀ ਸੋਚ ਜਾਗਰੀ ਰੱਖੀ। ਆਪਣੇ ਵੇਲੇ ਦੇ ਸਥਾਪਿਤ ਨਿਜ਼ਾਮ ਨੂੰ ਅਤੇ ਹਰ ਇਨਸਾਨੀਅਤ ਦੇ ਦੁਸ਼ਮਣ ਨੂੰ ਵੰਗਾਰਿਆ। ਅਜਿਹੇ ਵਿਅਕਤੀ, ਵਿਅਕਤੀ ਨਾ ਹੋ ਕੇ ਇੱਕ ਦੈਵੀ ਸ਼ਖ਼ਸੀਅਤ ਬਣ ਜਾਂਦੇ ਹਨ। ਉਹਨਾਂ ਨੂੰ ਸਿਰਫ਼ ਧਾਰਮਿਕ ਵਿਅਕਤੀ ਜਾਂ ਉਹਨਾਂ ਦੇ ਸ਼ਰਧਾਲੂ ਹੀ ਯਾਦ ਨਹੀਂ ਕਰਦੇ ਸਗੋਂ ਯੁੱਗਾਂ-ਯੁੱਗਾਂ ਤੱਕ ਉਹਨਾਂ ਦੇ ਜਗਾਏ ਦੀਪ ਤੋਂ ਅਗਾਂਹ ਆਉਣ ਵਾਲੀਆਂ ਪੀੜ੍ਹੀਆਂ ਰੌਸ਼ਨੀ ਲੈਂਦੀਆਂ ਰਹਿੰਦੀਆਂ ਹਨ।ਅਜਿਹੇ ਹੀ ਇੱਕ ਸੰਤ-ਇਨਕਲਾਬੀ ਰਹਿਬਰ ਸਤਿਗੁਰੂ ਰਵਿਦਾਸ ਜੀ ਹੋਏ ਹਨ ਜਿਹਨਾਂ ਦੇ ਚਰਨਾਂ ਨਾਲ ਜੁੜਕੇ ਕਰੋੜਾਂ ਕਰੋੜਾਂ ਜੀਵਾਂ ਦਾ ਸੰਸਾਰ ਤੋਂ ਪਾਰ ਉਤਾਰਾ ਹੋ ਗਿਆ। ਇਸ ਮੌਕੇ ਪ੍ਰਵੀਨ ਕੁਮਾਰ ਪ੍ਰਧਾਨ, ਰਾਜ ਕੁਮਾਰ ਵਾਈਸ ਪ੍ਰਧਾਨ, ਸੰਜੀਵ ਕੁਮਾਰ ਸੈਕਟਰੀ, ਦੇਸ਼ ਰਾਜ ਸਰਪ੍ਰਸਤ, ਸਤੀਸ਼ ਕੁਮਾਰ, ਰਾਮ ਪ੍ਰਕਾਸ਼, ਰਾਜ ਕੁਮਾਰ, ਮਨੋਜ ਕੁਮਾਰ, ਸੁਖਦੇਵ ਕੁਮਾਰ ਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਫਰੈਸ਼ਰਜ਼ ਗੌਟ ਟੈਲੰਟ ਸ਼ੋਅ ਦਾ ਸ਼ਾਨਦਾਰ ਆਯੋਜਨ

ਡੇਰਾ ਬੱਸੀ (ਵਿਨੈ ਕੁਮਾਰ ਜੈਨ)- ਲੌਂਗੋਵਾਲ ਗਰੁੱਪ ਆਫ਼ ਕਾਲਜਿਜ਼, ਡੇਰਾਬੱਸੀ ਨੇ 23 ਸਤੰਬਰ ਨੂੰ ਲੌਂਗੋਵਾਲ ਪੌਲੀਟੈਕਨਿਕ ਕਾਲਜ ਵਿਖੇ 'ਫਰੈਸ਼ਰਜ਼ ਗੌਟ ਟੈਲੰਟ' ਦਾ ਆਯੋਜਨ ਕੀਤਾ। ਪ੍ਰੋਗਰਾਮ ਵਿੱਚ ਸਾਰੇ ਕੋਰਸਾਂ ਦੇ ਪਹਿਲੇ ਸਾਲ ਅਤੇ ਲੇਟਰਲ ਐਂਟਰੀ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਪ੍ਰੋਗਰਾਮ ਨੇ ਵਿਦਿਆਰਥੀਆਂ ਨੂੰ ਨਾਚ, ਗਾਇਕੀ, ਕਵਿਤਾ, ਸੰਗੀਤ ਯੰਤਰ, ਮਿਮਿਕਰੀ, ਪੇਂਟਿੰਗ ਅਤੇ ਜਿਮਨਾਸਟਿਕ ਵਿੱਚ ਆਪਣੀਆਂ ਲੁਕੀਆਂ ਹੋਈਆਂ ਪ੍ਰਤਿਭਾਵਾਂ ਨੂੰ ਪ੍ਰਦਰਸ਼ਿਤ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕੀਤਾ। ਵਿਅਕਤੀਗਤ ਅਤੇ ਸਮੂਹ ਪ੍ਰਦਰਸ਼ਨਾਂ ਨੇ ਸ਼ੋਅ ਵਿੱਚ ਰੰਗ ਅਤੇ ਵਿਭਿੰਨਤਾ ਸ਼ਾਮਲ ਕੀਤੀ। ਲੌਂਗੋਵਾਲ ਪੌਲੀਟੈਕਨਿਕ ਕਾਲਜ ਦੇ ਪ੍ਰਿੰਸੀਪਲ, ਡਾ. ਰੇਜ਼ੀ ਕਤਿਆਲ ਤੇ ਲੌਂਗੋਵਾਲ ਅਕਾਦਮਿਕ ਕਾਲਜ ਦੇ ਐਡਮਿਸ਼ਨ ਹੈੱਡ/ਪ੍ਰਿੰਸੀਪਲ, ਡਾ. ਵਿਨੋਦ ਕਤਿਆਲ ਨੇ ਭਾਗੀਦਾਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਤੇ ਉਨ੍ਹਾਂ ਨੂੰ ਅਕਾਦਮਿਕ ਦੇ ਨਾਲ-ਨਾਲ ਆਪਣੀਆਂ ਰਚਨਾਤਮਕ ਯੋਗਤਾਵਾਂ ਨੂੰ ਅੱਗੇ ਵਧਾਉਣ ਲਈ ਉਤਸ਼ਾਹਿਤ ਕੀਤਾ। ਦਰਸ਼ਕਾਂ ਨੇ ਪ੍ਰਦਰਸ਼ਨਾਂ ਦਾ ਆਨੰਦ ਮਾਣਿਆ ਅਤੇ ਸਟੇਜ 'ਤੇ ਪ੍ਰਦਰਸ਼ਿਤ ਪ੍ਰਤਿਭਾਵਾਂ ਦੀ ਸ਼ਲਾਘਾ ਕੀਤੀ।

ਗਾਇਕ ਕੇ ਐੱਸ ਮੱਖਣ ਦਾ ਕੌਲ ਬ੍ਰਦਰਜ਼ ਵੱਲੋਂ ਗੋਲਡ ਮੈਡਲ ਨਾਲ ਸਨਮਾਨ

ਆਦਮਪੁਰ (ਪਰਮਜੀਤ ਸਿੰਘ) ਕੌਲ ਬ੍ਰਦਰਜ਼ ਵੱਲੋਂ ਨਿਊਯਾਰਕ ਵਿਖੇ ਗਾਇਕ ਕੇ. ਐੱਸ. ਮੱਖਣ ਨੂੰ ਗੋਲਡ ਮੈਡਲ ਨਾਲ ਸਨਮਾਨਿਤ ਗਿਆ।ਕੌਲ ਬ੍ਰਦਰਜ਼ ਦੇ ਸਰਬਜੀਤ ਕੌਲ, ਜਸਬੀਰ ਰਾਏ ਕੌਲ ਮਿੰਟੂ, ਸੈਂਡੀ ਕੌਲ ਉਨ੍ਹਾਂ ਦੇ ਪਿਤਾ ਚਰਨਜੀਤ ਰਾਏ ਕੌਲ ਨੇ ਦੱਸਿਆ ਕਿ ਕੇ. ਐੱਸ. ਮੱਖਣ ਨੂੰ ਧੰਨ ਧੰਨ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀਆਂ ਧਾਰਮਿਕ ਰਚਨਾਵਾਂ ਗਾਉਣ ਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀਆਂ ਰਚਨਾਵਾਂ ਰਾਹੀਂ ਸਮਾਜ ਨੂੰ ਜਾਗਰੂਕ ਕਰਨ 'ਤੇ ਇਹ ਸਨਮਾਨ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਮੱਖਣ ਨੇ ਜਾਤ-ਪਾਤ ਖ਼ਤਮ ਕਰਕੇ ਆਪਣੇ ਗੀਤਾਂ ਰਾਹੀਂ ਸਾਂਝੀਵਾਲਤਾ ਦਾ ਸੁਨੇਹਾ ਦਿੱਤਾ ਹੈ। ਸਨਮਾਨ ਸਮਾਰੋਹ ਵਿੱਚ ਵਿਸ਼ੇਸ਼ ਤੌਰ 'ਤੇ ਪਰਮਜੀਤ ਪ੍ਰਧਾਨ ਸ਼੍ਰੀ ਗੁਰੂ ਰਵਿਦਾਸ ਸਭਾ ਆਫ ਨਿਊਯਾਰਕ, ਬਲਵਿੰਦਰ ਭੌਰਾ ਜਨਰਲ ਸਕੱਤਰ, ਪਿੰਦਰਪਾਲ ਚੇਅਰਮੈਨ ਬੇਗਮਪੁਰਾ ਕਲਚਰ ਸੋਸਾਇਟੀ ਨਿਊਯਾਰਕ, ਰਾਜ ਕੁਮਾਰ ਰਾਜੂ ਪ੍ਰਧਾਨ ਬੇਗਮਪੁਰਾ ਕਲਚਰ ਸੋਸਾਇਟੀ ਨਿਊਯਾਰਕ, ਨਿਰਮਲ ਮੌਰੇ, ਮਦਨ ਬੱਧਣ, ਚਮਨ ਲਾਲ ਸਾਬਕਾ ਸਰਪੰਚ, ਰਮੇਸ਼ ਮਹੇ, ਜਸਵਿੰਦਰ ਮਹੇ ਦੂਹੜੇ, ਜੋਸਨ ਫੈਮਿਲੀ, ਲਾਲੀ ਮੌਰੇ, ਬਬਲੂ ਜੱਸੀ, ਝਲਮਣ ਦਾਸ, ਜੀਤ ਰਾਮ ਜੈਤੇਵਾਲੀ, ਛਿੰਦਾ ਝਿੱਕਾ, ਮੁਖਤਿਆਰ ਬੰਟੀ, ਵਿਜੇ ਨੁੱਸੀ, ਮੱਖਣ ਫਰਾਲਾ, ਬਿੱਟੂ ਸਪੀਡੋ, ਜੁਗਨੂੰ, ਹੈਪੀ ਬੱਧਣ, ਅਮਰਿੰਦਰ ਮਾਹੀ, ਹਰਬਲਾਸ ਲਾਲੀ, ਮਿੱਕੀ ਸ਼ਾਹ, ਤਲਵਿੰਦਰ ਬੈਂਸ ਹੈਪੀ, ਬਲਜਿੰਦਰ ਸੋਹਲ, ਮਨਪ੍ਰੀਤ ਮਾਨ, ਦੁਰਗਾ ਦਾਸ, ਰਿੰਕੂ ਪ੍ਰਧਾਨ, ਸੋਨੂ ਮੌਰੇਂ, ਏ. ਐੱਸ. ਰਮਤਾ, ਦੀਪਾ ਕਰਤਾਰਪੁਰੀ, ਠੇਕੇਦਾਰ ਬਲਵੀਰ ਰੰਧਾਵਾ, ਪਰਮਿੰਦਰ ਜੋਸਨ, ਸੰਜੀਵ ਸ਼ਰਮਾ (ਰਿੰਕੂ), ਹੈਰੀ ਚੌਹਾਨ, ਜਤਨਵੀਰ ਸਿੰਘ ਅਤੇ ਹੋਰਨਾਂ ਵੱਲੋਂ ਖ਼ਾਸ ਤੌਰ 'ਤੇ ਇਸ ਸਮਾਗਮ ਵਿੱਚ ਹਿੱਸਾ ਲਿਆ ਗਿਆ।ਸਮਾਗਮ ਦੀ ਸਮਾਪਤੀ 'ਤੇ ਸਮੂਹ ਕੌਲ ਬ੍ਰਦਰਜ਼ ਵੱਲੋਂ ਪੁੱਜੇ ਸਾਰੇ ਸਾਥੀਆਂ ਦਾ ਉਚੇਚੇ ਤੌਰ 'ਤੇ ਧੰਨਵਾਦ ਕੀਤਾ ਗਿਆ।

ਇੰਡੀਆ ਸਕਿੱਲਜ਼ ਕੰਪੀਟੀਸ਼ਨ 2025 ਸੰਬੰਧੀ ਰਜਿਸਟ੍ਰੇਸ਼ਨ ਕੈਂਪ ਅੱਜ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)-ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਰਮਨਦੀਪ ਕੌਰ ਨੇ ਦੱਸਿਆ ਕਿ ਹੁਨਰ ਵਿਕਾਸ ਅਤੇ ਉੱਦਮਸ਼ੀਲਤਾ ਮੰਤਰਾਲੇ ਵੱਲੋਂ 'ਇੰਡੀਆ ਸਕਿੱਲਜ਼ ਕੰਪੀਟੀਸ਼ਨ 2025' ਕਰਵਾਇਆ ਜਾ ਰਿਹਾ ਹੈ। ਇਸ ਮੁਕਾਬਲੇ ਵਿਚੋਂ ਸਿਲੈਕਟ ਹੋਏ ਪ੍ਰਾਰਥੀ 'ਵਰਲਡ ਸਕਿੱਲਜ਼ ਕੰਪੀਟੀਸ਼ਨ 2026' ਵਿਚ ਭਾਰਤ ਵੱਲੋਂ ਆਪਣਾ ਹੁਨਰ ਪ੍ਰਦਰਸ਼ਿਤ ਕਰਨਗੇ। ਇਸ ਮੁਕਾਬਲੇ ਵਿਚ ਪ੍ਰਾਰਥੀ 63 ਹੁਨਰਾਂ ਵਿਚੋਂ ਆਪਣਾ ਹੁਨਰ ਪ੍ਰਦਰਸ਼ਿਤ ਕਰ ਸਕਦੇ ਹਨ। ਇਸ ਮੁਕਾਬਲੇ ਵਿਚ ਭਾਗ ਲੈਣ ਲਈ ਉਮਰ ਸੀਮਾ 16 ਤੋਂ 25 ਸਾਲ ਹੈ। ਚਾਹਵਾਨ ਪ੍ਰਾਰਥੀ 'ਸਕਿੱਲ ਇੰਡੀਆ ਡਿਜੀਟਲ ਹੱਬ' ਪੋਰਟਲ 'ਤੇ ਆਪਣੀ ਰਜਿਸਟ੍ਰੇਸ਼ਨ ਕਰ ਸਕਦੇ ਹਨ। ਇਸ ਦੇ ਸਬੰਧ ਵਿਚ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ 26 ਸਤੰਬਰ ਦਿਨ ਸ਼ੁੱਕਰਵਾਰ ਨੂੰ ਸਵੇਰੇ 10 ਵਜੇ ਰਜਿਸਟ੍ਰੇਸ਼ਨ ਕੈਂਪ ਦਾ ਆਯੋਜਨ ਆਪਣੇ ਦਫ਼ਤਰ ਵਿਖੇ ਕੀਤਾ ਜਾ ਰਿਹਾ ਹੈ। ਚਾਹਵਾਨ ਪ੍ਰਾਰਥੀ ਉਕਤ ਮਿਤੀ ਨੂੰ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸਰਕਾਰੀ ਆਈ.ਟੀ.ਆਈ. ਕੰਪਲੈਕਸ, ਐਮ.ਐਸ.ਡੀ.ਸੀ. ਬਿਲਡਿੰਗ, ਜਲੰਧਰ ਰੋਡ, ਹੁਸ਼ਿਆਰਪੁਰ ਵਿਖੇ ਵਿਜ਼ਟ ਕਰਕੇ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ ਅਤੇ ਇਸ ਪ੍ਰੋਗਰਾਮ ਵਿਚ ਭਾਗ ਲੈ ਸਕਦੇ ਹਨ।

ਹਲਕਾ ਵਿਧਾਇਕ ਨੇ ਰਾਹਤ ਸਮੱਗਰੀ ਨੂੰ ਹਰੀ ਝੰਡੀ ਦਿਖਾ ਕੇ ਕੀਤਾ ਰਵਾਨਾ

ਡੇਰਾਬੱਸੀ (ਵਿਨੈ ਕੁਮਾਰ ਜੈਨ)- ਡੇਰਾਬੱਸੀ ਸਥਿਤ ਨੇਕਟਰ ਲਾਈਫ ਸਾਇੰਸਿਜ਼ ਲਿਮਿਟਡ ਨੇ ਪੰਜਾਬ ਵਿੱਚ ਆਏ ਹੜ੍ਹ ਨਾਲ ਪ੍ਰਭਾਵਿਤ ਲੋਕਾਂ ਲਈ ਵੱਡਾ ਯੋਗਦਾਨ ਪਾਇਆ ਹੈ। ਕੰਪਨੀ ਦੇ ਪ੍ਰਬੰਧਨ ਅਤੇ ਕਰਮਚਾਰੀਆਂ ਨੇ ਮਿਲ ਕੇ ਲਗਭਗ 25 ਲੱਖ 67 ਹਜ਼ਾਰ ਰੁਪਏ ਮੁੱਲ ਦੀਆਂ ਦਵਾਈਆਂ ਰਾਹਤ ਸਮੱਗਰੀ ਵਜੋਂ ਭੇਟ ਕੀਤੀਆਂ।ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਇਹ ਦਵਾਈਆਂ ਲੈ ਕੇ ਜਾ ਰਹੀਆਂ ਗੱਡੀਆਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ 'ਤੇ ਬੋਲਦਿਆਂ ਵਿਧਾਇਕ ਰੰਧਾਵਾ ਨੇ ਕਿਹਾ ਕਿ ਹੜ੍ਹ ਵਰਗੀਆਂ ਕੁਦਰਤੀ ਆਫ਼ਤਾਂ ਵਿੱਚ ਉਦਯੋਗਾਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੁੰਦੀ ਹੈ।ਪ੍ਰਬੰਧਨ ਵਲੋਂ ਦੱਸਿਆ ਗਿਆ ਕਿ ਇਹ ਰਾਹਤ ਸਮੱਗਰੀ ਸੰਜੀਵ ਗੋਇਲ (ਚੇਅਰਮੈਨ ਅਤੇ ਪ੍ਰਬੰਧ ਨਿਰਦੇਸ਼ਕ), ਹਰਪ੍ਰਕਾਸ਼ ਸਿੰਘ (ਪ੍ਰੈਜ਼ੀਡੈਂਟ) ਅਤੇ ਅਮਿਤ ਚੱਢਾ (ਮੁੱਖ ਕਾਰਜਕਾਰੀ ਅਧਿਕਾਰੀ) ਦੇ ਦਿਸ਼ਾ-ਨਿਰਦੇਸ਼ ਅਨੁਸਾਰ ਭੇਜੀ ਗਈ ਹੈ। ਪ੍ਰੋਗਰਾਮ ਦੌਰਾਨ ਕੰਪਨੀ ਪ੍ਰਬੰਧਨ ਵਲੋਂ ਸੰਜੇ ਸਿਗਲਾ (ਪ੍ਰਸ਼ਾਸਨ ਪ੍ਰਮੁੱਖ), ਮਨਜੀਤ ਸਿੰਘ, ਪਰਮਜੀਤ ਸਿੰਘ, ਮੁਨੀਸ਼ ਕੁਮਾਰ ਅਤੇ ਰਜਨੀਸ਼ ਮੌਜੂਦ ਸਨ। ਇਸ ਤੋਂ ਇਲਾਵਾ ਯੂਨੀਅਨ ਵਲੋਂ ਅਜੀਤ ਰਾਣਾ (ਪ੍ਰਧਾਨ, ਐਸ ਐਲ ਵਰਕਰ ਯੂਨੀਅਨ), ਸੁਖਵਿੰਦਰ ਅਤੇ ਜਤਿੰਦਰ ਵੀ ਹਾਜ਼ਰ ਸਨ। ਸਾਰਿਆਂ ਨੇ ਇਕਜੁੱਟ ਹੋ ਕੇ ਇਸ ਰਾਹਤ ਕਾਰਜ ਵਿੱਚ ਸਹਿਯੋਗ ਦਿੱਤਾ ਅਤੇ ਭਵਿੱਖ ਵਿੱਚ ਵੀ ਸਮਾਜਸੇਵਾ ਦੀ ਐਸੀ ਪਹਿਲ ਜਾਰੀ ਰੱਖਣ ਦਾ ਭਰੋਸਾ ਦਿੱਤਾ।

ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ 'ਚ ਉੱਦਮਿਤਾ ਵਿਸ਼ੇ 'ਤੇ ਸੈਮੀਨਾਰ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਸਕੂਲ ਆਫ਼ ਮੈਨੇਜਮੈਂਟ ਐਂਡ ਕਾਮਰਸ ਵੱਲੋਂ ਉੱਦਮਿਤਾ ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਇਹ ਪ੍ਰੋਗਰਾਮ ਪ੍ਰਿੰਸੀਪਲ ਡਾ. ਹਰਿੰਦਰ ਸਿੰਘ ਗਿੱਲ, ਵਿਭਾਗ ਮੁਖੀ ਡਾ. ਪਾਰੁਲ ਖੰਨਾ ਅਤੇ ਗੈਸਟ ਲੈਕਚਰ ਕਮੇਟੀ ਮੁਖੀ ਡਾ. ਦਮਨਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ 'ਚ ਹੋਇਆ। ਸੈਮੀਨਾਰ 'ਚ ਮੁੱਖ ਵਕਤਾ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਯੂਨੀਵਰਸਿਟੀ ਬਿਜ਼ਨਸ ਸਕੂਲ ਦੇ ਸੀਨੀਅਰ ਪ੍ਰੋਫੈਸਰ ਡਾ. ਬੀ.ਬੀ. ਗੋਇਲ ਸਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਉਦਯਮਿਤਾ ਦੀਆਂ ਮੂਲ ਗੱਲਾਂ ਦੱਸੀਆਂ। ਉਨ੍ਹਾਂ ਕਿਹਾ ਕਿ ਉਦਯਮਿਤਾ ਵਿੱਚ ਜੋਖਮ ਚੁੱਕਣਾ, ਨਵੇਂ ਵਿਚਾਰਾਂ ਨੂੰ ਅਪਣਾਉਣਾ ਤੇ ਉਨ੍ਹਾਂ ਨੂੰ ਸਫਲ ਬਣਾਉਣਾ ਜ਼ਰੂਰੀ ਹੈ। ਡਾ. ਗੋਇਲ ਨੇ ਵਿਦਿਆਰਥੀਆਂ ਨੂੰ ਆਪਣੀਆਂ ਯੋਗਤਾਵਾਂ ਨਿਖਾਰਨ, ਸਮੇਂ ਦੇ ਨਾਲ ਆਪਣੇ ਆਪ ਨੂੰ ਬਦਲਣ ਤੇ ਫ਼ੈਸਲੇ ਲੈਣ ਦੀ ਸਮਰੱਥਾ ਵਿਕਸਤ ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਨੇ ਨੈਤਿਕਤਾ, ਧੀਰਜ ਅਤੇ ਮਿਹਨਤ ਨੂੰ ਸਫਲਤਾ ਦੀ ਕੁੰਜੀ ਦੱਸਿਆ। ਉਨ੍ਹਾਂ ਨੇ ਵਿੱਤੀ ਸੀਮਾਵਾਂ, ਬਾਜ਼ਾਰ ਦੀ ਮੁਕਾਬਲਾ ਬਾਜ਼ੀ ਤੇ ਅਨਿਸ਼ਚਿਤਤਾ ਵਰਗੀਆਂ ਚੁਣੌਤੀਆਂ 'ਤੇ ਵੀ ਗੱਲ ਕੀਤੀ ਅਤੇ ਉਨ੍ਹਾਂ ਨੂੰ ਪਾਰ ਕਰਨ ਦੇ ਤਰੀਕੇ ਦੱਸੇ। 'ਚ ਵਿਭਾਗ ਵੱਲੋਂ ਡਾ. ਗੋਇਲ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਵਿਭਾਗ ਦੇ ਅਧਿਆਪਕਾਂ ਦੇ ਨਾਲ-ਨਾਲ ਵਿਦਿਆਰਥੀ ਵੀ ਹਾਜ਼ਰ ਸਨ।

COURT NOTICE

(U/o 5 Rule 20 CPC)
In the Court of Sh. Jagdeep Sood Additional District and Sessions Judge Ludhiana

Next Date, Purpose of case, Orders and Judgments as well as other case information is available on http://ecourts.gov.in

CNR No. PBLD01-015110-2021
Next Date:-20-10-2025

Vicky Thakur Vs. Yudhvir Singh

Publication Issued To:

2. Shavinder Partap Singh S/O Naumi Lal R/O 68,Ward No.2,Sector-10 A, Mandi Gobindgarh, Distt. Fatehgarh Sahib (owner of Truck No. PB-10-CX-7795)

Whereas it has been proved to the satisfaction of the Court that the defendant(s)/respondent(s) above named cannot be served in the ordinary way of service. Hence, This proclamation under order 5 Rule 20 CPC is hereby issued against him/them and should appear personally or through their counsel on 20-10-2025 at 10:00 a.m.

Take notice that, in default of his/their appearance on the day before mentioned, the above said case will be heard and determined in his/their absence according to law.

Given under my hand and the seal of the Court, this 23-09-2025.

Additional District and Sessions Judge Ludhiana

ਵੈਟਰਨਰੀ ਇੰਸਪੈਕਟਰ ਮਨਾਉਣਗੇ ਕਾਲੀ ਦੀਵਾਲੀ : ਗੁਰਦੀਪ ਸਿੰਘ ਬਾਸੀ

ਹੁਸ਼ਿਆਰਪੁਰ (ਬੀ ਐੱਸ ਸੈਣੀ)- ਬੀਤੀ ਦਿਨੀ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਪੰਜਾਬ ਦੀ ਮੀਟਿੰਗ ਸੂਬਾ ਪ੍ਰਧਾਨ ਗੁਰਦੀਪ ਸਿੰਘ ਬਾਸੀ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਪੂਰੇ ਪੰਜਾਬ ਤੋਂ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਅਤੇ ਸਟੇਟ ਕਮੇਟੀ ਮੈਂਬਰਾਂ ਨੇ ਹਿੱਸਾ ਲਿਆ ਲੰਬੇ ਵਿਚਾਰ ਵਟਾਂਦਰੇ ਤੋਂ ਬਾਅਦ ਐਸੋਸੀਏਸ਼ਨ ਨੇ ਫੈਸਲਾ ਲਿਆ ਕਿ ਪੰਜਾਬ ਸਰਕਾਰ ਅਤੇ ਵਿਭਾਗ ਦੇ ਅਫਸਰ ਉਨ੍ਹਾਂ ਦੀਆਂ ਮੰਗਾਂ ਮੰਨਣ ਤੋਂ ਪੂਰੀ ਤਰ੍ਹਾਂ ਇਨਕਾਰੀ ਹਨ, ਜਦ ਕਿ ਵੈਟਰਨਰੀ ਇੰਸਪੈਕਟਰ ਪਸ਼ੂ ਪਾਲਣ ਦਾ 90 ਪ੍ਰਤੀਸ਼ਤ ਕੰਮ ਕਰਦੇ ਹਨ। ਵੈਟਨਰੀ ਇੰਸਪੈਕਟਰ ਐਸੋਸੀਏਸ਼ਨ ਦੀਆਂ ਤਿੰਨ ਮੀਟਿੰਗਾਂ ਵਿਭਾਗ ਦੇ ਮਾਨਯੋਗ ਕੈਬਨਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨਾਲ ਹੋ ਚੁੱਕੀਆਂ ਹਨ, ਪਰ ਹੁਣ ਤੱਕ ਇਹਨਾਂ ਮੀਟਿੰਗਾਂ ਦਾ ਸਿੱਟਾ ਜ਼ੀਰੋ ਨਿਕਲਿਆ ਹੈ। ਵੈਟਨਰੀ ਇੰਸਪੈਕਟਰਾਂ ਦੀਆਂ ਤਰੱਕੀਆਂ ਹੋਈਆਂ ਜ਼ਬਰੀ ਬਦਲੀਆਂ ਨੂੰ ਲੈ ਕੇ ਵੀ ਮੁਲਾਜ਼ਮ ਰੋਸ ਵਿੱਚ ਹਨ। ਐਸੋਸੀਏਸ਼ਨ ਦੇ ਪ੍ਰਧਾਨ ਗੁਰਦੀਪ ਸਿੰਘ ਬਾਸੀ ਨੇ ਪ੍ਰੈੱਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਉਹ ਹੁਣ ਸੰਘਰਸ਼ ਨੂੰ ਤੂਲ ਲਾਗੂ ਕਰ ਦੇਣਗੇ। ਜਿਸ ਅਨੁਸਾਰ ਵੈਟਨਰੀ ਇੰਸਪੈਕਟਰ ਪਸ਼ੂ ਹਸਪਤਾਲਾਂ ਅਤੇ ਡਿਸਪੈਂਸਰੀਆਂ ਵਿੱਚ ਆਏ ਹੋਏ ਪਸ਼ੂ ਨੂੰ ਮੁਫ਼ਤੀ ਸਹਾਇਤਾ ਪ੍ਰਦਾਨ ਕਰਨਗੇ, ਨਾਲ ਹੀ ਉਨ੍ਹਾਂ ਨੇ ਕਿਸੇ ਵੀ ਤਰ੍ਹਾਂ ਦੀ ਆਨਲਾਈਨ ਰਿਪੋਰਟਿੰਗ ਦਾ ਬਾਈਕਾਟ ਕਰਨ, ਭਾਰਤ ਸਰਕਾਰ ਦੀਆਂ ਵਿਭਾਗੀ ਸਕੀਮਾਂ ਦੇ ਬਾਈਕਾਟ ਕਰਨ ਦਾ ਐਲਾਨ ਕੀਤਾ। ਇੰਸਪੈਕਟਰ ਕਾਲੀ ਦੀਵਾਲੀ ਮਨਾਉਣਗੇ ਅਤੇ 10 ਅਕਤੂਬਰ ਤੋਂ ਡਿਪਟੀ ਡਾਇਰੈਕਟਰ ਦਫਤਰਾਂ ਸਾਹਮਣੇ ਧਰਨਿਆਂ ਦਾ ਸਿਲਸਿਲਾ ਸ਼ੁਰੂ ਕਰਨਗੇ, ਦਿਵਾਲੀ ਤੋਂ ਬਾਅਦ ਵੈਟਨਰੀ ਇੰਸਪੈਕਟਰ ਐਸੋਸੀਏਸ਼ਨ ਸਮੂਹ ਵੈਟਨਰੀ ਇੰਸਪੈਕਟਰਾਂ ਸਮੇਤ ਮਾਨਯੋਗ ਮੰਤਰੀ ਸਾਹਿਬ ਦੇ ਹਲਕੇ ਲੰਬੀ ਦਾ ਰੁੱਖ ਕਰਨਗੇ ਅਤੇ ਉਹ ਉਦੋਂ ਤੱਕ ਉੱਥੇ ਬੈਠੇ ਰਹਿਣਗੇ ਜਦੋਂ ਤੱਕ ਵੈਟਨਰੀ ਇੰਸਪੈਕਟਰ ਦੀਆਂ ਮੰਗਾਂ ਮੰਨੀਆਂ ਨਹੀਂ ਜਾਂਦੀਆਂ। ਇਸ ਸਮੇਂ ਐਸੋਸੀਏਸ਼ਨ ਦੇ ਜਨਰਲ ਸਕੱਤਰ ਪਰਮਜੀਤ ਸੋਹੀ, ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਛੱਤਾ, ਜਸੀਵ ਮਲਹੋਤਰਾ, ਗੁਰਮੀਤ ਸਿੰਘ ਮਹਿਤਾ ਮੁਕਤਸਰ, ਹਰਦੀਪ ਸਿੰਘ ਗਿਆਨਾ, ਦਲਜੀਤ ਸਿੰਘ ਚਾਹਲ ਤਰਨ ਤਾਰਨ, ਧਰਮਵੀਰ ਸਰਾਂ ਫਿਰੋਜ਼ਪੁਰ, ਪ੍ਰਵੀਨ ਕੁਮਾਰ ਗੁਰਦਾਸਪੁਰ, ਹਰਦੀਪ ਸਿੰਘ ਮੋਗਾ, ਰਜਿੰਦਰ ਕੰਬੋਜ, ਰਕੇਸ਼ ਸੈਣੀ, ਵਿਜੇ ਕੰਬੋਜ, ਜ਼ਿਲ੍ਹਾ ਪ੍ਰਧਾਨ ਪਟਿਆਲਾ ਸੰਦੀਪ ਚੌਧਰੀ ਸਮੇਤ ਹੋਰ ਅਹੁਦੇਦਾਰ ਸ਼ਾਮਲ ਸਨ।

ਲਾਇਲਪੁਰ ਖਾਲਸਾ ਕਾਲਜ ਵਿਖੇ 'ਆਗਾਜ਼-ਏ-ਅਜ਼ਲ' ਦਾ ਆਯੋਜਨ

ਜਲੰਧਰ (ਸ਼ੈਲੀ ਐਲਬਰਟ)- ਲਾਇਲਪੁਰ ਖਾਲਸਾ ਕਾਲਜ ਜਲੰਧਰ ਵਿਖੇ ਪੀ ਜੀ ਡਿਪਾਰਟਮੈਂਟ ਆਫ ਜਰਨਲਿਜ਼ਮ ਐਂਡ ਮਾਸ ਕਮਿਊਨੀਕੇਸ਼ਨ ਵਿਭਾਗ ਨੇ ਇੱਕ ਸਾਲਾਨਾ ਸਮਾਗਮ "ਆਗਾਜ਼-ਏ-ਅਜ਼ਲ" ਦਾ ਆਯੋਜਨ ਕੀਤਾ। ਇਸ ਸਮਾਗਮ ਵਿੱਚ ਪੱਤਰਕਾਰੀ ਅਤੇ ਜਨ ਸੰਚਾਰ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਰਚਨਾਤਮਕਤਾ ਅਤੇ ਪ੍ਰਤਿਭਾ ਨੂੰ ਪ੍ਰਦਰਸ਼ਿਤ ਕਰਨ ਦਾ ਮੌਕਾ ਮਿਲਿਆ। ਇਸ ਸਮਾਗਮ ਦਾ ਉਦਘਾਟਨ ਕਾਲਜ ਪ੍ਰਿੰਸੀਪਲ, ਡਾ. ਸੁਮਨ ਚੋਪੜਾ ਦੁਆਰਾ ਕੀਤਾ ਗਿਆ ਜਿਨ੍ਹਾਂ ਦਾ ਸੁਆਗਤ ਵਿਭਾਗ ਮੁਖੀ ਪ੍ਰੋ.ਸੰਜੀਵ ਆਨੰਦ ਅਤੇ ਵਿਭਾਗ ਦੇ ਅਧਿਆਪਕਾਂ ਦੁਆਰਾ ਫੁੱਲਾਂ ਦਾ ਗੁਲਦਸਤਾ ਦੇ ਕੇ ਕੀਤਾ ਗਿਆ। ਆਪਣੇ ਸੁਆਗਤੀ ਭਾਸ਼ਣ ਵਿੱਚ ਬੋਲਦਿਆਂ, ਪ੍ਰਿੰਸੀਪਲ, ਡਾ. ਸੁਮਨ ਚੋਪੜਾ ਨੇ ਵਿਦਿਆਰਥੀਆਂ ਨੂੰ ਆਪਣੀ ਸਿਰਜਣਾਤਮਕਤਾ ਨੂੰ ਪ੍ਰਗਟ ਕਰਨ ਅਤੇ ਪੱਤਰਕਾਰੀ ਅਤੇ ਜਨ ਸੰਚਾਰ ਵਿੱਚ ਆਪਣੇ ਹੁਨਰ ਨੂੰ ਨਿਖਾਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨ ਵਿੱਚ ਅਜਿਹੇ ਸਮਾਗਮਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਇਸ ਸਮਾਗਮ ਦੇ ਆਯੋਜਨ ਵਿੱਚ ਉਨ੍ਹਾਂ ਦੇ ਯਤਨਾਂ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਆਪਣੇ ਚੁਣੇ ਹੋਏ ਖੇਤਰਾਂ ਵਿੱਚ ਉੱਤਮਤਾ ਪ੍ਰਾਪਤ ਕਰਦੇ ਰਹਿਣ ਲਈ ਉਤਸ਼ਾਹਿਤ ਕੀਤਾ। ਵਿਭਾਗ ਦੇ ਮੁਖੀ, ਪ੍ਰੋ. ਸੰਜੀਵ ਕੁਮਾਰ ਆਨੰਦ ਨੇ ਵਿਦਿਆਰਥੀਆਂ ਵਿੱਚ ਸੱਭਿਆਚਾਰਕ ਅਤੇ ਬੌਧਿਕ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਨ ਵਿੱਚ "ਆਗਾਜ਼-ਏ-ਅਜ਼ਲ" ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਪ੍ਰੋਗਰਾਮ ਦੇ ਅੰਤ ਵਿੱਚ ਜੇਤੂਆਂ ਨੂੰ ਇਨਾਮ ਦਿੱਤੇ ਗਏ। ਸਮਾਗਮ ਵਿੱਚ ਪ੍ਰੋ. ਰਜਤ ਕੌਰ, ਪ੍ਰੋ. ਅੰਜਲੀ ਭਾਰਦਵਾਜ, ਅਤੇ ਪ੍ਰੋ. ਮੋਨਿਕਾ ਸਮੇਤ ਵਿਦਿਆਰਥੀ ਵੀ ਮੌਜੂਦ ਸੀ।

ਜਮਹੂਰੀ ਫਰੰਟ ਵੱਲੋਂ ਨਕਸਲੀ ਆਗੂਆਂ ਨੂੰ 'ਮੁਕਾਬਲਿਆਂ' ਦੇ ਨਾਂਅ ਹੇਠ ਮਾਰਨ ਦੀ ਨਿੰਦਾ

ਬੰਗਾ (ਅਵਤਾਰ ਕਲੇਰ)- ਇੱਥੇ ਪ੍ਰੈੱਸ ਬਿਆਨ ਜਾਰੀ ਕਰਕੇ ਓਪਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਦੇ ਕਨਵੀਨਰਾਂ ਡਾ. ਪਰਮਿੰਦਰ, ਪ੍ਰੋਫੈਸਰ ਏ.ਕੇ.ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ਪਾਲ ਨੇ 22 ਸਤੰਬਰ ਨੂੰ ਛੱਤੀਸਗੜ੍ਹ ਦੇ ਨਾਰਾਇਣਪੁਰ ਜ਼ਿਲ੍ਹੇ ਦੇ ਜੰਗਲਾਂ ਵਿਚ ਕਥਿਤ ਮੁਕਾਬਲੇ ਵਿਚ ਸੀ ਪੀ ਆਈ (ਮਾਓਵਾਦੀ) ਦੇ ਦੋ ਕੇਂਦਰੀ ਕਮੇਟੀ ਮੈਂਬਰਾਂ ਸਤਿਆਨਾਰਾਇਣ ਰੈੱਡੀ ਅਤੇ ਕੇ. ਰਾਮਚੰਦਰ ਰੈੱਡੀ ਨੂੰ ਕਤਲ ਕਰਨ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਮਾਓਵਾਦੀ ਲਹਿਰ ਨੂੰ ਰਾਜਨੀਤਕ ਮਸਲੇ ਵਜੋਂ ਲੈਣ ਦੀ ਬਜਾਏ ਹੁਕਮਰਾਨ ਕਤਲੇਆਮ ਰਾਹੀਂ ਦਬਾਉਣ ਅਤੇ ਆਪਣੇ ਹੀ ਲੋਕਾਂ ਦੀਆਂ ਲਾਸ਼ਾਂ ਵਿਛਾਉਣ ਦੇ ਰਾਹ ਪਏ ਹੋਏ ਹਨ। ਜੰਗਲੀ-ਪਹਾੜੀ ਇਲਾਕਿਆਂ ਨੂੰ ਦਹਾਕਿਆਂ ਤੋਂ ਸੁਰੱਖਿਆ ਬਲਾਂ ਦੀ ਵਿਆਪਕ ਛਾਉਣੀ ਬਣਾਏ ਹੋਣ ਤੇ ਲੋਕ ਹਿਤਾਂ ਨਾਲ ਜੁੜੇ ਰਾਜਨੀਤਕ ਮਸਲੇ ਨੂੰ ਅਮਨ-ਕਾਨੂੰਨ ਦਾ ਮਸਲਾ ਬਣਾਕੇ ਪੇਸ਼ ਕਰਨ ਦੇ ਪਿੱਛੇ ਭਾਜਪਾ ਸਰਕਾਰ ਦੇ ਫਾਸ਼ੀਵਾਦੀ ਇਰਾਦੇ ਬਿਲਕੁਲ ਸਪੱਸ਼ਟ ਹਨ। ਆਦਿਵਾਸੀਆਂ ਤੇ ਹੋਰ ਮਿਹਨਤਕਸ਼ ਵਰਗਾਂ ਦੇ ਨੌਜਵਾਨਾਂ ਨੂੰ ਸਰਕਾਰੀ ਲਸ਼ਕਰਾਂ 'ਚ ਭਰਤੀ ਕਰਕੇ ਆਦਿਵਾਸੀ ਸੰਘਰਸ਼ਾਂ ਵਿਰੁੱਧ ਮੋਹਰੇ ਬਣਾ ਕੇ ਵਰਤਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਰਾਜਨੀਤਕ ਪ੍ਰਬੰਧ ਦੀ ਲੋਕ ਵਿਰੋਧੀ ਕਾਰਗੁਜ਼ਾਰੀ 'ਚੋਂ ਪੈਦਾ ਹੋਈਆਂ ਹਥਿਆਰਬੰਦ ਟਾਕਰਾ ਲਹਿਰਾਂ ਨੂੰ ਸਟੇਟ ਦੀ ਹਥਿਆਰਬੰਦ ਤਾਕਤ ਵਕਤੀ ਤੌਰ 'ਤੇ ਤਾਂ ਦਬਾ ਸਕਦੀ ਹੈ ਪਰ ਖ਼ਤਮ ਨਹੀਂ ਕਰ ਸਕਦੀ।ਸੁਰੱਖਿਆ ਬਲਾਂ ਤੇ ਹੋਰ ਫੋਰਸਾਂ ਨੂੰ ਇਨਾਮਾਂ ਤੇ ਤਰੱਕੀਆਂ ਦਾ ਲਾਲਚ ਦੇ ਕੇ ਕਥਿਤ ਇਨਾਮੀ ਮਾਓਵਾਦੀਆਂ ਦੇ ਕਤਲ ਕਰਾਉਣ ਦਾ ਵਰਤਾਰਾ ਜਮਹੂਰੀ ਤੇ ਮਨੁੱਖੀ ਸਰੋਕਾਰਾਂ ਪੱਖੋਂ ਬੇਹੱਦ ਖ਼ਤਰਨਾਕ ਹੈ। ਜਿਸ ਦਾ ਸਮੂਹ ਜਮਹੂਰੀ ਤੇ ਨਿਆਂਪਸੰਦ ਤਾਕਤਾਂ ਨੂੰ ਗੰਭੀਰ ਨੋਟਿਸ ਲੈਣਾ ਚਾਹੀਦਾ ਹੈ। ਉਨ੍ਹਾਂ ਮੰਗ ਕੀਤੀ ਕਿ ਆਦਿਵਾਸੀ ਇਲਾਕਿਆਂ ਵਿਚ ਝੂਠੇ ਮੁਕਾਬਲਿਆਂ ਅਤੇ ਹੋਰ ਰੂਪਾਂ ਵਿਚ ਕਤਲੇਆਮ ਬੰਦ ਕੀਤਾ ਜਾਵੇ, ਸਾਰੇ ਸਕਿਊਰਿਟੀ ਕੈਂਪ ਹਟਾਏ ਜਾਣ ਅਤੇ ਵਿਸ਼ੇਸ਼ ਸੁਰੱਖਿਆ ਤਾਕਤਾਂ ਤੁਰੰਤ ਵਾਪਸ ਬੁਲਾਈਆਂ ਜਾਣ, ਕਾਰਪੋਰੇਟ ਹਿਤੈਸ਼ੀ ਆਰਥਕ ਮਾਡਲ ਰੱਦ ਕੀਤਾ ਜਾਵੇ, ਜਲ-ਜੰਗਲ-ਜ਼ਮੀਨ ਉੱਪਰ ਆਦਿਵਾਸੀ ਲੋਕਾਂ ਦਾ ਕੁਦਰਤੀ ਹੱਕ ਤਸਲੀਮ ਕੀਤਾ ਜਾਵੇ।

ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਸਬੰਧੀ 350 ਸਾਲਾ ਸ਼ਤਾਬਦੀ ਸਮਾਗਮ

ਨਗਰ ਕੀਰਤਨ ਸਜਾਉਣ ਲਈ ਪਿੰਡਾਂ ਦੀਆਂ ਸੰਗਤਾਂ ਨਾਲ ਰਾਬਤਾ ਕਾਇਮ ਕੀਤਾ

ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)- ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਮਹਾਰਾਜ ਦੇ ਸ਼ਹੀਦੀ ਸਬੰਧੀ 350 ਸਾਲਾ ਸ਼ਤਾਬਦੀ ਸਮਾਗਮ ਜੋ ਸ੍ਰੀ ਅਨੰਦਪੁਰ ਸਾਹਿਬ ਵਿਖੇ ਵੱਡੇ ਪੱਧਰ 'ਤੇ ਮਨਾਏ ਜਾ ਰਹੇ ਹਨ। ਇਸ ਸ਼ਤਾਬਦੀ ਨੂੰ ਸਮਰਪਿਤ ਮੁਖੀ ਸੰਪਰਦਾਇ ਗੁਰਦੁਆਰਾ ਲੰਗਰ ਸਾਹਿਬ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਸੰਤ ਬਾਬਾ ਨਰਿੰਦਰ ਸਿੰਘ ਜੀ- ਸੰਤ ਬਾਬਾ ਬਲਵਿੰਦਰ ਸਿੰਘ ਜੀਆਂ ਦੀ ਰਹਿਨੁਮਾਈ ਤੇ ਜਥੇਦਾਰ ਬਾਬਾ ਗੁਰਮੀਤ ਸਿੰਘ ਜੀ ਨਡਾਲੋਂ ਵਾਲਿਆਂ ਦੇ ਦਿਸ਼ਾ- ਨਿਰਦੇਸ਼ਾਂ ਅਨੁਸਾਰ ਮਹਾਨ ਨਗਰ ਕੀਰਤਨ ਗੁਰਦੁਆਰਾ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਜੀ ਪਿੰਡ ਨਡਾਲੋਂ ਤੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੱਕ 12 ਅਕਤੂਬਰ ਦਿਨ ਐਤਵਾਰ ਨੂੰ ਸਜਾਏ ਜਾ ਰਹੇ ਨਗਰ ਕੀਰਤਨ ਸਬੰਧੀ ਪਿੰਡ ਬੋੜਾ, ਕਰੀਮਪੁਰ ਚਾਹ ਵਾਲਾ, ਪੱਦੀ ਸੂਰਾ ਸਿੰਘ, ਸੈਲਾ, ਪੁਰਖੋਵਾਲ, ਚੱਕ ਸਿੰਘਾਂ ਤੇ ਗੜ੍ਹਸ਼ੰਕਰ ਆਦਿ ਪਿੰਡਾਂ-ਸ਼ਹਿਰਾਂ ਦੀਆਂ ਸੰਗਤਾਂ ਨਾਲ ਪ੍ਰਬੰਧਕਾਂ ਦੀ ਟੀਮ ਜਥੇਦਾਰ ਇਕਬਾਲ ਸਿੰਘ ਖੇੜਾ, ਜਥੇਦਾਰ ਜਸਵੀਰ ਸਿੰਘ ਭੱਟੀ ਨਡਾਲੋਂ, ਜਥੇਦਾਰ ਲਖਵੀਰ ਸਿੰਘ ਡਾਂਨਸੀਵਾਲ ਤੇ ਅਮਰਜੀਤ ਸਿੰਘ ਰਾਜਾ ਜਾਂਗਲੀਆਣਾ, ਭਾਈ ਸਤਨਾਮ ਸਿੰਘ ਬੋੜਾ ਵੱਲੋਂ ਰਾਬਤਾ ਕਾਇਮ ਕੀਤਾ ਗਿਆ। ਇਸ ਮੌਕੇ ਸੰਗਤਾਂ ਨੂੰ ਨਗਰ ਕੀਰਤਨ ਦਾ ਸਵਾਗਤ ਕਰਨ ਤੇ ਨਗਰ ਕੀਰਤਨ ਵਿੱਚ ਸ਼ਾਮਿਲ ਹੋਣ ਲਈ ਬੇਨਤੀਆਂ ਕੀਤੀਆਂ ਗਈਆਂ। ਇਸ ਮੌਕੇ ਜਥੇਦਾਰ ਇਕਬਾਲ ਸਿੰਘ ਖੇੜਾ ਨੇ ਦੱਸਿਆ ਕਿ ਉਕਤ ਨਗਰ ਕੀਰਤਨ ਵਿੱਚ ਸ਼ਾਮਿਲ ਹੋਣ ਅਤੇ ਸਵਾਗਤ ਕਰਨ ਲਈ ਸੰਗਤਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਇਸ ਮੌਕੇ ਹਰਪ੍ਰੀਤ ਸਿੰਘ ਰਿੰਕੂ ਬੇਦੀ ਮੌਲਾ, ਨਿਰਮਲ ਸਿੰਘ ਬੋੜਾ, ਬਲਵੀਰ ਸਿੰਘ, ਗੁਰਪਾਲ ਸਿੰਘ, ਹਰਜਿੰਦਰ ਸਿੰਘ, ਸਤਨਾਮ ਸਿੰਘ, ਸੁਖਵਿੰਦਰ ਸਿੰਘ, ਹਰਜਾਪ ਸਿੰਘ ਕਰੀਮਪੁਰ ਚਾਹ ਵਾਲਾ, ਲਖਵੀਰ ਸਿੰਘ, ਹਰਜਿੰਦਰ ਸਿੰਘ ਪੱਦੀ ਸੂਰਾ ਸਿੰਘ, ਸੁਖਵਿੰਦਰ ਸਿੰਘ ਰੁੜਕੀ, ਜੁਝਾਰ ਸਿੰਘ ਚੱਕ ਸਿੰਘਾਂ, ਅਮਰਜੀਤ ਸਿੰਘ ਪੁਰਖੋਵਾਲ ਆਦਿ ਹਾਜ਼ਰ ਸਨ।

ਪਿੰਡ ਬੋੜਾ ਵਿਖੇ ਦੁਸਹਿਰਾ ਉਤਸਵ 2 ਨੂੰ

ਚੰਡੀਗੜ੍ਹ, ਮੁਕਤਸਰ, ਮਲੋਟ (ਇੰਜ. ਬਲਬੀਰ ਸਿੰਘ ਮਾਨ, ਸ਼ਮਿੰਦਰ ਪਾਲ, ਓਮ ਪ੍ਰਕਾਸ਼ ਸੇਖੂ ਪੂਜਾ)– ਸੂਬਾ ਕਮੇਟੀ ਮੈਂਬਰਾਂ ਦੀ ਹੰਗਾਮੀ ਮੀਟਿੰਗ ਹੋਈ ਜਿਸ ਵਿੱਚ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਸਰਕਾਰੀ ਆਈ ਟੀ ਆਈਜ਼ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਦੇ ਬੈਨਰ ਹੇਠ ਆਮ ਆਦਮੀ ਪਾਰਟੀ ਪ੍ਰਧਾਨ, ਕੈਬਿਨਟ ਮੰਤਰੀ ਸ੍ਰੀ ਅਮਨ ਅਰੋੜਾ ਦੇ ਘਰ ਅੱਗੇ ... 5 ਅਕਤੂਬਰ ਨੂੰ ਧਰਨਾ ਦਿੱਤਾ ਜਾਵੇਗਾ ... ਅਸੀਂ ਪਿਛਲੇ 15-16 ਸਾਲਾ ਤੋਂ ... 15000 ਪ੍ਰਤੀ ਮਹੀਨਾ 'ਤੇ ਕੰਮ ਕਰ ਰਹੇ ਹਾਂ।ਸਾਡੀ ਭਰਤੀ ਵਿਭਾਗ ਵੱਲੋਂ ਸਮੇਂ ਸਮੇਂ ਉੱਪਰ ਜਾਰੀ ਹਦਾਇਤਾਂ ਰਾਹੀਂ ਪਾਰਦਰਸ਼ੀ ਢੰਗ ਨਾਲ ਅਖ਼ਬਾਰਾਂ ਵਿੱਚ ਇਸ਼ਤਿਹਾਰ ਦੇ ਕੇ, ਰੋਜ਼ਗਾਰ ਦਫ਼ਤਰਾਂ ਰਾਹੀਂ ਕੀਤੀ ਗਈ ਹੈ। [illegible]

ਕਿਸਾਨ ਮੇਲਾ 30 ਨੂੰ

ਬਠਿੰਡਾ (ਪਰਵਿੰਦਰ ਜੀਤ ਸਿੰਘ)- ਸਥਾਨਕ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਖੇਤਰੀ ਖੋਜ ਕੇਂਦਰ ਵਿਖੇ 30 ਸਤੰਬਰ ਨੂੰ ਕਿਸਾਨ ਮੇਲਾ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਕੈਬਨਿਟ ਮੰਤਰੀ ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ ਤੇ ਡੇਅਰੀ ਵਿਕਾਸ, ਮੱਛੀ ਪਾਲਣ ਤੇ ਫੂਡ ਪ੍ਰੋਸੈਸਿੰਗ ਪੰਜਾਬ ਸ. ਗੁਰਮੀਤ ਸਿੰਘ ਖੁੱਡੀਆਂ ਮੁੱਖ ਮਹਿਮਾਨ ਵਜੋਂ ... [illegible]

ਏਸ਼ੀਅਨ ਕੈਡਿਟ ਕੱਪ 'ਚ ਮੱਲਾਂ ਮਾਰਨ ਵਾਲੇ ਖਿਡਾਰੀਆਂ ਦਾ ਸਨਮਾਨ

ਮਾਨਸਾ (ਆਤਮਾ ਸਿੰਘ ਪਮਾਰ)- ਏਸ਼ੀਅਨ ਕੈਡਿਟ ਕੱਪ–2025 ਵਿਚ ਹਿੱਸਾ ਲੈ ਕੇ ਮੱਲਾਂ ਮਾਰਨ ਵਾਲੇ ਜ਼ਿਲ੍ਹਾ ਮਾਨਸਾ ਦੇ ਖਿਡਾਰੀਆਂ ਦਾ ਡਿਪਟੀ ਕਮਿਸ਼ਨਰ ਨਵਜੋਤ ਕੌਰ ਨੇ ਸਨਮਾਨ ਕਰਦਿਆਂ ਆਸ਼ੀਰਵਾਦ ਵੀ ਦਿੱਤਾ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਖੇਡਾਂ ਖਿਡਾਰੀਆਂ ਵਿੱਚ ਜਿੱਥੇ ਅਨੁਸ਼ਾਸਨ ਅਤੇ ਆਪਸੀ ਮਿਲਵਰਤਣ ਦੀ ਭਾਵਨਾ ਪੈਦਾ ਕਰਦੀਆਂ ਹਨ, ਉੱਥੇ ਹੀ ਵਿਦਿਆਰਥੀਆਂ ਦੇ ਚੰਗੇਰੇ ਭਵਿੱਖ ਲਈ ਵੀ ਸਹਾਈ ਹੁੰਦੀਆਂ ਹਨ।ਜ਼ਿਲ੍ਹਾ ਖੇਡ ਅਫ਼ਸਰ ਪਰਮਿੰਦਰ ਸਿੰਘ ਨੇ ਦੱਸਿਆ ਕਿ ਹਲਦਵਾਨੀ, ਉਤਰਾਖੰਡ ਵਿਖੇ ਕਰਵਾਏ ਟੂਰਨਾਮੈਂਟ ਵਿਚ ਜ਼ਿਲ੍ਹਾ ਮਾਨਸਾ ਦੇ ਫੈਨਸਿੰਗ ਦੇ ਖਿਡਾਰੀਆਂ ਨੇ ਏਸ਼ੀਅਨ ਕੈਡਿਟ ਕੱਪ 2025 ਵਿਚ ਹਿੱਸਾ ਲਿਆ ਜਿਸ ਵਿਚ ਫੈਨਸਿੰਗ ਦੇ ਖਿਡਾਰੀ ਅੰਕੁਸ਼ ਜਿੰਦਲ ਨੇ ਫੋਇਲ ਈਵੈਂਟ ਦੇ ਵਿਅਕਤੀਗਤ ਵਰਗ ਵਿਚ ਤੀਜਾ ਤੇ ਟੀਮ ਵਰਗ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਅਤੇ ਇਸ਼ੀਤਾ ਨੇ ਸੈਬਰ ਈਵੈਂਟ ਦੇ ਵਿਅਕਤੀਗਤ ਵਰਗ ਵਿਚ ਤੀਜਾ ਸਥਾਨ ਹਾਸਲ ਕੀਤਾ ... [illegible]

ਕਾਲਜ ਵਿਦਿਆਰਥੀਆਂ ਦੇ ਪ੍ਰਤਿਭਾ ਖੋਜ ਮੁਕਾਬਲੇ ਕਰਵਾਏ

ਧੂਰੀ (ਮਨੋਹਰ ਸਿੰਘ ਸੱਗੂ)- ਯੂਨੀਵਰਸਿਟੀ ਕਾਲਜ ਬੇਨੜਾ (ਧੂਰੀ) ਵਿਖੇ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਦੀ ਅਗਵਾਈ ਵਿੱਚ ... [illegible]

ਡਾ. ਲਵਲੀਨ ਵੜਿੰਗ ਸਮਾਜਿਕ ਸੁਰੱਖਿਆ ਅਫ਼ਸਰ ਨੂੰ ਸੱਦਾ ਪੱਤਰ ਦਿੱਤਾ

ਸੰਗਰੂਰ (ਪ੍ਰਵੀਨ ਸਿੰਘ) ਸੰਗਰੂਰ ਸੀਨੀਅਰ ਸਿਟੀਜ਼ਨ ਭਲਾਈ ਸੰਸਥਾ (ਰਜਿ.) ਸੰਗਰੂਰ ਦੇ ਪ੍ਰਧਾਨ ਡਾ. ਨਰਵਿੰਦਰ ਕੌਸ਼ਲ ਨੇ ਦੱਸਿਆ ਕਿ ਸੰਸਥਾ ਨੂੰ ਹੋਂਦ ਵਿੱਚ ਆਇਆ 25 ਸਾਲ ਹੋ ਗਏ ਹਨ।ਸੰਸਥਾ ਬਜ਼ੁਰਗਾਂ ਦੇ ਮਾਨ-ਸਨਮਾਨ ਤੇ ਸਤਿਕਾਰ ਦੇ ਨਾਲ-ਨਾਲ ਸਮਾਜ ਭਲਾਈ ਦੇ ਕੰਮਾਂ ਨੂੰ ਵੀ ਸਮਰਪਤ ਹੈ। ... ਸਿਲਵਰ ਜੁਬਲੀ ਸਥਾਪਨਾ ਦਿਵਸ ਤੇ ਵਿਸ਼ਵ ਸੀਨੀਅਰ ਸਿਟੀਜ਼ਨ ਦਿਹਾੜਾ ... 01 ਅਕਤੂਬਰ ਨੂੰ ਸਵੇਰੇ 10:00 ਵਜੇ ਤੋਂ 02:00 ਵਜੇ ਤੱਕ ਮਨਾਇਆ ਜਾ ਰਿਹਾ ਹੈ ... [illegible]

ਸਪਰਿੰਗ ਡਿਊ ਪਬਲਿਕ ਸਕੂਲ 'ਚ ਵਿਸ਼ਵ ਪੰਜਾਬੀ ਦਿਵਸ ਮਨਾਇਆ

ਜਗਰਾਉਂ (ਅਮਿਤ ਖੰਨਾ)- ਸਪਰਿੰਗ ਡਿਊ ਸਕੂਲ ... ਵਿਸ਼ਵ ਪੰਜਾਬੀ ਦਿਵਸ ... [illegible]

ਵਿਸ਼ਵ ਪੰਜਾਬੀ ਦਿਵਸ ਧੂਮਧਾਮ ਨਾਲ ਮਨਾਇਆ

ਬਰੇਟਾ (ਰੀਤਵਾਲ) ਗੁਰੂਕੁਲ ਕਾਨਵੈਂਟ ਹਾਈ ਸਕੂਲ ... [illegible]

ਬਾਣਾ ਸਿਟੀ ਮੁਖੀ ਪਰਮਿੰਦਰ ਸਿੰਘ ਵੱਲੋਂ ਸਕੂਲ ਪ੍ਰਬੰਧਕਾਂ ਨਾਲ ਮੀਟਿੰਗ

ਜਗਰਾਉਂ (ਅਮਿਤ ਖੰਨਾ)- ਥਾਣਾ ਸਿਟੀ ਜਗਰਾਉਂ ਦੇ ਐੱਸ.ਐੱਚ.ਓ. ਪਰਮਿੰਦਰ ਸਿੰਘ ਵਲੋਂ ਸਕੂਲ ... [illegible] ... ਮੀਟਿੰਗ ਕੀਤੀ ਗਈ। ਇਸ ਮੌਕੇ ਪਰਮਿੰਦਰ ਸਿੰਘ ਨੇ ਕਿਹਾ ਕਿ ਸਕੂਲ ਦੇ ਬੱਸਾਂ ਦੇ ਡਰਾਇਵਰ ਬੱਚਿਆਂ ਨੂੰ ਲਿਆਉਣ ਤੇ ਛੱਡਣ ਸਮੇਂ ਸੜਕ ਦੇ ਨਿਯਮਾਂ ਦੀ ਪਾਲਣਾ ਕਰਨ, ਗੱਡੀ ਹੌਲੀ ਚਲਾਉਣ, ਬੱਸਾਂ ਦੇ ... ਪੂਰੀ ਤਰ੍ਹਾਂ ਪਾਲਣਾ ਕੀਤੀ ਜਾਂਦੀ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਪ੍ਰਸ਼ਾਸਨ ਵਲੋਂ ਦਿੱਤੀਆਂ ਹਦਾਇਤਾਂ ਦੀ ਪਾਲਣਾ ਕੀਤੀ ਜਾਵੇਗੀ। ਇਸ ਮੌਕੇ ਕਾਮਰਸ ਲੈਕਚਰਾਰ ਸਨੀ ਪਾਸੀ, ਸਰਬਜੀਤ ਸਿੰਘ ਧਾਲੀਵਾਲ, ਇੰਦਰਜੀਤ ਸਿੰਘ, ਸਰਿਤਾ ਅੱਗਰਵਾਲ, ਜਤਿੰਦਰ ਕੌਰ, ਪਰਮਿੰਦਰ ਕੌਰ ਬਾਵਾ ਆਦਿ ਹਾਜ਼ਰ ਸਨ।

ਹਾਕੀ ਖਿਡਾਰੀ ਦਿਲਪ੍ਰੀਤ ਸਿੰਘ ਬੱਲ ਦਾ ਪਿੰਡ ਪਹੁੰਚਣ 'ਤੇ ਸਵਾਗਤ

ਭੋਗਪੁਰ (ਗੁਰਿੰਦਰ ਸਿੰਘ ਅਲੋਵਾਂ) ... [illegible] ... ਉਨ੍ਹਾਂ ਦਾ ਸਿਰੋਪਾਓ ਪਾ ਕੇ ਸਨਮਾਨ ਕੀਤਾ ਗਿਆ।ਉਪਰੰਤ ਉਨ੍ਹਾਂ ਨੇ ਪਿੰਡ ਦੇ ਸਰਕਾਰੀ ਸਕੂਲ ਦੇ ਵਿਦਿਆਰਥੀਆਂ ਦੇ ਰੂਬਰੂ ਹੋ ਕੇ ਖੇਡਾਂ ਦੇ ਮਹੱਤਵ ਬਾਰੇ ਦੱਸਿਆ ਤੇ ਪੜ੍ਹਾਈ ਦੇ ਨਾਲ ਖੇਡਾਂ 'ਚ ਅੱਵਲ ਰਹਿਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ। ਇਸ ਮੌਕੇ ਦਿਲਪ੍ਰੀਤ ਸਿੰਘ ਬੱਲ ਦੇ ਪਿਤਾ ਬਲਵਿੰਦਰ ਸਿੰਘ ਬੱਲ, ਕਬੱਡੀ ਖਿਡਾਰੀ ਭੋਲਾ ਸਿੰਘ ਧਲੇਵਾ, ਸਾਬਕਾ ਫੌਜੀ ਬਿਕਰ ਸਿੰਘ ਧਲੇਵਾ, ਹਰਵਿੰਦਰ ਸਿੰਘ ਧਲੇਵਾ ਮੈਨੇਜਰ ਕੁਲਵੰਤ ਸਿੰਘ, ਸਮੂਹ ਗੁਰਦੁਆਰਾ ਕਮੇਟੀ ਮੈਂਬਰ ਤੇ ਸਮੂਹ ਸਰਕਾਰੀ ਸਕੂਲ ਸਟਾਫ ਹਾਜ਼ਰ ਸਨ।

ਹੜ੍ਹਾਂ ਨਾਲ ਹੋਏ ਨੁਕਸਾਨ ਦੀ ਸਪੈਸ਼ਲ ਗਿਰਦਾਵਰੀ ਕਰਵਾਉਣ ਦੀ ਮੰਗ, ਡੀ ਸੀ ਨੂੰ ਸੌਂਪਿਆ ਮੰਗ ਪੱਤਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ) ... [illegible] ... ਦਰਿਆ ਸਤਲੁਜ ਵਿਚ ਆਏ ਹੜ੍ਹਾਂ ਕਾਰਨ ਪੰਜਾਬ ਦੇ ਵੱਖ-ਵੱਖ ਹਿੱਸਿਆਂ ਵਿਚ ਫਸਲਾਂ, ਰਿਹਾਇਸ਼ੀ ਇਲਾਕਿਆਂ, ਪਸ਼ੂਆਂ ਅਤੇ ਮਨੁੱਖੀ ਜਾਨਾਂ ਦਾ ਵੱਡੇ ਪੱਧਰ 'ਤੇ ਨੁਕਸਾਨ ਹੋਇਆ ਹੈ। ਹੜ੍ਹਾਂ ਦੇ ਪਾਣੀ ਨਾਲ ਖੇਤਾਂ ਵਿਚ ਲੱਗੀਆਂ ਮੋਟਰਾਂ, ਸੰਦ ਅਤੇ ਬਿਜਲੀ ਦੇ ਉਪਕਰਨ ਵੀ ਖਰਾਬ ਹੋ ਗਏ ਹਨ। ਕਿਸਾਨ ਆਗੂਆਂ ਨੇ ਡੀ.ਸੀ. ਨੂੰ ਅਪੀਲ ਕੀਤੀ ਹੈ ਕਿ ਨੁਕਸਾਨੀਆਂ ਫਸਲਾਂ ਅਤੇ ਇਲਾਕਿਆਂ ਦੀ ਤੁਰੰਤ ਸਪੈਸ਼ਲ ਗਿਰਦਾਵਰੀ ਕਰਵਾਈ ਜਾਵੇ ਅਤੇ ਪੀੜਤਾਂ ਨੂੰ ਬਣਦਾ ਮੁਆਵਜ਼ਾ ਜਾਰੀ ਕੀਤਾ ਜਾਵੇ। ਇਸ ਦੇ ਨਾਲ ਹੀ ਸਤਲੁਜ ਦਰਿਆ ਦੇ ਨੁਕਸਾਨੇ ਗਏ ਕਿਨਾਰਿਆਂ (ਨੋਚਾਂ) ਦੀ ਮੁਰੰਮਤ ਕਰਵਾਉਣ ਦੀ ਮੰਗ ਵੀ ਕੀਤੀ ਗਈ ਹੈ। ਇਸ ਤੋਂ ਇਲਾਵਾ ਕਿਸਾਨਾਂ ਨੇ ਸਰਹੱਦੀ ਖੇਤਰ ਦੀਆਂ ਜ਼ਮੀਨਾਂ ਦੇ ਮਾਲਕੀ ਹੱਕਾਂ ਦਾ ਮੁੱਦਾ ਵੀ ਚੁੱਕਿਆ। ਉਨ੍ਹਾਂ ਦੱਸਿਆ ਕਿ 2007 ਵਿਚ ਨੀਤੀ ਵਿਚ ਬਦਲਾਅ ਕਾਰਨ ਕਿਸਾਨਾਂ ਤੋਂ ਉਨ੍ਹਾਂ ਦਾ ਮਾਲਕੀ ਹੱਕ ਖੋਹ ਲਿਆ ਗਿਆ ਸੀ, ਜਦਕਿ ਉਨ੍ਹਾਂ ਨੇ ਭਾਰਤ-ਪਾਕਿ ਵੰਡ ਤੋਂ ਬਾਅਦ ਆਪਣੇ ਖਰਚੇ 'ਤੇ ਇਨ੍ਹਾਂ ਜ਼ਮੀਨਾਂ ਨੂੰ ਆਬਾਦ ਕੀਤਾ ਸੀ। ਉਨ੍ਹਾਂ ਅੱਗੇ ਕਿਹਾ ਕਿ 2018-19 ਦੇ ਹੜ੍ਹਾਂ ਦੌਰਾਨ ਇਨ੍ਹਾਂ ਜ਼ਮੀਨਾਂ ਦੀਆਂ ਗਿਰਦਾਵਰੀਆਂ ਤੋੜ ਦਿੱਤੀਆਂ ਗਈਆਂ ਸਨ, ਜਦਕਿ ਕਿਸਾਨ ਅੱਜ ਵੀ ਇਨ੍ਹਾਂ ਜ਼ਮੀਨਾਂ 'ਤੇ ਖੇਤੀ ਕਰ ਰਹੇ ਹਨ। ਕਿਸਾਨ ਆਗੂਆਂ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਇਨ੍ਹਾਂ ਜ਼ਮੀਨਾਂ ਦੀ ਸਪੈਸ਼ਲ ਗਿਰਦਾਵਰੀ ਕਰਵਾ ਕੇ ਕਿਸਾਨਾਂ ਨੂੰ ਉਨ੍ਹਾਂ ਦਾ ਮਾਲਕੀ ਹੱਕ ਵਾਪਸ ਦਿੱਤਾ ਜਾਵੇ।

ਪਰਾਲੀ ਦੀ ਸੰਭਾਲ ਸਬੰਧੀ ਬਲਾਕ ਪੱਧਰੀ ਲਾਇਆ ਕੈਂਪ

ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ) ਪੰਜਾਬ ਸਰਕਾਰ ਦੇ ਹੁਕਮਾਂ ਤੇ ਮੁੱਖ ਖੇਤੀਬਾੜੀ ਅਫ਼ਸਰ ਸ੍ਰੀ ਕਰਨਜੀਤ ਸਿੰਘ ਗਿੱਲ ਦੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਜਗਮੋਹਨ ਸਿੰਘ, ਸਹਾਇਕ ਕਪਾਹ ਵਿਸਥਾਰ ਅਫ਼ਸਰ ਦੀ ਅਗਵਾਈ ਹੇਠ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਝੋਨੇ ਦੀ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਲਈ ਅਤੇ ਸਾਉਣੀ ਦੀਆਂ ਫ਼ਸਲਾਂ ਸਬੰਧੀ ਬਲਾਕ ਪੱਧਰੀ ਕਿਸਾਨ ਸਿਖਲਾਈ ਕੈਂਪ ਪਿੰਡ ਗਿਲਜੇਵਾਲਾ ਵਿਖੇ ਲਾਇਆ ਗਿਆ, ਜਿਸ ਵਿੱਚ ਜਗਮੋਹਨ ਸਿੰਘ ਵੱਲੋਂ ਸਮੂਹ ਸਟਾਫ਼ ਤੇ ਕਿਸਾਨਾਂ ਨੂੰ ਜੀ ਆਇਆਂ ਆਖਦੇ ਹੋਏ ਕੈਂਪ ਦੀ ਸ਼ੁਰੂਆਤ ਕੀਤੀ। ਇਸ ਮੌਕੇ ਨਰਿੰਦਰ ਪਾਲ ਸਿੰਘ, ਖੇਤੀਬਾੜੀ ਵਿਕਾਸ ਅਫ਼ਸਰ ਵੱਲੋਂ ਝੋਨੇ ਤੇ ਬਾਸਮਤੀ ਦੀ ਪਰਾਲੀ ਨੂੰ ਖੇਤ ਵਿੱਚ ਹੀ ਸੁਚੱਜੀ ਸਾਭ ਸੰਭਾਲ ਸਬੰਧੀ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਗਈ। ਸਤਨਾਮ ਕੌਰ, ਖੇਤੀਬਾੜੀ ਵਿਕਾਸ ਅਫ਼ਸਰ ਵੱਲੋਂ ਮਿੱਟੀ ਤੇ ਪਾਣੀ ਦੀ ਪਰਖ ਕਰਾਉਣ ਲਈ ਕਿਸਾਨਾਂ ਨਾਲ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ। ਸ੍ਰੀ ਕਰਨਜੀਤ ਸਿੰਘ, ਪ੍ਰੋਜੈਕਟ ਡਾਇਰੈਕਟਰ (ਆਤਮਾ) ਵੱਲੋਂ ਕਿਸਾਨਾਂ ਨਾਲ ਸਾਉਣੀ ਦੀਆਂ ਫ਼ਸਲਾਂ ਉੱਪਰ ਆਉਣ ਵਾਲੀਆਂ ਸਮੱਸਿਆਵਾਂ ਦੇ ਹੱਲ ਸਬੰਧੀ ਵਿਚਾਰ ਸਾਂਝੇ ਕੀਤੇ ਗਏ ਅਤੇ ਅੰਤ ਵਿੱਚ ਮਨਿੰਦਰਦੀਪ ਸਿੰਘ ਖੇਤੀਬਾੜੀ ਵਿਕਾਸ ਅਫ਼ਸਰ ਵੱਲੋਂ ਪੀ.ਐਮ. ਕਿਸਾਨ ਨਿਧੀ ਯੋਜਨਾ ਸਕੀਮ ਬਾਰੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਗਈ ਤੇ ਕੈਂਪ ਵਿੱਚ ਪਹੁੰਚੇ ਕਿਸਾਨਾਂ ਦਾ ਧੰਨਵਾਦ ਕੀਤਾ ਗਿਆ।



ਅਮਨਦੀਪ ਕੌਰ ਦੀ ਰਗਬੀ 'ਚ ਇੰਡੀਆ ਟੀਮ 'ਚ ਚੋਣ

ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)- ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਦੀ ਵਿਦਿਆਰਥਣ ਅਮਨਦੀਪ ਕੌਰ ਪੁੱਤਰੀ ਮਲੂਕ ਸਿੰਘ, ਪਿੰਡ ਧੀਰਪੁਰ (ਫਤਿਹਗੜ੍ਹ ਸਾਹਿਬ) ਨੇ ਆਪਣੇ ਜਨੂੰਨ, ਹਿੰਮਤ ਅਤੇ ਲਗਾਤਾਰ ਮਿਹਨਤ ਨਾਲ ਉਹ ਮਾਣ ਹਾਸਲ ਕੀਤਾ ਹੈ ਜੋ ਸਾਰੇ ਪੰਜਾਬ ਲਈ ਇਤਿਹਾਸਕ ਹੈ। ਉਹ ਏਸ਼ਿਆਈ ਰਗਬੀ ਚੈਂਪੀਅਨਸ਼ਿਪ, ਜੋ ਚੀਨ ਵਿੱਚ ਹੋਣ ਜਾ ਰਹੀ ਹੈ, ਲਈ ਇੰਡੀਆ ਟੀਮ ਵਿੱਚ ਚੁਣੀ ਗਈ ਹੈ। ਇਹ ਪਹਿਲੀ ਵਾਰ ਹੈ ਕਿ ਪੂਰੇ ਪੰਜਾਬ ਵਿੱਚੋਂ ਕਿਸੇ ਵੀ ਖਿਡਾਰਨ ਨੇ ਇੰਡੀਆ ਰਗਬੀ ਟੀਮ ਵਿੱਚ ਆਪਣੀ ਥਾਂ ਬਣਾਈ ਹੈ।ਅਮਨਦੀਪ ਨੇ ਰਗਬੀ 'ਚ ਨੈਸ਼ਨਲ ਗੇਮਜ਼ ਤੋਂ ਲੈ ਕੇ ਆਲ ਇੰਡੀਆ ਯੂਨੀਵਰਸਿਟੀ ਗੇਮਜ਼ ਤੱਕ ਕਈ ਵਾਰ ਆਪਣੀ ਯੂਨੀਵਰਸਿਟੀ ਦਾ ਨਾਂਅ ਰੌਸ਼ਨ ਕੀਤਾ। ਹੁਣ ਉਸ ਦੀ ਚੋਣ ਏਸ਼ਿਆਈ ਪੱਧਰ 'ਤੇ ਹੋਣਾ ਨਾ ਸਿਰਫ਼ ਉਸ ਲਈ ਸਨਮਾਨ ਹੈ, ਸਗੋਂ ਯੂਨੀਵਰਸਿਟੀ ਅਤੇ ਪੰਜਾਬ ਲਈ ਵੀ ਮਾਣ ਦਾ ਪਲ ਹੈ।ਇਸ ਮਹੱਤਵਪੂਰਨ ਪ੍ਰਾਪਤੀ ਉੱਤੇ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਨੇ ਕਿਹਾ ਕਿ ਅਮਨਦੀਪ ਕੌਰ ਦੀ ਸਫਲਤਾ ਯੂਨੀਵਰਸਿਟੀ ਦੇ ਵਿਦਿਆਰਥੀਆਂ ਵਿੱਚ ਛੁਪੀ ਪ੍ਰਤਿਭਾ ਅਤੇ ਸੰਭਾਵਨਾਵਾਂ ਦਾ ਪ੍ਰਤੀਕ ਹੈ। ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਹਮੇਸ਼ਾ ਤੋਂ ਵਿਦਿਆਰਥੀਆਂ ਨੂੰ ਅਕਾਦਮਿਕ ਅਤੇ ਖੇਡ ਖੇਤਰ ਦੋਵੇਂ ਵਿੱਚ ਉੱਚ ਪੱਧਰ ਦੀ ਸਿੱਖਿਆ ਅਤੇ ਸਹੂਲਤਾਂ ਪ੍ਰਦਾਨ ਕਰਦੀ ਆਈ ਹੈ। ਉਨ੍ਹਾਂ ਅਮਨਦੀਪ ਨੂੰ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੰਦਿਆਂ ਕਿਹਾ ਕਿ ਉਸ ਦੀ ਇਹ ਯਾਤਰਾ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਦਾ ਸਰੋਤ ਬਣੇਗੀ।

ਐੱਸ ਡੀ ਐੱਮ ਵੱਲੋਂ ਕੰਬਾਈਨ ਮਾਲਕਾਂ ਨਾਲ ਮੀਟਿੰਗ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)- ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਅਭਿਜੀਤ ਕਪਲਿਸ਼ ਦੀਆਂ ਹਦਾਇਤਾਂ ਤਹਿਤ ਐੱਸ.ਡੀ.ਐੱਮ. ਸ੍ਰੀ ਮੁਕਤਸਰ ਸਾਹਿਬ ਬਲਜੀਤ ਕੌਰ ਵੱਲੋਂ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹੇ ਵਿੱਚ ਸੁਚੱਜੇ ਪਰਾਲੀ ਪ੍ਰਬੰਧਨ ਸੰਬੰਧੀ ਕੰਬਾਈਨ ਮਾਲਕਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ।ਉਨ੍ਹਾਂ ਕੰਬਾਈਨ ਮਾਲਕਾਂ ਨੂੰ ਅਪੀਲ ਕੀਤੀ ਕਿ ਝੋਨੇ ਦੀ ਪੂਰੀ ਤਰ੍ਹਾਂ ਪੱਕਣ ਤੋਂ ਬਾਅਦ ਹੀ ਕਟਾਈ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਝੋਨੇ ਦੀ ਕਟਾਈ ਦਿਨ ਵੇਲੇ ਕੀਤੀ ਜਾਵੇ ਤੇ ਰਾਤ ਸਮੇਂ ਜਾਂ ਸਵੇਰੇ ਜਲਦੀ ਜਾਂ ਦੇਰ ਸ਼ਾਮ ਤੱਕ ਕਟਾਈ ਨਾ ਕੀਤੀ ਜਾਵੇ. ਕਿਉਂਕਿ ਇਸ ਨਾਲ ਝੋਨੇ ਵਿੱਚ ਨਮੀ ਦੀ ਮਾਤਰਾ ਵਧ ਜਾਂਦੀ ਹੈ, ਜਿਸ ਨਾਲ ਝੋਨੇ ਦੇ ਮੰਡੀਕਰਨ ਵਿੱਚ ਕਿਸਾਨਾਂ ਨੂੰ ਦਿੱਕਤ ਆਉਂਦੀ ਹੈ।ਉਨ੍ਹਾਂ ਕਿਹਾ ਕਿ ਝੋਨੇ ਵਿੱਚ ਨਮੀ ਦੀ ਮਾਤਰਾ ਉਚਿਤ ਹੋਣ 'ਤੇ ਹੀ ਫਸਲ ਦੀ ਕਟਾਈ ਕਰਨ ਲਈ ਕੰਬਾਈਨ ਮਾਲਕ ਅੱਗੇ ਆਉਣ।ਉਨ੍ਹਾਂ ਕੰਬਾਈਨ ਮਾਲਕਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਦੀ ਕਟਾਈ ਮੌਕੇ ਸੁਪਰ ਐੱਸ ਐੱਮ ਐੱਸ ਜ਼ਰੂਰ ਲਗਾਉਣ ਤਾਂ ਜੋ ਝੋਨੇ ਦੀ ਪਰਾਲੀ ਪ੍ਰਬੰਧਨ ਵਿੱਚ ਕਿਸਾਨਾਂ ਨੂੰ ਸੌਖ ਹੋਵੇ।ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਝੋਨੇ ਦੀ ਕਟਾਈ ਪੂਰੀ ਤਰ੍ਹਾਂ ਪੱਕਣ 'ਤੇ ਹੀ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਜੇਕਰ ਜ਼ਿਆਦਾ ਨਮੀ ਵਾਲਾ ਝੋਨਾ ਮੰਡੀ ਵਿੱਚ ਆਉਂਦਾ ਹੈ ਤਾਂ ਇਸ ਨਾਲ ਫਸਲ ਦੇ ਮੰਡੀਕਰਨ ਵਿੱਚ ਦਿੱਕਤ ਆਉਂਦੀ ਹੈ।ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਕਰਨਜੀਤ ਸਿੰਘ ਗਿੱਲ, ਸਬੰਧਤ ਵਿਭਾਗਾਂ ਦੇ ਅਧਿਕਾਰੀ ਤੇ ਕੰਬਾਈਨ ਮਾਲਕ ਹਾਜ਼ਰ ਸਨ।

ਧਰਮਪਾਲ ਸਿੰਘ ਨੂੰ ਜ਼ਿਲ੍ਹਾ ਪ੍ਰਧਾਨਗੀ ਦੇਣ ਦੀ ਮੰਗ

ਮੋਗਾ (ਇਕਬਾਲ ਸਿੰਘ ਖਹਿਰਾ) ਐਡਵੋਕੇਟ ਧਰਮਪਾਲ ਸਿੰਘ ਨਿਹਾਲ ਸਿੰਘ ਵਾਲਾ ਦੇ ਸਮਰਥਕਾਂ ਨੇ ਵੱਡਾ ਇਕੱਠ ਕਰਕੇ ਪਾਰਟੀ ਵੱਲੋਂ ਵਿਸ਼ੇਸ਼ ਤੌਰ 'ਤੇ ਪੁੱਜੇ ਅਬਜ਼ਰਵਰ ਸ੍ਰੀ ਬੀ ਪੀ ਸਿੰਘ ਦੀ ਹਾਜ਼ਰੀ ਵਿੱਚ ਜ਼ਿਲ੍ਹਾ ਪ੍ਰਧਾਨਗੀ ਲਈ ਨਾਮਜ਼ਦਗੀ ਪੱਤਰ ਦਿੱਤੇ ਤੇ ਵਿਧਾਨ ਸਭਾ ਹਲਕਾ ਮੋਗਾ ਤੋਂ ਨੌਜਵਾਨ ਆਗੂ ਧਰਮਪਾਲ ਸਿੰਘ ਨਿਹਾਲ ਸਿੰਘ ਵਾਲਾ ਲਈ ਟਿਕਟ ਦੀ ਮੰਗ ਵੀ ਕੀਤੀ।ਇਸ ਮੌਕੇ ਜ਼ਿਲ੍ਹਾ ਕਾਂਗਰਸ ਕਮੇਟੀ ਮੋਗਾ ਦੇ ਪ੍ਰਧਾਨ ਸੁਖਜੀਤ ਸਿੰਘ ਕਾਕਾ ਲੋਹਗੜ੍ਹ, ਸਾਬਕਾ ਵਿਧਾਇਕ ਮਹੇਸ਼ਇੰਦਰ ਸਿੰਘ ਨਿਹਾਲ ਸਿੰਘ ਵਾਲਾ, ਹਲਕਾ ਇੰਚਾਰਜ ਨਿਹਾਲ ਸਿੰਘ ਵਾਲਾ ਭੁਪਿੰਦਰ ਸਿੰਘ ਸਾਹੋਕੇ, ਜ਼ਿਲ੍ਹਾ ਯੂਥ ਪ੍ਰਧਾਨ ਸੋਹਨ ਸਿੰਘ ਖੇਲਾ ਤੋਂ ਇਲਾਵਾ ਹੋਰ ਆਗੂ ਹਾਜ਼ਰ ਸਨ। ਸੀਨੀਅਰ ਆਗੂ ਗੁਰਸੇਵਕ ਸਿੰਘ ਚੀਮਾ, ਸਾਬਕਾ ਕੌਂਸਲਰ ਨਰਿੰਦਰ ਪਾਲ ਸਿੰਘ ਸਿੱਧੂ, ਸਾਬਕਾ ਸਰਪੰਚ ਸਿਮਰਨਜੀਤ ਸਿੰਘ ਰਿੱਕੀ ਘੱਲ ਕਲਾਂ, ਸਾਬਕਾ ਕੌਂਸਲਰ ਹਰਵਿੰਦਰ ਸਿੰਘ ਬਿੱਟੂ ਆਦਿ ਆਗੂਆਂ ਨੇ ਕਿਹਾ ਕਿ ਮੋਗਾ ਜ਼ਿਲ੍ਹਾ ਨਿਵਾਸੀਆਂ ਨੂੰ ਇਹ ਮਾਣ ਹੈ ਕਿ ਨਿਹਾਲ ਸਿੰਘ ਵਾਲਾ ਪਰਵਾਰ ਦੀ ਤੀਜੀ ਪੀੜ੍ਹੀ ਲੋਕ ਸੇਵਾ ਨੂੰ ਸਮਰਪਤ ਹੈ। ਧਰਮਪਾਲ ਸਿੰਘ ਨਿਹਾਲ ਸਿੰਘ ਵਾਲਾ ਨੇ ਕਿਹਾ ਕਿ ਤੁਸੀ ਸਾਰੇ ਮੇਰੇ ਸਿਰ ਦਾ ਤਾਜ ਹੋ ਤੇ ਮੇਰੇ ਤੇ ਤੁਸੀਂ ਜੋ ਭਰੋਸਾ ਪ੍ਰਗਟ ਕਰ ਰਹੇ ਹੋ, ਇਸ ਨੂੰ ਮੈਂ ਕਦੇ ਟੁੱਟਣ ਨਹੀਂ ਦੇਵਾਗਾ।

ਰਾਮਗੜ੍ਹੀਆ ਵੈੱਲਫੇਅਰ ਸੁਸਾਇਟੀ ਵੱਲੋਂ 22 ਨੂੰ ਮਨਾਇਆ ਜਾਵੇਗਾ ਵਿਸ਼ਵਕਰਮਾ ਦਿਵਸ

ਮੋਗਾ (ਇਕਬਾਲ ਸਿੰਘ ਖਹਿਰਾ) ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਵੱਲੋਂ ਸ੍ਰਿਸ਼ਟੀ ਤੇ ਕਲਾ ਦੇ ਨਿਰਮਾਤਾ ਸ੍ਰੀ ਵਿਸ਼ਵਕਰਮਾ ਜੀ ਦਾ ਜਨਮ ਦਿਨ ਮਨਾਉਣ ਲਈ ਸਮੂਹ ਜਥੇਬੰਦੀਆਂ ਨੂੰ ਸ਼ਾਮਲ ਕੀਤਾ ਜਾਵੇਗਾ ਅਤੇ ਪ੍ਰੋਗਰਾਮ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਦੇ ਸਾਹਮਣੇ ਵਿਸ਼ਵਕਰਮਾ ਭਵਨ ਵਿਖੇ 22 ਅਕਤੂਬਰ ਨੂੰ ਮਨਾਇਆ ਜਾਵੇ ਗਾ।ਵਿਸ਼ਵਕਰਮਾ ਭਵਨ ਵਿਖੇ ਇਸ ਸਬੰਧ ਵਿੱਚ ਰਾਮਗੜ੍ਹੀਆ ਵੈਲਫੇਅਰ ਸੁਸਾਇਟੀ ਦੀ ਵਿਸ਼ੇਸ਼ ਮੀਟਿੰਗ ਹਰਮੇਲ ਸਿੰਘ ਡਰੋਲੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਰਾਜਾ ਸਿੰਘ ਭਾਰਤਵਾਲੇ, ਮਾਸਟਰ ਇੰਦਰਜੀਤ ਸਿੰਘ, ਚਮਕੌਰ ਸਿੰਘ ਝੰਡੇਆਣਾ ਸਾਰੇ ਸਾਬਕਾ ਪ੍ਰਧਾਨ ਤੇ ਵੱਖ-ਵੱਖ ਮੈਂਬਰ ਸ਼ਾਮਲ ਸਨ। ਮੀਟਿੰਗ 'ਚ ਚਰਨਜੀਤ ਸਿੰਘ ਝੰਡੇਆਣਾ, ਗਿਆਨ ਸਿੰਘ ਸਾਬਕਾ ਡੀ.ਪੀ.ਆਰ.ਓ, ਗੁਰਨਾਮ ਸਿੰਘ ਲਵਲੀ, ਗੁਰਬਖ਼ਸ਼ ਸਿੰਘ ਟੀਟੂ, ਚਰਨਜੀਤ ਸਿੰਘ ਬੇਮਰਾਹ ਮੈਂਬਰਾਂ ਨੇ ਵਿਸ਼ਵਕਰਮਾ ਦਿਵਸ ਮਨਾਉਣ ਸਬੰਧੀ ਸੁਝਾਅ ਦਿੱਤੇ।ਮੀਟਿੰਗ ਵਿਚ ਫੈਸਲਾ ਗਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਭੋਗ ਉਪਰੰਤ ਕੀਰਤਨ ਤੇ ਢਾਡੀ ਦਰਬਾਰ ਸਜੇਗਾ।ਵਿਸ਼ਵਕਰਮਾ ਦਿਵਸ ਮਨਾਉਣ ਲਈ ਪ੍ਰਬੰਧ ਕਰਨ ਲਈ ਸਾਰੀਆਂ ਜੱਥੇਬੰਦੀਆਂ ਦੀ ਜਲਦੀ ਹੀ ਮੀਟਿੰਗ ਬੁਲਾਈ ਜਾਵੇਗੀ।ਮੀਟਿੰਗ ਵਿਚ ਵੱਖ ਵੱਖ ਮੈਂਬਰਾਂ ਦੀਆਂ ਡਿਊਟੀਆਂ ਲਾਈਆਂ ਗਈਆਂ ਜਾਣਗੀਆਂ।



ਪੰਜਾਬੀ ਮਾਂ ਬੋਲੀ ਨੂੰ ਸਮਰਪਤ ਸਮਾਗਮ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)- ਆਪਣਾ ਪੰਜਾਬ ਫਾਊਂਡੇਸ਼ਨ ਅਤੇ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ ਦੇ ਪ੍ਰਧਾਨ ਡਾ ਜਗਜੀਤ ਸਿੰਘ ਧੂਰੀ ਦੀ ਅਗਵਾਈ ਹੇਠ ਬਾਬਾ ਫ਼ਰੀਦ ਜੀ ਦੇ ਆਗਮਨ ਪੁਰਬ ਨੂੰ ਸਮਰਪਤ ਪਹਿਲਾ ਵਿਸ਼ਵ ਪੰਜਾਬੀ ਮਾਂ ਬੋਲੀ ਦਿਵਸ ਕੱਲ੍ਹ ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਜੈਖ਼ਰ ਵਿਖੇ ਮਨਾਇਆ ਗਿਆ।ਜਾਣਕਾਰੀ ਦਿੰਦਿਆਂ ਸਕੂਲ ਪ੍ਰਿੰਸੀਪਲ ਨਿਧਾਨ ਸਿੰਘ ਨੇ ਦੱਸਿਆ ਕਿ ਪੰਜਾਬੀ ਮਾਂ ਬੋਲੀ ਅਤੇ ਪਹਿਰਾਵੇ ਨੂੰ ਸਮਰਪਤ ਹੁੰਦਿਆਂ ਸਟਾਫ਼ ਮੈਂਬਰ ਅਤੇ ਵਿਦਿਆਰਥੀ ਪੰਜਾਬੀ ਪਹਿਰਾਵੇ ਵਿੱਚ ਆਏ।ਉਪਰੰਤ ਪ੍ਰੋਗਰਾਮ ਦੀ ਸ਼ੁਰੂਆਤ ਮੌਕੇ ਪੰਜਾਬੀ ਭਾਸ਼ਾ ਨਾਲ ਸੰਬੰਧਤ ਵੱਖ-ਵੱਖ ਮੁਕਾਬਲੇ ਜਿਵੇਂ ਕਿ ਗੁਰਮੁਖੀ ਅੱਖਰ ਮੁਕਾਬਲਾ ਸ਼ਬਦ ਜੋੜ,ਬੋਲ-ਲਿਖਤ,ਪੰਜਾਬੀ ਸੁੰਦਰ ਲਿਖਾਈ, ਕਵਿਤਾ ਉਚਾਰਨ ਮੁਕਾਬਲੇ ਕਰਵਾਏ ਗਏ।ਜੇਤੂ ਰਹਿਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਪ੍ਰੋਤਸਾਹਿਤ ਕੀਤਾ ਗਿਆ। ਪ੍ਰਿੰਸੀਪਲ ਨਿਧਾਨ ਸਿੰਘ ਨੇ ਵਿਦਿਆਰਥੀਆਂ ਤੇ ਸਮੂਹ ਸਟਾਫ ਨੂੰ ਪੰਜਾਬੀ ਦਿਵਸ ਦੀ ਵਧਾਈ ਦਿੰਦਿਆਂ ਆਖਿਆ ਕਿ ਸਾਨੂੰ ਆਪਣੇ ਪੰਜਾਬੀ ਵਿਰਸੇ ਨੂੰ ਸੰਭਾਲਣ ਦੀ ਲੋੜ ਹੈ ਤਾਂ ਜੋ ਆਉਣ ਵਾਲੀਆਂ ਨਸਲਾਂ ਨੂੰ ਪੰਜਾਬੀ ਸੱਭਿਅਤਾ ਨਾਲ ਜੋੜਿਆ ਜਾ ਸਕੇ।

ਨਵੇਂ ਪੰਚਾਇਤ ਭਵਨ ਦਾ ਰੱਖਿਆ ਨੀਂਹ ਪੱਥਰ

ਮੋਗਾ (ਇਕਬਾਲ ਸਿੰਘ ਖਹਿਰਾ) ਪਿੰਡ ਸੱਦਾ ਸਿੰਘ ਵਾਲਾ ਵਿੱਚ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਸਰਪੰਚ ਪਰਮਜੀਤ ਕੌਰ ਤੇ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ, ਪਿੰਡ ਸੱਦਾ ਸਿੰਘ ਵਾਲਾ ਵਿੱਚ 25 ਲੱਖ ਰੁਪਏ ਦੀ ਲਾਗਤ ਨਾਲ ਇੱਕ ਨਵੇਂ ਪੰਚਾਇਤ ਭਵਨ ਦਾ ਨੀਂਹ ਪੱਥਰ ਰੱਖਿਆ।ਡਾ. ਅਰੋੜਾ ਨੇ ਕਿਹਾ ਕਿ ਪਿੰਡ ਵਾਸੀਆਂ ਦੀ ਮੰਗ ਦੇ 35 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਵਾਸੀਆਂ ਲਈ ਇੱਕ ਆਧੁਨਿਕ ਗਰਾਊਂਡ ਬਣਾਇਆ ਜਾਵੇਗਾ, ਜਿਸ ਨਾਲ ਮਨੋਰੰਜਨ ਤੇ ਖੇਡ ਪ੍ਰੇਮੀ ਇਸਦਾ ਆਨੰਦ ਮਾਣ ਸਕਣਗੇ।ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਤੋਂ ਵੱਧ ਤੋਂ ਵੱਧ ਗ੍ਰਾਂਟਾਂ ਪ੍ਰਾਪਤ ਕਰਕੇ ਪਿੰਡਾਂ ਵਿੱਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਸ਼ੁਰੂ ਕੀਤੇ ਗਏ ਹਨ।ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ ਤੇ ਉਨ੍ਹਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਇਸ ਦੌਰਾਨ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੂੰ ਸਰਪੰਚ ਪਰਮਜੀਤ ਕੌਰ ਅਤੇ ਗ੍ਰਾਮ ਪੰਚਾਇਤ ਨੇ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ।ਇਸ ਮੌਕੇ ਬਲਾਕ ਪ੍ਰਧਾਨ ਸੁਖਚੈਨ ਸਿੰਘ ਉੱਪਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

ਝਾੜ ਸਾਹਿਬ ਕਾਲਜ ਵਿਖੇ ਵਿਸ਼ਵ ਪੰਜਾਬੀ ਦਿਵਸ ਮਨਾਇਆ ਗਿਆ

ਸਮਰਾਲਾ (ਸੁਰਜੀਤ ਸਿੰਘ)- ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ ਝਾੜ ਸਾਹਿਬ ਦੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਅਗਵਾਈ ਹੇਠ ਅਤੇ ਆਈ.ਕਿਊ.ਏ.ਸੀ ਦੇ ਸਹਿਯੋਗ ਨਾਲ ਕਾਲਜ ਦੀ ਪੰਜਾਬੀ ਸਾਹਿਤ ਸਭਾ ਦੇ ਇੰਚਾਰਜ ਜਸਵੀਰ ਕੌਰ ਅਤੇ ਪੰਜਾਬੀ ਵਿਭਾਗ ਦੀਆਂ ਵਿਦਿਆਰਥਣਾਂ ਵੱਲੋਂ ਬਾਬਾ ਫਰੀਦ ਜੀ ਦੇ ਆਗਮਨ ਪੁਰਬ ਨੂੰ ਸਮਰਪਿਤ ਵਿਸ਼ਵ ਪੰਜਾਬੀ ਦਿਵਸ ਮੌਕੇ ਕਵਿਤਾ ਉਚਾਰਨ ਅਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਵਿਦਿਆਰਥਣਾਂ ਨੇ ਗੁਰਮੁਖੀ ਪੈਂਤੀ ਅੱਖਰੀ, ਮੁਹਾਰਨੀ ਲਿਖਣ ਅਤੇ ਅੱਖਰ ਕਾਰੀ ਵਿੱਚ ਹਿੱਸਾ ਲਿਆ।ਪੋਸਟਰ ਮੇਕਿੰਗ ਮੁਕਾਬਲੇ ਵਿੱਚ ਸਿਮਰਨਜੀਤ ਕੌਰ ਨੇ ਪਹਿਲਾ ਸਥਾਨ ਹਾਸਿਲ ਕੀਤਾ। ਨਵਦੀਪ ਕੌਰ ਐਮ.ਏ ਅਤੇ ਸੁਖਪ੍ਰੀਤ ਕੌਰ ਬੀ.ਏ ਨੇ ਕ੍ਰਮਵਾਰ ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ, ਜੈਸਮੀਨ ਕੌਰ ਐਮ.ਏ ਨੇ ਕਵਿਤਾ ਉਚਾਰਨ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।

ਮਾਰਕੀਟ ਕਮੇਟੀ ਚੇਅਰਮੈਨ ਨੂੰ ਸੌਂਪਿਆ ਮੰਗ ਪੱਤਰ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)- ਮਾਰਕੀਟ ਕਮੇਟੀ ਪਾਤੜਾਂ ਵਿਖੇ ਲੰਮੇ ਸਮੇਂ ਤੋਂ ਸੇਵਾਵਾਂ ਨਿਭਾ ਰਹੇ ਆਊਟਸੋਰਸ ਮੁਲਾਜ਼ਮਾਂ ਵੱਲੋਂ ਤਨਖਾਹਾਂ ਵਿੱਚ ਵਾਧਾ ਕਰਾਉਣ ਅਤੇ ਨੌਕਰੀ 'ਤੇ ਰੈਗੂਲਰ ਕਰਨ ਦੀ ਮੰਗ ਨੂੰ ਲੈ ਕੇ ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ ਨੂੰ ਪੰਜਾਬ ਸਰਕਾਰ ਦੇ ਨਾਂਅ ਮੰਗ ਪੱਤਰ ਸੌਂਪਿਆ ਗਿਆ। ਚੇਅਰਮੈਨ ਮਾਰਕੀਟ ਕਮੇਟੀ ਮਹਿੰਗਾ ਸਿੰਘ ਬਰਾੜ ਨੇ ਆਊਟਸੋਰਸ ਕਾਮਿਆਂ ਦੀਆਂ ਮੰਗਾਂ ਨੂੰ ਹੱਲ ਕਰਵਾਉਣ ਲਈ ਹਰ ਸੰਭਵ ਕੋਸ਼ਿਸ਼ ਕਰਨ ਦਾ ਭਰੋਸਾ ਦਿੱਤਾ। ਇਸ ਦੌਰਾਨ ਕਲਰਕ ਸਾਹਬ ਸਿੰਘ, ਕ੍ਰਿਸ਼ਨ ਕੁਮਾਰ, ਨਿਰਲੇਪ ਕੌਰ, ਪੂਨਮ ਰਾਣੀ, ਸਿਮਰਨ ਕੌਰ, ਗੁਰਤੇਜ ਸਿੰਘ ਆਦਿ ਨੇ ਦੱਸਿਆ ਕਿ ਉਹ ਲੰਮੇ ਸਮੇਂ ਤੋਂ ਮਾਰਕੀਟ ਕਮੇਟੀ ਪਾਤੜਾਂ 'ਚ ਸੇਵਾਵਾਂ ਨਿਭਾ ਰਹੇ ਹਨ।ਵਾਰ ਵਾਰ ਵਾਅਦੇ ਕਰਨ ਦੇ ਬਾਵਜੂਦ ਨਾ ਹੀ ਤਨਖਾਹ ਵਿਚ ਕੋਈ ਵਾਧਾ ਕੀਤਾ ਗਿਆ ਅਤੇ ਨਾ ਹੀ ਨੌਕਰੀ 'ਤੇ ਰੈਗੂਲਰ ਕੀਤਾ ਗਿਆ। ਉਨ੍ਹਾਂ ਮੰਗ ਕੀਤੀ ਹੈ ਕਿ ਸਰਕਾਰ ਮੰਗਾਂ ਦਾ ਤੁਰੰਤ ਹੱਲ ਕਰੇ ।

ਮਾਤਾ ਗੁਜਰੀ ਸਕੂਲ ਜ਼ਿਲ੍ਹਾ ਹੈਂਡਬਾਲ ਟੂਰਨਾਮੈਂਟ 'ਚ ਰਿਹਾ ਮੋਹਰੀ

ਦੇਵੀਗੜ੍ਹ (ਰਾਜਿੰਦਰ ਬਿੰਦ)- ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਦਾ ਪਟਿਆਲਾ ਜ਼ਿਲ੍ਹਾ ਸਕੂਲ ਵੱਲੋਂ ਆਯੋਜਿਤ 69ਵੇਂ ਜ਼ਿਲ੍ਹਾ ਪੱਧਰੀ ਹੈਂਡਬਾਲ ਟੂਰਨਾਮੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਰਿਹਾ। ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇਵੀਗੜ੍ਹ ਦੇ ਵਿਦਿਆਰਥੀਆਂ ਨੇ ਇਸ ਮੁਕਾਬਲੇ ਵਿੱਚ ਭਾਗ ਲੈਂਦਿਆਂ ਅੰਡਰ-17 'ਚ ਅੰਮ੍ਰਿਤ ਸਿੰਘ, ਗਨਮੀਤ ਸਿੰਘ ਤੇ ਜਪਜੀਤ ਸਿੰਘ ਅਤੇ ਅੰਡਰ-19 ਹਰਸ਼ਪ੍ਰੀਤ ਸਿੰਘ, ਏਕਮ ਸਿੰਘ, ਨਵਦੀਪ ਸਿੰਘ, ਹਰਜਿੰਦ, ਹਰਮਨ, ਵਿਕਰਮ ਸਿੰਘ, ਸੁਖਮਨ ਸਿੰਘ ਨੇ ਗੋਲਡ ਮੈਡਲ ਜਿੱਤੇ। ਇਸ ਮੌਕੇ ਸਕੂਲ ਦੇ ਨਿਰਦੇਸ਼ਕ ਸ. ਭੁਪਿੰਦਰ ਸਿੰਘ, ਪ੍ਰਿੰਸੀਪਲ ਜਸਮੀਤ ਕੌਰ ਤੇ ਕੋਚ ਸਮੀਰ ਮੁਹੰਮਦ ਨੇ ਬੱਚਿਆਂ ਦੀ ਉਪਲਬਧੀ 'ਤੇ ਉਨ੍ਹਾਂ ਨੂੰ ਵਧਾਈਆਂ ਦਿੱਤੀਆਂ ਤੇ ਭਵਿੱਖ ਵਿੱਚ ਹੋਣ ਵਾਲੀਆਂ ਪ੍ਰਤੀਯੋਗਤਾਵਾਂ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

ਸੰਗਤਪੁਰ ਸੋਢੀਆਂ ਜ਼ੋਨ ਦੀ ਦੋ ਰੋਜ਼ਾ ਐਥਲੈਟਿਕ ਮੀਟ ਸ਼ੁਰੂ

ਖੇਡਾਂ ਸਾਡੇ ਮਾਨਸਿਕ ਤਣਾਅ ਨੂੰ ਘੱਟ ਕਰਦੀਆਂ ਹਨ : ਵਿਧਾਇਕ ਰਾਏ

ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)- ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸੰਗਤਪੁਰ ਸੋਢੀਆਂ ਵਿਖੇ ਸੈਸ਼ਨ 2025-26 ਦੇ ਐਥਲੈਟਿਕ ਟੂਰਨਾਮੈਂਟ ਦੀਆਂ ਖੇਡਾਂ ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਸ਼ੁਰੂ ਕਰਵਾਈਆਂ ਗਈਆਂ। ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੜ੍ਹਾਈ ਦੇ ਨਾਲ ਨਾਲ ਵਿਦਿਆਰਥੀਆਂ ਦੇ ਅੰਦਰ ਖੇਡਾਂ ਪ੍ਰਤੀ ਰੁਚੀ ਹੋਣਾ ਵੀ ਬਹੁਤ ਜ਼ਰੂਰੀ ਹੈ। ਖੇਡਾਂ ਜਿੱਥੇ ਸਾਡੇ ਸਰੀਰਕ ਵਿਕਾਸ ਲਈ ਸਹਾਈ ਹੁੰਦੀਆਂ ਹਨ, ਉੱਥੇ ਹੀ ਮਾਨਸਿਕ ਤਣਾਅ ਨੂੰ ਵੀ ਘੱਟ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਖਿਡਾਰੀਆਂ ਨੂੰ ਉਤਸ਼ਾਹਤ ਕੀਤਾ ਗਿਆ ਹੈ, ਜਿਸ ਤਹਿਤ ਨੌਜਵਾਨ ਪੀੜ੍ਹੀ ਦਾ ਖੇਡਾਂ ਵੱਲ ਉਤਸ਼ਾਹ ਵਧਿਆ ਹੈ। ਉਨ੍ਹਾਂ ਪ੍ਰਿੰ. ਸਰਬਜੀਤ ਸਿੰਘ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਹਮੇਸ਼ਾ ਹੀ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਸਾਰਥਕ ਕਦਮ ਚੁੱਕੇ ਜਾਂਦੇ ਹਨ। ਇਸ ਮੌਕੇ ਪ੍ਰਿੰਸੀਪਲ ਸਰਬਜੀਤ ਸਿੰਘ ਵੱਲੋਂ ਜਿੱਥੇ ਵਿਧਾਇਕ ਲਖਬੀਰ ਸਿੰਘ ਰਾਏ ਨੂੰ ਜੀ ਆਇਆਂ ਆਖਿਆ ਗਿਆ, ਉੱਥੇ ਹੀ ਉਨ੍ਹਾਂ ਸਕੂਲ ਦੀਆਂ ਪ੍ਰਾਪਤੀਆਂ ਤੋਂ ਵੀ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਐਥਲੈਟਿਕ ਟੂਰਨਾਮੈਂਟ ਦੌਰਾਨ ਰੇਸਾਂ, ਜੰਪ ਤੇ ਥਰੋਆਂ ਦੇ ਮੁਕਾਬਲੇ ਕਰਵਾਏ ਜਾਣਗੇ। ਇਸ ਟੂਰਨਾਮੈਂਟ ਵਿੱਚ ਜ਼ੋਨ ਦੇ 10 ਸਕੂਲਾਂ ਦੇ ਵਿਦਿਆਰਥੀ ਭਾਗ ਲੈਣਗੇ। ਪਹਿਲੇ ਦਿਨ ਕੇਵਲ ਲੜਕੀਆਂ ਦੇ ਮੁਕਾਬਲੇ ਹੋਣਗੇ, ਦੂਸਰੇ ਦਿਨ ਲੜਕਿਆਂ ਦੇ ਮੁਕਾਬਲੇ ਹੋਣਗੇ। ਇਸ ਮੌਕੇ ਸਰਪੰਚ ਗੁਰਜੰਟ ਸਿੰਘ, ਲੈਕ. ਸੰਦੀਪ ਸ਼ਰਮਾ, ਲੈਕ. ਬਿਕਰਮਜੀਤ ਸਿੰਘ, ਤਲਵਿੰਦਰ ਸਿੰਘ ਡੀਪੀਈ, ਵਰਿੰਦਰ ਸਿੰਘ ਜ਼ੋਨਲ ਸਕੱਤਰ, ਗੁਰਦੀਪ ਸਿੰਘ, ਪਰਮਜੀਤ ਕੌਰ, ਅਵਤਾਰ ਸਿੰਘ, ਰਿਤੂ ਸ਼ਰਮਾ, ਮਨੋਜ, ਗੁਰਜੀਤ ਸਿੰਘ, ਸਰਪੰਚ ਹਰਪਾਲ ਸਿੰਘ, ਸਰਪੰਚ ਗੁਰਸੇਵਕ ਸਿੰਘ, ਸਰੋਜ ਬੇਟੀ, ਮਨਦੀਪ ਸਿੰਘ, ਰੇਸ਼ਮਾ ਸਿੰਘ, ਜੇਪੀ ਸਿੰਘ, ਮਨਿੰਦਰ ਮੰਨਾ ਆਦਿ ਹਾਜ਼ਰ ਸਨ।

ਮਾਤਾ ਗੁਜਰੀ ਕਾਲਜ ਦੇ ਐੱਨ ਐੱਸ ਐੱਸ ਯੂਨਿਟ ਵੱਲੋਂ ਖ਼ੂਨਦਾਨ ਕੈਂਪ

ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)- ਮਾਤਾ ਗੁਜਰੀ ਕਾਲਜ ਦੇ ਐੱਨ.ਐੱਸ.ਐੱਸ. ਯੂਨਿਟ ਵੱਲੋਂ ਐੱਨ.ਸੀ.ਸੀ. ਯੂਨਿਟ ਦੇ ਸਹਿਯੋਗ ਨਾਲ ਕਾਲਜ ਦੇ ਸਾਬਕਾ ਐੱਨ.ਸੀ.ਸੀ. ਅਫ਼ਸਰ ਤੇ ਕੈਮਿਸਟਰੀ ਵਿਭਾਗ ਦੇ ਪ੍ਰੋਫ਼ੈਸਰ ਸਵਰਗੀ ਡਾ. ਅੰਮ੍ਰਿਤਪਾਲ ਸਿੰਘ ਦੀ ਨਿੱਘੀ ਯਾਦ ਨੂੰ ਸਮਰਪਤ ਵਿਸ਼ੇਸ਼ ਖ਼ੂਨਦਾਨ ਕੈਂਪ ਲਾਇਆ ਗਿਆ, ਜਿਸ ਵਿੱਚ ਕਾਲਜ ਦੇ 105 ਵਿਦਿਆਰਥੀਆਂ ਨੇ ਖ਼ੂਨ ਦਾਨ ਕੀਤਾ। ਇਸ ਕੈਂਪ ਵਿੱਚ ਕਾਲਜ ਦੇ ਵਿਦਿਆਰਥੀਆਂ ਦੇ ਸਟਾਫ਼ ਮੈਂਬਰਾਂ ਦੁਆਰਾ ਰਾਜਿੰਦਰਾ ਹਸਪਤਾਲ ਪਟਿਆਲਾ ਦੇ ਬਲੱਡ ਬੈਂਕ ਲਈ ਕੁੱਲ 105 ਯੂਨਿਟ ਖ਼ੂਨ ਇਕੱਤਰ ਕੀਤਾ ਗਿਆ। ਕਾਲਜ ਗਵਰਨਿੰਗ ਬਾਡੀ ਦੇ ਐਡੀਸ਼ਨਲ ਸਕੱਤਰ ਸ. ਜਗਦੀਪ ਸਿੰਘ ਚੀਮਾ ਨੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਤੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਖ਼ੂਨਦਾਨ ਸਰਵੋਤਮ ਦਾਨ ਹੈ ਅਤੇ ਕਾਲਜ ਦੇ ਵਿਦਿਆਰਥੀਆਂ ਨੇ ਖ਼ੂਨਦਾਨ ਕੈਂਪ ਵਿੱਚ ਵੱਧ ਚੜ੍ਹ ਕੇ ਹਿੱਸਾ ਲੈ ਕੇ ਸਮਾਜ ਪ੍ਰਤੀ ਆਪਣੇ ਸੁਹਿਰਦ ਯੋਗਦਾਨ ਦੀ ਅਹਿਮ ਭੂਮਿਕਾ ਨਿਭਾਈ ਹੈ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਦੱਸਿਆ ਕਿ ਇਹ ਖ਼ੂਨਦਾਨ ਕੈਂਪ ਸਵਰਗਵਾਸੀ ਡਾ. ਅੰਮ੍ਰਿਤਪਾਲ ਸਿੰਘ ਅਸਿਸਟੈਂਟ ਪ੍ਰੋਫ਼ੈਸਰ ਕੈਮਿਸਟਰੀ ਵਿਭਾਗ ਦੀ ਨਿੱਘੀ ਯਾਦ ਵਿੱਚ ਲਗਾਇਆ ਗਿਆ ਹੈ, ਜੋ ਸਾਨੂੰ ਤਿੰਨ ਸਾਲ ਪਹਿਲਾਂ ਸਦੀਵੀ ਵਿਛੋੜਾ ਦੇ ਗਏ ਸਨ। ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਵਿੱਚ ਸੇਵਾ ਭਾਵਨਾ, ਆਪਸੀ ਸਹਿਯੋਗ ਤੇ ਨੈਤਿਕ ਕਦਰਾਂ ਕੀਮਤਾਂ ਦੀ ਉਸਾਰੀ ਕਰਨ ਵਿੱਚ ਖ਼ੂਨਦਾਨ ਕੈਂਪ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ ਕਾਲਜ ਦੇ ਕੰਟਰੋਲਰ ਪ੍ਰੀਖਿਆਵਾਂ ਡਾ. ਹਰਜੀਤ ਸਿੰਘ, ਡਾ. ਜਗਦੀਸ਼ ਸਿੰਘ, ਐੱਨ.ਐੱਸ.ਐੱਸ. ਅਫ਼ਸਰ ਪ੍ਰੋ. ਬੀਰਇੰਦਰ ਸਿੰਘ ਸਰਾਉ, ਪ੍ਰੋ. ਰਵਿੰਦਰ ਕੌਰ, ਪ੍ਰੋ. ਹਰਜਿੰਦਰ ਸਿੰਘ, ਡਾ. ਨੈਨਾ ਸ਼ੁਕਲਾ, ਪ੍ਰੋ. ਹਰਮਨਜੋਤ ਕੌਰ ਤੇ ਐੱਨ.ਸੀ.ਸੀ. ਅਫਸਰ ਡਾ. ਪੁਸ਼ਪਿੰਦਰ ਸਿੰਘ ਮੌਜੂਦ ਸਨ।

ਵਕੀਲਾਂ ਦਾ ਵਫ਼ਦ ਵਿਧਾਇਕਾ ਸਰਬਜੀਤ ਕੌਰ ਮਾਣੂਕੇ ਨੂੰ ਮਿਲਿਆ

ਜਗਰਾਉਂ (ਨਛੱਤਰ ਸੰਧੂ)- ਵਕੀਲਾਂ ਦਾ ਵਫ਼ਦ ਗੁਰਤੇਜ ਸਿੰਘ ਗਿੱਲ ਸਾਬਕਾ ਪ੍ਰਧਾਨ ਤੇ ਸਤਿੰਦਰ ਸਿੰਘ ਸਿੱਧੂ ਪ੍ਰਧਾਨ ਬਾਰ ਐਸੋਸੀਏਸ਼ਨ ਜਗਰਾਉਂ ਦੀ ਅਗਵਾਈ ਹੇਠ ਬੀਬੀ ਸਰਬਜੀਤ ਕੌਰ ਮਾਣੂਕੇ ਨੂੰ ਮਿਲਿਆ। ਉਨ੍ਹਾਂ ਨਾਲ ਅਮਰਪਾਲ ਸਿੰਘ, ਪੰਕਜ ਢੰਡ, ਪਰਮ ਸਿੰਘ ਸਿੱਧੂ, ਮਲਕੀਤ ਸਿੰਘ, ਆਤਮਜੀਤ ਸਿੰਘ ਗਿੱਲ ਸਾਰਾ ਵਕੀਲ ਭਾਈਚਾਰਾ ਹਾਜ਼ਰ ਸੀ। ਇਨ੍ਹਾਂ ਸਾਰਿਆਂ ਨੇ ਬੀਬੀ ਸਰਬਜੀਤ ਕੌਰ ਮਾਣੂਕੇ ਨੂੰ ਮਾਣਯੋਗ ਹਾਈਕੋਰਟ ਵੱਲੋਂ ਐੱਨ ਆਰ ਆਈ ਕੋਠੀ ਮਸਲੇ ਵਿੱਚ ਕਲੀਨ ਚਿੱਟ ਦੇਣ 'ਤੇ ਵਧਾਈ ਦਿੱਤੀ ਤੇ ਮੂੰਹ ਮਿੱਠਾ ਕਰਵਾਇਆ। ਇਸ ਤੋਂ ਇਲਾਵਾ ਕਚਹਿਰੀ ਦੀਆਂ ਕਈ ਪੈਂਡਿੰਗ ਮੰਗਾਂ ਜਿਵੇਂ ਕਿ ਕਚਹਿਰੀ ਦੇ ਤਸਤੇ ਅੱਗੇ ਬਰਸਾਤੀ ਪਾਣੀ ਦੀ ਨਿਕਾਸੀ, ਜੱਜ ਸਾਹਿਬਾਨ ਦੀ ਰਿਹਾਇਸ਼ ਲਈ ਕਚਹਿਰੀ ਵਿੱਚੋਂ ਨਵੀਆਂ ਕੋਠੀਆਂ ਬਣਾਉਣ ਸਬੰਧੀ, ਪੈਂਡਿੰਗ ਗ੍ਰਾਂਟ ਬਾਬੂਆਂ ਤੇ ਲਿਫ਼ਟ ਸਬੰਧੀ ਵੀ ਗੱਲ ਕੀਤੀ ਕਿ ਵਕਿਲਾਂ ਕਿ ਲੁਧਿਆਣਾ ਦੇ ਸ਼ਿਫ਼ਟ ਕਰਨ ਦੇ ਨੇੜੇ ਬਣਾਏ ਤੋਂ ਬਾਕੀ ਸਾਰੇ ਸ਼ਹਿਰ ਵਿੱਚ ਸੜਕਾਂ ਵਿੱਚ ਪਏ ਵੱਡੇ ਵੱਡੇ ਟੋਏ ਭਰਾਉਣ ਸਬੰਧੀ ਮੰਗ ਕੀਤੀ ਗਈ।

ਸਬ-ਤਹਿਸੀਲ ਭਗਤਾ ਵਿਖੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ

ਬਠਿੰਡਾ (ਰਾਜੀਵ ਗੋਇਲ) : ਜ਼ਿਲ੍ਹੇ ਦੇ ਕਸਬਾ ਭਗਤਾ ਭਾਈ ਕਾ ਦੀ ਸਬ-ਤਹਿਸੀਲ ਵਿਖੇ ਨਾਇਬ ਤਹਿਸੀਲਦਾਰ ਰਾਜੀਵ ਕੁਮਾਰ ਅਤੇ ਤਹਿਸੀਲ ਦੇ ਸਮੂਹ ਸਟਾਫ ਤੇ ਵਕੀਲਾਂ ਵੱਲੋਂ ਰਲ ਕੇ ਸੁੱਖ ਸ਼ਾਂਤੀ ਲਈ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ। ਇਸ ਮੌਕੇ ਐੱਸ.ਡੀ.ਐੱਮ. ਫੂਲ, ਤਹਿਸੀਲਦਾਰ ਰਾਮਪੁਰਾ ਸਮੇਤ ਸ਼ਹਿਰ ਤੇ ਇਲਾਕੇ ਦੀਆਂ ਮੁੱਖ ਸ਼ਖ਼ਸੀਅਤਾਂ ਵੱਲੋਂ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ ਗਈ ਅਤੇ ਸਭ ਤੋਂ ਖਾਸ ਗੱਲ ਇਹ ਰਹੀ ਕਿ ਸਮਾਗਮ ਵਿੱਚ ਸਾਰੇ ਹੀ ਰਾਜਨੀਤਕ ਆਗੂਆਂ ਵੱਲੋਂ ਸ਼ਿਰਕਤ ਕੀਤੀ ਗਈ। ਇਸ ਮੌਕੇ ਜਿੱਥੇ ਭਾਈ ਭਗਤਾ ਜੀ ਸਤਿਕਾਰ ਕਮੇਟੀ ਦੇ ਸੇਵਾਦਾਰਾਂ ਵੱਲੋਂ ਸੇਵਕ ਸਿੰਘ ਦੀ ਅਗਵਾਈ ਹੇਠ ਸਵੇਰੇ ਤੜਕਸਾਰ ਤੋਂ ਸੇਵਾ ਨਿਭਾਈ ਗਈ, ਉੱਥੇ ਹੀ ਨੰਬਰਦਾਰ ਪੁੰਨੂ ਸਿੰਘ ਭਗਤਾ ਦਾ ਵੀ ਵਿਸ਼ੇਸ਼ ਯੋਗਦਾਨ ਰਿਹਾ। ਆਉਣ-ਜਾਣ ਵਾਲੇ ਲੋਕਾਂ ਤੇ ਸਮਾਗਮ ਵਿੱਚ ਸ਼ਿਰਕਤ ਕਰਨ ਵਾਲੇ ਮਹਿਮਾਨਾਂ ਵੱਲੋਂ ਤਹਿਸੀਲ ਦੇ ਸਮੂਹ ਸਟਾਫ ਵੱਲੋਂ ਚੁੱਕੇ ਗਏ ਇਸ ਕਦਮ ਦੀ ਖੂਬ ਸ਼ਲਾਘਾ ਕੀਤੀ ਗਈ, ਕਿਉਂਕਿ ਤਹਿਸੀਲ ਅੰਦਰ ਪਹਿਲਾ ਪ੍ਰੋਗਰਾਮ ਨਾਇਬ ਤਹਿਸੀਲਦਾਰ ਚਰਨਜੀਤ ਸਿੰਘ ਚੰਨੀ ਵੱਲੋਂ ਕਰਵਾਉਣ ਤੋਂ ਬਾਅਦ ਰਾਗੀ ਸਮੇਂ ਬਾਅਦ ਇਹ ਦੂਜਾ ਪ੍ਰੋਗਰਾਮ ਕਰਵਾਇਆ ਗਿਆ ਹੈ। ਸਮੂਹ ਸੰਗਤਾਂ ਵੱਲੋਂ ਗੁਰੂ ਮਹਾਰਾਜ ਜੀ ਦੀ ਹਜ਼ੂਰੀ ਵਿੱਚ ਹਾਜ਼ਰੀ ਭਰੀ ਗਈ ਤੇ ਜਗਮੋਹਨ ਸਿੰਘ ਗੁੰਬੀ ਸਾਹਿਬਾਨ ਨੇ ਗੁਰੂ ਦਾ ਕੀਰਤਨ ਜਸ ਗਾਇਆ। ਇਸ ਮੌਕੇ ਜਗਸੀਰ ਸਿੰਘ ਨੰਬਰਦਾਰ ਹਮੀਰਗੜ੍ਹ, ਗੁਰਦੀਪ ਸਿੰਘ ਵਕੀਲ, ਕਮਲ ਸ਼ਰਮਾ, ਪ੍ਰਨੀਤ ਚੀਮਾ, ਰੂਪ ਲਾਲ, ਸੀਰਾ ਸਿੰਘ ਮਲੂਕਾ, ਗੁਰਚਰਨ ਸਿੰਘ ਭਗਤਾ ਸਮੇਤ ਬੂਟਾ ਸਿੰਘ ਸਿੱਧੂ ਪ੍ਰਧਾਨ ਨਗਰ ਪੰਚਾਇਤ ਭਗਤਾ, ਵਿਜੈ ਕੁਮਾਰ ਪੱਪੂ ਆਗੂ ਆੜ੍ਹਤੀਆ ਯੂਨੀਅਨ, ਮੋਹਨ ਕੁਮਾਰ ਮਾਣਾ, ਗਗਨਦੀਪ ਗਰੇਵਾਲ, ਜਗਸੀਰ ਸਿੰਘ ਸੀਰਾ ਕੇਸਰਵਾਲਾ ਸਮੇਤ ਤਹਿਸੀਲ ਦਾ ਸਮੂਹ ਸਟਾਫ, ਪਟਵਾਰੀ ਤੇ ਪਤਵੰਤੇ ਹਾਜ਼ਰ ਸਨ। ਇਸ ਮੌਕੇ ਤਹਿਸੀਲ ਦੇ ਸਮੂਹ ਸਟਾਫ ਵੱਲੋਂ ਨਾਇਬ ਤਹਿਸੀਲਦਾਰ ਰਾਜੀਵ ਕੁਮਾਰ ਦੀ ਹਾਜ਼ਰੀ ਵਿੱਚ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ।

ਮਨਿਸਟੀਰੀਅਲ ਸਟਾਫ਼ ਦਾ ਚੋਣ ਅਜਲਾਸ ਸੰਪੰਨ

ਖਟੜਾ ਸੂਬਾ ਪ੍ਰਧਾਨ ਤੇ ਘਨੌਰੀ ਸੀਨੀ. ਮੀਤ ਪ੍ਰਧਾਨ ਚੁਣੇ

ਧੂਰੀ (ਸੁਖਵੰਤ ਧੂਰੀ)- ਪੰਜਾਬ ਸਿੱਖਿਆ ਵਿਭਾਗ ਮਨਿਸਟੀਰੀਅਲ ਸਟਾਫ਼ ਦੇ ਸੂਬਾ ਪ੍ਰਧਾਨ ਤੇ ਸੂਬਾ ਸਕੱਤਰ ਦੀ ਚੋਣ ਸਮੂਹ ਜ਼ਿਲ੍ਹਿਆਂ ਦੇ ਪ੍ਰਧਾਨਾਂ ਤੇ ਜ਼ਿਲ੍ਹਾ ਸਕੱਤਰ ਵੱਲੋਂ ਸਰਬਸੰਮਤੀ ਨਾਲ ਕੀਤੀ ਗਈ। ਇਸ ਚੋਣ ਦੌਰਾਨ ਸੂਬਈ ਆਗੂ ਗੁਰਪ੍ਰੀਤ ਸਿੰਘ ਖੱਟੜਾ ਲੁਧਿਆਣਾ ਨੂੰ ਸੂਬਾ ਪ੍ਰਧਾਨ ਤੇ ਮਨਪ੍ਰੀਤ ਸਿੰਘ ਬਠਿੰਡਾ ਨੂੰ ਸੂਬਾ ਸਕੱਤਰ ਚੁਣਿਆ ਗਿਆ। ਇਸ ਦੌਰਾਨ ਸੂਬਾ ਕਮੇਟੀ ਦੀ ਚੋਣ ਕੀਤੀ ਗਈ, ਜਿਸ ਵਿੱਚ ਸੰਗਰੂਰ ਦੇ ਪਰਮਪ੍ਰੀਤ ਸਿੰਘ ਘਨੌਰੀਆ ਨੂੰ ਸੀਨੀਅਰ ਮੀਤ ਪ੍ਰਧਾਨ ਤੇ ਗੁਰਪ੍ਰੀਤ ਸਿੰਘ ਘਨੌਰੀ ਨੂੰ ਸੀਨੀਅਰ ਮੀਤ ਪ੍ਰਧਾਨ ਅਤੇ ਅਵਤਾਰ ਸਿੰਘ ਗਰਿਸ਼ਰਾ ਨੂੰ ਸੂਬਾ ਕਮੇਟੀ ਮੈਂਬਰ ਵਜੋਂ ਨਿਯੁਕਤ ਕੀਤਾ ਗਿਆ। ਇਸ ਸਬੰਧੀ ਸਥਾਨਕ ਆਗੂਆਂ ਪ੍ਰਿਆਸ ਗੁਪਤਾ ਧੂਰੀ ਪਿੰਡ, ਸੁਖਰਾਜ ਸਿੰਘ, ਕਰਮਪ੍ਰੀਤ ਸਿੰਘ, ਦਲਵੀਰ ਸਿੰਘ, ਭੀਮ ਸਿੰਘ, ਹਰੀਸ਼ ਕੁਮਾਰ, ਨਵਨੀਤ ਬਾਂਸਲ, ਪਵਿੱਤਰ ਦੇਵ, ਗੁਰਪ੍ਰੀਤ ਸਿੰਘ, ਅਮਰਿੰਦਰ ਵਿਰਕ ਤੇ ਰਵਿੰਦਰ ਘਨੌਰੀ ਨੇ ਆਪਣੇ ਨਵੇਂ ਨਿਯੁਕਤ ਹੋਏ ਸਾਥੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਸਾਥੀਆਂ ਨੂੰ ਜੀ ਆਇਆਂ ਕਿਹਾ ਤੇ ਵਧਾਈ ਦਿੱਤੀ। ਇਸ ਮੌਕੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਖੱਟੜਾ ਨੇ ਸਬੰਧੀ ਨੂੰ ਵਿਸ਼ਵਾਸ ਦਿਵਾਇਆ ਕਿ ਮਨਿਸਟੀਰੀਅਲ ਸਟਾਫ਼ ਦੀਆਂ ਮੰਗਾਂ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇਗਾ ਤੇ ਸੂਬਾ ਪੱਧਰ 'ਤੇ ਜਥੇਬੰਦੀ ਨੂੰ ਮਜ਼ਬੂਤ ਬਣਾਉਣ ਲਈ ਯਤਨ ਤੇਜ਼ ਕੀਤੇ ਜਾਣਗੇ। ਅੰਤ ਵਿੱਚ ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਘਨੌਰੀ ਨੇ ਵਧਾਈਆਂ ਦੇਣ ਵਾਲੇ ਸਾਰੇ ਜ਼ਿਲ੍ਹਾ ਸੰਗਰੂਰ ਦੇ ਸਮੂਹ ਸਾਥੀਆਂ ਦਾ ਦਿਲੋਂ ਧੰਨਵਾਦ ਕੀਤਾ।

ਝੋਨੇ ਦੇ ਘੱਟ ਝਾੜ ਨੇ ਕਿਸਾਨਾਂ ਦੀਆਂ ਚਿੰਤਾਵਾਂ ਵਧਾਈਆਂ

ਪਟਿਆਲਾ (ਰਜਿੰਦਰ ਸਿੰਘ ਥਿੰਦ) : ਝੋਨੇ ਦੇ ਸੀਜ਼ਨ ਦੌਰਾਨ ਪਹਿਲਾਂ ਆਈਆਂ ਅੰਕੜਾਂ ਤੋਂ ਬਾਅਦ ਹੁਣ ਝੋਨੇ ਦੀਆਂ ਅਗੇਤੀਆਂ ਪੱਕੀਆਂ ਕਿਸਮਾਂ ਦਾ ਝਾੜ ਪਿਛਲੇ ਸਾਲ ਦੇ ਮੁਕਾਬਲੇ ਕਾਫ਼ੀ ਘੱਟ ਨਿਕਲ ਰਿਹਾ ਹੈ, ਜਿਸ ਨਾਲ ਕਿਸਾਨਾਂ ਦੇ ਮੱਥੇ 'ਤੇ ਚਿੰਤਾ ਦੀਆਂ ਲਕੀਰਾਂ ਨੂੰ ਹੋਰ ਗੂੜ੍ਹਾ ਕਰ ਦਿੱਤਾ ਹੈ। ਝੋਨੇ ਦੇ ਸੀਜ਼ਨ ਦੌਰਾਨ ਪਹਿਲਾਂ ਬੂਟੇ ਦੇ ਮਧਰੇਪਨ, ਫਿਰ ਹੜ੍ਹਾਂ, ਤੇਲੇ ਤੇ ਹਲਦੀ ਰੋਗ ਨੇ ਕਿਸਾਨਾਂ ਦਾ ਕਾਫ਼ੀ ਨੁਕਸਾਨ ਕੀਤਾ ਹੈ ਅਤੇ ਹੁਣ ਫ਼ਸਲ ਦੀ ਕਟਾਈ ਮੌਕੇ ਵੀ ਅਗੇਤੇ ਝੋਨੇ ਦੇ ਝਾੜ ਨੇ ਕਿਸਾਨਾਂ ਦੇ ਹੌਂਸਲੇ ਢਾਹ ਦਿੱਤੇ ਹਨ। ਜਾਣਕਾਰੀ ਅਨੁਸਾਰ ਝੋਨੇ ਦੀ ਬਾਸਮਤੀ ਕਿਸਮਾਂ 'ਚ 1509, 1847 ਆਦਿ ਕਿਸਮਾਂ ਤੇ ਪੀਆਰ-126 ਕਿਸਮ ਦਾ ਝਾੜ ਪਿਛਲੇ ਸਾਲ ਨਾਲੋਂ 5 ਤੋਂ 7 ਕੁਇੰਟਲ ਘੱਟ ਨਿਕਲ ਰਿਹਾ ਹੈ, ਜਿਸ ਨਾਲ ਕਿਸਾਨਾਂ ਦਾ ਵੱਡਾ ਆਰਥਿਕ ਨੁਕਸਾਨ ਹੋ ਰਿਹਾ ਹੈ। ਕਿਸਾਨਾਂ ਦਾ ਦੱਸਣਾ ਹੈ ਕਿ ਬਾਸਮਤੀ ਦੀ 1509 ਕਿਸਮ, ਜਿਸ ਦਾ ਪਹਿਲਾਂ ਝਾੜ ਆਮ ਤੌਰ 'ਤੇ 22 ਕੁਇੰਟਲ ਤੋਂ ਲੈ ਕੇ 25 ਕੁਇੰਟਲ ਤੋਂ ਲੈ ਕੇ 18 ਕੁਇੰਟਲ ਪ੍ਰਤੀ ਏਕੜ ਤੱਕ ਨਿਕਲ ਰਿਹਾ ਹੈ, ਜਿਸ 'ਚ ਜ਼ਿਆਦਾਤਰ ਝਾੜ 15-17 ਕੁਇੰਟਲ ਦੀ ਔਸਤਨ ਵਾਲਾ ਹੈ। ਦੂਜੇ ਪਾਸੇ ਅਗੇਤੀ ਪੀਆਰ-125 ਕਿਸਮ ਵੀ 25-26 ਕੁਇੰਟਲ ਪ੍ਰਤੀ ਏਕੜ ਤੱਕ ਸਿਮਟ ਕੇ ਰਹਿ ਗਈ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਕਿਸਾਨ ਗੁਰਜਿੰਦਰ ਸਿੰਘ, ਲਖਵਿੰਦਰ ਸਿੰਘ, ਗੁਰਮਿੰਦਰ ਸਿੰਘ ਪੂਨੀਆ, ਕੁਲਵਿੰਦਰ ਸਿੰਘ ਬਰਸਟ ਨੇ ਦੱਸਿਆ ਕਿ ਜਿੱਥੇ ਸੀਜ਼ਨ ਦੌਰਾਨ ਵੱਧ ਖ਼ਰਚਾ ਕਰਕੇ ਝੋਨੇ ਦੀ ਫ਼ਸਲ ਤਿਆਰ ਕੀਤੀ ਸੀ, ਪਰ ਹੁਣ ਘੱਟ ਝਾੜ ਨੇ ਸਾਰੀਆਂ ਆਸਾਂ-ਉਮੀਦਾਂ 'ਤੇ ਪਾਣੀ ਫੇਰ ਦਿੱਤਾ ਹੈ, ਕਿਉਂਕਿ ਝਾੜ 5 ਤੋਂ 8 ਕੁਇੰਟਲ ਪ੍ਰਤੀ ਏਕੜ ਘੱਟ ਨਿਕਲ ਰਿਹਾ ਹੈ, ਜਿਸ ਨਾਲ ਪਿਛਲੇ ਸਾਲ ਨਾਲੋਂ 10 ਹਜ਼ਾਰ ਤੋਂ ਲੈ ਕੇ 20 ਹਜ਼ਾਰ ਰੁਪਏ ਪ੍ਰਤੀ ਏਕੜ ਦਾ ਘਾਟਾ ਕਿਸਾਨਾਂ ਨੂੰ ਸਹਿਣਾ ਪੈ ਰਿਹਾ ਹੈ। ਕਿਸਾਨ ਗੁਰਮਿਲ ਸਿੰਘ ਨੇ ਦੱਸਿਆ ਕਿ ਜਿੱਥੇ ਪਿਛਲੇ ਸਾਲ 1509 ਬਾਸਮਤੀ ਦਾ ਝਾੜ 25 ਕੁਇੰਟਲ ਸੀ, ਪਰ ਇਸ ਵਾਰ ਇਸ ਦਾ ਝਾੜ ਸਿਰਫ 17 ਕੁਇੰਟਲ ਹੀ ਨਿਕਲਿਆ ਹੈ। ਕਿਸਾਨ ਸੰਨ੍ਹੀ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਦੇ ਇਲਾਕੇ 'ਚ 6 ਤੋਂ 8 ਕੁਇੰਟਲ ਤੱਕ ਝਾੜ ਘਟਿਆ ਹੈ। ਕਿਸਾਨਾਂ ਦਾ ਕਹਿਣਾ ਹੈ ਕਿ ਭਾਵੇਂ ਕਿ ਬਾਸਮਤੀ 1509 ਦਾ ਰੇਟ ਵਧਿਆ ਹੈ, ਪਰ ਝਾੜ ਘਟਣ ਕਾਰਨ ਨੁਕਸਾਨ ਜ਼ਿਆਦਾ ਹੋ ਰਿਹਾ ਹੈ। ਕਿਸਾਨਾਂ ਨੇ ਮੰਗ ਕੀਤੀ ਕਿ ਆਰਥਿਕ ਪਾੜੇ ਨੂੰ ਪੂਰਨ ਲਈ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਬਾਂਹ ਫੜੀ ਜਾਵੇ। ਖੇਤੀਬਾੜੀ ਵਿਭਾਗ ਦੇ ਅਧਿਕਾਰੀ ਡਾ. ਗੁਰਮਿੰਦਰ ਸਿੰਘ ਪੰਜੋਲਾ ਨੇ ਆਖਿਆ ਕਿ ਕਿਸਾਨਾਂ ਨੇ ਜੋ ਪੀ ਆਰ ਕਿਸਮ ਦਾ ਝਾੜ ਘੱਟ ਆਇਆ ਹੈ, ਉਸ ਦਾ ਵੱਡਾ ਕਾਰਨ ਚੂਨੇ ਦਾ ਮਧਰਾ ਪਨ ਹੋਣਾ ਹੈ ਤੇ ਵੱਡੇ ਪੱਧਰ 'ਤੇ ਖੇਤਾਂ 'ਚ ਝੋਨਾ ਖਰਾਬ ਹੋ ਗਿਆ ਹੈ, ਪਰ ਦੂਜੇ ਪਾਸੇ ਜਿਨ੍ਹਾਂ ਕਿਸਾਨਾਂ ਨੇ ਬਾਸਮਤੀ ਕਿਸਮ ਦਾ 1509 ਤੇ 1847 ਝੋਨਾ ਲਗਾਇਆ ਸੀ, ਉਨ੍ਹਾਂ ਦਾ ਚੋਖਾ ਹਿੱਸਾ ਝਾੜ ਘਟਣ ਕਾਰਨ ਵੱਡੇ ਪੱਧਰ 'ਤੇ ਔਸਤ ਨੁਕਸਾਨ ਹੋਇਆ ਹੈ। ਉਨ੍ਹਾਂ ਦੱਸਿਆ ਕਿ ਉਸ ਦੇ ਤਿੰਨ ਏਕੜ 'ਚ 50 ਕੁਇੰਟਲ ਝੋਨਾ ਨਿਕਲਿਆ ਹੈ, ਜਦੋਂ ਕਿ ਪਿਛਲੇ ਸਾਲ ਦੇ ਏਕੜ ਵਿੱਚੋਂ ਹੀ 46 ਕੁਇੰਟਲ ਝੋਨਾ ਹੋਇਆ ਸੀ।

> ਅਗੇਤੇ ਝੋਨੇ ਦਾ 5 ਤੋਂ 7 ਕੁਇੰਟਲ ਪ੍ਰਤੀ ਏਕੜ ਨਿਕਲ ਰਿਹੈ ਘੱਟ ਝਾੜ

ਅਵਾਮ ਫਾਊਂਡੇਸ਼ਨ ਨੇ ਹੜ੍ਹ ਪੀੜਤਾਂ ਨੂੰ ਰਾਸ਼ਨ ਵੰਡਿਆ

ਮੰਡੀ ਘੁਬਾਇਆ (ਬਲਵਿੰਦਰ ਸਿੰਘ)- ਬੀਤੇ ਦਿਨੀਂ ਪੰਜਾਬ ਵਿੱਚ ਆਏ ਹੜ੍ਹ ਕਾਰਨ ਫ਼ਾਜ਼ਿਲਕਾ ਜ਼ਿਲ੍ਹੇ ਵਿੱਚ ਕਈ ਪਿੰਡਾਂ ਵਿੱਚ ਫਸਲਾਂ ਖ਼ਰਾਬ ਹੋ ਗਈਆਂ ਤੇ ਕਈਆਂ ਲੋਕਾਂ ਦੇ ਘਰ ਢਹਿ ਗਏ, ਜਿਸ 'ਤੇ ਸਮਾਜ ਸੇਵੀ ਸੰਸਥਾਵਾਂ ਵੱਲੋਂ ਇਨ੍ਹਾਂ ਹੜ੍ਹ ਪ੍ਰਭਾਵਿਤ ਪਰਵਾਰਾਂ ਲਈ ਵੱਧ ਚੜ੍ਹ ਕੇ ਸੇਵਾ ਕੀਤੀ ਗਈ। ਇਸ ਤਹਿਤ ਮੱਧ ਪ੍ਰਦੇਸ਼ ਦੀ ਅਵਾਮ ਫਾਊਂਡੇਸ਼ਨ, ਜਿਸ ਦੇ ਪ੍ਰਧਾਨ ਰੌਸ਼ਨੀ ਖਾਨ, ਵਾਈਸ ਪ੍ਰਧਾਨ ਫ਼ਿਰੋਜ਼ ਖਾਨ, ਸੈਕਟਰੀ ਮੋਹਦ ਆਸਿਫ਼ ਵੱਲੋਂ ਰੀਵਾ ਤੋਂ ਮੱਧ ਪ੍ਰਦੇਸ਼ ਦੇ ਡਿਪਟੀ ਚੀਫ਼ ਮਨਿਸਟਰ ਰਾਜੇਂਦਰ ਸ਼ੁਕਲਾ ਵੱਲੋਂ ਪੰਜਾਬ ਦੇ ਜ਼ਿਲ੍ਹਾ ਫ਼ਾਜ਼ਿਲਕਾ ਹੜ੍ਹ ਪੀੜਤ ਪਰਵਾਰਾਂ ਲਈ 21 ਸਤੰਬਰ ਨੂੰ ਟਰੱਕ ਰਵਾਨਾ ਕੀਤਾ ਗਿਆ, ਜੋ ਫ਼ਾਜ਼ਿਲਕਾ ਦੇ ਜਲਾਲਾਬਾਦ 23 ਸਤੰਬਰ ਨੂੰ ਪਹੁੰਚਿਆ। ਅਵਾਮ ਫਾਊਂਡੇਸ਼ਨ ਦੇ ਮੈਂਬਰ ਰਾਜਿੰਦਰ ਤੋਂ ਮਨੂੰ ਵੱਲੋਂ ਜਲਾਲਾਬਾਦ ਦੇ ਪ੍ਰਭਾਤ ਸਿੰਘ ਵਾਲਾ, ਆਤੂ ਵਾਲਾ, ਢਾਣੀ ਬਚਨ ਸਿੰਘ ਵਾਲਾ ਵਿਖੇ ਰਾਸ਼ਨ ਵੰਡਿਆ ਗਿਆ। ਇਸ ਲੜੀ ਦੇ ਤਹਿਤ ਐਡਵੋਕੇਟ ਅਮਿਤ ਕੱਕੜ ਦੀ ਅਗਵਾਈ ਹੇਠ ਪਿੰਡ ਸੰਤੋਖ ਸਿੰਘ ਵਾਲਾ ਵਿਖੇ ਵੀ ਹੜ੍ਹ ਪੀੜਤ ਪਰਵਾਰਾਂ ਨੂੰ ਰਾਸ਼ਨ ਵੰਡਿਆ ਗਿਆ। ਇਸ ਮੌਕੇ ਸਰੋਵਰ ਵਰਮਾ, ਸੋਨੂੰ ਨਾਗੋਰ, ਬੱਬਲ ਕਾਲੜਾ, ਸ਼ੈਵਿਆ, ਵਿਸ਼ਾਲ ਸੱਚਦੇਵਾ, ਸਾਹਿਲ ਠਠਈ ਤੇ ਹੋਰ ਹਾਜ਼ਰ ਸਨ।

ਢਾਣੀ ਬਚਨ ਸਿੰਘ ਵਿਖੇ ਹੜ੍ਹ ਪੀੜਤਾਂ ਨੂੰ ਰਾਸ਼ਨ ਵੰਡਿਆ

ਜਲਾਲਾਬਾਦ (ਜੀਤ ਕੁਮਾਰ)- ਹੜ੍ਹਾਂ ਦੀ ਮਾਰ ਹੇਠ ਆਏ ਇਲਾਕਿਆਂ, ਪਿੰਡਾਂ ਤੇ ਢਾਣੀਆਂ ਨੂੰ ਮੁੜ ਸੁਰਜੀਤ ਕਰਨ ਹਿੱਤ ਲਗਾਤਾਰ ਉਪਰਾਲੇ ਜਾਰੀ ਹਨ। ਪੰਜਾਬ ਸਰਕਾਰ, ਜ਼ਿਲ੍ਹਾ ਪ੍ਰਸ਼ਾਸਨ ਤੇ ਸਮਾਜ ਸੇਵੀ ਸੰਸਥਾਵਾਂ ਲਗਾਤਰ ਹੜ੍ਹ ਪੀੜਤਾਂ ਦੀ ਬਾਂਹ ਫੜ ਰਹੀਆਂ ਹਨ ਤੇ ਔਖੇ ਸਮੇਂ ਵਿੱਚ ਉਨ੍ਹਾਂ ਦਾ ਸਹਾਰਾ ਬਣਿਆ ਜਾ ਰਿਹਾ ਹੈ। ਇਸੇ ਲਗਾਤਾਰਤਾ ਵਿੱਚ ਵਿਧਾਇਕ ਜਲਾਲਾਬਾਦ ਸ੍ਰੀ ਜਗਦੀਪ ਕੰਬੋਜ ਗੋਲਡੀ ਨੇ ਲਾਈਨਜ਼ ਕਲੱਬ ਜਲਾਲਾਬਾਦ ਵੱਲੋਂ ਮੁਹੱਈਆ ਕਰਵਾਏ ਗਏ ਰਾਸ਼ਨ ਨੂੰ ਢਾਣੀ ਬਚਨ ਸਿੰਘ ਦੇ ਲੋਕਾਂ ਤੱਕ ਪੁੱਜਦਾ ਕੀਤਾ। ਵਿਧਾਇਕ ਗੋਲਡੀ ਨੇ ਕਿਹਾ ਕਿ ਪੰਜਾਬ ਸਰਕਾਰ ਪਾਣੀ ਦੀ ਚਪੇਟ ਵਿੱਚ ਆਏ ਸਰਹੱਦੀ ਪਿੰਡਾਂ ਦੇ ਵਸਨੀਕਾਂ ਦੀ ਮਦਦਗਾਰ ਬਣੀ ਹੈ। ਉਨ੍ਹਾਂ ਕਿਹਾ ਕਿ ਹੜ੍ਹਾਂ ਦੌਰਾਨ ਕਿਸੇ ਵੀ ਨਾਗਰਿਕ ਤੇ ਬੇਜ਼ੁਬਾਨ ਨੂੰ ਰਾਹਤ ਸਮੱਗਰੀ ਪਖੋਂ ਕੋਈ ਦਿੱਕਤ ਨਹੀਂ ਆਉਣ ਦਿੱਤੀ ਗਈ ਤੇ ਰਾਹਤ ਸਮੱਗਰੀ ਦੀ ਵੰਡ ਅਜੇ ਵੀ ਜਾਰੀ ਹੈ। ਉਨ੍ਹਾਂ ਆਖਿਆ ਕਿ ਲੋਕਾਂ ਨੂੰ ਲੋੜ ਅਨੁਸਾਰ ਰਾਸ਼ਨ ਵੰਡਿਆ ਜਾ ਰਿਹਾ ਹੈ ਤੇ ਪਸ਼ੂ ਪਾਲਕਾਂ ਨੂੰ ਵੀ ਪਸ਼ੂਆਂ ਵਾਸਤੇ ਕੈਟਲ ਫੀਡ ਵੀ ਮੁਹੱਈਆ ਕਰਵਾਈਆ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਦੀ ਸਹਾਇਤਾ ਕਰਨ ਹਿੱਤ ਪਿੱਛੇ ਨਹੀਂ ਹਨ, ਸਗੋਂ ਵੱਧ ਚੜ੍ਹ ਕੇ ਆਪਣਾ ਬਣਦਾ ਯੋਗਦਾਨ ਪਾ ਰਹੀਆਂ ਹਨ।

ਬੀ ਕੇ ਯੂ ਕਾਦੀਆਂ ਦੀ ਬਲਾਕ ਮੀਟਿੰਗ 'ਚ ਅਹਿਮ ਮਸਲੇ ਵਿਚਾਰੇ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)- ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਬਲਾਕ ਮਹਿਲ ਕਲਾਂ ਦੀ ਅਹਿਮ ਮੀਟਿੰਗ ਬਲਾਕ ਪ੍ਰਧਾਨ ਪਰਮਜੀਤ ਸਿੰਘ ਢੀਂਡਸਾ ਦੀ ਅਗਵਾਈ ਹੇਠ ਇਤਿਹਾਸਕ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਮਹਿਲ ਕਲਾਂ ਵਿਖੇ ਹੋਈ। ਇਸ ਮੌਕੇ ਜਥੇਬੰਦੀ ਦੇ ਜ਼ਿਲ੍ਹਾ ਮੀਤ ਪ੍ਰਧਾਨ ਉਦੇ ਸਿੰਘ ਹਮੀਦੀ, ਬਲਾਕ ਪ੍ਰਧਾਨ ਪਰਮਜੀਤ ਸਿੰਘ ਪੰਮਾ, ਸੀਨੀ: ਮੀਤ ਪ੍ਰਧਾਨ ਜਸਵਿੰਦਰ ਸਿੰਘ ਛੀਨੀਵਾਲ, ਜਰਨਲ ਸਕੱਤਰ ਅਮਰਜੀਤ ਸਿੰਘ ਭੋਲਾ ਨੇ ਕਿਹਾ ਕਿ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸਿੰਘ ਛੀਨੀਵਾਲ ਦੀ ਅਗਵਾਈ ਹੇਠ ਕੇਂਦਰ ਤੇ ਰਾਜ ਸਰਕਾਰਾਂ ਵਿਰੁੱਧ ਚੱਲ ਰਹੇ ਸੰਘਰਸ਼ਾਂ ਨੂੰ ਮਜ਼ਬੂਤ ਬਣਾਉਣਾ ਹੋਵੇਗਾ। ਆਗੂਆਂ ਨੇ ਸੁਪਰੀਮ ਕੋਰਟ ਵੱਲੋਂ ਪਰਾਲੀ ਸਾੜਨ ਦੇ ਮਾਮਲੇ ਵਿੱਚ ਕਿਸਾਨਾਂ ਨੂੰ ਜੇਲ੍ਹ ਬੰਦ ਵਾਲੇ ਹੁਕਮਾਂ ਦੀ ਤਿੱਖੀ ਨਿੰਦਾ ਕਰਦਿਆਂ ਪਰਾਲੀ ਪ੍ਰਬੰਧਨ ਦੇ ਠੋਸ ਹੱਲ ਕਰਨ ਦੀ ਮੰਗ ਉਠਾਈ। ਕਿਸਾਨ ਆਗੂਆਂ ਨੇ ਕਿਹਾ ਕਿ ਆਉਣ ਵਾਲੇ ਸੀਜ਼ਨ 'ਚ ਆਲੂਆਂ ਦੀ ਫਸਲ ਦੇ ਬੀਜਣ ਲਈ ਲੋੜੀਂਦੀ ਖਾਦ ਦੀ ਘਾਟ ਦੇ ਮਸਲੇ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਜ਼ਰੂਰੀ ਹੈ। ਆਗੂਆਂ ਨੇ ਸਰਕਾਰ ਤੋਂ ਕੀਤੀ ਗਈ ਕਿ ਖਾਦ ਪ੍ਰਾਈਵੇਟ ਦੁਕਾਨਾਂ ਦੀ ਥਾਂ ਸਹਿਕਾਰੀ ਸੁਸਾਇਟੀਆਂ ਤੇ ਉਪਲੱਬਧ ਕਰਵਾਈ ਜਾਵੇ ਤਾਂ ਜੋ ਕਿਸਾਨਾਂ ਨੂੰ ਰਾਹਤ ਮਿਲ ਸਕੇ। ਉਨ੍ਹਾਂ ਨਕਲੀ ਖਾਦ ਤੇ ਕੀਟਨਾਸ਼ਕਾਂ ਦੀ ਵਿਕਰੀ ਰੋਕਣ ਲਈ ਠੋਸ ਕਦਮ ਪੁੱਟਣ ਤੇ ਖੇਤੀਬਾੜੀ ਵਿਭਾਗ ਵੱਲੋਂ ਹਾੜ੍ਹੀ ਫਸਲਾਂ ਦੇ ਬੀਜ ਪਹਿਲੀ ਅਕਤੂਬਰ ਤੋਂ ਪਹਿਲਾਂ ਕਿਸਾਨਾਂ ਨੂੰ ਮੁਹੱਈਆ ਕਰਵਾਉਣ ਦੀ ਮੰਗ ਕੀਤੀ।

ਮਾਡਰਨ ਕਾਲਜ ਬੀਰ ਕਲਾਂ ਦਾ ਨਤੀਜਾ ਸ਼ਾਨਦਾਰ

ਚੀਮਾ ਮੰਡੀ (ਰਵਿੰਦਰ ਚੀਮਾ)- ਮਾਡਰਨ ਕਾਲਜ ਬੀਰ ਕਲਾਂ ਪੰਜਾਬੀ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਬੀ ਏ ਭਾਗ ਪਹਿਲਾ ਸਮੈਸਟਰ ਪਹਿਲਾ ਦਾ ਨਤੀਜਾ ਸ਼ਾਨਦਾਰ ਰਿਹਾ। ਸਹਾਇਕ ਪ੍ਰੋਫੈਸਰ ਅੰਤਰਪਾਲ ਕੌਰ ਨੇ ਦੱਸਿਆ ਕਿ ਅਰਸ਼ਦੀਪ ਕੌਰ ਨੇ 8.93 ਸੀਜੀਪੀਏ ਪ੍ਰਾਪਤ ਕਰਕੇ ਪਹਿਲਾ ਸਥਾਨ, ਨਸਰਨ ਨੇ 8.9 ਸੀਜੀਪੀਏ ਪ੍ਰਾਪਤ ਕਰਕੇ ਦੂਜਾ ਸਥਾਨ, ਮਨਪ੍ਰੀਤ ਕੌਰ ਨੇ 8.8 ਸੀਜੀਪੀਏ ਪ੍ਰਾਪਤ ਕਰਕੇ ਤੀਜਾ ਸਥਾਨ, ਜੋਬਨਪ੍ਰੀਤ ਕੌਰ ਨੇ 8.7 ਸੀਜੀਪੀਏ ਪ੍ਰਾਪਤ ਕਰਕੇ ਚੌਥਾ ਸਥਾਨ, ਮਨਪ੍ਰੀਤ ਕੌਰ ਨੇ 8.6 ਸੀਜੀਪੀਏ ਪ੍ਰਾਪਤ ਕਰਕੇ ਪੰਜਵਾਂ ਸਥਾਨ, ਦਵਿੰਦਰ ਸਿੰਘ ਨੇ 8.6 ਸੀਜੀਪੀਏ ਤੇ ਪ੍ਰਦੀਪ ਕੌਰ ਨੇ 8.6 ਸੀਜੀਪੀਏ ਪ੍ਰਾਪਤ ਕਰਕੇ ਛੇਵਾਂ ਤੇ ਸੱਤਵਾਂ ਸਥਾਨ, ਕੋਮਲਪ੍ਰੀਤ ਕੌਰ ਤੇ ਨਵਦੀਪ ਕੌਰ 8.47 ਸੀਜੀਪੀਏ ਪ੍ਰਾਪਤ ਕਰਕੇ ਅੱਠਵਾਂ ਤੇ ਨੌਂਵਾਂ ਸਥਾਨ, ਜਸਪ੍ਰੀਤ ਕੌਰ ਨੇ 8.43 ਸੀਜੀਪੀਏ ਪ੍ਰਾਪਤ ਕਰਕੇ ਦੱਸਵਾਂ ਸਥਾਨ ਹਾਸਲ ਕੀਤਾ। ਕਾਲਜ ਦੇ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਤੇ ਪ੍ਰਿੰਸੀਪਲ ਡਾਕਟਰ ਵੀ ਕੇ ਰਾਏ ਨੇ ਚੰਗੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ। ਉਨ੍ਹਾਂ ਵਿਦਿਆਰਥੀਆਂ ਨੂੰ ਸਿੱਖਿਆ ਦੇ ਖੇਤਰ ਵਿੱਚ ਹੋਰ ਬੁਲੰਦੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਆਰਟਸ ਵਿਭਾਗ ਦੇ ਸਮੂਹ ਪ੍ਰੋਫੈਸਰ ਤੇ ਵਿਦਿਆਰਥੀ ਮੌਜੂਦ ਸਨ।

ਲੋੜਵੰਦਾਂ ਨੂੰ 15 ਆਟੋ ਈ-ਰਿਕਸ਼ਾ ਵੰਡੇ

ਮਲੋਟ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)- ਪੰਜਾਬ ਦੀ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਅਤੇ ਮਲੋਟ ਹਲਕੇ ਤੋਂ ਐੱਮ.ਐੱਲ.ਏ. ਡਾ. ਬਲਜੀਤ ਕੌਰ ਵੱਲੋਂ ਆਪਣੇ ਹਲਕੇ ਦੇ ਲੋੜਵੰਦ ਵਿਅਕਤੀਆਂ ਨੂੰ ਸਵੈ-ਰੁਜ਼ਗਾਰ ਯੋਜਨਾ ਤਹਿਤ 15 ਆਟੋ ਈ-ਰਿਕਸ਼ਾ ਵੰਡੇ ਗਏ। ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਗਰੀਬ ਤੇ ਦਿਵਿਆਂਗ ਵਿਅਕਤੀਆਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਲਈ ਵਚਨਬੱਧ ਹੈ। ਇਹ ਆਟੋ ਈ-ਰਿਕਸ਼ਾ ਉਨ੍ਹਾਂ ਨੂੰ ਰੋਜ਼ਗਾਰ ਕਮਾਉਣ ਤੇ ਆਤਮ-ਨਿਰਭਰ ਜੀਵਨ ਜੀਊਣ ਦਾ ਮੌਕਾ ਦੇਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਸੁਪਨਾ ਹੈ ਕਿ ਕੋਈ ਵੀ ਪਰਿਵਾਰ ਬੇਸਹਾਰਾ ਨਾ ਰਹੇ ਤੇ ਹਰੇਕ ਵਿਅਕਤੀ ਆਪਣੇ ਜੀਵਨ ਵਿੱਚ ਆਤਮ-ਨਿਰਭਰਤਾ ਦਾ ਰਾਹ ਚੁਣੇ। ਇਹ ਯਤਨ ਆਤਮ ਨਿਰਭਰ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ।

ਬਾਬਾ ਫ਼ਰੀਦ ਆਗਮਨ ਪੁਰਬ 'ਤੇ ਪੰਜਾਬੀ ਦਿਵਸ ਮਨਾਇਆ

ਰਾਮਪੁਰਾ ਫੂਲ (ਦਰਸ਼ਨ ਜਿੰਦਲ) ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਢੱਡੇ ਦੇ ਵਿਹੜੇ ਵਿੱਚ ਬਾਬਾ ਫ਼ਰੀਦ ਦੇ ਆਗਮਨ ਪੁਰਬ ਮੌਕੇ ਵਿਸ਼ਵ ਪੰਜਾਬੀ ਦਿਵਸ ਮਨਾਇਆ ਗਿਆ। ਚੇਅਰਮੈਨ ਕੁਲਵੰਤ ਸਿੰਘ ਸਿੱਧੂ ਤੇ ਮੈਨੇਜਿੰਗ ਡਾਇਰੈਕਟਰ ਗੁਰਵਿੰਦਰ ਸਿੰਘ ਨੇ ਕਿਹਾ ਕਿ ਸਾਨੂੰ ਹਮੇਸ਼ਾ ਹੀ ਆਪਣੇ ਪੰਜਾਬੀ ਹੋਣ 'ਤੇ ਮਾਣ ਮਹਿਸੂਸ ਹੁੰਦਾ ਹੈ, ਕਿਉਂਕਿ ਪੰਜਾਬੀ ਲੋਕ ਪੂਰੀ ਦੁਨੀਆ ਵਿੱਚ ਪੰਜਾਬੀਆਂ ਦੀ ਵੱਖਰੀ ਪਛਾਣ ਕਰਕੇ ਜਾਣੇ ਜਾਂਦੇ ਹਨ ਪੰਜਾਬੀ ਸਾਡੀ ਮਾਂ ਬੋਲੀ ਹੈ ਤੇ ਮਾਂ ਬੋਲੀ ਨਾਲ ਪਿਆਰ ਕਰਨਾ ਹਰ ਪੰਜਾਬੀ ਦਾ ਫ਼ਰਜ਼ ਹੈ। ਅਸੀਂ ਆਪਣੀ ਨੌਜਵਾਨ ਪੀੜ੍ਹੀ ਨੂੰ ਪੰਜਾਬੀ ਬੋਲੀ, ਸਾਹਿਤ ਅਤੇ ਸਭਿਆਚਾਰ ਨਾਲ ਜੋੜ ਕੇ ਹੀ ਉਨ੍ਹਾਂ ਵਿੱਚ ਅਸਲੀ ਮੂਲ-ਮੁੱਲ ਰਚ ਸਕਦੇ ਹਾਂ। ਪੰਜਾਬੀ ਸਿਰਫ਼ ਸੰਚਾਰ ਦਾ ਸਾਧਨ ਨਹੀਂ, ਸਗੋਂ ਸਾਡੀ ਵਿਰਾਸਤ ਅਤੇ ਸਾਡੀ ਪਛਾਣ ਹੈ, ਜਿਸਦੀ ਸੰਭਾਲ ਕਰਨਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਸੰਸਥਾ ਦੇ ਡਾਇਰੈਕਟਰ ਐਡਮਿਨਿਸਟਰੇਸ਼ਨ ਪਰਮਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬੀ ਭਾਸ਼ਾ ਸਾਡੀ ਵਿਰਾਸਤ, ਸੱਭਿਆਚਾਰ ਤੇ ਅਸਤੀਤਵ ਦੀ ਪਛਾਣ ਹੈ। ਪੰਜਾਬੀ ਵਿੱਚ ਹੀ ਸਾਡੇ ਮਹਾਨ ਗੁਰਾਂ ਤੇ ਸੂਫ਼ੀ ਸੰਤਾਂ ਨੇ ਅਮੋਲਕ ਬਾਣੀ ਰਚੀ, ਜਿਸ ਨੇ ਪੂਰੀ ਦੁਨੀਆ ਨੂੰ ਮਨੁੱਖਤਾ, ਪਿਆਰ ਤੇ ਸੱਚਾਈ ਦਾ ਸੰਦੇਸ਼ ਦਿੱਤਾ। ਸਾਡੇ ਸਭ ਦੀ ਜ਼ਿੰਮੇਵਾਰੀ ਹੈ ਕਿ ਪੰਜਾਬੀ ਭਾਸ਼ਾ ਨੂੰ ਨਾ ਸਿਰਫ਼ ਘਰਾਂ ਤੱਕ ਸੀਮਤ ਰੱਖੀਏ, ਸਗੋਂ ਇਸਨੂੰ ਵਿਦਿਆ, ਵਿਗਿਆਨ ਤੇ ਰੋਜ਼ਾਨਾ ਦੇ ਕਾਰਜਾਂ ਵਿੱਚ ਵੀ ਅੱਗੇ ਲਿਆਈਏ। ਸੰਸਥਾ ਦੇ ਪ੍ਰਿੰਸੀਪਲ ਰਾਜ ਸਿੰਘ ਬਾਘਾ ਨੇ ਕਿਹਾ ਕਿ ਪੰਜਾਬੀ ਭਾਸ਼ਾ ਸਾਡੇ ਅਸਤਿਤਵ ਤੇ ਸੱਭਿਆਚਾਰ ਦੀ ਰੂਹ ਹੈ। ਇਸਦੇ ਬਗੈਰ ਸਾਡੀ ਪਛਾਣ ਅਧੂਰੀ ਹੈ। ਅਸੀਂ ਸਭ ਦੀ ਜ਼ਿੰਮੇਵਾਰੀ ਹੈ ਕਿ ਪੰਜਾਬੀ ਨੂੰ ਸਿਰਫ਼ ਘਰਾਂ ਅਤੇ ਰਿਵਾਇਤਾਂ ਤੱਕ ਹੀ ਸੀਮਤ ਨਾ ਰੱਖੀਏ, ਸਗੋਂ ਵਿਗਿਆਨ, ਤਕਨਾਲੋਜੀ ਤੇ ਵਿੱਦਿਆ ਦੇ ਹਰ ਖੇਤਰ ਵਿੱਚ ਇਸਦੀ ਵਰਤੋਂ ਕਰੀਏ, ਤਾਂ ਜੁ ਪੰਜਾਬੀ ਨੂੰ ਵਿਸ਼ਵ ਪੱਧਰ ਤੇ ਹੋਰ ਮਜ਼ਬੂਤ ਪਛਾਣ ਮਿਲ ਸਕੇ।

ਅਕਾਲੀ-ਭਾਜਪਾ ਤੇ ਕਾਂਗਰਸ ਸਰਕਾਰਾਂ ਦੇ ਰਾਹਾਂ 'ਤੇ ਤੁਰੀ 'ਆਪ' : ਟੀਚਰਜ਼ ਆਗੂ

ਕੋਟਕਪੂਰਾ (ਰਛਪਾਲ ਭੁੱਲਰ) ਪਿਛਲੇ 14-15 ਸਾਲਾਂ ਤੋਂ ਸਰਵ ਸਿੱਖਿਆ ਅਭਿਆਨ, ਰਮਸਾ ਤੇ ਸਮੱਗਰਾ ਸਿੱਖਿਆ ਅਭਿਆਨ ਤਹਿਤ ਕੰਮ ਕਰਦੇ ਦਫ਼ਤਰੀ ਕ੍ਰਮਚਾਰੀ ਆਪਣੀਆਂ ਸੇਵਾਵਾਂ ਸਿੱਖਿਆ ਵਿਭਾਗ ਪੰਜਾਬ 'ਚ ਰੈਗੂਲਰ ਕਰਨ ਦੀ ਮੰਗ ਨੂੰ ਲੈ ਕੇ ਲਗਾਤਾਰ ਸੰਘਰਸ਼ ਕਰ ਰਹੇ ਸਨ। ਪੰਜਾਬ ਸਰਕਾਰ ਵੱਲੋਂ ਇਨ੍ਹਾਂ ਦਫ਼ਤਰੀ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਸਬੰਧੀ ਇਹ ਵਾਅਦਾ ਲਗਭਗ ਸਾਢੇ ਤਿੰਨ ਸਾਲ ਦਾ ਸਮਾਂ ਲੰਘ ਜਾਣ 'ਤੇ ਪਿਛਲੀਆਂ ਅਕਾਲੀ-ਭਾਜਪਾ ਅਤੇ ਕਾਂਗਰਸ ਸਰਕਾਰਾਂ ਵਾਂਗ ਹਰ ਕਰਮਚਾਰੀ ਦੀ ਲਗਭਗ 22000 ਰੁਪਏ ਮਹੀਨਾ ਤਨਖਾਹ ਦੀ ਕਟੌਤੀ ਕਰਕੇ ਪੂਰਾ ਕੀਤਾ ਜਾ ਰਿਹਾ ਹੈ। ਦਫ਼ਤਰੀ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਸਬੰਧੀ ਪਿਛਲੇ ਦਿਨੀਂ ਪੰਜਾਬ ਮੰਤਰੀ ਮੰਡਲ ਦੀ ਪ੍ਰਵਾਨਗੀ ਅਨੁਸਾਰ ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਨੋਟੀਫਿਕੇਸ਼ਨ 23 ਸਤੰਬਰ ਨੂੰ ਜਾਰੀ ਕੀਤਾ ਗਿਆ ਹੈ। ਟਿੱਪਣੀ ਕਰਦੇ ਹੋਏ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਦੇ ਸੂਬਾ ਸਲਾਹਕਾਰ ਬਲਕਾਰ ਵਲਟੋਹਾ, ਪ੍ਰੇਮ ਚਾਵਲਾ, ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ, ਕਾਰਜਕਾਰੀ ਜਨਰਲ ਸਕੱਤਰ ਜਿੰਦਰ ਪਾਇਲਟ, ਵਿੱਤ ਸਕੱਤਰ ਨਵੀਨ ਸਚਦੇਵਾ ਤੇ ਪ੍ਰੈੱਸ ਸਕੱਤਰ ਟਹਿਲ ਸਿੰਘ ਸਰਾਭਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਕ੍ਰਮਚਾਰੀਆਂ ਦੀਆਂ ਸੇਵਾਵਾਂ ਰੈਗੂਲਰ ਕਰਨ ਦਾ ਫੈਸਲਾ ਕਰਕੇ ਇੱਕ ਚੰਗਾ ਕਦਮ ਤਾਂ ਪੁੱਟਿਆ ਹੈ, ਪਰ ਨਾਲ ਹੀ ਇਸ ਗੱਲ ਦੀ ਸਖ਼ਤ ਅਲੋਚਨਾ ਕੀਤੀ ਕਿ ਇਹ ਦਫ਼ਤਰੀ ਮੁਲਾਜ਼ਮ ਪਿਛਲੇ ਲਗਭਗ 14- 15 ਸਾਲਾਂ ਤੋਂ ਸੇਵਾਵਾਂ ਨਿਭਾ ਰਹੇ ਹਨ। ਇਨ੍ਹਾਂ ਮੁਲਾਜ਼ਮਾਂ ਦੀ ਤਨਖਾਹ ਕਟੌਤੀ ਕਰਨਾ ਅਤੇ ਇਨ੍ਹਾਂ ਨਾਨ ਟੀਚਿੰਗ ਕ੍ਰਮਚਾਰੀਆਂ ਤੇ ਸੱਤਵਾਂ ਤਨਖਾਹ ਕਮਿਸ਼ਨ ਲਾਗੂ ਕਰਨਾ ਕਿਸੇ ਵੀ ਤਰ੍ਹਾਂ ਵਾਜਿਬ ਨਹੀਂ ਹੈ। ਅਧਿਆਪਕ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਨ੍ਹਾਂ ਦਫ਼ਤਰੀ ਮੁਲਾਜ਼ਮਾਂ ਨੂੰ ਪਰਖ ਕਾਲ ਦੇ ਸਮੇਂ ਦੌਰਾਨ 16 ਦਸੰਬਰ 2019 ਨੂੰ ਪਹਿਲਾਂ ਮਿਲ ਰਹੀ ਤਨਖਾਹ ਪ੍ਰੋਟੈਕਟ ਕੀਤੀ ਜਾਵੇ। ਇਸ ਤੋਂ ਇਲਾਵਾ ਇਹ ਦਫ਼ਤਰੀ ਮੁਲਾਜ਼ਮ ਸਿੱਖਿਆ ਵਿਭਾਗ ਦੇ ਵੱਖ-ਵੱਖ ਦਫਤਰਾਂ ਵਿੱਚ ਪਿਛਲੇ ਲੰਮੇ ਸਮੇਂ ਤੋਂ ਸਿੱਖਿਆ ਵਿਭਾਗ ਦਾ ਕੰਮ ਰੈਗੂਲਰ ਤੌਰ 'ਤੇ ਕਰ ਰਹੇ ਅਤੇ ਇਨ੍ਹਾਂ ਮੁਲਾਜ਼ਮਾਂ ਉੱਤੇ ਪਰਖ ਸਮੇਂ ਦੀ ਸ਼ਰਤ ਲਗਾਉਣਾ ਗੈਰ ਵਾਜਬ ਹੈ ਤੇ ਇਨ੍ਹਾਂ ਮੁਲਾਜ਼ਮਾਂ ਨਾਲ ਪੰਜਾਬ ਸਰਕਾਰ ਵੱਲੋਂ ਆਰਥਿਕ ਸ਼ੋਸ਼ਣ ਤੇ ਧੱਕੇਸ਼ਾਹੀ ਕਰਨ ਦੇ ਬਰਾਬਰ ਹੈ। ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਨ੍ਹਾਂ ਮੁਲਾਜ਼ਮਾਂ ਨੂੰ ਪੂਰੀ ਤਨਖਾਹ ਸਮੇਤ ਰੈਗੂਲਰ ਕੀਤਾ ਜਾਵੇ ਤੇ ਪੰਜਾਬ ਦੇ ਮੁਲਾਜ਼ਮਾਂ ਵਾਂਗ ਬਣਦੇ ਤਨਖਾਹ ਸਕੇਲ ਅਤੇ ਸਾਰੇ ਭੱਤੇ ਦੇਣੇ ਯਕੀਨੀ ਬਣਾਏ ਜਾਣ।

ਪਸ਼ੂ ਪਾਲਣ ਵਿਭਾਗ ਵੱਲੋਂ ਬਿਮਾਰੀਆਂ ਦੀ ਰੋਕਥਾਮ ਲਈ ਕੈਂਪ

ਸੰਗਰੂਰ (ਪ੍ਰਵੀਨ ਸਿੰਘ)- ਪਸ਼ੂ ਪਾਲਣ ਵਿਭਾਗ ਸੰਗਰੂਰ ਵੱਲੋਂ ਭਾਰੀ ਬਰਸਾਤਾਂ ਤੋਂ ਬਾਅਦ ਪਸ਼ੂਧਨ ਨੂੰ ਹੋਣ ਵਾਲੀਆਂ ਸੰਭਾਵਿਤ ਬਿਮਾਰੀਆਂ ਦੀ ਰੋਕਥਾਮ ਲਈ ਜਾਗਰੂਕਤਾ ਤੇ ਕੈਂਪਾਂ ਦੀ ਮੁਹਿੰਮ ਵਜੋਂ ਬੀਤੇ ਦਿਨ ਪਿੰਡ ਬਡਰੁੱਖਾਂ ਵਿਖੇ ਕੈਂਪ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਡਾ. ਸੁਖਵਿੰਦਰ ਸਿੰਘ ਨੇ ਦੱਸਿਆ ਕਿ ਬਰਸਾਤਾਂ ਤੋਂ ਬਾਅਦ ਪਸ਼ੂਧਨ ਨੂੰ ਬਿਮਾਰੀਆਂ ਤੋਂ ਬਚਾਉਣ ਲਈ ਪਸ਼ੂ ਪਾਲਣ ਵਿਭਾਗ ਸੰਗਰੂਰ ਵੱਲੋਂ ਗਲਘੋਟੂ ਬਿਮਾਰੀ ਦੀਆਂ 505000 ਖੁਰਾਕਾਂ ਜ਼ਿਲ੍ਹਾ ਭਰ ਦੇ ਪਸ਼ੂਧਨ ਨੂੰ ਲਗਾਈਆਂ ਜਾ ਚੁੱਕੀਆਂ ਹਨ। ਬਰਸਾਤਾਂ ਤੋਂ ਬਾਅਦ ਅੰਦਰੂਨੀ ਤੇ ਬਾਹਰੀ ਪ੍ਰਜੀਵੀਆਂ ਤੋਂ ਹੋਣ ਵਾਲੇ ਰੋਗ ਤੋਂ ਬਚਾਅ ਲਈ ਜਾਣਕਾਰੀ ਪਸ਼ੂ ਪਾਲਕਾਂ ਨਾਲ ਸਾਂਝੀ ਕੀਤੀ ਗਈ। ਡਾ. ਪਰਮਿੰਦਰਜੀਤ ਸਿੰਘ ਐੱਸ.ਵੀ.ਓ. ਸੰਗਰੂਰ ਵੱਲੋਂ ਪਸ਼ੂਆਂ ਨੂੰ ਸੰਤੁਲਿਤ ਖੁਰਾਕ ਦੀ ਵਰਤੋਂ 'ਤੇ ਜ਼ੋਰ ਦਿੱਤਾ ਗਿਆ। ਡਾ. ਦਿਲਪ੍ਰੀਤ ਕੌਰ ਵੀ. ਓ. ਬਡਰੁੱਖਾਂ ਵੱਲੋਂ ਪਸ਼ੂ ਪਾਲਕਾਂ ਨੂੰ ਵੱਧ ਤੋਂ ਵੱਧ ਵੱਛੀਆਂ ਵਾਲੇ ਟੀਕੇ ਲਗਾਉਣ ਲਈ ਕਿਹਾ ਗਿਆ। ਕੈਂਪ ਦੌਰਾਨ 55 ਪਸ਼ੂ ਪਾਲਕਾਂ ਨੇ ਹਿੱਸਾ ਲਿਆ ਤੇ ਤਕਰੀਬਨ 150 ਪਸ਼ੂਆਂ ਨੂੰ ਵੱਖ ਵੱਖ ਬਿਮਾਰੀਆਂ ਦੀ ਦਵਾਈ ਮੁਫਤ ਵੰਡੀ ਗਈ। ਇਸ ਮੌਕੇ ਸਰਪੰਚ ਰਣਦੀਪ ਸਿੰਘ ਨੇ ਪਸ਼ੂ ਪਾਲਣ ਮਹਿਕਮੇ ਦਾ ਧੰਨਵਾਦ ਕੀਤਾ। ਇਸ ਮੌਕੇ ਜਵਾਲਾ ਸਿੰਘ ਮੈਂਬਰ, ਤਾਰਾ ਸਿੰਘ ਮੈਂਬਰ, ਅਵਤਾਰ ਸਿੰਘ ਵੀ.ਆਈ. ਤੇ ਸਮੂਹ ਪਤਵੰਤੇ ਸੱਜਣ ਹਾਜ਼ਰ ਸਨ।

ਨਿਰਮਲ ਸਿੰਘ ਭੱਟੀਆਂ ਤੇ ਮਨੀਸ਼ਾ ਪਵਾਰ ਨੇ ਕੀਤੀ ਚਰਚਾ

ਸਨੌਰ (ਰਾਜਿੰਦਰ ਸਿੰਘ ਥਿੰਦ) ਹਲਕਾ ਸਨੌਰ ਦੇ ਸੀਨੀਅਰ ਕਾਂਗਰਸੀ ਆਗੂ ਚੌਧਰੀ ਨਿਰਮਲ ਸਿੰਘ ਭੱਟੀਆਂ ਨੇ ਏ..ਆਈ.ਸੀ.ਸੀ. ਦੀ ਅਬਜ਼ਰਵਰ ਮਨੀਸ਼ਾ ਪਵਾਰ ਨਾਲ ਖ਼ਾਸ ਮੁਲਾਕਾਤ ਕੀਤੀ। ਇਸ ਦੌਰਾਨ ਦੋਵਾਂ ਆਗੂਆਂ ਨੇ ਸਨੌਰ ਹਲਕੇ ਦੀ ਸਿਆਸੀ ਹਾਲਾਤਾਂ ਤੇ ਆਉਣ ਵਾਲੀਆਂ ਚੋਣਾਂ ਨੂੰ ਧਿਆਨ ਵਿਚ ਰੱਖਦੇ ਹੋਏ ਗੱਲਬਾਤ ਕੀਤੀ। ਭੱਟੀਆਂ ਨੇ ਮਨੀਸ਼ਾ ਪਵਾਰ ਸਾਹਮਣੇ ਹਲਕਾ ਸਨੌਰ ਵਿਚ ਕਾਂਗਰਸ ਪਾਰਟੀ ਦੀ ਮੌਜੂਦਾ ਸਥਿਤੀ, ਵਰਕਰਾਂ ਦੀ ਭੂਮਿਕਾ ਤੇ ਲੋਕਾਂ ਦੀਆਂ ਉਮੀਦਾਂ ਬਾਰੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਸਨੌਰ ਹਲਕੇ 'ਚ ਲੋਕ ਕਾਂਗਰਸ ਨਾਲ ਜੁੜੇ ਹੋਏ।

ਉੱਘੇ ਲੇਖਕ ਗੁਰਮੀਤ ਸਿੰਘ ਟਿਵਾਣਾ ਦੇ ਦੇਹਾਂਤ 'ਤੇ ਅਫ਼ਸੋਸ ਪ੍ਰਗਟ

ਲੁਧਿਆਣਾ (ਭਾਟੀਆ, ਸਿੰਗਲਾ, ਕਥੂਰੀਆ)- ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਸਮੂਹ ਅਹੁਦਾਦਾਰਾਂ ਤੇ ਮੈਂਬਰਾਂ ਵੱਲੋਂ ਗੁਰਮੀਤ ਸਿੰਘ ਟਿਵਾਣਾ ਦੇ ਦੇਹਾਂਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਅਕਾਦਮੀ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਕਿਹਾ ਕਿ ਪ੍ਰੋ. ਟਿਵਾਣਾ ਪੰਜਾਬੀ ਸਾਹਿਤ ਸਭਾ ਮੁੱਢਲੀ (ਰਜਿ:) ਐਬਸਫੋਰਡ ਦੇ ਸਰਪਰਸਤ ਸਨ। ਬੀਤੀ 23 ਸਤੰਬਰ ਨੂੰ ਐਬਸਫੋਰਡ ਬੀ. ਸੀ. ਕੈਨੇਡਾ ਦੇ ਹਸਪਤਾਲ ਵਿੱਚ ਰਾਤ ਨੂੰ ਕਰੀਬ ਪੌਣੇ ਨੌਂ ਵਜੇ ਉਨ੍ਹਾਂ ਆਖ਼ਰੀ ਸਾਹ ਲਏ। ਇਹ ਵੀ ਸਬੱਬ ਬਣਿਆ ਕਿ ਉਨ੍ਹਾਂ ਦੀ ਆਖ਼ਰੀ ਇੱਛਾ ਸੀ ਕਿ ਪ੍ਰੋ. ਕਿਸ਼ਨ ਸਿੰਘ ਰਚਨਾਵਲੀ ਛਾਪੀ ਜਾਵੇ ਤੇ ਇਹ ਰਚਨਾਵਲੀ ਜਦੋਂ ਛਪ ਕੇ ਭੁਪਿੰਦਰ ਮੱਲੀ ਰਾਹੀਂ ਉਨ੍ਹਾਂ ਕੋਲ ਪਹੁੰਚ ਗਈ ਤਾਂ ਉਨ੍ਹਾਂ ਨੇ ਪਰਾਣ ਤਿਆਗ ਦਿੱਤੇ। ਉਹ ਪੰਜਾਬੀ ਚਿੰਤਨ ਨੂੰ ਵਿਗਿਆਨਕ ਦ੍ਰਿਸ਼ਟੀ ਤੋਂ ਦੇਖਣ ਵਾਲੇ ਦਾਨਸ਼ਵਰ ਸਨ। ਸੀਨੀਅਰ ਮੀਤ ਪ੍ਰਧਾਨ ਡਾ. ਪਾਲ ਕੌਰ ਨੇ ਗਹਿਰਾ ਦੁੱਖ ਪ੍ਰਗਟ ਕਰਦੇ ਕਿਹਾ ਕਿ ਪ੍ਰੋ. ਟਿਵਾਣਾ ਨੇ ਸਿੱਖ ਚਿੰਤਨ ਤੇ ਮਾਰਕਸਵਾਦ ਦਾ ਵਿਸ਼ਲੇਸ਼ਣ ਕਰਦਿਆਂ ਗੁਰਬਾਣੀ ਦੇ ਮੱਧ ਜੁਗੀ ਸੰਕਲਪਾਂ ਸਮੇਤ ਗਿਆਰਾਂ ਕਿਤਾਬਾਂ ਦੀ ਰਚਨਾ ਕੀਤੀ। ਅਕਾਦਮੀ ਦੇ ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਕਿਹਾ ਕਿ ਪ੍ਰੋ. ਟਿਵਾਣਾ ਉੱਘੇ ਚਿੰਤਕ ਪ੍ਰੋ. ਕਿਸ਼ਨ ਸਿੰਘ ਦੇ ਵਿਦਿਆਰਥੀ ਸਨ ਤੇ ਆਪਣੀਆਂ ਲਿਖਤਾਂ ਵਿੱਚ ਉਨ੍ਹਾਂ ਨੇ ਉਨ੍ਹਾਂ ਦੀਆਂ ਲੀਹਾਂ 'ਤੇ ਚਲਦਿਆਂ ਦਾਰਸ਼ਨਿਕ ਪਹੁੰਚ ਨੂੰ ਹੋਰ ਵਿਸਥਾਰ ਦਿੱਤਾ। ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਡਾ. ਸੁਖਦੇਵ ਸਿੰਘ ਸਿਰਸਾ, ਪ੍ਰੋ. ਗੁਰਭਜਨ ਸਿੰਘ ਗਿੱਲ, ਪ੍ਰੋ. ਰਵਿੰਦਰ ਭੱਠਲ, ਡਾ. ਲਖਵਿੰਦਰ ਜੌਹਲ, ਡਾ. ਅਨੂਪ ਸਿੰਘ, ਸੁਰਿੰਦਰ ਕੈਲੇ, ਡਾ. ਜੋਗਿੰਦਰ ਸਿੰਘ ਨਿਰਾਲਾ, ਬਲਬੀਰ ਮਾਧੋਪੁਰੀ, ਡਾ. ਗੁਰਇਕਬਾਲ ਸਿੰਘ, ਡਾ. ਅਰਵਿੰਦਰ ਕੌਰ ਕਾਕੜਾ, ਡਾ. ਗੁਰਚਰਨ ਕੌਰ ਕੋਚਰ, ਡਾ. ਹਰਵਿੰਦਰ ਸਿੰਘ, ਤ੍ਰੈਲੋਚਨ ਲੋਚੀ, ਜਸਪਾਲ ਮਾਨਖੇੜਾ, ਜਨਮੇਜਾ ਸਿੰਘ ਜੌਹਲ, ਜਸਵੀਰ ਝੱਜ, ਡਾ. ਹਰੀ ਸਿੰਘ ਜਾਚਕ, ਸਹਿਜਪ੍ਰੀਤ ਸਿੰਘ ਮਾਂਗਟ, ਸ਼ਬਦੀਸ਼, ਸੰਜੀਵਨ ਸਿੰਘ, ਨਰਿੰਦਰਪਾਲ ਕੌਰ, ਵਾਹਿਦ (ਸਤਿਨਾਮ ਸਿੰਘ), ਸੰਤੋਖ ਸਿੰਘ ਸੁੱਖੀ, ਡਾ. ਹਰਜਿੰਦਰ ਸਿੰਘ, ਕੰਵਰਜੀਤ ਭੱਠਲ, ਪ੍ਰੋ. ਸਰਘੀ, ਪ੍ਰੇਮ ਸਾਹਿਲ, ਪ੍ਰੋ. ਬਲਵਿੰਦਰ ਸਿੰਘ ਚਹਿਲ, ਕਰਮਜੀਤ ਸਿੰਘ ਗਰੇਵਾਲ ਤੇ ਵਰਗਿਸ ਸਲਾਮਤ ਸਮੇਤ ਸਮੂਹ ਮੈਂਬਰ ਸ਼ਾਮਲ ਸਨ।

ਨਿੱਜੀ ਹਸਪਤਾਲ 'ਚ ਔਰਤ ਦੀ ਮੌਤ, ਪਰਵਾਰ ਵੱਲੋਂ ਇਲਾਜ 'ਚ ਲਾਪ੍ਰਵਾਹੀ ਦੇ ਦੋਸ਼

ਖੰਨਾ (ਸੁਖਵਿੰਦਰ ਸਿੰਘ ਭਾਦਲਾ) : ਇੱਥੋਂ ਦੇ ਇੱਕ ਨਿੱਜੀ ਹਸਪਤਾਲ 'ਚ ਇੱਕ 25 ਸਾਲਾ ਔਰਤ ਦੇ ਪਿੱਤੇ ਦੀ ਪੱਥਰੀ ਦੇ ਆਪ੍ਰੇਸ਼ਨ ਮਗਰੋਂ ਮੌਤ ਹੋਣ 'ਤੇ ਪਰਵਾਰ ਨੇ ਇਲਾਜ 'ਚ ਲਾਪ੍ਰਵਾਹੀ ਵਰਤਣ ਦੇ ਦੋਸ਼ ਲਾਏ ਹਨ ਤੇ ਉਸ ਉਪਰੰਤ ਪੁਲਸ ਜਾਂਚ 'ਚ ਜੁਟ ਗਈ ਹੈ। ਆਪ੍ਰੇਸ਼ਨ ਤੋਂ ਪਹਿਲਾਂ ਉਕਤ ਔਰਤ ਤਨੂ ਦੀ ਇੰਸਟਾਗ੍ਰਾਮ ਉੱਪਰ ਪੋਸਟ ਕੀਤੀ ਵੀਡੀਓ ਵੀ ਸਾਹਮਣੇ ਆਈ, ਜਿਸ ਵਿੱਚ ਉਹ ਆਪਣੇ ਪਤੀ ਨਾਲ ਪੂਰੀ ਖੁਸ਼ ਤੇ ਤੰਦਰੁਸਤ ਦਿਖਾਈ ਦੇ ਰਹੀ ਹੈ। ਮਿਲੀ ਜਾਣਕਾਰੀ ਅਨੁਸਾਰ ਖੰਨਾ ਦੇ ਇੱਕ ਨਿੱਜੀ ਹਸਪਤਾਲ ਵਿੱਚ ਇਲਾਜ ਦੌਰਾਨ ਤਨੂ (25) ਨਾਮਕ ਔਰਤ ਦੀ ਮੌਤ ਨੇ ਪਰਿਵਾਰਕ ਮੈਂਬਰਾਂ ਵਿੱਚ ਰੋਹ ਪੈਦਾ ਕਰ ਦਿੱਤਾ। ਮ੍ਰਿਤਕਾ ਪ੍ਰੇਮ ਨਗਰ, ਮੰਡੀ ਗੋਬਿੰਦਗੜ੍ਹ ਦੀ ਰਹਿਣ ਵਾਲੀ ਸੀ। ਉਸ ਦਾ ਪਤੀ ਸੰਨੀ ਨੇ ਦੱਸਿਆ ਕਿ ਤਨੂ ਨੂੰ ਪਿੱਤੇ ਦੀ ਪੱਥਰੀ ਦੀ ਸਮੱਸਿਆ ਕਾਰਨ ਦਰਦ ਹੋਇਆ, ਜਿਸ 'ਤੇ ਮੰਡੀ ਗੋਬਿੰਦਗੜ੍ਹ ਦੇ ਇੱਕ ਕੈਮਿਸਟ ਨੇ ਉਨ੍ਹਾਂ ਨੂੰ ਖੰਨਾ ਦੇ ਪੀਰਖਾਨਾ ਰੋਡ ਸਥਿਤ ਸ਼ਿਵਮ ਹਸਪਤਾਲ ਵਿੱਚ ਆਪ੍ਰੇਸ਼ਨ ਕਰਨ ਦੀ ਸਿਫਾਰਸ਼ ਕੀਤੀ। ਸੋਮਵਾਰ ਸ਼ਾਮ ਨੂੰ ਉਨ੍ਹਾਂ ਨੂੰ ਆਪ੍ਰੇਸ਼ਨ ਲਈ ਬੁਲਾਇਆ ਗਿਆ। ਤਨੂ ਆਪ੍ਰੇਸ਼ਨ ਤੋਂ ਪਹਿਲਾਂ ਬਿਲਕੁਲ ਠੀਕ ਸੀ। ਬੀਤੀ ਸ਼ਾਮ ਹਸਪਤਾਲ 'ਚ ਡਰਿੱਪ ਲੱਗਣ ਦੌਰਾਨ ਤਨੂ ਨੇ ਇੰਸਟਾਗ੍ਰਾਮ 'ਤੇ ਆਪਣੇ ਪਤੀ ਨਾਲ ਇੱਕ ਵੀਡੀਓ ਵੀ ਅਪਲੋਡ ਕੀਤੀ ਸੀ, ਜਿਸ ਵਿੱਚ ਉਹ ਖੁਸ਼ ਦਿਖਾਈ ਦੇ ਰਹੀ ਹੈ। ਹਸਪਤਾਲ ਦੇ ਪ੍ਰਬੰਧਕਾਂ ਵੱਲੋਂ ਆਪ੍ਰੇਸ਼ਨ ਲਈ ਬਾਹਰੋਂ ਇੱਕ ਮਹਿਲਾ ਡਾਕਟਰ ਨੂੰ ਬੁਲਾਇਆ। ਸ਼ਾਮ ਕਰੀਬ 7:40 ਮਿੰਟ 'ਤੇ ਤਨੂ ਆਪ੍ਰੇਸ਼ਨ ਥੀਏਟਰ ਵਿੱਚ ਗਈ। ਕਰੀਬ 8:05 ਵਜੇ, ਉਹ ਸਟਰੈਚਰ 'ਤੇ ਬਾਹਰ ਲਿਆਂਦੀ ਗਈ, ਉਸ ਸਮੇਂ ਤਨੂ ਬੇਹੋਸ਼ ਸੀ। ਪਰਿਵਾਰਕ ਮੈਂਬਰਾਂ ਦਾ ਕਹਿਣਾ ਹੈ ਕਿ ਹਸਪਤਾਲ ਦੇ ਸਟਾਫ ਨੇ ਸਾਨੂੰ ਦੱਸਿਆ ਕਿ ਤਨੂ ਇੱਕ ਘੰਟੇ ਵਿੱਚ ਹੋਸ਼ 'ਚ ਆ ਜਾਵੇਗੀ। ਉਸ ਤੋਂ ਬਾਅਦ ਲਗਭਗ 9 ਵਜੇ ਦੇ ਕਰੀਬ ਜਦੋਂ ਹਸਪਤਾਲ ਦੇ ਸਟਾਫ ਵੱਲੋਂ ਤਨੂ ਨੂੰ ਮੁੜ ਤੋਂ ਚੈੱਕਅਪ ਕੀਤਾ ਗਿਆ ਤਾਂ ਨਬਜ਼ ਨਾ ਚੱਲਣ ਦੀ ਜਾਣਕਾਰੀ ਦਿੱਤੀ ਗਈ। ਉਸ ਤੋਂ ਬਾਅਦ ਉਸ ਨੂੰ ਵੱਡੇ ਹਸਪਤਾਲ ਜੀ ਟੀ ਰੋਡ 'ਤੇ ਲਿਵਾਸਾ ਹਸਪਤਾਲ ਲਿਜਾਇਆ ਗਿਆ, ਉਥੇ ਡਾਕਟਰਾਂ ਨੇ ਤਨੂ ਨੂੰ ਮ੍ਰਿਤਕ ਐਲਾਨ ਕਰ ਦਿੱਤਾ। ਮ੍ਰਿਤਕ ਤਨੂ ਦੇ ਪਤੀ ਸੰਨੀ ਦਾ ਦੋਸ਼ ਹੈ ਕਿ ਹਸਪਤਾਲ ਦੇ ਡਾਕਟਰ ਤੇ ਸਟਾਫ ਵੱਲੋਂ ਇਲਾਜ ਦੌਰਾਨ ਲਾਪ੍ਰਵਾਹੀ ਕਾਰਨ ਇਹ ਮੌਤ ਹੋਈ। ਦੂਜੇ ਪਾਸੇ, ਸ਼ਿਵਮ ਹਸਪਤਾਲ ਦੀ ਡਾਕਟਰ ਹਰਪ੍ਰੀਤ ਕੌਰ ਨੇ ਦੱਸਿਆ ਕਿ ਤਨੂ ਦਾ ਸੋਮਵਾਰ ਰਾਤ ਨੂੰ ਪਿੱਤੇ ਦੀ ਪੱਥਰੀ ਦਾ ਆਪ੍ਰੇਸ਼ਨ ਹੋਇਆ ਸੀ ਤੇ ਇੱਕ ਘੰਟੇ ਬਾਅਦ ਦਿਲ ਦਾ ਦੌਰਾ ਪੈਣ ਕਾਰਨ ਤਨੂ ਦੀ ਮੌਤ ਹੋਈ। ਇਲਾਜ ਵਿੱਚ ਕੋਈ ਲਾਪ੍ਰਵਾਹੀ ਨਹੀਂ ਹੋਈ। ਖੰਨਾ ਸਿਟੀ ਪੁਲਸ ਸਟੇਸ਼ਨ 2 ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। ਏ ਐੱਸ ਆਈ ਰਣਜੀਤ ਸਿੰਘ ਦੇ ਮੁਤਾਬਕ ਪਰਿਵਾਰਕ ਮੈਂਬਰਾਂ ਦੇ ਬਿਆਨ ਦਰਜ ਕੀਤੇ ਗਏ ਹਨ ਅਤੇ ਬੀ ਐੱਨ ਐੱਸ ਐੱਸ 194 ਦੇ ਤਹਿਤ ਪੋਸਟਮਾਰਟਮ ਕਰਕੇ ਲਾਸ਼ ਵਾਰਸਾਂ ਨੂੰ ਸੌਂਪ ਦਿੱਤੀ ਗਈ ਹੈ। ਤਿੰਨ ਡਾਕਟਰਾਂ ਦੇ ਬੋਰਡ ਨੇ ਪੋਸਟਮਾਰਟਮ ਕੀਤਾ ਹੈ। ਰਿਪੋਰਟ ਆਉਣ ਤੋਂ ਬਾਅਦ ਅਗਲੀ ਕਾਰਵਾਈ ਕੀਤੀ ਜਾਵੇਗੀ। ਹਸਪਤਾਲ ਦਾ ਰਿਕਾਰਡ ਵੀ ਜ਼ਬਤ ਕੀਤਾ ਜਾ ਰਿਹਾ ਹੈ।

ਖੇਤੀਬਾੜੀ ਯੂਨੀਵਰਸਿਟੀ 'ਚ ਕਿਸਾਨ ਮੇਲਾ ਅੱਜ ਤੋਂ

ਲੁਧਿਆਣਾ (ਰਾਜ ਸਿੰਗਲਾ)- ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਖੇ ਦੋ ਰੋਜ਼ਾ ਕਿਸਾਨ ਮੇਲਾ 26-27 ਸਤੰਬਰ ਨੂੰ ਲੱਗਣ ਜਾ ਰਿਹਾ ਹੈ। ਇਸ ਕਿਸਾਨ ਮੇਲੇ ਅੰਦਰ ਖੇਤੀ ਨਾਲ ਸੰਬੰਧਤ ਮਸ਼ੀਨਰੀ ਤੇ ਬੀਜ, ਦਵਾਈਆਂ ਤੋਂ ਇਲਾਵਾ ਪਸ਼ੂਆਂ ਦੀਆਂ ਨਸਲਾਂ ਦੀਆਂ ਪ੍ਰਦਰਸ਼ਨੀਆਂ ਲਗਾਈਆਂ ਜਾਣਗੀਆਂ। ਇਸ ਕਿਸਾਨ ਮੇਲੇ ਅੰਦਰ ਖੇਤੀ ਔਜ਼ਾਰ ਬਣਾਉਣ ਵਾਲੀਆਂ ਵੱਡੀਆਂ ਕੰਪਨੀਆਂ ਇਸਕੋਟਸ ਕਵੋਟਾ, ਸੈਫਲਰ ਜਰਮਨ, ਸੋਨਾਲੀਕਾ ਮਹਿੰਦਰਾ ਐਂਡ ਮਹਿੰਦਰਾ, ਫਾਰਮ ਟਰੈਕ, ਪ੍ਰੀਤ ਟਰੈਕਟਰ, ਮੈਸੀ ਫਰਗੂਸ਼ਨ, ਸਵਰਾਜ, ਆਇਸਰ ਟਰੈਕਟਰ ਤੋਂ ਇਲਾਵਾ ਖੇਤੀ ਔਜ਼ਾਰ ਰੋਟਾਵੇਟਰ, ਤਵੀਆਂ, ਸੁਪਰ ਸੀਡਰ, ਹੈਪੀ ਸੀਡਰ, ਡਰਿੱਲਾਂ, ਪਲਟਾਵੇ ਹੱਲ ਬਣਾਉਣ ਵਾਲੀਆਂ ਨਵੀਂ ਨਵੀਂ ਤਕਨੀਕ ਦੀਆਂ ਮਸ਼ੀਨਾਂ ਇਸ ਮੇਲੇ ਵਿੱਚ ਖਿੱਚਦਾ ਕੇਂਦਰ ਰਹਿਣਗੀਆਂ।

69ਵੀਂਆਂ ਜ਼ੋਨਲ ਤੇ ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ
ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਦੇ ਖਿਡਾਰੀਆਂ ਦੀ ਹੁੰਝਾਫੇਰ ਜਿੱਤ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਲਲਿਤਾ ਅਰੋੜਾ ਤੇ ਸਪੋਰਟਸ ਕੋਆਰਡੀਨੇਟਰ ਜਗਜੀਤ ਸਿੰਘ ਦੀ ਦੇਖਰੇਖ ਹੇਠ ਹੋਈਆਂ ਜ਼ੋਨਲ ਪੱਧਰੀ ਤੇ ਜ਼ਿਲ੍ਹਾ ਪੱਧਰੀ ਖੇਡਾਂ ਜੋ ਕਿ ਵੱਖ-ਵੱਖ

ਸਥਾਨਾਂ ਤੇ ਕਰਵਾਈਆਂ ਗਈਆਂ। ਪ੍ਰਿੰਸੀਪਲ ਰਾਜਨ ਅਰੋੜਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਰੇਲਵੇ ਮੰਡੀ ਦੀਆਂ ਖਿਡਾਰਨਾਂ ਨੇ ਆਪਣੀ ਖੇਡ ਦਾ ਸ਼ਾਨਦਾਰ ਪ੍ਰਦਰਸ਼ਨ ਕਰਕੇ ਆਪਣੇ ਸਕੂਲ ਅਤੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ। ਜ਼ੋਨਲ ਖੇਡ ਮੁਕਾਬਲਿਆਂ ਵਿੱਚ ਖੋ-ਖੋ ਅੰਡਰ 14 ਪਹਿਲਾ ਸਥਾਨ,ਟੇਬਲ ਟੈਨਿਸ ਅੰਡਰ- 14,17,19 ਪਹਿਲਾ ਸਥਾਨ, ਬਾਸਕਿਟਬਾਲ ਅੰਡਰ -14,19 ਪਹਿਲਾ ਸਥਾਨ, ਫੁਟਬਾਲ ਅੰਡਰ -14 ਦੂਜਾ ਸਥਾਨ,ਅੰਡਰ -17,19 ਪਹਿਲਾ ਸਥਾਨ ਕੁਰਾਸ਼ ਤੇ ਜੂੰਡੋ ਵਿੱਚ ਵੱਖ-ਵੱਖ ਸਥਾਨ ਹਾਸਿਲ ਕੀਤਾ। ਬੌਕਸਿੰਗ ਤਿੰਨ ਗੋਲਡ ਕਿੱਕ ਬਾਕਸਿੰਗ 02 ਗੋਲਡ ਸ਼ਤਰੰਜ ਅੰਡਰ -14 ਤੀਸਰਾ ਸਥਾਨ ਰੱਸਾ ਕੱਸੀ ਅੰਡਰ- 14 ਤੀਸਰਾ ਸਥਾਨ,ਯੋਗਾ ਅੰਡਰ-14 ਦੂਸਰਾ ਸਥਾਨ, ਅੰਡਰ 17 ਪਹਿਲਾ ਸਥਾਨ ਤੇ ਐਥਲੈਟਿਕਸ ਵਿੱਚ 15 ਮੈਡਲ ਹਾਸਲ ਕੀਤੇ। ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਵਿੱਚ ਖੋ-ਖੋ ਅੰਡਰ- 14 ਦੂਸਰਾ ਸਥਾਨ, (ਰਿਆਤ ਬਾਹਰਾ), ਹੈਂਡਬਾਲ ਅੰਡਰ -14 ਪਹਿਲਾ ਸਥਾਨ, ਅੰਡਰ -17 ਦੂਜਾ ਸਥਾਨ,ਅੰਡਰ-19 ਪਹਿਲਾਂ ਸਥਾਨ (ਲਾਜਵੰਤੀ ਸਟੇਡੀਅਮ) ਹੁਸ਼ਿਆਰਪੁਰ, ਫੁੱਟਬਾਲ ਅੰਡਰ-14 ਦੂਸਰਾ ਸਥਾਨ, ਅੰਡਰ-17 ਪਹਿਲਾ ਸਥਾਨ, ਅੰਡਰ-19 ਦੂਜਾ ਸਥਾਨ(ਮਾਹਿਲਪੁਰ), ਬਾਸਕਿਟਬਾਲ ਅੰਡਰ -14, 19 ਪਹਿਲਾ ਸਥਾਨ (ਗੜਦੀਵਾਲ),ਟੇਬਲ ਟੈਨਿਸ ਅੰਡਰ -17,19 ਦੂਜਾ ਸਥਾਨ (ਹਾਜੀਪੁਰ)ਕੁਰਾਸ਼ ਤੇ ਜੂੰਡੋ-06 ਪਹਿਲਾ ਸਥਾਨ, 04- ਦੂਜਾ ਸਥਾਨ, 03- ਤੀਸਰਾ ਸਥਾਨ (ਇੰਡੋਰ ਸਟੇਡੀਅਮ) ਬਾਕਸਿੰਗ ਅੰਡਰ-17,19 ਪਹਿਲਾ ਸਥਾਨ, ਕਿਕ ਬਾਕਸਿੰਗ ਅੰਡਰ -19 ਪਹਿਲਾ ਸਥਾਨ (ਗੜਦੀਵਾਲ), ਯੋਗਾ ਆਰਟਿਸਟਿਕ ਰੋਸ਼ਨੀ, ਅੰਜਲੀ ਪਹਿਲਾ ਸਥਾਨ, ਟਰੈਡੀਸ਼ਨਲ ਯੋਗਾ ਵਿੱਚ ਸੁਸ਼ਮਿਤਾ ਪਹਿਲਾ ਸਥਾਨ ਹਾਸਿਲ ਕੀਤਾ। ਪ੍ਰਿੰਸੀਪਲ ਰਾਜਨ ਅਰੋੜਾ ਨੇ ਕਿਹਾ ਕਿ ਸਰੀਰਕ ਸਿੱਖਿਆ ਅਧਿਆਪਕ ਸ੍ਰੀਮਤੀ ਸਰਬਜੀਤ ਕੌਰ ਸ੍ਰੀਮਤੀ ਸਿਮੀ ਬਾਲਾ ਅਤੇ ਵੱਖ-ਵੱਖ ਖੇਡਾਂ ਦੇ ਕੋਚ ਸਾਹਿਬਾਨ ਦੀ ਚੰਗੀ ਗਾਈਡੈਂਸ ਤੇ ਖਿਡਾਰੀਆਂ ਦੀ ਸਖਤ ਮਿਹਨਤ ਸਦਕਾ ਹੀ ਕੁੱਲ 223 ਮੈਡਲ ਹਾਸਲ ਕਰਨ ਤੇ ਸਾਨੂੰ ਬਹੁਤ ਮਾਣ ਹੈ ਅਤੇ ਖਿਡਾਰੀਆਂ ਦੇ ਸਕੂਲ ਪਹੁੰਚਣ ਤੇ ਪ੍ਰਿੰਸੀਪਲ ਸ੍ਰੀ ਰਾਜਨ ਅਰੋੜਾ ਨੇ ਸੋਨੇ ਦੇ ਤਗਮੇ ਪਾ ਕੇ ਖਿਡਾਰੀਆਂ ਨੂੰ ਸਨਮਾਨਤ ਕੀਤਾ। ਇਸ ਮੌਕੇ ਤੇ ਪ੍ਰਿੰਸੀਪਲ ਰਾਜਨ ਅਰੋੜਾ, ਵਾਈਸ ਪ੍ਰਿੰਸੀਪਲ ਪੁਨੀਤ, ਰਵਿੰਦਰ ਕੌਰ, ਗੁਰਦੀਪ ਕੌਰ, ਮੋਨਿਕਾ ਸ਼ਰਮਾ, ਕਮਲਜੀਤ ਕੌਰ, ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

ਫਗਵਾੜਾ ਪੱਤਰਕਾਰ ਸੰਗਠਨ ਨੇ ਨਵ ਨਿਯੁਕਤ ਐਸ ਐਮ ਓ ਨੂੰ ਗੁਲਦਸਤਾ ਭੇਟ ਕਰਕੇ ਦਿੱਤੀਆਂ ਸ਼ੁਭਕਾਮਨਾਵਾਂ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)- ਫਗਵਾੜਾ ਪੱਤਰਕਾਰ ਸੰਗਠਨ ਦਾ ਇੱਕ ਵਫਦ ਪ੍ਰਧਾਨ ਡਾ. ਰਮਨ ਦੀ ਯੋਗ ਰਹਿਨੁਮਾਈ ਹੇਠ ਸਿਵਲ ਹਸਪਤਾਲ ਫਗਵਾੜਾ ਦੇ ਨਵ ਨਿਯੁਕਤ ਸੀਨੀਅਰ ਮੈਡੀਕਲ ਅਫ਼ਸਰ ਡਾ ਸਿਮਰਦੀਪ ਕੌਰ ਨੂੰ ਮਿਲਿਆ ਅਤੇ

ਗੁਲਦਸਤਾ ਭੇਟ ਕਰ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਪ੍ਰਧਾਨ ਡਾ. ਰਮਨ ਨੇ ਨਵ ਨਿਯੁਕਤ ਐਸ ਐਮ ਓ ਨੂੰ ਜਿੱਥੇ ਵਧਾਈ ਦਿੱਤੀ ਉੱਥੇ ਹੀ ਸਿਵਲ ਹਸਪਤਾਲ ਫਗਵਾੜਾ ਵਿਖੇ ਆਉਣ ਵਾਲੇ ਮਰੀਜ਼ਾ ਨੂੰ ਕੋਈ ਵੀ ਮੁਸ਼ਕਿਲ ਦਰਪੇਸ਼ ਨਾ ਆਵੇ ਦੀ ਅਪੀਲ ਕੀਤੀ। ਉਨ੍ਹਾਂ ਸਿਵਲ ਹਸਪਤਾਲ ਵਿਖੇ ਆਉਣ ਵਾਲੇ ਮਰੀਜ਼ਾ ਨੂੰ ਹੁੰਦੀ ਖੱਜਲ ਖੁਆਰੀ ਨੂੰ ਰੋਕਣ ਲਈ ਤੇ ਸੀਨੀਅਰ ਸਿਟੀਜਨ ਨੂੰ ਸਿਵਲ ਹਸਪਤਾਲ ਆਉਣ ਤੇ ਕੋਈ ਵੀ ਕੰਮ ਪੈਣ ਤੇ ਉਨ੍ਹਾਂ ਦੇ ਕੰਮ ਪਹਿਲ ਦੇ ਆਧਾਰ ਤੇ ਕੀਤੇ ਜਾਣ ਤੇ ਜ਼ੋਰ ਦਿੱਤਾ ਅਤੇ ਆਖਿਆ ਕਿ ਬੰਗਾ, ਗੁਰਾਇਆ, ਨੂਰਮਹਿਲ ਤੇ ਫਗਵਾੜਾ ਇਲਾਕੇ ਦੇ ਹੋਰ ਲਾਗਲੇ ਇਲਾਕਿਆ ਤੋਂ ਆਉਣ ਵਾਲੇ ਮਰੀਜ਼ਾਂ ਨੂੰ ਸਿਵਲ ਹਸਪਤਾਲ ਫਗਵਾੜਾ ਵਿਖੇ ਕੋਈ ਵੀ ਕੰਮ ਪੈਦਾ ਹੈ ਤਾਂ ਉਨ੍ਹਾਂ ਨੂੰ ਕਈ ਵਾਰ ਜਾਣਕਾਰੀ ਨਾ ਹੋਣ ਕਾਰਣ ਕਈ ਕਈ ਘੰਟੇ ਖੱਜਲ ਖੁਆਰ ਹੋਣਾ ਪੈਂਦਾ ਹੈ, ਨੂੰ ਰੋਕਣ ਲਈ ਹੈਲਪ ਡੈਸਕ ਸਥਾਪਿਤ ਕੀਤਾ ਜਾਵੇ। ਸਿਵਲ ਹਸਪਤਾਲ ਐਸ ਐਸ ਓ ਡਾ ਸਿਮਰਦੀਪ ਕੌਰ ਨੇ ਸਮੂਹ ਗੱਲਾਂ ਨੂੰ ਬੜੇ ਹੀ ਧਿਆਨ ਪੂਰਵਕ ਸੁਣ ਉਸ ਨੂੰ ਪਹਿਲ ਦੇ ਅਧਾਰ ਤੇ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਮੋਹਿਤ ਸ਼ਰਮਾ, ਸੁਸ਼ੀਲ ਸ਼ਰਮਾ, ਕਮਲਦੀਪ ਸਿੰਘ, ਜੀਵਨ ਸੰਘਾ, ਅਜੇ ਕੋਛੜ, ਨਰਿੰਦਰਪਾਲ ਸਿੰਘ ਮਾਹੀ ਆਦਿ ਮੌਜੂਦ ਸਨ।

ਆਰਥਿਕ ਤੌਰ 'ਤੇ ਕਮਜ਼ੋਰ ਤੇ ਲੋੜਵੰਦਾਂ ਨੂੰ 15 ਆਟੋ ਈ-ਰਿਕਸ਼ਾ ਵੰਡੇ : ਡਾ. ਬਲਜੀਤ ਕੌਰ

ਚੰਡੀਗੜ੍ਹ (ਗੁਰਜੀਤ ਬਿੱਲਾ)- ਪੰਜਾਬ ਦੀ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਅਤੇ ਮਲੋਟ ਹਲਕੇ ਤੋਂ ਐਮ ਐੱਲ ਏ ਡਾ. ਬਲਜੀਤ ਕੌਰ ਵੱਲੋ ਆਪਣੇ ਹਲਕੇ ਦੇ ਲੋੜਵੰਦ ਵਿਅਕਤੀਆਂ ਨੂੰ ਸਵੈ-ਰੁਜ਼ਗਾਰ ਯੋਜਨਾ ਤਹਿਤ 15 ਆਟੋ ਈ-ਰਿਕਸ਼ਾ ਵੰਡੇ ਗਏ। ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਗਰੀਬ ਅਤੇ ਦਿਵਿਆਂਗ ਵਿਅਕਤੀਆਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਲਈ ਵਚਨਬੱਧ ਹੈ। ਇਹ ਆਟੋ ਈ-ਰਿਕਸ਼ਾ ਉਨ੍ਹਾਂ ਨੂੰ ਰੋਜ਼ਗਾਰ ਕਮਾਉਣ ਅਤੇ ਆਤਮ-ਨਿਰਭਰ ਜੀਵਨ ਜੀਉਣ ਦਾ ਮੌਕਾ ਦੇਣਗੇ।

ਐੱਸ ਡੀ ਕਾਲਜ 'ਚ ਆਦਿਵਾਸੀ ਗੌਰਵ ਦਿਵਸ ਮਨਾਇਆ

ਸੁਲਤਾਨਪੁਰ ਲੋਧੀ (ਹਨੀ)- ਐੱਸ ਡੀ ਕਾਲਜ ਫਾਰ ਵੂਮੈਨ ਦੇ ਵਿਹੜੇ ਵਿਖੇ ਆਲ ਇੰਡੀਆ ਕੌਂਸਲ ਫਾਰ ਟੈਕਨੀਕਲ ਐਜੂਕੇਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਹੇਠ ਆਦਿਵਾਸੀ ਗੌਰਵ ਦਿਵਸ ਮਨਾਇਆ ਗਿਆ । ਇਸ ਦੌਰਾਨ ਵਿਦਿਆਰਥੀਆਂ ਨੂੰ ਦੱਸਿਆ ਗਿਆ ਕਿ ਭਗਵਾਨ ਬਿਰਸਾ ਮੁੰਡਾ ਦਾ ਨਾਂਅ ਆਜ਼ਾਦੀ ਘੁਲਾਟੀਏ ਵਜੋਂ ਇਤਿਹਾਸ ਦੇ ਪੰਨਿਆਂ 'ਤੇ ਸੁਨਹਿਰੀ ਅੱਖਰਾਂ ਵਿੱਚ ਲਿਖਿਆ ਗਿਆ ਹੈ। ਉਨ੍ਹਾਂ ਦੀ 150ਵੀਂ ਜਨਮ ਵਰ੍ਹੇਗੰਢ ਨੂੰ ਸਮਰਪਿਤ, ਕਾਮਰਸ ਵਿਭਾਗ ਦੀਆਂ ਵਿਦਿਆਰਥਣਾਂ ਵੱਲੋਂ ਇੱਕ ਨੁੱਕੜ ਨਾਟਕ ਪੇਸ਼ ਕੀਤਾ ਗਿਆ ਜਿਸ ਵਿੱਚ ਬਿਰਸਾ ਮੁੰਡਾ ਦੇ ਸਿਧਾਂਤਾਂ ਨੂੰ ਪੇਸ਼ ਕੀਤਾ ਗਿਆ, ਜੋ 25 ਸਾਲ ਦੀ ਉਮਰ ਵਿੱਚ ਸ਼ਹਾਦਤ ਦਾ ਪਿਆਲਾ ਪੀ ਕੇ ਅਮਰ ਹੋ ਗਏ ਤੇ ਆਜ਼ਾਦੀ ਦਾ ਬਿਗਲ ਵਜਾ ਦਿੱਤਾ। ਇਹ ਦ੍ਰਿਸ਼ ਦੇਖ ਕੇ ਸਾਰਿਆਂ ਦੀਆਂ ਅੱਖਾਂ ਨਮ ਹੋ ਗਈਆਂ। ਇਸ ਮੌਕੇ ਕਾਲਜ ਸਟਾਫ਼ ਅਤੇ ਵਿਦਿਆਰਥਣਾਂ ਮੌਜੂਦ ਸਨ।

ਗੁੱਜਰ ਪਰਵਾਰ ਦੇ ਨੌਜਵਾਨ ਦੇ ਕਾਤਲਾਂ ਨੂੰ ਗ੍ਰਿਫ਼ਤਾਰ ਕਰਨ ਦੀ ਮੰਗ

ਕਾਲਾ ਸੰਘਿਆਂ (ਮਨਜੀਤ ਮਾਨ)- ਜ਼ਿਲ੍ਹਾ ਜਲੰਧਰ ਦੇ ਅਧੀਨ ਪੈਂਦੇ ਪਿੰਡ ਚਿੱਟੀ ਦੇ ਗੁੱਜਰ ਪਰਵਾਰ ਦੇ ਸ਼ੈਫ ਅਲੀ ਪੁੱਤਰ ਜਮਾਲਦੀਨ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪਿੰਡ ਮਾਲੜੀ ਤਹਿਸੀਲ ਨਕੋਦਰ ਦੇ ਗੁੱਜਰ ਪਰਿਵਾਰ ਵੱਲੋਂ ਰੰਜਿਸ਼ ਦੇ ਤਹਿਤ ਉਨ੍ਹਾਂ ਦੇ ਛੋਟੇ ਭਰਾ ਅਮਾਮ ਹੁਸੈਨ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਸੀ ਜਿਸ ਦੀ ਲਾਸ਼ 10 ਸਤੰਬਰ ਨੂੰ ਜ਼ਿਲ੍ਹਾ ਕਪੂਰਥਲਾ ਦੇ ਪਿੰਡ ਅੰਜਲਾ ਦੇ ਖੇਤਾਂ ਵਿੱਚੋਂ ਮਿਲੀ ਜਿੱਥੇ ਥਾਣਾ ਸਦਰ ਕਪੂਰਥਲਾ ਦੀ ਪੁਲਿਸ ਨੇ ਮ੍ਰਿਤਕ ਦੇ ਵੱਡੇ ਭਰਾ ਸੈਫ ਅਲੀ ਦੇ ਬਿਆਨਾ ਤੇ ਰੋਸਨਦੀਨ ਪੁੱਤਰ ਫ਼ਕੀਰ ਮੁਹੰਮਦ ਵਾਸੀ ਪਿੰਡ ਮਾਲੜੀ ਥਾਣਾ ਸਦਰ ਨਕੋਦਰ, ਮੰਗਾਂ ਪੁੱਤਰ ਰੋਸ਼ਨ ਦੀਨ,ਹਜੂਰਦੀਨ ਪੁੱਤਰ ਫ਼ਕੀਰ ਮੁਹੰਮਦ, ਮੁਹੰਮਦ ਜੂਸੀ ਉਰਫ਼ ਗੋਲੂ ਪੁੱਤਰ ਹਜੂਰਦੀਨ ਪੁੱਤਰ ਫ਼ਕੀਰ ਮੁਹੰਮਦ,ਮਾਮ ਹੁਸੈਨ ਪੁੱਤਰ ਹਜੂਰਦੀਨ ਪੁੱਤਰ ਫ਼ਕੀਰ ਮੁਹੰਮਦ,ਨਿੱਕੂ ਪੁੱਤਰ ਫ਼ਕੀਰ ਮੁਹੰਮਦ, ਨੂਰ ਪੁੱਤਰ ਰਹਿਮਤ ਅਲੀ,ਬਾਘਾ ਪੁੱਤਰ ਰਹਿਮਤ ਅਲੀ ਸਾਰੇ ਥਾਣਾ ਸਦਰ ਨਕੋਦਰ ਜ਼ਿਲ੍ਹਾ ਜਲੰਧਰ,ਕਾਸਮਾ ਵਾਸੀ ਪਿੰਡ ਮੁੱਧ ਥਾਣਾ ਸਦਰ ਨਕੋਦਰ ਜ਼ਿਲ੍ਹਾ ਜਲੰਧਰ ਤੋਂ ਇਲਾਵਾ ਹੋਰ ਅਣਪਛਾਤੇ ਵਿਅਕਤੀਆਂ ਦੇ ਖਿਲਾਫ ਸਦਰ ਕਪੂਰਥਲਾ ਦੀ ਪੁਲਸ ਨੇ ਮੁਕੱਦਮਾ ਦਰਜ ਕਰ ਲਿਆ ਹੈ। ਮ੍ਰਿਤਕ ਦੇ ਭਰਾ ਸੈਫ਼ ਅਲੀ ਨੇ ਦੱਸਿਆ ਕਿ 14,15 ਦਿਨ ਬੀਤ ਜਾਣ ਦੇ ਬਾਵਜੂਦ ਵੀ ਦੋਸ਼ੀ ਸ਼ਰੇਆਮ ਘੁੰਮ ਰਹੇ ਹਨ ਤੇ । ਪੀੜ੍ਹਤ ਪਰਿਵਾਰ ਨੇ ਮੌਜੂਦਾ ਆਪ ਸਰਕਾਰ ਤੇ ਪੰਜਾਬ ਪੁਲਿਸ ਦੇ ਉੱਚ ਅਧਿਕਾਰੀਆਂ ਨੂੰ ਦੋਸ਼ੀਆਂ ਨੂੰ ਜਲਦੀ ਗ੍ਰਿਫਤਾਰ ਕਰਵਾਉਣ ਤੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਸਖ਼ਤ ਸਜ਼ਾਵਾਂ ਦਿਵਾਉਣ ਦੀ ਗੁਹਾਰ ਲਗਾਈ।

ਐੱਨ ਪੀ ਐੱਸ ਕਰਮਚਾਰੀ 1 ਅਕਤੂਬਰ ਨੂੰ ਕਰਨਗੇ ਭੁੱਖ ਹੜਤਾਲ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਨੈਸ਼ਨਲ ਮੂਵਮੈਂਟ ਫਾਰ ਓਲਡ ਪੈਨਸ਼ਨ ਸਕੀਮ ਦੇ ਸੱਦੇ ਤੇ ਪੰਜ ਸਤੰਬਰ ਨੂੰ ਅਧਿਆਪਕ ਦਿਵਸ ਤੇ ਪੁਰਾਣੀ ਪੈਨਸ਼ਨ ਬਹਾਲ ਸੰਘਰਸ਼ ਕਮੇਟੀ ਤੇ ਸੀ ਪੀ ਐਫ ਕਰਮਚਾਰੀ ਯੂਨੀਅਨ ਸਾਂਝੇ ਤੌਰ ਤੇ ਜ਼ਿਲ੍ਹਾ ਹੈੱਡਕੁਆਰਟਰਾਂ ਤੇ ਪੁਰਾਣੀ ਪੈਨਸ਼ਨ ਦੀ ਮੰਗ ਨੂੰ ਲੈ ਕੇ ਇੱਕ ਰੋਜ਼ਾ ਭੁੱਖ ਹੜਤਾਲ 1 ਅਕਤੂਬਰ ਨੂੰ ਅਧਿਆਪਕ ਤੇ ਕਰਮਚਾਰੀ ਬੈਠਣਗੇ ਤੇ ਜੇਕਰ ਸਾਡੀ ਮੰਗ ਨੂੰ ਅਣਗੌਲਿਆ ਤਾਂ ਦੇਸ਼ ਭਰ ਦੇ ਨਵੀਂ ਪੈਨਸ਼ਨ ਸਕੀਮ ਅਧੀਨ ਆਉਂਦੇ ਕਰਮਚਾਰੀ 25 ਨਵੰਬਰ ਨੂੰ ਦਿੱਲੀ ਕੂਚ ਕਰਨਗੇ ।ਇਸ ਬਾਰੇ ਜਾਣਕਾਰੀ ਦਿੰਦਿਆਂ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਦੇ ਕਨਵੀਨਰ ਜਸਵੀਰ ਸਿੰਘ ਤਲਵਾੜਾ ਤੇ ਸੀ ਪੀ ਐਫ ਕਰਮਚਾਰੀ ਯੂਨੀਅਨ ਦੇ ਪ੍ਰਧਾਨ ਸੁਖਜੀਤ ਸਿੰਘ ਨੇ ਦੱਸਿਆ ਕਿ ਜਿੱਥੇ ਰਾਜ ਸਰਕਾਰ ਆਪਣਾ ਤਿੰਨ ਸਾਲ ਪਹਿਲਾਂ ਕੀਤਾ ਪੁਰਾਣੀ ਪੈਨਸ਼ਨ ਬਹਾਲੀ ਦਾ ਨੋਟੀਫਿਕੇਸ਼ਨ ਲਾਗੂ ਕਰਨਾ ਭੁੱਲ ਕੇ ਚੋਣਾਂ ਸਮੇਂ ਪੁਰਾਣੀ ਪੈਨਸ਼ਨ ਬਹਾਲੀ ਦੀ ਦਿੱਤੀ ਗਰੰਟੀ ਤੇ ਕੀਤੇ ਵਾਅਦੇ ਤੋਂ ਮੂੰਹ ਫੇਰ ਲਿਆ ਹੈ ਤੇ ਕਰਮਚਾਰੀ ਚੌਥੀ ਦੀਵਾਲੀ ਵੀ ਪੈਨਸ਼ਨ ਵਿਹੂਣੇ ਮਨਾਉਣ ਲਈ ਮਜਬੂਰ ਹੋਣਗੇ। ਸੂਬਾਈ ਆਗੂ ਜਰਨੈਲ ਸਿੰਘ ਪੱਟੀ, ਰਣਬੀਰ ਸਿੰਘ ਉੱਪਲ, ਅਜੀਤਪਾਲ ਸਿੰਘ ਜਸੋਵਾਲ, ਲਖਵਿੰਦਰ ਸਿੰਘ ਭੌਰ, ਜਗਸੀਰ ਸਿੰਘ ਸਹੋਤਾ, ਜਸਵਿੰਦਰ ਸਿੰਘ ਜੱਸਾ, ਕਰਮਜੀਤ ਸਿੰਘ ਤਾਮਕੋਟ, ਵਿਕਰਮ ਸਿੰਘ ਕੱਦੋਂ, ਵਰਿੰਦਰ ਵਿੱਕੀ ਤੇ ਰਣਬੀਰ ਸਿੰਘ ਢੱਡੇ ਨੇ ਕਿਹਾ ਕਿ ਇੱਕ ਅਕਤੂਬਰ ਨੂੰ ਨਵੀਂ ਪੈਨਸ਼ਨ ਸਕੀਮ ਅਧੀਨ ਆਉਂਦੇ ਅਧਿਆਪਕ ਅਤੇ ਕਰਮਚਾਰੀ ਭੁੱਖ ਹੜਤਾਲ ਤੇ ਬੈਠ ਕੇ ਰਾਜ ਅਤੇ ਕੇਂਦਰ ਸਰਕਾਰ ਨੂੰ ਸਪਸ਼ਟ ਸੰਦੇਸ਼ ਦੇਣਗੇ ਕਿ ਬੁਢਾਪੇ ਦੀ ਡੰਗੋਰੀ ਪੁਰਾਣੀ ਪੈਨਸ਼ਨ ਤੋਂ ਬਿਨਾਂ ਸਮਾਜਿਕ ਸੁਰੱਖਿਆ ਸੰਭਵ ਨਹੀਂ।

ਮਾਨਵ ਸੇਵਾ ਸੰਕਲਪ ਦਿਵਸ ਮਨਾਇਆ

ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)- ਡਾਇਰੈਕਟਰ ਆਈ ਕੇ ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ, ਹੁਸ਼ਿਆਰਪੁਰ ਕੈਂਪਸ ਪ੍ਰੋ: ਵਿਕਾਸ ਚਾਵਲਾ ਦੀ ਯੋਗ ਅਗਵਾਈ ਨਾਲ ਮਾਨਵ ਸੇਵਾ ਸੰਕਲਪ ਪ੍ਰੋਗਰਾਮ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਸਮਾਗਮ ਮੁੱਖ ਮਹਿਮਾਨ ਵਜੋਂ ਬਹਾਦਰ ਸਿੰਘ ਸੁਨੇਤ, ਬਲਜੀਤ ਸਿੰਘ ਤੇ ਸਰਦਾਰ ਹਰਵਿੰਦਰ ਸਿੰਘ ਵੱਲੋਂ ਸ਼ਿਰਕਤ ਕੀਤੀ ਗਈ ।ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਦੀ ਭਾਰੀ ਗਿਣਤੀ ਵਿੱਚ ਹਾਜ਼ਰੀ ਰਹੀ। ਪ੍ਰੋਗਰਾਮ ਦੀ ਅਗਵਾਈ ਕਰਦੇ ਹੋਏ ਮੁੱਖ ਮਹਿਮਾਨ ਬਹਾਦਰ ਸਿੰਘ ਅਤੇ ਬਲਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਮਾਜਿਕ ਸੇਵਾ ਜੀਵਨ ਦਾ ਸਭ ਤੋਂ ਉੱਚਾ ਧਰਮ ਹੈ। ਉਨ੍ਹਾਂ ਨੇ ਖ਼ਾਸ ਤੌਰ 'ਤੇ ਖ਼ੂਨਦਾਨ ਅਤੇ ਅੰਗਦਾਨ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ ਅਤੇ ਦੱਸਿਆ ਕਿ ਇੱਕ ਛੋਟਾ ਜਿਹਾ ਯੋਗਦਾਨ ਕਿਸੇ ਦੀ ਜ਼ਿੰਦਗੀ ਲਈ ਵਰਦਾਨ ਸਾਬਤ ਹੋ ਸਕਦਾ ਹੈ। ਸਮਾਗਮ ਵਿੱਚ ਹੋਰ ਵਿਦਵਾਨਾਂ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ। ਹਰਵਿੰਦਰ ਸਿੰਘ ਵੱਲੋਂ ਨੇਤਰਦਾਨ ਦੀ ਮਹੱਤਤਾ ਉੱਤੇ ਰੌਸ਼ਨੀ ਪਾਈ ਗਈ। ਅੰਤ ਵਿੱਚ ਨੋਡਲ ਅਫ਼ਸਰ ਐੱਨ ਐੱਸ ਐੱਸ ਅਤੇ ਰੈੱਡ ਰਿਬਨ ਡਾ.ਕੁਲਵਿੰਦਰ ਸਿੰਘ ਪਰਮਾਰ ਤੇ ਡਾ. ਅਮਿਤ ਹਾਂਡਾ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਅਤੇ ਸਨਮਾਨ ਕੀਤਾ ਗਿਆ ।ਡਾ.ਕੁਲਵਿੰਦਰ ਸਿੰਘ ਪਰਮਾਰ, ਡਾ. ਅਮਿਤ ਹਾਂਡਾ, ਰਜਿੰਦਰ ਕੁਮਾਰ, ਪੁਨੀਤ ਕੁਮਾਰ ਤੇ ਖ਼ੁਸ਼ਵਿੰਦਰ ਕੌਰ ਹਾਜ਼ਰ ਸਨ।

ਰੋਟਰੀ ਕਲੱਬ ਨੇ ਲਗਾਇਆ ਬੂਟਿਆਂ ਦਾ ਲੰਗਰ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)- ਕਾਰਪੋਰੇਸ਼ਨ ਫਗਵਾੜਾ ਵਲੋਂ ਆਰੰਭੀ ਸਵੱਛਤਾ ਹੀ ਸੇਵਾ ਪੰਦਰਵਾੜਾ ਮੁਹਿਮ ਤਹਿਤ ਰੋਟਰੀ ਕਲੱਬ ਫਗਵਾੜਾ ਸਾਊਥ-ਈਸਟ ਵਲੋਂ ਫਗਵਾੜਾ ਇਨਵਾਇਰਮੈਂਟ ਐਸੋਸੀਏਸ਼ਨ ਦੇ ਸਹਿਯੋਗ ਨਾਲ ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਦੇ ਬਾਹਰ ਬੂਟਿਆਂ ਦਾ ਲੰਗਰ ਲਗਾਇਆ ਗਿਆ। ਬੂਟਿਆਂ ਦਾ ਪ੍ਰਸ਼ਾਦ ਵੰਡਣ ਦੀ ਆਰੰਭਤਾ ਏ.ਡੀ.ਸੀ. ਕਮ ਨਗਰ ਨਿਗਮ ਕਮਿਸ਼ਨਰ ਡਾ. ਅਕਸ਼ਿਤਾ ਗੁਪਤਾ ਵਲੋਂ ਕਰਵਾਈ ਗਈ। ਇਸ ਦੌਰਾਨ ਰੋਟਰੀ ਪ੍ਰਧਾਨ ਕਮਾਂਡਲ ਇਕਬਾਲ ਸਿੰਘ ਵਲੋਂ ਮੁੱਖ ਮਹਿਮਾਨ ਦਾ ਸਵਾਗਤ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਕੀਤਾ ਗਿਆ। ਉਹਨਾਂ ਦੱਸਿਆ ਕਿ 200 ਬੂਟੇ ਵਾਤਾਵਰਣ ਪ੍ਰੇਮੀਆਂ ਨੂੰ ਵੰਡੇ ਗਏ ਹਨ ਅਤੇ ਜਲਦੀ ਹੀ ਹੋਰ ਬੂਟੇ ਵੰਡਣ ਦਾ ਉਪਰਾਲਾ ਵੀ ਕੀਤਾ ਜਾਵੇਗਾ। ਬੂਟਿਆਂ ਦੀ ਸੇਵਾ ਕਿਰਨ ਅੱਗਰਵਾਲ ਵਲੋਂ ਨਿਭਾਈ ਗਈ। ਇਸ ਦੌਰਾਨ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ, ਕ੍ਰਿਸ਼ਨ ਕੁਮਾਰ, ਮੋਹਨ ਲਾਲ ਤਨੇਜਾ ਅਤੇ ਵਿਸ਼ਵਾ ਮਿੱਤਰ ਸ਼ਰਮਾ ਨੇ ਵੀ ਬੂਟੇ ਵੰਡਣ 'ਚ ਸਹਿਯੋਗ ਦਿੱਤਾ। ਇਸ ਮੌਕੇ ਰੋਟਰੀ ਕਲੱਬ ਦੇ ਮੈਂਬਰ ਏ.ਕੇ. ਜੰਜੂਆ, ਨਵਦੀਪ ਸੁਮਨ ਸਕੱਤਰ, ਜਸਪ੍ਰੀਤ ਸਿੰਘ, ਕਿਰਨ ਅੱਗਰਵਾਲ, ਹਰਿੰਦਰ ਸਿੰਘ ਗਲੋਰੀ, ਡਾ. ਆਰ.ਪੀ. ਸਿੰਘ, ਸਾਬਕਾ ਪ੍ਰਧਾਨ ਰਵਿੰਦਰ ਚੋਟ ਆਦਿ ਹਾਜ਼ਰ ਸਨ।

10 ਲੱਖ ਦੇ ਮੁਫ਼ਤ ਇਲਾਜ ਲਈ ਸਿਹਤ ਕਾਰਡ ਦੀ ਪ੍ਰਕਿਰਿਆ ਆਰੰਭ : ਸਤਨਾਮ ਜਲਾਲਪੁਰ

ਬਲਾਚੌਰ (ਜਸਵਿੰਦਰ ਬੈਂਸ)-ਭਗਵੰਤ ਮਾਨ ਮੁੱਖ ਮੰਤਰੀ ਪੰਜਾਬ ਦੇ ਦਿਸ਼ਾ ਨਿਰਦੇਸ਼ ਅਨੁਸਾਰ ਪੰਜਾਬ ਦਾ ਹਰ

ਨਿਵਾਸੀ ਇਲਾਜ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ, ਚਾਹੇ ਕਿਸੇ ਵੀ ਵਰਗ ਨਾਲ ਸੰਬੰਧ ਰੱਖਦਾ ਹੋਵੇ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਸਤਨਾਮ ਜਲਾਲਪੁਰ,ਜ਼ਿਲ੍ਹਾ ਪ੍ਰਧਾਨ ਅਤੇ ਚੇਅਰਮੈਨ ਜ਼ਿਲ੍ਹਾ ਪਲੈਨਿੰਗ ਬੋਰਡ, ਸ਼ਹੀਦ ਭਗਤ ਸਿੰਘ ਨਗਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਿਹਤ ਸੁਰੱਖਿਆ ਦੇ ਨਵੇਂ ਦੌਰ ਦੀ ਸ਼ੁਰੂਆਤ ਕਰਦੇ ਹੋਏ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਨੇ 'ਮੁੱਖ ਮੰਤਰੀ ਸਿਹਤ ਕਾਰਡ' ਦੀ ਪ੍ਰਕਿਰਿਆ ਦਾ ਰਸਮੀ ਸ਼ੁਭ ਆਰੰਭ ਕੀਤਾ। ਸਭ ਤੋਂ ਪਹਿਲਾਂ ਇਸ ਵਿੱਚ ਹਰ ਪਰਵਾਰ ਦਾ ਸਿਹਤ ਬੀਮਾ ਕਾਰਡ ਬਣਾਇਆ ਜਾਵੇਗਾ ਜਿਸ ਦੀ ਸ਼ੁਰੂਆਤ ਵਿੱਚ ਦੋ ਜ਼ਿਲ੍ਹੇ ਤਰਨ ਤਾਰਨ ਅਤੇ ਬਰਨਾਲਾ ਵਿੱਚ ਸਿਹਤ ਕਾਰਡ ਲਈ ਬਿਨੇ ਪੱਤਰ ਭਰੇ ਜਾਣਗੇ । ਦੋਵਾਂ ਜ਼ਿਲ੍ਹਿਆਂ ਵਿੱਚ ਦੋ ਤੋਂ ਤਿੰਨ ਦਿਨ ਲਈ ਕੈਂਪ ਲਾਏ ਜਾ ਰਹੇ ਹਨ ਜੋ ਕਿ ਲਗਭਗ 128 -128 ਥਾਵਾਂ ਤੇ ਲੱਗ ਰਹੇ ਹਨ।ਇਸ ਵਿੱਚ ਹਰ ਪਰਵਾਰ ਦਾ ਫਾਰਮ ਭਰ ਕੇ ਸਿਹਤ ਬੀਮਾ ਕਾਰਡ ਬਣਾਇਆ ਜਾਵੇਗਾ।

ਗਿਲਜੀਆਂ ਦੀ ਅਗਵਾਈ 'ਚ ਹੋਇਆ ਕਾਂਗਰਸੀ ਵਰਕਰਾਂ ਦਾ ਇਕੱਠ

ਅੱਡਾ ਸਰਾਂ/ਟਾਂਡਾ ਉੜਮੁੜ (ਜਸਵੀਰ ਕਾਜਲ, ਓਂਕਾਰ ਸਿੰਘ)- ਸੰਗਠਨ ਸਿਰਜਣ ਅਭਿਆਨ ਤਹਿਤ ਬਲਾਕ ਕਾਂਗਰਸ ਦਫਤਰ ਟਾਂਡਾ ਵਿਖੇ ਸਾਬਕਾ ਕੈਬਨਿਟ ਮੰਤਰੀ ਸੰਗਤ ਸਿੰਘ ਗਿਲਜੀਆਂ ਦੀ ਅਗਵਾਈ ਵਿਚ ਕਾਂਗਰਸੀ ਵਰਕਰਾਂ ਦਾ ਭਰਵਾਂ ਇਕੱਠ ਹੋਇਆ ਜਿਸ ਵਿਚ ਪਾਰਟੀ ਦੀ ਮਜ਼ਬੂਤੀ ਅਤੇ ਜ਼ਿਲ੍ਹਾ ਪ੍ਰਧਾਨ ਦੀ ਚੋਣ ਲਈ ਵਰਕਰਾਂ ਦੀ ਰਾਏ ਜਾਣੀ ਗਈ । ਇਸ ਮੌਕੇ ਆਲ ਇੰਡੀਆ ਕਾਂਗਰਸ ਕਮੇਟੀ ਵੱਲੋਂ ਭੇਜੇ ਗਏ ਆਬਜ਼ਰਵਰ ਵਿਧਾਇਕ ਸੁਰੇਸ਼ ਕੁਮਾਰ ਸਾਬਕਾ ਵਿਧਾਇਕ ਰਜਿੰਦਰ ਸਿੰਘ ਸਮਾਣਾ, ਹਲਕਾ ਇੰਚਾਰਜ ਕਾਂਗਰਸ ਸ੍ਰੀ ਹਰਗੋਬਿੰਦਪੁਰ ਮਨਦੀਪ ਸਿੰਘ ਰੰਗੜ ਨੰਗਲ ਦਾ ਟਾਂਡਾ ਪਹੁੰਚਣ ਤੇ ਸਾਬਕਾ ਮੰਤਰੀ ਗਿਲਜੀਆਂ, ਬਲਾਕ ਕਾਂਗਰਸ ਪ੍ਰਧਾਨ ਅਵਤਾਰ ਸਿੰਘ ਖੋਖਰ ਸਿਟੀ ਪ੍ਰਧਾਨ ਵਿਪਨ ਮਰਵਾਹਾ, ਯੂਥ ਪ੍ਰਧਾਨ ਲੱਕੀ ਜਾਜੂਰਾ,ਐੱਸ ਸੀ ਵਿੰਗ ਪ੍ਰਧਾਨ ਪਰਵਿੰਦਰ ਸਹਿਬਾਜ਼ਪੁਰ, ਨਗਰ ਕੌਂਸਲ ਦੇ ਪ੍ਰਧਾਨ ਗੁਰਸੇਵਕ ਮਾਰਸ਼ਲ ਕੌਂਸਲਰਾਂ ਅਤੇ ਬਲਾਕ ਦੇ ਵਰਕਰਾਂ ਨੇ ਭਰਵਾਂ ਸਵਾਗਤ ਕੀਤਾ । ਇਸ ਮੌਕੇ ਆਬਜ਼ਰਵਰ ਸੁਰੇਸ਼ ਕੁਮਾਰ ਨੇ ਆਖਿਆ ਕਿ ਪ੍ਰਧਾਨ ਮਲਾਇਕਾਰਜੁਨ ਖੜਗੇ ਅਤੇ ਰਾਹੁਲ ਗਾਂਧੀ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਲੋਕਤੰਤਰਿਕ ਤਰੀਕੇ ਨਾਲ ਪਾਰਟੀ ਦੇ ਅਹੁਦੇਦਾਰਾਂ ਦੀ ਚੋਣ ਲਈ ਉਨ੍ਹਾਂ ਹਰ ਵਿਧਾਨ ਸਭਾ ਹਲਕੇ ਦਾ ਦੌਰਾ ਕੀਤਾ ਹੈ । ਉਨ੍ਹਾਂ ਇਸ ਮੌਕੇ ਟਾਂਡਾ ਦੇ ਵਰਕਰਾਂ ਦੇ ਉਤਸ਼ਾਹ ਦੀ ਸਲਾਘਾ ਕਰਦੇ ਹੋਏ ਆਖਿਆ ਕਿ ਜਿਲੇ ਦੇ ਸਮੂਹ ਵਰਕਰਾਂ ਦੀਆਂ ਭਾਵਨਾਵਾਂ ਮੁਤਾਬਿਕ ਵੀ ਜਿਲੇ ਦੀ ਜਿੰਮੇਵਾਰੀ ਸੌਂਪੀ ਜਾਵੇਗੀ ।ਇਸ ਮੌਕੇ ਟਾਂਡਾ ਦੇ ਸਾਬਕਾ ਮੰਤਰੀ ਗਿਲਜੀਆਂ ਨੇ ਆਬਜ਼ਰਵਰ ਅਤੇ ਹੋਰ ਲੀਡਰਸ਼ਿਪ ਦਾ ਸਨਮਾਨ ਕਰਦੇ ਹੋਏ ਆਖਿਆ ਕਿ ਵਿਧਾਨ ਸਭਾ ਹਲਕਾ ਉੜਮੁੜ ਦੇ ਜੁਝਾਰੂ ਵਰਕਰ ਮਜ਼ਬੂਤੀ ਨਾਲ ਪਾਰਟੀ ਲਈ ਕੰਮ ਕਰ ਰਹੇ ਹਨ । ਇਸ ਮੌਕੇ ਚੇਅਰਮੈਨ ਜਗਦੀਸ਼ ਖਰਲ, ਐਡਵੋਕੇਟ ਦਲਜੀਤ ਸਿੰਘ ਗਿਲਜੀਆਂ, ਅਮ੍ਰਿਤਪਾਲ, ਸਿਮਰਨ ਸਿੰਘ ਸੈਣੀ, ਰਾਜੇਸ਼ ਲਾਡੀ, ਨੰਬਰਦਾਰ ਜਗਜੀਵਨ ਜੱਗੀ, ਸੁਖਵਿੰਦਰਜੀਤ ਸਿੰਘ ਬੀਰਾ, ਰੋਹਿਤ ਜੋਸ਼ੀ, ਸ਼ਿਵਦੀਪ ਸਿੰਘ ਸੰਧੂ , ਰੇਸ਼ਮ ਸਿੰਘ ਲਸ਼ਮਣ ਸਿੰਘ, ਰਾਕੇਸ਼ ਬਿੱਟੂ, ਆਸ਼ੂ ਵੈਦ, ਗੋਲਡੀ ਕਲਿਆਣਪੁਰ, ਦਵਿੰਦਰਜੀਤ ਸਿੰਘ ਬੁੱਢੀਪਿੰਡ, ਗੁਰਜੀਤ ਸਿੰਘ ਬਾਜਵਾ, ਹਰਭਜਨ ਸਿੰਘ ਢੱਟ, ਬਿਕਰਮਜੀਤ ਸਿੰਘ ਦਬੁਰਜੀ, ਸਰਪੰਚ ਨਿਸ਼ਾਨ ਸਿੰਘ, ਕਾਬਲ ਸਿੰਘ ਭੂਲਪੁਰ, ਜਸਪਾਲ ਸਿੰਘ ਬੈਂਸਾ, ਅਮਰੀਕ ਸਿੰਘ, ਸਰਪੰਚ ਰਜਿੰਦਰ ਸਿੰਘ ਆਦਿ ਮੌਜੂਦ ਸਨ ।

ਸਰਕਾਰੀ ਪ੍ਰਾਇਮਰੀ ਤੇ ਮਿਡਲ ਸਕੂਲ ਨੂੰ ਇਕ ਲੱਖ ਪੰਜਾਹ ਹਜ਼ਾਰ ਦਾ ਸਮਾਨ ਭੇਟ

ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)-ਆਈ ਡੀ ਬੀ ਆਈ ਬੈਂਕ ਆਦਮਪੁਰ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਮਾਣਕਰਾਏ ਤੇ ਸਰਕਾਰੀ ਮਿਡਲ ਸਕੂਲ ਮਾਣਕਰਾਏ ਨੂੰ ਇਕ ਲੱਖ ਪੰਜਾਹ ਹਜ਼ਾਰ ਰੁਪਏ ਦਾ ਸਮਾਨ ਦਿੱਤਾ ਗਿਆ। 23 ਸਤੰਬਰ ਨੂੰ ਆਈ. ਡੀ. ਬੀ. ਆਈ. ਬੈਂਕ ਆਦਮਪੁਰ ਵੱਲੋਂ ਬੈਂਕ ਮੈਨੇਜਰ ਰਵੀ ਅੰਗੂਰਾ ਤੇ ਬੈਂਕ ਸਟਾਫ ਵੱਲੋਂ ਸਰਕਾਰੀ ਪ੍ਰਾਇਮਰੀ ਤੇ ਮਿਡਲ ਸਕੂਲ ਮਾਣਕਰਾਏ ਨੂੰ ਲਾਇਬ੍ਰੇਰੀਆਂ ਦੇ ਸੁੰਦਰੀਕਰਨ ਲਈ 4 ਲਾਇਬ੍ਰੇਰੀ ਅਲਮਾਰੀਆਂ, 2 ਦਫਤਰੀ ਅਲਮਾਰੀਆਂ, 24 ਰੀਡਿੰਗ ਚੇਅਰ, 2 ਕੰਪਿਊਟਰ ਟੇਬਲ, ਪੰਜ ਪੱਖੇ ਤੇ 2 ਆਰ ਓ, ਬੱਚਿਆਂ ਦੇ ਪਾਣੀ ਪੀਣ ਲਈ ਦੋਨਾਂ ਸਕੂਲਾਂ ਨੂੰ ਦਿੱਤੇ ਗਏ। ਇਸ ਮੌਕੇ ਬੈਂਕ ਮੈਨੇਜਰ ਸ੍ਰੀ ਰਵੀ ਅੰਗੂਰਾ ਵੱਲੋਂ ਬੱਚਿਆਂ ਦੀ ਪੜ੍ਹਾਈ ਨੂੰ ਮੁੱਖ ਰੱਖਦੇ ਹੋਏ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਈ ਕਰਨ ਅਤੇ ਕਿਤਾਬਾਂ ਨੂੰ ਵੱਧ ਤੋਂ ਵੱਧ ਪਿਆਰ ਕਰਨ ਲਈ ਅਤੇ ਅੱਗੇ ਵੱਧਣ ਦੀ ਪ੍ਰੇਰਨਾ ਦਿੱਤੀ। ਸ੍ਰੀ ਜਨਿਤ ਯਾਦਵ ਆਈ ਡੀ. ਵੀ. ਆਈ. ਬੈਂਕ ਅਧਿਕਾਰੀ ਹੁਸ਼ਿਆਰਪੁਰ ਤੋਂ ਵਿਸ਼ੇਸ਼ ਤੌਰ ਤੇ ਪੁੱਜੇ ਇਸ ਮੌਕੇ ਉਨ੍ਹਾਂ ਵਲੋਂ ਬੈਂਕ ਦੀਆਂ ਗਤੀਵਿਧੀਆਂ ਬਾਰੇ ਬੱਚਿਆ ਨੂੰ ਦੱਸਿਆ ਗਿਆ। ਗ੍ਰਾਮ ਪੰਚਾਇਤ ਮਾਣਕਰਾਏ ਐਸ. ਐਮ. ਸੀ. ਕਮੇਟੀ ਦੇ ਮੈਂਬਰ ਤੇ ਬੱਚਿਆਂ ਦੇ ਮਾਤਾ ਪਿਤਾ ਵੱਲੋਂ ਆਏ ਹੋਏ ਬੈਂਕ ਮੁਲਾਜ਼ਮਾਂ ਦਾ ਵਿਸ਼ੇਸ਼ ਧੰਨਵਾਦ ਕੀਤਾ। ਸ੍ਰੀ ਕਰਮਵੀਰ ਸਿੰਘ ਸਰਪੰਚ ਸਾਹਿਬ ਨੇ ਬੈਂਕ ਮੈਨੇਜਰ ਤੇ ਉਹਨਾਂ ਦੇ ਸਟਾਫ ਦਾ ਵਿਸ਼ੇਸ਼ ਧੰਨਵਾਦ ਕੀਤਾ।

ਬਾਬਾ ਸ੍ਰੀ ਚੰਦ ਦਾ ਪ੍ਰਕਾਸ਼ ਪੁਰਬ ਮਨਾਇਆ

ਬੰਗਾ (ਅਵਤਾਰ ਕਲੇਰ)- ਡੇਰਾ 108 ਸੰਤ ਬਾਬਾ ਹੰਸ ਰਾਜ ਹੰਸ, ਸ੍ਰੀ ਗੁਰੂ ਰਵਿਦਾਸ ਤੀਰਥ ਅਸਥਾਨ ਸੱਚਖੰਡ ਪੰਡਵਾ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਪੁੱਤਰ, ਉਦਾਸੀਨ ਸੰਪ੍ਰਦਾ ਦੇ

ਬਾਨੀ ਬਾਬਾ ਸ੍ਰੀ ਚੰਦ ਜੀ ਦਾ ਪ੍ਰਕਾਸ਼ ਪੁਰਬ ਡੇਰੇ ਦੇ ਗੱਦੀ ਨਸ਼ੀਨ ਸੰਤ ਮਹਿੰਦਰ ਪਾਲ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ ਪੰਜਾਬ ਦੀ ਰਹਿਨੁਮਾਈ ਹੇਠ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਸੰਤ ਜਸਵਿੰਦਰ ਪਾਲ ਪੰਡਵਾ ,ਢਾਡੀ ਗੁਰਦੀਪ ਸਿੰਘ ਉੜਾਪੜ ਵਲੋਂ ਸੰਗਤਾਂ ਨੂੰ ਕੀਰਤਨ ਅਤੇ ਪ੍ਰਵਚਨਾਂ ਨਾਲ ਨਿਹਾਲ ਕੀਤਾ। ਸੰਤ ਬੀਬੀ ਬਿਮਲਾ ਰਾਣੀ,ਸੰਤ ਜਸਵਿੰਦਰ ਪਾਲ,ਸੰਤ ਮੋਹਣ ਪਾਲ ਵਲੋਂ ਪਹੁੰਚੇ ਸੰਤ ਮਹਾਂਪੁਰਸ਼ਾਂ, ਕੀਰਤਨੀ ਜਥਿਆਂ ਅਤੇ ਸੇਵਾਦਾਰਾਂ ਨੂੰ ਸਿਰਪਾਓ ਨਾਲ ਸਨਮਾਨਤ ਕੀਤਾ। ਇਸ ਮੌਕੇ ਬਾਲ ਕ੍ਰਿਸ਼ਨ, ਹਰੀ ਪਾਲ ਪੰਡਵਾ, ਜਥੇਦਾਰ ਸਰੂਪ ਸਿੰਘ ਖਲਵਾੜਾ, ਗੁਰਨਾਮ ਰਾਮ, ਭੁਪਿੰਦਰ ਕੁਮਾਰ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

ਡਿਪਟੀ ਕਮਿਸ਼ਨਰ ਨੇ ਜਨਗਣਨਾ 2026-27 ਦੀਆਂ ਤਿਆਰੀਆਂ ਸੰਬੰਧੀ ਅਧਿਕਾਰੀਆਂ ਨੂੰ ਦਿੱਤੇ ਦਿਸ਼ਾ-ਨਿਰਦੇਸ਼

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਅਗਾਮੀ ਜਨਗਣਨਾ 2026-27 ਦੇ ਸੁਚਾਰੂ ਢੰਗ ਨਾਲ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ

ਪ੍ਰਧਾਨਗੀ ਹੇਠ ਜ਼ਿਲ੍ਹਾ ਪੱਧਰ 'ਤੇ ਇਕ ਮਹੱਤਵਪੂਰਨ ਮੀਟਿੰਗ ਹੋਈ। ਮੀਟਿੰਗ ਵਿਚ ਵਧੀਕ ਡਿਪਟੀ ਕਮਿਸ਼ਨਰ ਅਮਰਬੀਰ ਕੌਰ ਭੁੱਲਰ, ਡਿਪਟੀ ਈ.ਐਸ.ਏ. ਸੁਨੀਤਾ ਪੋਲ ਅਤੇ ਏ.ਆਰ.ਓ ਪਵਨੀਤ ਕੌਰ ਸਮੇਤ ਸਬੰਧਤ ਅਧਿਕਾਰੀ ਮੌਜੂਦ ਸਨ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਮੁੱਖ ਸਕੱਤਰ ਪੰਜਾਬ ਕੇ.ਏ.ਪੀ ਸਿਨਹਾ ਵੱਲੋਂ ਹਾਲ ਹੀ ਵਿਚ ਜਾਰੀ ਨਿਰਦੇਸ਼ਾਂ ਦੇ ਸੰਦਰਭ ਵਿਚ ਜ਼ਿਲ੍ਹਾ ਪੱਧਰ 'ਤੇ ਤਿਆਰੀਆਂ ਦੀ ਸਮੀਖਿਆ ਕੀਤੀ। ਡਿਪਟੀ ਕਮਿਸ਼ਨਰ ਨੇ ਸਪੱਸ਼ਟ ਕੀਤਾ ਕਿ 31 ਦਸੰਬਰ 2025 ਤੱਕ ਸ਼ਹਿਰਾਂ ਅਤੇ ਪਿੰਡਾਂ ਦੀਆਂ ਪ੍ਰਸ਼ਾਸਨਿਕ ਸੀਮਾਵਾਂ ਨੂੰ ਅੰਤਿਮ ਰੂਪ ਦੇਣਾ ਲਾਜ਼ਮੀ ਹੈ। ਇਸ ਸਬੰਧ ਵਿਚ ਪ੍ਰਾਪਤ ਰਿਪੋਰਟਾਂ ਦੀ ਦੁਬਾਰਾ ਜਾਂਚ ਲਈ ਏ.ਡੀ.ਸੀ ਨੂੰ ਸ਼ਹਿਰੀ ਹਲਕਿਆਂ ਅਤੇ ਐਸ.ਡੀ.ਐਮਜ਼ ਨੂੰ ਪੇਂਡੂ ਹਲਕਿਆਂ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।

ਬਾਬਾ ਕਸ਼ਮੀਰਾ ਸਿੰਘ ਦੀ ਸੰਗਤ ਵਲੋਂ ਹੜ੍ਹ ਪੀੜਤਾਂ ਲਈ ਨਿਰੰਤਰ ਸੇਵਾ ਜਾਰੀ

ਸੁਲਤਾਨਪੁਰ ਲੋਧੀ (ਹਨੀ)- ਲੋਹੀਆਂ ਖ਼ਾਸ ਨੇੜੇ ਪਿੰਡ ਮੰਡਾਲਾ ਛੰਨਾ ਦਾ ਧੁੱਸੀ ਬੰਨ, ਜੋ ਕਿ ਸਤਲੁਜ ਦਰਿਆ ਦੇ ਪਾਣੀ ਦੀ ਧੱਸ ਕਾਰਨ ਕਮਜ਼ੋਰ ਹੋ ਗਿਆ ਹੈ, ਨੂੰ ਮਜ਼ਬੂਤ ਬਣਾਉਣ ਲਈ ਸੁਆਮੀ ਬਾਬਾ ਕਸ਼ਮੀਰਾ ਸਿੰਘ ਦੀ ਸੰਗਤ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਨਿਰੰਤਰ ਸੇਵਾ ਕੀਤੀ ਜਾ ਰਹੀ ਹੈ। ਸੇਵਾਦਾਰ ਮਿੱਟੀ ਅਤੇ ਹੋਰ ਸਮੱਗਰੀ ਦੀ ਵਰਤੋਂ ਕਰਕੇ ਬੰਨ ਦੀ ਮੁਰੰਮਤ ਅਤੇ ਮਜ਼ਬੂਤੀ ਵਿੱਚ ਲੱਗੇ ਹੋਏ ਹਨ। ਇਸ ਯਤਨ ਦਾ ਮੁੱਖ ਉਦੇਸ਼ ਹੜ੍ਹ ਤੋਂ ਪਿੰਡਾਂ ਦੀ ਰੱਖਿਆ ਕਰਨਾ ਅਤੇ ਲੋਕਾਂ ਨੂੰ ਸੁਰੱਖਿਅਤ ਬਣਾਉਣਾ

ਹੈ। ਸਥਾਨਕ ਵਸਨੀਕਾਂ ਵੱਲੋਂ ਵੀ ਇਸ ਕਾਰਜ ਦੀ ਭਰਪੂਰ ਪ੍ਰਸ਼ੰਸਾ ਕੀਤੀ ਜਾ ਰਹੀ ਹੈ। ਉਹ ਸੰਗਤ ਨਾਲ ਮਿਲਕੇ ਬੰਨ ਨੂੰ ਬਚਾਉਣ ਅਤੇ ਮਜ਼ਬੂਤ ਕਰਨ ਵਿੱਚ ਸਹਿਯੋਗ ਦੇ ਰਹੇ ਹਨ। ਜ਼ਿਕਰਯੋਗ ਹੈ ਕਿ ਸੁਆਮੀ ਬਾਬਾ ਕਸ਼ਮੀਰਾ ਸਿੰਘ ਜੀ ਦੀਆਂ ਸੰਸਥਾਵਾਂ ਵੱਲੋਂ ਲਗਾਤਾਰ ਹੜ੍ਹ-ਪੀੜਤ ਲੋਕਾਂ ਦੀ ਸੇਵਾ ਕੀਤੀ ਜਾ ਰਹੀ ਹੈ। ਪਿੰਡ ਗੱਟਾ ਮੁੰਡੀ ਕਾਸੂ ਵਿਖੇ ਮਿੱਟੀ ਦੇ ਟਿੱਪਰ ਸੇਵਾ ਲਈ ਮੁਹੱਈਆ ਕਰਵਾਏ ਗਏ ਅਤੇ ਲੋੜਵੰਦ ਪਰਵਾਰਾਂ ਨੂੰ ਰਾਹਤ ਸਮੱਗਰੀ ਵੰਡੀ ਗਈ। ਇਸੇ ਤਰ੍ਹਾਂ, ਪਿੰਡ ਥਾਮੂਵਾਲ ਅਤੇ ਕਈ ਹੋਰ ਪਿੰਡਾਂ ਵਿੱਚ ਵੀ ਸੰਸਥਾ ਵੱਲੋਂ ਲੋਕਾਂ ਦੀ ਸੇਵਾ ਜਾਰੀ ਹੈ ਅਤੇ ਹੜ੍ਹ-ਪੀੜਤਾਂ ਤੱਕ ਰਾਹਤ ਸਮੱਗਰੀ ਪਹੁੰਚਾਈ ਜਾ ਰਹੀ ਹੈ। ਇਹ ਸਾਰੇ ਕਾਰਜ ਸੁਆਮੀ ਬਾਬਾ ਕਸ਼ਮੀਰਾ ਸਿੰਘ ਦੇ ਦਿਸ਼ਾ ਅਨੁਸਾਰ ਸੰਸਥਾਵਾਂ ਦੇ ਪ੍ਰੈਜ਼ੀਡੈਂਟ ਸ. ਮਨਿੰਦਰਪਾਲ ਸਿੰਘ ਰਿਆੜ ਦੀ ਅਗਵਾਈ ਹੇਠ ਕੀਤੇ ਜਾ ਰਹੇ ਹਨ।

ਕਰਮਚਾਰੀਆਂ ਨੂੰ ਪੂਰੇ ਸਕੇਲਾਂ 'ਤੇ ਰੈਗੂਲਰ ਕਰੇ ਸਰਕਾਰ : ਜੀ ਟੀ ਯੂ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚ ਸਰਬ ਸਿੱਖਿਆ ਅਭਿਆਨ ਤਹਿਤ ਦਫਤਰਾਂ ਵਿੱਚ ਲਗਭਗ ਪਿਛਲੇ 20 ਸਾਲਾਂ ਤੋਂ ਕੰਮ ਕਰ ਰਹੇ ਦਫਤਰੀ ਕਰਮਚਾਰੀਆਂ ਅਤੇ ਸਕੂਲਾਂ ਵਿੱਚ ਰਮਸਾ ਅਧੀਨ ਕੰਮ ਕਰ ਰਹੇ ਲੈਬਟੈਂਡਟਾ ਅਤੇ ਕੁਝ ਹੋਰ ਕਰਮਚਾਰੀ ਜੋ ਵੱਖ-ਵੱਖ ਅਹੁਦਿਆਂ ਤੇ ਤੈਨਾਤ

ਹਨ ਨੂੰ ਰੈਗੂਲਰ ਕਰਨ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ ਜਿਸ ਵਿੱਚ ਉਪਰੋਕਤ ਕਰਮਚਾਰੀਆਂ ਨੂੰ ਪਿਛਲੇ 20 ਸਾਲ ਕੰਮ ਕਰਨ ਦੇ ਬਾਵਜੂਦ ਵੀ ਦੁਬਾਰਾ ਫਿਰ ਪਰਖ ਕਾਲ ਤੇ ਰੱਖਿਆ ਜਾ ਰਿਹਾ ਹੈ ਅਤੇ ਇਸ ਸਮੇਂ ਦੌਰਾਨ ਕਰਮਚਾਰੀਆਂ ਨੂੰ ਸਿਰਫ ਬੇਸਿਕ ਤਨਖ਼ਾਹ ਦਿੱਤੀ ਜਾਵੇਗੀ ਜੋ ਕਿ ਬਹੁਤ ਵੱਡਾ ਮਜ਼ਾਕ ਹੈ। ਇਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦੇ ਹੋਏ ਗੌਰਮੈਂਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ ਅਤੇ ਜਨਰਲ ਸਕੱਤਰ ਜਸਵੀਰ ਤਲਵਾੜਾ ਨੇ ਕਿਹਾ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਇਹਨਾਂ ਕਰਮਚਾਰੀਆਂ ਨੂੰ ਪੂਰੀ ਤਨਖਾਹ ਦੇ ਉੱਤੇ ਰੈਗੂਲਰ ਕੀਤਾ ਜਾਵੇ ਅਤੇ ਪੂਰੇ ਭੱਤਿਆਂ ਸਮੇਤ ਪੂਰੀ ਤਨਖਾਹ ਦਿੱਤੀ ਜਾਵੇ ਤਾਂ ਜੋ ਉਪਰੋਕਤ ਕਰਮਚਾਰੀ ਆਪਣੀ ਰੈਗੂਲਰ ਨੌਕਰੀ ਦਾ ਆਨੰਦ ਲੈ ਸਕਣ ਅਤੇ ਦਫਤਰਾਂ ਵਿੱਚ ਪੂਰੀ ਮਿਹਨਤ ਨਾਲ ਕੰਮ ਕਰਕੇ ਸਿੱਖਿਆ ਵਿਭਾਗ ਨੂੰ ਅੱਗੇ ਲੈ ਕੇ ਜਾ ਸਕਣ। ਇਸ ਮੌਕੇ ਲੈਕ ਅਮਰ ਸਿੰਘ,ਸੰਜੀਵ ਧੂਤ, ਸਰਬਜੀਤ ਸਿੰਘ, ਵਿਕਾਸ ਸ਼ਰਮਾ, ਰਾਜ ਕੁਮਾਰ, ਨਰਿੰਦਰ ਅਜਨੋਹਾ, ਦਵਿੰਦਰ ਸਿੰਘ ਹੁਸ਼ਿਆਰਪੁਰ, ਪ੍ਰਿੰਸ ਗੜ੍ਹਦੀਵਾਲਾ, ਰਜਤ ਮਹਾਜਨ ਤੇ ਹੋਰ ਵੱਡੀ ਗਿਣਤੀ ਵਿੱਚ ਅਧਿਆਪਕ ਆਗੂ ਮੌਜੂਦ ਸਨ।

ਸਾਲਾਨਾ ਛਿੰਝ ਮੇਲਾ ਸ਼ਾਨੋ-ਸ਼ੌਕਤ ਨਾਲ ਸਮਾਪਤ

ਬੰਗਾ (ਅਵਤਾਰ ਕਲੇਰ)- ਧੰਨ ਧੰਨ ਬਾਬਾ ਜਵਾਹਰ ਸਿੰਘ ਝੰਡਾ ਜੀ ਖਟਕੜ ਕਲਾਂ ਵਿਖੇ ਸਾਲਾਨਾ 20ਵਾਂ ਸਲਾਨਾ ਛਿੰਝ ਮੇਲਾ ਮੁੱਖ ਸੇਵਾਦਾਰ ਬਾਬਾ ਜਸਦੀਪ ਸਿੰਘ ਮੰਗਾ, ਐਨ ਆਰ ਆਈ ਵੀਰਾਂ ਅਤੇ ਸਮੂਹ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ

ਕਰਵਾਇਆ ਗਿਆ। ਚੌਧਰੀ ਮੋਹਨ ਲਾਲ ਸਾਬਕਾ ਵਿਧਾਇਕ ਬੰਗਾ ਤੇ ਆਪ ਵਲੋਂ ਹਲਕਾ ਇੰਚਾਰਜ ਕੁਲਜੀਤ ਸਿੰਘ ਸਰਹਾਲ ਵਿਸ਼ੇਸ਼ ਤੌਰ 'ਤੇ ਪਹੁੰਚੇ। ਪਹੁੰਚੇ ਹੋਏ ਮਹਿਮਾਨਾਂ ਵਲੋਂ ਬਾਬਾ ਜਸਦੀਪ ਸਿੰਘ ਅਤੇ ਪ੍ਰਬੰਧਕਾਂ ਨੂੰ ਛਿੰਝ ਮੇਲੇ ਦੀਆਂ ਵਧਾਈਆਂ ਦਿੱਤੀਆਂ। ਉਹਨਾਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਛਿੰਝ ਮੇਲੇ ਸਾਡੀ ਵਿਰਾਸਤ ਦਾ ਹਿੱਸਾ ਹਨ। ਮੇਲੇ 'ਚ 100 ਤੋਂ ਵੱਧ ਪਹਿਲਵਾਨਾਂ ਨੇ ਹਿੱਸਾ ਲਿਆ।ਪਟਕੇ ਦੀ ਕੁਸ਼ਤੀ ਹੰਦੀ ਇਰਾਨ ਤੇ ਸਦਾਮ ਹੁਸ਼ਿਆਰਪੁਰ ਵਿਚਕਾਰ ਹੋਈ ਜਿਸ ਵਿੱਚ ਹੰਦੀ ਇਰਾਨ ਜੇਤੂ ਰਿਹਾ। ਦੂਸਰੇ ਨੰਬਰ ਦੀ ਕੁਸ਼ਤੀ ਨੀਰਜ ਤੇ ਵਿਸ਼ਾਲ ਭੋਡੂ ਵਿਚਕਾਰ ਕੁਸ਼ਤੀ ਹੋਈ ਜਿਸ ਵਿੱਚ ਨੀਰਜ ਜੇਤੂ ਰਿਹਾ। ਤੀਸਰੇ ਨੰਬਰ ਦੀ ਕੁਸ਼ਤੀ ਤਾਲਿਬ ਤੇ ਅਭਿਨਾਇਕ ਵਿਚਕਾਰ ਕੁਸ਼ਤੀ ਵਿੱਚੋਂ ਅਭਿਨਾਇਕ ਜੇਤੂ ਰਿਹਾ। ਮੁੱਖ ਸੇਵਾਦਾਰ ਬਾਬਾ ਜਸਦੀਪ ਸਿੰਘ ਅਤੇ ਪ੍ਰਬੰਧਕਾਂ ਵੱਲੋਂ ਪਹੁੰਚੇ ਹੋਏ ਮਹਿਮਾਨਾਂ, ਪਹਿਲਵਾਨਾਂ, ਦਾਨੀ ਸੱਜਣਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ। ਇਸ ਮੌਕੇ ਬਾਬਾ ਜਸਦੀਪ ਸਿੰਘ, ਯੁਵਰਾਜ ਸਿੰਘ, ਬਹਾਦਰ ਸਿੰਘ ਸ਼ੇਰ ਗਿੱਲ,ਦੇਵ ਬਿੰਦ,ਦੀਪ ਯੂ ਕੇ, ਜਥੇਦਾਰ ਕੁਲਵਿੰਦਰ ਸਿੰਘ, ਪਰਮਜੀਤ ਸਿੰਘ ਦੋਸਾਂਝ, ਨਰਿੰਦਰ ਸਿੰਘ ਦੋਸਾਂਝ ਆਦਿ ਹਾਜ਼ਰ ਸਨ।

ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਵਿਸ਼ਵ ਪੰਜਾਬੀ ਦਿਵਸ ਮਨਾਇਆ

ਸੁਲਤਾਨਪੁਰ ਲੋਧੀ (ਹਨੀ)- ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਿੰਸੀਪਲ ਰੇਨੂੰ ਅਰੋੜਾ ਦੀ ਅਗਵਾਈ ਵਿਚ ਬਾਬਾ ਫਰੀਦ ਜੀ ਦੇ ਆਗਮਨ ਪੁਰਬ ਅਤੇ ਵਿਸ਼ਵ ਪੰਜਾਬੀ ਦਿਵਸ ਸਬੰਧੀ ਸਮਾਗਮ ਕਰਵਾਇਆ ਗਿਆ । ਇਸ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਐਕਟੀਵਿਟੀ ਵਿਚ ਹਿੱਸਾ ਲਿਆ । ਜਿਸ ਵਿੱਚ

ਵਿਦਿਆਰਥੀਆਂ ਨੇ ਪੰਜਾਬੀ ਭਾਸ਼ਾ ਵਿੱਚ ਬਾਬਾ ਫਰੀਦ ਜੀ ਦੇ ਜੀਵਨ ਅਤੇ ਬਾਣੀ ਨਾਲ ਸੰਬੰਧਿਤ ਤੁੱਕਾਂ ਦਾ ਉਚਾਰਨ, ਪੋਸਟਰ ਮੇਕਿੰਗ, ਸਲੋਗਨ ਲਿਖਤ ਦੇ ਰਾਹੀਂ ਬਾਬਾ ਫਰੀਦ ਜੀ ਦੇ ਪੰਜਾਬੀ ਭਾਸ਼ਾ ਨੂੰ ਦਿੱਤੇ ਅਨਮੁੱਲੇ ਯੋਗਦਾਨ ਨੂੰ ਯਾਦ ਕੀਤਾ । ਇਸ ਤੋਂ ਇਲਾਵਾ ਬੱਚਿਆਂ ਦਰਮਿਆਨ ਸੁੰਦਰ ਪੰਜਾਬੀ ਲੇਖਨ ਮੁਕਾਬਲੇ ਵੀ ਕਰਵਾਏ ਗਏ । ਇਸ ਸਬੰਧੀ ਆਪਣੇ ਵਿਚਾਰ ਸਾਂਝੇ ਕਰਦਿਆਂ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਨੇ ਕਿਹਾ ਕਿ ਬਾਬਾ ਫਰੀਦ ਜੀ ਦਾ ਪੰਜਾਬੀ ਭਾਸ਼ਾ ਨੂੰ ਪ੍ਰਫੁੱਲਤ ਕਰਨ ਵਿੱਚ ਬਹੁਤ ਹੀ ਮਹੱਤਵਪੂਰਨ ਯੋਗਦਾਨ ਹੈ । ਉਹਨਾਂ ਨੇ ਆਪਣੀ ਬਹੁਤੀ ਬਾਣੀ, ਸਲੋਕ, ਕਵਿਤਾਵਾਂ ਪੰਜਾਬੀ ਭਾਸ਼ਾ ਦੇ ਵਿੱਚ ਹੀ ਉਚਾਰਨ ਕੀਤੀਆਂ।

ਹੈਵੀ ਓਵਰਲੋਡ ਭਾਰੀ ਗੱਡੀਆਂ/ਟਿੱਪਰਾਂ ਦੇ ਚੱਲਣ 'ਤੇ ਪੂਰਨ ਪਾਬੰਦੀ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਸ਼੍ਰੀਮਤੀ ਪੂਜਾ ਸਿਆਲ ਗਰੇਵਾਲ ਨੇ ਹੁਕਮ ਜਾਰੀ ਕਰਦਿਆਂ ਕਿਹਾ ਕਿ ਭਾਰਤੀ ਸੁਰਕਸ਼ਾ ਸੰਹਿਤਾ 163 ਅਧੀਨ ਕਲਮਾ-ਨੂਰਪੁਰਬੇਦੀ-ਰੂਪਨਗਰ ਰੋਡ ਤੇ ਆਉਣ ਜਾਣ ਵਾਲੇ ਹੈਵੀ ਓਵਰਲੋਡ ਭਾਰੀ ਗੱਡੀਆਂ/ਟਿੱਪਰਾਂ ਦੇ ਚੱਲਣ ਤੇ ਪੂਰਨ ਤੌਰ ਤੇ ਰੋਕ ਲਗਾਈ ਗਈ ਹੈ। ਕਲਮਾ-ਨੂਰਪੁਰਬੇਦੀ-ਰੂਪਨਗਰ ਰੋਡ ਤੇ ਵੱਡੀ ਗਿਣਤੀ ਵਿੱਚ ਪਿੰਡ ਪੈਂਦੇ ਹਨ ਅਤੇ ਵੱਡੀ ਗਿਣਤੀ ਵਿੱਚ ਲੋਕ ਇਹਨਾਂ ਪਿੰਡਾਂ ਦੇ ਵਸਨੀਕ ਹਨ। ਇਸ ਤੋਂ ਇਲਾਵਾ ਇਸ ਰੋਡ ਤੋਂ ਕਾਫੀ ਸਕੂਲ ਪੈਂਦੇ ਹਨ ਜਿਨ੍ਹਾਂ ਵਿੱਚ ਪੜ੍ਹਨ ਵਾਲੇ ਸਕੂਲੀ ਵਿਦਿਆਰਥੀ ਇਸ ਰੋਡ ਰਾਹੀ ਸਕੂਲ ਤੇ ਆਉਣਾ-ਜਾਣਾ ਕਰਦੇ ਹਨ। ਓਵਰਲੋਡ

ਟਿੱਪਰਾ ਦੀ ਆਵਾਜਾਈ ਕਾਰਨ ਪਹਿਲਾਂ ਕਈ ਹਾਦਸੇ ਵਾਪਰ ਚੁੱਕ ਹਨ ਜਿਸ ਕਾਰਨ ਲਾਅ ਐਂਡ ਆਰਡਰ ਦੀ ਸਥਿਤੀ ਪ੍ਰਭਾਵਿਤ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਇਸ ਰੋਡ ਤੇ ਟਿੱਪਰਾ ਦੀ ਜਿਆਦਾ ਆਵਾਜਾਈ ਕਾਰਨ ਨਿੱਤ ਨਵੇਂ ਹਾਦਸੇ ਵਾਪਰਦੇ ਰਹਿੰਦੇ ਹਨ। ਲੋਕਾਂ ਦੀ ਮੰਗ ਤਹਿਤ ਇਹਨਾਂ ਓਵਰਲਡ ਟਿੱਪਰਾ ਪਾਬੰਦੀ ਲਗਾਉਂਦੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਵਿਚ ਲਿਆਂਦਾ ਹੈ ਕਿ ਜ਼ਿਲ੍ਹਾ ਰੂਪਨਗਰ ਅੰਦਰ ਚੱਲ ਰਹੀ ਮਾਈਨਿੰਗ ਵਿੱਚ ਸ਼ਾਮਿਲ ਵੱਡੀ ਗਿਣਤੀ ਵਿੱਚ ਓਵਰਲੋਡ ਟਿੱਪਰਾ ਦੀ ਆਵਾਜਾਈ ਆਮ ਦੇਣ ਤੋਂ ਕਲਮਾ ਨੂਰਪੁਰਬੇਦੀ-ਰੂਪਨਗਰ ਰੋਡ ਤੋਂ ਹੋ ਰਹੀ ਹੈ ਅਤੇ ਸਖਤੀ ਕੀਤੀ ਜਾ ਰਹੀ ਹੈ ਅਤੇ ਇਹਨਾਂ ਟਿੱਪਰਾ ਦੀ ਆਵਾਜਾਈ ਕਲਮਾ- ਨੂਰਪੁਰਬੇਦੀ- ਰੂਪਨਗਰ ਰੋਡ ਤੋਂ ਬੰਦ ਕਰਵਾ ਕੇ ਪਚਰੰਡਾ ਮੋੜ ਤੋਂ ਸ੍ਰੀ ਅਨੰਦਪੁਰ ਸਾਹਿਬ ਰਾਹੀ ਯਕੀਨੀ ਬਣਾਈ ਜਾਵੇ।ਇਹ ਹੁਕਮ 24 ਨਵੰਬਰ 2025 ਤੱਕ ਲਾਗੂ ਰਹਿਣਗੇ।

ਮਮਤਾ ਦਿਵਸ ਮਨਾਇਆ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਡਾ. ਸੁਖਵਿੰਦਰਜੀਤ ਸਿੰਘ ਸਿਵਲ ਸਰਜਨ ਰੂਪਨਗਰ ਦੇ ਹੁਕਮਾਂ ਅਤੇ ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾ. ਨਵਰੂਪ ਕੌਰ ਦੇ ਨਿਰਦੇਸ਼ਾਂ ਅਨੁਸਾਰ ਜਨਮ ਸਮੇਂ ਬੱਚੇ ਅਤੇ ਮਾਂ ਦੀ ਮੌਤ ਦਰ ਨੂੰ ਘਟਾਉਣ ਦੇ ਉਦੇਸ਼ ਨਾਲ ਪੀ.ਐੱਚ.ਸੀ ਕੀਰਤਪੁਰ ਸਾਹਿਬ ਅਤੇ ਇਸਦੇ ਅਧੀਨ

ਆਉਂਦੇ ਵੱਖ ਵੱਖ ਆਯੁਸ਼ਮਾਨ ਅਰੋਗਿਆ ਕੇਂਦਰਾਂ 'ਤੇ ਮਮਤਾ ਦਿਵਸ ਮਨਾਇਆ ਗਿਆ। ਇਸ ਦੌਰਾਨ ਬੱਚਿਆਂ ਅਤੇ ਗਰਭਵਤੀ ਔਰਤਾਂ ਦੀ ਮੁਫ਼ਤ ਸਿਹਤ ਜਾਂਚ ਅਤੇ ਟੀਕਾਕਰਨ ਕੀਤਾ ਗਿਆ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਇੰ: ਡਾਕਟਰ ਜੰਗਜੀਤ ਸਿੰਘ ਨੇ ਦੱਸਿਆ ਕਿ ਜਣੇਪੇ ਦੌਰਾਨ ਮਾਂ ਅਤੇ ਬੱਚੇ ਦੀ ਮੌਤ ਦਰ ਨੂੰ ਸਿਫ਼ਰ 'ਤੇ ਲੈ ਕੇ ਆਉਣ ਲਈ ਹਰ ਬੁੱਧਵਾਰ ਮਮਤਾ ਦਿਵਸ ਮਨਾਇਆ ਜਾਂਦਾ ਹੈ। ਉਹਨਾਂ ਦੱਸਿਆ ਕਿ ਪੋਸ਼ਣ ਮਹੀਨੇ ਦੌਰਾਨ ਮਨਾਏ ਗਏ ਇਸ ਮਮਤਾ ਦਿਵਸ ਮੌਕੇ ਗਰਭਵਤੀ ਔਰਤਾਂ ਅਤੇ ਨਿੱਕੇ ਬੱਚਿਆਂ ਦੀਆਂ ਮਾਂਵਾਂ ਨੂੰ ਪੌਸ਼ਕ ਤੱਤਾਂ ਨਾਲ ਭਰਪੂਰ ਸੰਤੁਲਿਤ ਖ਼ੁਰਾਕ ਲੈਣ ਅਤੇ ਬੱਚੇ ਲਈ ਮਾਂ ਦੇ ਦੁੱਧ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ। ਉਹਨਾਂ ਕਿਹਾ ਕਿ ਔਰਤ ਦੀ ਚੰਗੀ ਸਿਹਤ ਇੱਕ ਮਜ਼ਬੂਤ ਪਰਵਾਰ ਅਤੇ ਬਿਹਤਰ ਸਮਾਜ ਦੀ ਸਿਰਜਣਾ ਵਿਚ ਅਹਿਮ ਰੋਲ ਅਦਾ ਕਰਦੀ ਹੈ। ਇਸ ਲਈ ਉਹਨਾਂ ਨੂੰ ਆਪਣੇ ਭੋਜਨ ਵਿਚ ਹਰੀਆਂ ਸਬਜ਼ੀਆਂ, ਫ਼ਲ ਅਤੇ ਦੁੱਧ ਆਦਿ ਨੂੰ ਜ਼ਰੂਰ ਸ਼ਾਮਲ ਕਰਨਾ ਚਾਹੀਦਾ ਹੈ। ਇਸ ਮੌਕੇ ਐੱਸ.ਆਈ ਬਲਵੰਤ ਰਾਏ ਨੇ ਦੱਸਿਆ ਕਿ ਮਿੰਨੀ ਪੀ.ਐੱਚ.ਸੀ ਢੇਰ ਅਤੇ ਆਯੂਸ਼ਮਾਨ ਅਰੋਗਿਆ ਕੇਂਦਰ ਅਗੰਮਪੁਰ ਵਿਖੇ ਸਿਹਤ ਜਾਂਚ ਕਰਵਾਉਣ ਆਈਆਂ ਗਰਭਵਤੀ ਔਰਤਾਂ ਨੂੰ ਸਰਕਾਰ ਵੱਲੋਂ ਚਲਾਏ ਜਾ ਰਹੇ 'ਸਵੱਸਥ ਨਾਰੀ ਸਸ਼ਕਤ ਪਰਵਾਰ' ਅਭਿਆਨ ਬਾਰੇ ਵੀ ਜਾਗਰੂਕ ਕੀਤਾ ਗਿਆ।

ਰਾਜਪਾਲ ਗੁਲਾਬ ਚੰਦਰ ਕਟਾਰੀਆ ਨੇ ਸ਼੍ਰੋਮਣੀ ਸ੍ਰੀ ਵਿਸ਼ਵਕਰਮਾ ਮੰਦਰ ਫਗਵਾੜਾ ਵਿਖੇ ਮੱਥਾ ਟੇਕਿਆ

ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)- ਮਾਨਯੋਗ ਰਾਜਪਾਲ ਪੰਜਾਬ ਗੁਲਾਬ ਚੰਦ ਕਟਾਰੀਆ ਨੇ ਸ਼੍ਰੋਮਣੀ ਸ੍ਰੀ ਵਿਸ਼ਵਕਰਮਾ ਮੰਦਰ ਬੰਗਾ ਰੋਡ ਫਗਵਾੜਾ ਵਿਖੇ ਪਹੁੰਚ ਕੇ ਮੱਥਾ ਟੇਕਿਆ। ਮੰਦਰ ਕਮੇਟੀ ਦੇ ਪ੍ਰਧਾਨ ਪ੍ਰਦੀਪ ਧੀਮਾਨ ਅਤੇ ਵਾਈਸ ਪ੍ਰਧਾਨ ਗੁਰਮੁੱਖ ਸਿੰਘ ਨਾਮਧਾਰੀ ਤੇ ਸਮੂਹ ਮੈਂਬਰਾਂ ਨੇ ਉਹਨਾਂ ਨੂੰ ਸਨਮਾਨਤ ਕੀਤਾ। ਗੁਲਾਬ ਚੰਦ ਕਟਾਰੀਆ ਨੇ ਮੰਦਰ ਤੇ ਸ੍ਰੀ ਵਿਸ਼ਵਕਰਮਾ ਚੈਰੀਟੇਬਲ ਹਸਪਤਾਲ ਟਰੱਸਟ ਵਿਖੇ ਚੱਲ ਰਹੇ ਲੋਕ ਭਲਾਈ ਦੇ ਕਾਰਜਾਂ ਦੀ ਸ਼ਲਾਘਾ ਕੀਤੀ ਤੇ ਸ੍ਰੀ ਵਿਸ਼ਵਕਰਮਾ ਚੈਰੀਟੇਬਲ ਹਸਪਤਾਲ ਟਰੱਸਟ ਫਗਵਾੜਾ ਦੁਬਾਰਾ ਆਉਣ ਦਾ ਵਾਅਦਾ ਕੀਤਾ। ਇਸ ਮੌਕੇ ਤੇ ਪੰਜਾਬ ਦੇ ਸਾਬਕਾ ਮੰਤਰੀ ਮਨੋਰੰਜਨ ਕਾਲੀਆ, ਐਮ.ਐਲ.ਏ. ਫਗਵਾੜਾ ਬਲਵਿੰਦਰ ਸਿੰਘ ਧਾਲੀਵਾਲ, ਰਾਮਗੜ੍ਹੀਆ ਸੰਸਥਾ ਦੀ ਚੇਅਰਪਰਸਨ ਮਨਪ੍ਰੀਤ ਭੋਗਲ ਅਤੇ ਡਾਇਰੈਕਟਰ ਵਿਓਮਾ ਭੋਗਲ, ਕਪੂਰਥਲਾ ਭਾਜਪਾ ਦੇ ਪ੍ਰਧਾਨ ਰਣਜੀਤ ਸਿੰਘ ਖੋਜੇਵਾਲ ਅਤੇ ਜਿਲਾ ਯੂਥ ਪ੍ਰਧਾਨ ਸੰਨੀ ਬੈਂਸ, ਡੀ.ਸੀ. ਕਪੂਰਥਲਾ ਅਮਿਤ ਕੁਮਾਰ ਪੰਚਾਲ, ਐਸ.ਐਸ.ਪੀ. ਕਪੂਰਥਲਾ ਗੌਰਵ ਤੂਰਾ, ਮਿਊਂਸੀਪਲ ਕਾਪੋਰੇਸ਼ਨ ਫਗਵਾੜਾ ਕਮਿਸ਼ਨਰ ਅਕਸ਼ਿਤਾ ਗੁਪਤਾ, ਐਸ.ਡੀ.ਐਮ. ਫਗਵਾੜਾ ਜਸ਼ਨਜੀਤ ਸਿੰਘ ਹਾਜ਼ਰ ਸਨ। ਇਸ ਤੋਂ ਇਲਾਵਾ ਮੰਦਰ ਕਮੇਟੀ ਦੇ ਸਰਪ੍ਰਸਤ ਜਸਪਾਲ ਸਿੰਘ ਲਾਲ, ਸੰਤ ਨੱਛਤਰ ਸਿੰਘ ਲਾਲ, ਸੀਨੀਅਰ ਵਾਈਸ ਪ੍ਰਧਾਨ ਸੁਰਿੰਦਰ ਪਾਲ ਧੀਮਾਨ, ਭੁਪਿੰਦਰ ਸਿੰਘ ਜੰਡੂ, ਪ੍ਰਸ਼ਾਂਤ ਧੀਮਾਨ, ਵਿਸ਼ਾਲ ਭੋਗਲ, ਅਸ਼ੋਕ ਧੀਮਾਨ, ਅਮੋਲਕ ਸਿੰਘ ਝੀਤਾ ਤੇ ਹੋਰ ਵੀ ਸਿਆਸੀ ਆਗੂ ਵਿਸ਼ੇਸ਼ ਤੌਰ 'ਤੇ ਸ਼ਾਮਿਲ ਸਨ।

ਭਾਈ ਜੈਤਾ ਜੀ ਫਾਊਂਡੇਸ਼ਨ ਨੇ ਸਿਹਤ ਵਿਭਾਗ ਨੂੰ ਭੇਟ ਕੀਤੀਆਂ ਦਵਾਈਆਂ

ਗੁਰਦਾਸਪੁਰ (ਦਿਨੇਸ਼ ਕੁਮਾਰ)-ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਪੀੜਤ ਖੇਤਰਾਂ ਵਿੱਚ ਦਵਾਈਆਂ ਦੀ ਪੂਰਤੀ ਲਈ ਭਾਈ ਜੈਤਾ ਜੀ ਫਾਊਂਡੇਸ਼ਨ ਚੰਡੀਗੜ੍ਹ ਵੱਲੋਂ ਸਿਹਤ ਵਿਭਾਗ ਗੁਰਦਾਸਪੁਰ ਨੂੰ ਦਵਾਈਆਂ ਦਿੱਤੀਆਂ ਗਈਆਂ। ਸਿਵਲ ਸਰਜਨ ਗੁਰਦਾਸਪੁਰ ਡਾਕਟਰ ਜਸਵਿੰਦਰ ਸਿੰਘ ਨਾਲ ਮੁਲਾਕਾਤ ਕਰਕੇ ਫਾਊਂਡੇਸ਼ਨ ਦੇ ਅਹੁਦੇਦਾਰਾਂ ਵੱਲੋਂ ਦਵਾਈਆਂ ਵਿਭਾਗ ਦੇ ਸਪੁਰਦ ਕੀਤੀਆਂ ਗਈਆਂ। ਇਸ ਮੌਕੇ ਸਿਵਲ ਸਰਜਨ ਡਾਕਟਰ ਜਸਵਿੰਦਰ ਸਿੰਘ ਨੇ ਕਿਹਾ ਕਿ ਸੰਸਥਾ ਵੱਲੋਂ ਸਮਾਜ ਭਲਾਈ ਲਈ ਵਧੀਆ ਕੰਮ ਕੀਤਾ ਜਾ ਰਿਹਾ ਹੈ।

ਬੱਚਿਆਂ ਨੂੰ ਮੁਫ਼ਤ ਸਿੱਖਿਆ ਦੇ ਕੇ ਡਾਕਟਰ ਅਤੇ ਇੰਜੀਨੀਅਰ ਬਣਾਇਆ ਜਾ ਰਿਹਾ ਹੈ।ਫਾਊਂਡੇਸ਼ਨ ਦੀ ਉਪ ਪ੍ਰਧਾਨ ਪਰਮਜੀਤ ਕੌਰ ਨੇ ਕਿਹਾ ਕਿ ਸੰਸਥਾ ਭਵਿੱਖ ਵਿੱਚ ਵੀ ਵਿਭਾਗ ਨੂੰ ਮਦਦ ਦਿੰਦੀ ਰਹੇਗੀ। ਸੰਸਥਾ ਵੱਲੋਂ 10 ਤੋਂ ਬਾਅਦ ਉਨ੍ਹਾਂ ਹੋਣਹਾਰ ਵਿਦਿਆਰਥੀਆਂ ਨੂੰ ਚੁਣਿਆ ਜਾਂਦਾ ਹੈ, ਜੋ ਕਿਸੇ ਕਾਰਨ ਪੜ੍ਹਾਈ ਦਾ ਖਰਚਾ ਨਹੀਂ ਕਰ ਸਕਦੇ। ਇਨ੍ਹਾਂ ਬੱਚਿਆਂ ਨੂੰ ਜਮ੍ਹਾਂ 1 ਅਤੇ ਜਮ੍ਹਾਂ 2 ਦੀ ਪੜ੍ਹਾਈ ਦੇ ਨਾਲ ਹੀ ਡਾਕਟਰੀ ਅਤੇ ਇੰਜੀਨੀਅਰਿੰਗ ਦੀ ਪ੍ਰੀਖਿਆ ਦੀ ਤਿਆਰੀ ਕਰਵਾਈ ਜਾਂਦੀ ਹੈ।ਇਸ ਮੌਕੇ ਏ.ਸੀ.ਐਸ ਡਾਕਟਰ ਪ੍ਰਭਜੋਤ ਕੌਰ ਕਲਸੀ, ਜ਼ਿਲ੍ਹਾ ਪਰਵਾਰ ਭਲਾਈ ਅਫ਼ਸਰ ਡਾਕਟਰ ਤੇਜਿੰਦਰ ਕੌਰ, ਡਾਕਟਰ ਅੰਕੁਰ ਕੌਸ਼ਲ ਆਦਿ ਹਾਜ਼ਰ ਸਨ।

ਤਰਨ ਤਾਰਨ ਪੁਲਸ ਨੇ ਦਿਖਾਈ ਫੁਰਤੀ

ਚੋਪੜਾ ਹਸਪਤਾਲ ਤੇ ਸੇਂਟ ਕਬੀਰ ਸਕੂਲ ਦਾਸੂਵਾਲ 'ਤੇ ਗੋਲੀਆਂ ਚਲਾਉਣ ਵਾਲਿਆਂ ਨੂੰ ਐਨਕਾਊਂਟਰ ਦੌਰਾਨ ਦਬੋਚਿਆ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਨ/ਰਣਬੀਰ ਸਿੰਘ ਗੋਲਨ)-ਐੱਸ ਐੱਸ ਪੀ ਤਰਨ ਤਾਰਨ ਰਵਜੋਤ ਗਰੇਵਾਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਡੀ ਐੱਸ ਪੀ ਭਿੱਖੀਵਿੰਡ ਪ੍ਰੀਤ ਇੰਦਰ ਸਿੰਘ ਤੇ ਡੀ ਐੱਸ ਪੀ ਪੱਟੀ ਲਵਕੇਸ਼ ਸੈਣੀ ਵੱਲੋਂ ਵੱਖ-ਵੱਖ ਟੀਮਾਂ ਬਣਾ ਕੇ ਭਿੱਖੀਵਿੰਡ ਵਿੱਚ ਚੋਪੜਾ ਹਸਪਤਾਲ ਤੇ ਦਾਸੂਵਾਲ ਵਿੱਚ ਸੇਂਟ ਕਬੀਰ ਸਕੂਲ 'ਤੇ ਗੋਲੀਆਂ ਚਲਾਉਣ ਵਾਲਿਆਂ ਨੂੰ ਐਨਕਾਊਂਟਰ ਦੌਰਾਨ ਦਬੋਚ ਲਿਆ ਗਿਆ ਹੈ। ਮੌਕੇ 'ਤੇ ਪਹੁੰਚੇ ਐੱਸ ਐੱਸਪੀ ਰਵਜੋਤ ਗਰੇਵਾਲ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਿੱਖੀਵਿੰਡ ਵਿੱਚ ਸਥਿਤ ਚੋਪੜਾ ਹਸਪਤਾਲ ਤੇ ਦਾਸੂਵਾਲ ਦੇ ਸੇਂਟ ਕਬੀਰ ਸਕੂਲ 'ਤੇ ਗੋਲੀਆਂ ਚਲਾਉਣ ਵਾਲੇ ਰਣਦੀਪ ਸਿੰਘ, ਗੁਰਜੰਟ ਸਿੰਘ,ਜਗਸੀਰ ਸਿੰਘ ਤੇ ਮਲਕੀਤ ਸਿੰਘ ਨਾਮਕ ਨੌਜਵਾਨ ਜੋ ਗੈਂਗਸਟਰ ਪ੍ਰਭ ਦਾਸੂਵਾਲ ਦੇ ਗੁਰਗੇ ਹਨ,ਦੇ ਪਿੰਡ ਦਾਸੂਵਾਲ ਵਿੱਚ ਮੌਜੂਦ ਹੋਣ ਸੰਬੰਧੀ ਉਨ੍ਹਾਂ ਨੂੰ ਗੁਪਤ ਜਾਣਕਾਰੀ ਪ੍ਰਾਪਤ ਹੋਈ ਸੀ, ਜਿਸ ਤੋਂ ਬਾਅਦ ਜਦੋਂ ਉਨ੍ਹਾਂ ਦੀਆਂ ਟੀਮਾਂ ਨੇ ਪ੍ਰਭ ਦਾਸੂਵਾਲ ਦੇ ਨਜ਼ਦੀਕੀ ਰਿਸ਼ਤੇਦਾਰ ਗੁਰਸਾਹਿਬ ਸਿੰਘ ਦੇ ਘਰ ਨੂੰ ਘੇਰ ਕੇ ਅੰਦਰ ਮੌਜੂਦ ਚੌਹਾਂ ਜਣਿਆਂ ਨੂੰ ਆਤਮ ਸਮਰਪਣ ਕਰਨ ਲਈ ਕਿਹਾ ਤਾਂ ਉਕਤ ਮੁਲਜ਼ਮਾਂ ਨੇ ਪੁਲਸ ਪਾਰਟੀ ਉੱਪਰ ਤਾਬੜਤੋੜ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਪੁਲਸ ਵੱਲੋਂ ਕੀਤੀ ਗਈ ਜਵਾਬੀ ਕਾਰਵਾਈ 'ਚ ਉਕਤ ਮੁਲਜ਼ਮ ਜ਼ਖ਼ਮੀ ਹੋ ਗਏ। ਉਨ੍ਹਾਂ ਦੱਸਿਆ ਕਿ ਗ੍ਰਿਫ਼ਤਾਰ ਕਰਕੇ ਮੁਲਜ਼ਮਾਂ ਪਾਸੋਂ 12 ਬੋਰ ਰਾਈਫਲ ਸਮੇਤ ਜ਼ਿੰਦਾ ਰੌਂਦ,315 ਬੋਰ ਰਾਈਫ਼ਲ,30 ਬੋਰ ਪਿਸਟਲ ਸਮੇਤ ਮੈਗਜ਼ੀਨ ਤੇ ਵਾਰਦਾਤਾਂ ਵਿੱਚ ਵਰਤਿਆ ਗਿਆ ਮੋਟਰਸਾਈਕਲ ਬਰਾਮਦ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਜ਼ਖ਼ਮੀ ਹੋਏ ਚੌਹਾਂ ਮੁਲਜ਼ਮਾਂ ਨੂੰ ਇਲਾਜ ਲਈ ਸਰਕਾਰੀ ਹਸਪਤਾਲ ਵਿੱਚ ਦਾਖ਼ਲ ਕਰਵਾਇਆ ਗਿਆ ਹੈ। ਐੱਸ ਐੱਸ ਪੀ ਨੇ ਕਿਹਾ ਕਿ ਉਕਤ ਮੁਲਜ਼ਮ ਵਿਦੇਸ਼ ਵਿੱਚ ਬੈਠੇ ਗੈਂਗਸਟਰ ਪ੍ਰਭ ਦਾਸੂਵਾਲ ਦੇ ਇਸ਼ਾਰੇ 'ਤੇ ਜ਼ਿਲ੍ਹੇ ਵਿੱਚ ਫਿਰੌਤੀ ਦੀਆਂ ਵਾਰਦਾਤਾਂ ਨੂੰ ਅੰਜ਼ਾਮ ਦਿੰਦੇ ਸਨ।

ਖ਼ਾਲਸਾ ਕਾਲਜ ਵੈਟਰਨਰੀ ਵਿਖੇ ਜੈਵਿਕ ਪਸ਼ੂ ਪਾਲਣ 'ਤੇ ਵਰਕਸ਼ਾਪ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖਾਲਸਾ ਕਾਲਜ ਆਫ਼ ਵੈਟਰਨਰੀ ਐਂਡ ਐਨੀਮਲ ਸਾਇੰਸਜ਼ ਵਿਖੇ 'ਭਾਰਤ 'ਚ ਜੈਵਿਕ ਪਸ਼ੂ ਪਾਲਣ-ਮੌਕੇ ਅਤੇ ਚੁਣੌਤੀਆਂ' ਵਿਸ਼ੇ 'ਤੇ ਇੱਕ ਰੋਜ਼ਾ ਰਾਸ਼ਟਰੀ ਵਰਕਸ਼ਾਪ ਕਰਵਾਈ ਗਈ। ਕਾਲਜ ਪ੍ਰਿੰਸੀਪਲ ਡਾ. ਹਰੀਸ਼ ਕੁਮਾਰ ਵਰਮਾ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਰਵਾਈ ਗਈ ਉਕਤ ਵਰਕਸ਼ਾਪ ਮੌਕੇ ਦੇਸ਼ ਭਰ ਦੇ ਉੱਘੇ ਵਿਗਿਆਨੀਆਂ, ਸਿੱਖਿਆ ਸ਼ਾਸਤਰੀਆਂ, ਨੀਤੀ ਨਿਰਮਾਤਾਵਾਂ, ਉਦਯੋਗਪਤੀਆਂ ਅਤੇ ਹਿੱਸੇਦਾਰਾਂ ਨੂੰ ਭਾਰਤ 'ਚ ਜੈਵਿਕ ਪਸ਼ੂ ਪਾਲਣ ਦੇ ਦਾਇਰੇ ਅਤੇ ਭਵਿੱਖ 'ਤੇ ਵਿਚਾਰ-ਵਟਾਂਦਰਾ ਕਰਨ ਸਬੰਧੀ ਇਕੱਠਾ ਕੀਤਾ ਗਿਆ। ਇਸ ਮੌਕੇ ਪ੍ਰਿੰ: ਡਾ. ਵਰਮਾ ਨੇ ਕਿਹਾ ਕਿ ਜੈਵਿਕ ਪਸ਼ੂ ਪਾਲਣ ਜੈਵਿਕ ਦੁੱਧ ਦੇ ਉਤਪਾਦਨ ਵੱਲ ਲੈ ਜਾਂਦਾ ਹੈ, ਜਿਸ ਨੂੰ ਸ਼ੁੱਧ ਕਿਹਾ ਜਾ ਸਕਦਾ ਹੈ ਜੋ ਪੁਰਾਣੇ ਦੁੱਧ ਨਾਲ ਸਬੰਧਤ ਹੈ। ਉਨ੍ਹਾਂ ਕਿਹਾ ਕਿ ਇੱਥੋਂ ਤੱਕ ਕਿ ਬਜ਼ੁਰਗਾਂ ਦੇ ਆਸ਼ੀਰਵਾਦ ਵੀ 'ਤੁਹਾਨੂੰ ਦੁੱਧ ਨਾਲ ਨਹਾਉਣ ਦਿਓ, ਤੁਸੀਂ ਖਿੜੋ ਅਤੇ ਵਧੋ' (ਦੁੱਧੋ ਨਹਾਓ ਪੁਤੋ ਫਲੋ) ਵਰਗੇ ਸਨ, ਜੋ ਇਹ ਕਹਿੰਦੇ ਹੋਏ ਪ੍ਰਮਾਣਿਤ ਕਰਦਾ ਹੈ ਕਿ ਦੁੱਧ ਇਕ ਅੰਮ੍ਰਿਤ ਹੈ। ਇਸ ਮੌਕੇ ਐੱਮ. ਡੀ. ਡਾ. ਐਸ. ਕੇ. ਨਾਗਪਾਲ ਨੇ ਜੈਵਿਕ ਉਤਪਾਦਾਂ ਲਈ ਉਚਿਤ ਮੁੱਲ ਨੂੰ ਯਕੀਨੀ ਬਣਾਉਣ ਲਈ ਕਿਸਾਨਾਂ ਨੂੰ ਸਿੱਧੇ ਖਪਤਕਾਰਾਂ ਨਾਲ ਜੋੜਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਜਦਕਿ ਕਾਲਜ ਦੇ ਸੰਗਠਨ ਸਕੱਤਰ ਡਾ. ਵੀ. ਵੀ. ਕੁਲਕਰਨੀ ਨੇ ਜੈਵਿਕ ਖੇਤੀ ਦੇ ਵਧ ਰਹੇ ਬਾਜ਼ਾਰ ਮੌਕਿਆਂ ਅਤੇ ਨੀਤੀਗਤ ਸਾਰਥਿਕਤਾ 'ਤੇ ਜ਼ੋਰ ਦਿੱਤਾ। ਉਦਘਾਟਨੀ ਸਮਾਰੋਹ ਦਾ ਇਕ ਵਿਸ਼ੇਸ਼ ਆਕਰਸ਼ਣ ਡਾ. ਐਸ. ਬੀ. ਬਰਬੁੱਧੇ, ਡਾਇਰੈਕਟਰ, ਆਈ. ਸੀ. ਏ. ਆਰ.-ਐੱਨ. ਐੱਮ. ਆਰ. ਆਈ., ਹੈਦਰਾਬਾਦ ਦੁਆਰਾ ਪ੍ਰਕਾਸ਼ਨਾਂ ਦਾ ਰਿਲੀਜ਼ ਸੀ। ਇਸ ਦੌਰਾਨ ਡਾ. ਵਰਮਾ ਦੀ ਪ੍ਰਧਾਨਗੀ ਹੇਠ ਤਕਨੀਕੀ ਸੈਸ਼ਨ 9 'ਚ ਬੁਲਾਰਿਆਂ ਨੇ ਜੈਵਿਕ ਪਸ਼ੂਧਨ ਪਾਲਣ ਦੀ ਮੌਜੂਦਾ ਸਥਿਤੀ ਅਤੇ ਭਵਿੱਖ ਦੇ ਦਾਇਰੇ ਸਬੰਧੀ ਚਰਚਾ ਕੀਤੀ। ਇਸ ਮੌਕੇ ਡਾ. ਮਹੇਸ਼ ਚੰਦਰ, ਪ੍ਰਿੰਸੀਪਲ ਸਾਇੰਟਿਸਟ, ਆਈ. ਵੀ. ਆਰ. ਆਈ. ਨੇ ਵਿਸਥਾਰ ਦ੍ਰਿਸ਼ਟੀਕੋਣਾਂ ਨੂੰ ਉਜਾਗਰ ਕੀਤਾ, ਜਦੋਂ ਕਿ ਡਾ. ਬਾਸਵਾ ਰੈਡੀ, ਆਈ. ਸੀ. ਏ. ਆਰ.-ਐੱਨ. ਐੱਮ. ਆਰ. ਆਈ., ਹੈਦਰਾਬਾਦ ਨੇ ਖੇਤਰੀ ਅਨੁਭਵ ਸਾਂਝੇ ਕੀਤੇ। ਇਸ ਮੌਕੇ ਸ੍ਰੀ ਆਰ. ਕੇ. ਸ਼ਰਮਾ ਨੇ ਜੈਵਿਕ ਅਤੇ ਕੁਦਰਤੀ ਪਸ਼ੂਧਨ ਅਭਿਆਸਾਂ 'ਚ ਫ਼ਰਕ ਸਬੰਧੀ ਗੱਲ ਕੀਤੀ। ਡਾ. ਵਰਮਾ ਨੇ ਕਿਹਾ ਕਿ ਵਰਕਸ਼ਾਪ ਕਿ ਵਰਕਸ਼ਾਪ ਦਾ ਮੁੱਖ ਸਿੱਟਾ ਇਹ ਸੀ ਕਿ ਜੈਵਿਕ ਸਿਰਫ਼ ਇਕ ਉਤਪਾਦ ਨਹੀਂ ਹੈ, ਸਗੋਂ ਇਕ ਪ੍ਰਕਿਰਿਆ ਹੈ, ਜੋ ਆਧੁਨਿਕ ਪਸ਼ੂ ਪ੍ਰਬੰਧਨ 'ਚ ਸੰਪੂਰਨ, ਵਾਤਾਵਰਣ-ਅਨੁਕੂਲ ਅਤੇ ਲਾਗਤ-ਪ੍ਰਭਾਵਸ਼ਾਲੀ ਪਹੁੰਚਾਂ ਦੀ ਮਹੱਤਤਾ ਨੂੰ ਉਜਾਗਰ ਕਰਦੀ ਹੈ। ਦੂਸਰੇ ਤਕਨੀਕੀ ਸੈਸ਼ਨ ਦੀ ਪ੍ਰਧਾਨਗੀ ਡਾ. ਨਾਗਪਾਲ ਨੇ ਕੀਤੀ ਅਤੇ ਡਾ. ਐਨ. ਪੁੰਨਿਆਮੂਰਤੀ, ਐਥਨੋਵੇਟਰੀਨਰੀ ਹਰਬਲ ਮੈਡੀਸਨ ਸਲਾਹਕਾਰ ਨੇ ਜੈਵਿਕ ਪ੍ਰਣਾਲੀਆਂ 'ਚ ਰਵਾਇਤੀ ਜੜੀ-ਬੂਟੀਆਂ ਦੇ ਉਪਚਾਰਾਂ ਦੀ ਭੂਮਿਕਾ ਨੂੰ ਉਜਾਗਰ ਕੀਤਾ। ਇਸ ਦੌਰਾਨ ਮੁੜ ਡਾ. ਐਸ. ਬੀ. ਬਾਰਬੁੱਧੇ ਨੇ ਮਨੁੱਖ, ਜਾਨਵਰ ਅਤੇ ਵਾਤਾਵਰਣ ਸਿਹਤ ਦੇ ਆਪਸੀ ਸਬੰਧਾਂ 'ਤੇ ਜ਼ੋਰ ਦਿੱਤਾ ਗਿਆ।

ਡਾ. ਉਬਰਾਏ ਵੱਲੋਂ ਸੰਕਟ ਦੀ ਘੜੀ 'ਚ ਹੜ੍ਹ ਪੀੜਤਾਂ ਲਈ ਰਾਹਤ ਕਾਰਜ ਨਿਰੰਤਰ ਜਾਰੀ

ਹੜ੍ਹ ਪੀੜਤਾਂ ਲਈ ਫੋਗਿੰਗ ਮਸ਼ੀਨਾਂ, ਤਰਪਾਲਾਂ ਤੇ ਮੱਛਰਦਾਨੀਆਂ ਪ੍ਰਸ਼ਾਸਨ ਨੂੰ ਭੇਟ ਕੀਤੀਆਂ

ਧਾਰੀਵਾਲ 25 ਸਤੰਬਰ (ਮਨਦੀਪ ਸਿੰਘ ਵਿੱਕੀ)-ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਅਤੇ ਸੰਸਾਰ ਪ੍ਰਸਿੱਧ ਸਮਾਜ ਸੇਵੀ ਸ਼ਖਸੀਅਤ ਡਾਕਟਰ ਐਸ. ਪੀ. ਸਿੰਘ ਉਬਰਾਏ ਵੱਲੋਂ ਸੰਕਟ ਦੀ ਘੜੀ ਵਿੱਚ ਪੰਜਾਬ ਦੇ ਹੜ੍ਹ ਪੀੜਤਾਂ ਦੇ ਲਈ ਚਲਾਏ ਜਾ ਰਹੇ ਰਾਹਤ ਕਾਰਜ ਨਿਰੰਤਰ ਜਾਰੀ ਹਨ। ਜਿਸ ਦੇ ਤਹਿਤ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ, ਜਨਰਲ ਸਕੱਤਰ ਰਜਿੰਦਰ ਸਿੰਘ ਹੈਪੀ, ਐਡਵੋਕੇਟ ਹਰਸਮੀਤ ਸਿੰਘ, ਜੋਧਵੀਰ ਸਿੰਘ, ਰੋਹਿਤ ਕੁਮਾਰ ਤੇ ਹੋਰ ਟੀਮ ਮੈਂਬਰਾਂ ਵੱਲੋਂ ਡਾਕਟਰ ਐੱਸ ਪੀ ਸਿੰਘ ਉਬਰਾਏ ਦੀ ਯੋਗ ਰਹਿਨੁਮਾਈ ਹੇਠ ਅਤੇ ਟਰੱਸਟ ਦੇ ਕੌਮੀ ਪ੍ਰਧਾਨ ਜੱਸਾ ਸਿੰਘ ਸੰਧੂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਹੱਦੀ ਜ਼ਿਲ੍ਹਾ ਗੁਰਦਾਸਪੁਰ ਦੇ ਹੜ੍ਹ ਪੀੜਤ ਪਰਵਾਰਾਂ ਅਤੇ ਆਮ ਨਾਗਰਿਕਾਂ ਨੂੰ ਭਿਆਨਕ ਬਿਮਾਰੀਆਂ ਤੋਂ ਬਚਾਉਣ ਦੇ ਮਕਸਦ ਨਾਲ ਐੱਸ ਡੀ ਐੱਮ ਡੇਰਾ ਬਾਬਾ ਨਾਨਕ ਡਾ. ਅਦਿਤਿਆ ਸ਼ਰਮਾ ਅਤੇ ਹਲਕਾ ਡੇਰਾ ਬਾਬਾ ਨਾਨਕ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਬੀ ਡੀ ਪੀ ਓ ਡੇਰਾ ਬਾਬਾ ਨਾਨਕ ਅਮਨਦੀਪ ਕੌਰ ਨੂੰ ਟਰੱਸਟ ਵੱਲੋਂ 2 ਫੋਗਿੰਗ ਮਸ਼ੀਨਾਂ, ਦਵਾਈਆਂ ਅਤੇ ਤਰਪਾਲਾਂ ਤੇ ਮੱਛਰਦਾਨੀਆਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਭੇਟ ਕੀਤੀਆਂ ਗਈਆਂ । ਇਸ ਮੌਕੇ ਪੰਚਾਇਤ ਸੈਕਟਰੀ ਨਰਿੰਦਰ ਸਿੰਘ , ਜਗਤਾਰ ਸਿੰਘ, ਸਾਹਿਬ ਗਿੱਲ, ਰੋਸ਼ਨ ਲਾਲ, ਹਰਿੰਦਰ ਸਿੰਘ, ਪਰਮਜੀਤ ਕੌਰ, ਪ੍ਰਭਬੀਰ ਕੌਰ, ਵਰਿੰਦਰ ਸਿੰਘ, ਅਵਤਾਰ ਸਿੰਘ ਹੋਰ ਵੀ ਅਧਿਕਾਰੀ ਮੌਜੂਦ ਸਨ।

ਸ਼ਮਸ਼ੇਰ ਸਿੰਘ ਨੇ ਨੌਸ਼ਹਿਰਾ ਤੋਂ ਨਵਾਂ ਪਿੰਡ ਬਹਾਦਰ ਦੀ ਸੜਕ ਦਾ ਨੀਂਹ ਪੱਥਰ ਰੱਖਿਆ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)- ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਦੀਨਾਨਗਰ ਤੋਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਨੌਸ਼ਹਿਰਾ ਤੋਂ ਨਵਾਂ ਪਿੰਡ ਬਹਾਦਰ ਰਾਹੀਂ ਗੁਰਦੁਆਰਾ ਬੀਬੀ ਸੁੰਦਰੀ ਜੀ ਤੱਕ ਜਾਂਦੀ ਸੜਕ ਦੀ ਮੁਰੰਮਤ ਤੇ ਚੌੜਿਆਂ ਕਰਨ ਦੇ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ। ਇਸ ਸੜਕ ਦੇ ਨਿਰਮਾਣ ਉੱਪਰ ਪੰਜਾਬ ਸਰਕਾਰ ਵੱਲੋਂ 2.25 ਕਰੋੜ ਰੁਪਏ ਖ਼ਰਚ ਕੀਤੇ ਜਾਣਗੇ।ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਸੀਨੀਅਰ ਆਪ ਆਗੂ ਸ਼ਮਸ਼ੇਰ ਸਿੰਘ ਨੇ ਕਿਹਾ ਕਿ 9 ਕਿੱਲੋਮੀਟਰ ਲੰਬੀ ਇਸ ਸੜਕ ਨੂੰ 18 ਫੁੱਟ ਚੌੜੀ ਕੀਤਾ ਜਾਵੇਗਾ ਅਤੇ ਨਾਲ ਹੀ ਸਾਰੀ ਸੜਕ ਦੀ ਮੁਰੰਮਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਅਗਲੇ 2 ਮਹੀਨਿਆਂ ਵਿੱਚ ਇਸ ਪ੍ਰੋਜੈਕਟ ਨੂੰ ਮੁਕੰਮਲ ਕਰ ਲਿਆ ਜਾਵੇਗਾ ਜਿਸ ਨਾਲ ਪੂਰੇ ਇਲਾਕੇ ਨੂੰ ਵੱਡੀ ਸਹੂਲਤ ਮਿਲੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਸੜਕ ਲਈ 2.25 ਕਰੋੜ ਰੁਪਏ ਜਾਰੀ ਕਰ ਦਿੱਤੇ ਹਨ ਅਤੇ ਟੈਂਡਰ ਹੋਣ ਤੋਂ ਬਾਅਦ ਅੱਜ ਇਸ ਸੜਕ ਦਾ ਨੀਂਹ ਪੱਥਰ ਰੱਖ ਦਿੱਤਾ ਗਿਆ ਹੈ।ਇਸ ਮੌਕੇ ਸੁਰਜੀਤ ਸਿੰਘ ਸਰਪੰਚ ਪਿੰਡ ਬਹਾਦਰ, ਬਲਬੀਰ ਸਿੰਘ ਠੇਕੇਦਾਰ, ਕੈਪਟਨ ਜਸਵਿੰਦਰ ਸਿੰਘ, ਸੂਬੇਦਾਰ ਬਲਵਿੰਦਰ ਸਿੰਘ ਪ੍ਰਧਾਨ, ਜਥੇਦਾਰ ਪਿਆਰਾ ਸਿੰਘ, ਸੂਬੇਦਾਰ ਬਲਵਿੰਦਰ ਸਿੰਘ, ਸੂਬੇਦਾਰ ਮੇਜਰ ਗੁਰਦੀਪ ਸਿੰਘ, ਸੁੱਚਾ ਸਿੰਘ ਮੁਲਤਾਨੀ ਚਾਵਾਂ, ਸਾਬਕਾ ਸਰਪੰਚ ਪ੍ਰੇਮ ਸਿੰਘ ਪਿੰਡ ਨਵਾਂ ਨੌਸ਼ਹਿਰਾ, ਵਿਮਲ ਕੁਮਾਰ, ਮਨਿੰਦਰ ਸਿੰਘ ਪ੍ਰਧਾਨ, ਮਨਜਿੰਦਰ ਸਿੰਘ, ਸ਼ਰਨਜੀਤ ਸਿੰਘ, ਸਤਨਾਮ ਸਿੰਘ, ਸੁਰਜੀਤ ਸਿੰਘ, ਸੂਬੇਦਾਰ ਜਰਨੈਲ ਸਿੰਘ, ਤਰਸੇਮ ਸਿੰਘ ਸੂਬੇਦਾਰ, ਸੂਬੇਦਾਰ ਮੇਜਰ ਸਿੰਘ, ਮੈਂਬਰ ਸੁਰਜੀਤ ਸਿੰਘ, ਬੀਬੀ ਬਲਬੀਰ ਕੌਰ, ਬੀਬੀ ਦਰਸ਼ਨ ਕੌਰ, ਬੀਬੀ ਸ਼ਰਨਜੀਤ ਕੌਰ ਮੈਂਬਰ, ਸੁਨੀਤਾ ਦੇਵੀ, ਦਰਸ਼ਨ ਸਿੰਘ ਮੈਂਬਰ, ਸੂਬੇਦਾਰ ਬਚਨ ਸਿੰਘ, ਬਲਕਾਰ ਸਿੰਘ ਅਮਰੀਕ ਸਿੰਘ, ਹਰਜੀਤ ਸਿੰਘ, ਨੰਬਰਦਾਰ ਹਰਬੰਸ ਲਾਲ ਬਹਾਦਰ, ਸਰਬਜੀਤ ਸਿੰਘ ਬੱਲੀ, ਬਲਕਾਰ ਸਿੰਘ, ਸੁਰਿੰਦਰ ਸਿੰਘ ਆਦਿ ਸਮੇਤ ਇਲਾਕੇ ਦੇ ਹੋਰ ਵੀ ਮੁਹਤਬਰ ਹਾਜ਼ਰ ਸਨ।

ਰਾਹਤ ਕਾਰਜ ਦੌਰਾਨ 30 ਪਿੰਡਾਂ 'ਚ 2,000 ਲੋਕਾਂ ਨੂੰ ਰਾਹਤ ਸਮੱਗਰੀ ਵੰਡੀ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਡੇਰਾ ਬਾਬਾ ਨਾਨਕ ਨੇੜੇ ਹੜ੍ਹ ਪ੍ਰਭਾਵਤ ਪਿੰਡ ਗੋਲਾ ਢੋਲਾ, ਧਰਮ ਕੋਟ ਪੱਤਣ, ਮਹਾਲ ਨੰਗਲ, ਸਾਧਾਂਵਾਲੀ ਵਿਖੇ ਸੇਵਾ ਭਾਰਤੀ ਅਤੇ ਸੇਵਾ ਭਾਰਤੀ ਪੰਜਾਬ ਦੇ ਸਹਿਯੋਗ ਨਾਲ ਲਗਭਗ 80 ਦੇ ਕਰੀਬ ਹੜ੍ਹ ਪੀੜਤ ਪਰਵਾਰਾਂ ਨੂੰ ਰਾਸ਼ਨ, ਫੋਲਡਿੰਗ ਬੈੱਡ, ਤੌਲੀਏ, ਕੰਬਲ, ਭਾਂਡੇ, ਜੁੱਤੀਆਂ, ਤਰਪਾਲਾਂ ਵੰਡੀਆਂ ਗਈਆਂ। ਡੇਰਾ ਬਾਬਾ ਨਾਨਕ ਅਤੇ ਸਰਹੱਦੀ ਲੋਕ ਸੇਵਾ ਕਮੇਟੀ ਬਟਾਲਾ ਵੱਲੋਂ ਸਿੱਖਿਆ ਸੰਮਤੀ ਦੇ ਸਹਿਯੋਗ ਨਾਲ ਪਿੰਡ ਜੋੜੀਆਂ ਕਲਾਂ, ਖਾਸਾਂਵਾਲੀ, ਕੋਟ ਦਲਪਤ ਰਾਏ, ਪੱਖੋਕੇ ਟਾਹਲੀ ਸਾਹਿਬ, ਚੰਦੂਨੰਗਲ, ਮਾਨ, ਰੱਤਾ, ਡੇਰਾ ਬਾਬਾ ਨਾਨਕ, ਖੁਸ਼ਹਾਲਪੁਰ, ਠੇਠਰਕੇ ਆਦਿ ਦੇ 300 ਪਰਵਾਰਾਂ ਨੂੰ ਉਨ੍ਹਾਂ ਦੀ ਲੋੜ ਮੁਤਾਬਕ ਸਾਮਾਨ ਵੰਡਿਆ ਗਿਆ ।ਇਸ ਵਿੱਚ ਹਲਕਾ ਪ੍ਰਬੰਧਕ ਕਮੇਟੀ ਦੇ ਸੇਵਾਦਾਰ ਸਿੰਘ ਸੇਵਾਦਾਰ ਦੀ ਟੀਮ ਦੇ ਸਹਿਯੋਗ ਨਾਲ ਸਾਮਾਨ ਪ੍ਰਾਪਤ ਕੀਤਾ ਗਿਆ। ਇਸ ਮੌਕੇ ਜਲੰਧਰ ਤੋਂ ਪਰਮ ਜੀਤ, ਸ਼ਹੀਦ ਭਗਤ ਸਿੰਘ ਨਗਰ ਤੋਂ ਸਮਾਜ ਸੇਵਕ ਭਾਗ ਮੱਲ , ਸੀਨੀਅਰ ਮੈਨੇਜਰ ਬੈਂਕ ਆਫ਼ ਮਹਾਰਾਸ਼ਟਰ ਬਟਾਲਾ ਅਰੁਣ ਕੁਮਾਰ, ਅਸ਼ਵਨੀ ਕੁਮਾਰ, ਨੀਰਜ ਕੁਮਾਰ, ਕਮਲ ਕੁਮਾਰ ਬਾਰਡਰ ਸਰਵਿਸ ਕਮੇਟੀ ਮੈਂਬਰ ਆਦਿ ਹਾਜ਼ਰ ਸਨ। ਉਨ੍ਹਾਂ ਦੱਸਿਆ ਕਿ ਇਹ ਸਾਰੀ ਸਮੱਗਰੀ ਸੇਵਾ ਭਾਰਤੀ ਸੰਸਥਾ ਆਪਣੇ ਭਾਈਵਾਲ ਸੰਗਠਨਾਂ ਵੱਲੋਂ ਵੰਡੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਸੇਵਾ ਭਾਰਤੀ ਸਰਵ ਹਿਤਕਾਰੀ ਸਿੱਖਿਆ ਸਮਿਤੀ ਅਤੇ ਪਛੜੇ ਭਾਈਚਾਰਿਆਂ ਦੇ ਬੱਚਿਆਂ ਲਈ ਮਾਧਵ ਰਾਓ ਮੂਲੇ ਸੰਗਠਨ ਦੁਆਰਾ ਚਲਾਏ ਜਾ ਰਹੇ ਬੱਚਿਆਂ ਦੇ ਸਿੱਖਿਆ ਕੇਂਦਰਾਂ ਦਾ ਸਮਰਥਨ ਕਰਨ ਲਈ ਇੱਕ ਵਿਸ਼ੇਸ਼ ਯਤਨ ਕੀਤਾ ਹੈ। ਬੈਂਕ ਅਧਿਕਾਰੀਆਂ ਬੀ.ਐਸ. ਚਾਹਰ ਸੀਨੀਅਰ ਮੈਨੇਜਰ ਬੈਂਕ ਆਫ ਮਹਾਰਾਸ਼ਟਰ ਅਤੇ ਸੰਯੁਕਤ ਜਨਰਲ ਸਕੱਤਰ ਬੈਂਕ ਆਫ ਮਹਾਰਾਸ਼ਟਰ ਅਫਸਰਜ਼ ਆਰਗੇਨਾਈਜ਼ੇਸ਼ਨ ਅਤੇ ਸਹਿਯੋਗੀ ਜਸਵਿੰਦਰ ਸਿੰਘ, ਸਹਾਇਕ ਮੈਨੇਜਰ, ਬਰਨਦੀਪ ਸਿੰਘ, ਸਹਾਇਕ ਮੈਨੇਜਰ ਸੇਵਾ ਭਾਰਤੀ ਟੀਮ ਡੇਰਾ ਬਾਬਾ ਨਾਨਕ ਦੀ ਕੁਸ਼ਲਤਾ ਅਤੇ ਵੰਡ ਲਈ ਸ਼ਲਾਘਾ ਕੀਤੀ। ਪ੍ਰਬੰਧਕਾਂ ਨੇ ਦੱਸਿਆ ਕਿ 10 ਦਿਨਾਂ ਤੋਂ ਚੱਲ ਰਹੇ ਇਸ ਰਾਹਤ ਕਾਰਜ ਦੌਰਾਨ 30 ਪਿੰਡਾਂ ਵਿੱਚ 2,000 ਲੋਕਾਂ ਨੂੰ ਰਾਹਤ ਸਮੱਗਰੀ ਵੰਡੀ ਗਈ ਗਈ। ਉਨ੍ਹਾਂ ਕਿਹਾ ਕਿ 10 ਭਾਰੀ ਹੜ੍ਹ ਵਾਲੇ ਪਿੰਡਾਂ ਵਿੱਚ ਮੈਡੀਕਲ ਕੈਂਪ ਲਗਾਏ ਗਏ, ਜਿਸ ਵਿੱਚ 150 ਮਰੀਜ਼ਾਂ ਦੀ ਜਾਂਚ ਕਰਕੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਡੇਰਾ ਟੀਮ ਦੇ ਮੈਂਬਰ ਮਨੀਸ਼ ਅਬਰੋਲ, ਰਿੱਕੂ ਮਰਵਾਹਾ, ਨੀਸ਼ੂ ਮਹਾਜਨ, ਰਾਜਨ, ਨਰੇਸ਼ ਸੇਠੀ, ਹੇਮਰਾਜ, ਸੂਰਜ ਨਈਅਰ, ਦੀਪਕ ਨਈਅਰ ਵੱਲੋਂ ਪੂਰੀ ਜ਼ਿੰਮੇਵਾਰੀ ਨਾਲ ਸੇਵਾ ਨਿਭਾਈ ਗਈ।

ਆਨੰਦ ਕਾਲਜ ਆਫ ਨਰਸਿੰਗ ਜੇਠੂਵਾਲ ਦੇ ਨਰਸਿੰਗ ਦੇ ਨਵੇਂ ਬੈਚ ਦੀ ਸ਼ੁਰੂਆਤ

ਮਜੀਠਾ (ਸੋਇਮ ਆਨੰਦ)-ਅੰਮ੍ਰਿਤਸਰ ਪਠਾਨਕੋਟ ਨੈਸ਼ਨਲ ਹਾਈਵੇ 'ਤੇ ਪੈਂਦੇ ਆਨੰਦ ਕਾਲਜ ਆਫ ਨਰਸਿੰਗ ਦੇ ਨਵੇਂ ਬੈਚ ਦੀ ਧਾਰਮਿਕ ਮਾਹੌਲ ਵਿਚ ਸ਼ੁਰੂ ਕੀਤੀ ਗਈ। ਇਸ ਮੌਕੇ ਸੁਖਮਨੀ ਸਾਹਿ ਜੀ ਦਾ ਪਾਠ ਰੱਖਿਆ ਗਿਆ ਜਿਸ ਵਿਚ ਮੈਨੇਜਮੈਂਟ, ਸਟਾਫ ਮੈਂਬਰਾਂ, ਪੁਰਾਣੇ ਤੇ ਨਵੇਂ ਆਏ ਵਿਦਿਆਰਥੀਆਂ (ਸੈਸ਼ਨ 2025-26) ਨੇ ਭਾਗ ਲਿਆ। ਪਾਠ ਸਮਾਪਤੀ ਉਪਰੰਤ ਅਰਦਾਸ ਹੋਈ ਅਤੇ ਗੁਰ ਦਾ ਪ੍ਰਸ਼ਾਦ ਵੰਡਿਆ ਗਿਆ। ਇਸ ਦੌਰਾਨ ਕਾਲਜ ਦੇ ਚੇਅਰਮੈਨ ਡਾ. ਐਮ. ਐਮ. ਆਨੰਦ, ਵਾਇਸ ਚੇਅਰਮੈਨ ਜੇ. ਐਸ ਢਿੱਲੋਂ, ਮੈਨੇਜਿੰਗ ਡਾਇਰੈਕਟਰ ਸੁਰਿਆ ਪ੍ਰਕਾਸ਼ ਆਨੰਦ, ਪ੍ਰਿੰਸੀਪਲ ਰਚਨਾ ਕੁਮਾਰੀ, ਵਾਇਸ ਪ੍ਰਿੰਸੀਪਲ ਰਮਨਜੀਤ ਕੌਰ ਸੋਹਲ ਅਤੇ ਨਰਸਿੰਗ ਅਡਵਾਈਜ਼ਰ ਊਸ਼ਾ ਸਰੀਨ ਹਾਜ਼ਰ ਸਨ। ਇਸ ਮੌਕੇ ਕਾਲਜ ਦੇ ਚੇਅਰਮੈਨ ਡਾ. ਐਮ. ਐਮ ਆਨੰਦ ਤੇ ਮੈਂਬਰਾਂ ਨੇ ਰਲ ਕੇ ਵਿਦਿਆਰਥੀਆਂ ਦਾ ਸਵਾਗਤ ਕਰਦਿਆਂ ਉਹਨਾਂ ਨੂੰ ਚੰਗੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ ਤੇ ਵਿਦਿਆਰਥੀਆਂ ਨੂੰ ਨਵੀਂ ਸ਼ੁਰੂਆਤ ਕਰਨ ਸਮੇਂ ਵਿਦਿਆਰਥਣਾਂ ਨੂੰ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਅਤੇ ਨਰਸਿੰਗ ਪੇਸ਼ੇ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਪ੍ਰਿੰਸੀਪਲ ਰਚਨਾ ਕੁਮਾਰੀ ਵਲੋਂ ਵੀ ਵਿਦਿਆਰਥੀਆਂ ਨੂੰ ਨਰਸਿੰਗ ਪੇਸ਼ੇ ਅਤੇ ਕਾਲਜ ਦੀਆਂ ਵਿਸ਼ੇਸ਼ਤਾਵਾਂ ਬਾਰੇ ਜਾਣਕਾਰੀ ਦਿੰਦਿਆਂ ਉਹਨਾਂ ਨੂੰ ਮਿਹਨਤ ਨਾਲ ਪੜ੍ਹਨ ਲਈ ਉਤਸ਼ਾਹਿਤ ਕੀਤਾ।ਇਸ ਮੌਕੇ ਮਨਵਿੰਦਰ, ਸਾਕਸ਼ੀ, ਭਾਵਨਾ, ਪੂਨਮ, ਹਰਲੀਨ, ਰੁਪਨਦੀਪ ਕੌਰ, ਅਰਪਨਜੋਤ ਕੌਰ, ਕੋਮਲਪ੍ਰੀਤ ਕੌਰ, ਪੁਨਰ, ਹਰਮਨਜੋਤ ਕੌਰ, ਹਰਮਨ, ਰਮਨਦੀਪ ਕੌਰ, ਮਨਦੀਪ ਕੌਰ, ਪ੍ਰਿਅੰਕਾ, ਸਰਨਦੀਪ ਕੌਰ, ਨਿਧੀ, ਸਿਮਰਨਜੋਤ ਕੌਰ ਸਮੇਤ ਹੋਰ ਸਟਾਫ ਅਤੇ ਵਿਦਿਆਰਥੀ ਆਦਿ ਹਾਜ਼ਰ ਸਨ।

ਸਪੇਨ ਵਸਦੇ 16 ਪੰਜਾਬੀਆਂ ਨੇ ਫੜਿਆ ਅਕਾਲੀ ਦਲ ਦਾ ਪੱਲਾ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਸ਼੍ਰੋਮਣੀ ਅਕਾਲੀ ਦਲ ਦੇ ਯੂਰਪ ਦੇ ਪ੍ਰਧਾਨ ਇਕਬਾਲ ਸਿੰਘ ਭੱਟੀ ਦੀ ਪ੍ਰੇਰਨਾ ਅਤੇ ਸਪੇਨ ਯੂਨਿਟ ਦੇ ਪ੍ਰਧਾਨ ਲਾਭ ਸਿੰਘ ਭੰਗੂ ਦੇ ਸਹਿਯੋਗ ਸਦਕਾ ਸਪੇਨ ਵਿੱਚ ਵੱਸਦੇ ਸੋਲਾਂ ਪੰਜਾਬੀਆਂ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਪ੍ਰਧਾਨਗੀ ਕਬੂਲ ਕਰਦੇ ਹੋਏ ਸ਼੍ਰੋਮਣੀ ਅਕਾਲੀ ਦਲ ਦਾ ਪੱਲਾ ਫੜ ਲਿਆ ਹੈ। ਯੂਰਪ ਦੇ ਪ੍ਰਧਾਨ ਇਕਬਾਲ ਸਿੰਘ ਭੱਟੀ ਵੱਲੋਂ ਪਾਰਟੀ 'ਚ ਸ਼ਾਮਲ ਵਾਲਿਆਂ ਦਾ ਸਵਾਗਤ ਕਰਦਿਆਂ ਤੱਕੜੀ ਚੋਣ ਨਿਸ਼ਾਨ ਵਾਲੇ ਮਫਲਰ ਨਾਲ ਉਨ੍ਹਾਂ ਨੂੰ ਸਨਮਾਨਿਤ ਕੀਤਾ ਗਿਆ। ਪਾਰਟੀ 'ਚ ਸ਼ਾਮਲ ਹੋਣ ਵਾਲਿਆਂ ਨੇ ਖ਼ੁਸ਼ੀ ਵਿੱਚ ਸਰਦਾਰ ਸੁਖਬੀਰ ਸਿੰਘ ਬਾਦਲ ਅਤੇ ਸ਼੍ਰੋਮਣੀ ਅਕਾਲੀ ਦਲ ਜ਼ਿੰਦਾਬਾਦ ਦੇ ਨਾਅਰੇ ਵੀ ਲਗਾਏ। ਪ੍ਰਧਾਨ ਭੱਟੀ ਨੇ ਕਿਹਾ ਕਿ ਆਉਣ ਵਾਲਾ ਸਮਾਂ ਅਕਾਲੀ ਦਲ ਦਾ ਹੀ ਹੈ। ਉਨ੍ਹਾਂ ਕਿਹਾ ਪੰਜਾਬ ਵਿੱਚ ਆਏ ਹੋਏ ਹੜ੍ਹਾਂ ਦੀ ਮਾਰ ਹੇਠ ਆਏ ਪੰਜਾਬੀਆਂ ਦਾ ਘਰਾਂ ਘਰਾਂ ਵਿੱਚ ਜਾ ਕੇ ਜਿਹੜਾ ਦੁੱਖ ਦਰਦ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਤਨ ਮਨ ਅਤੇ ਧਨ ਨਾਲ ਵੰਡਾਇਆ ਹੈ, ਸ਼ਾਇਦ ਹੀ ਕਿਸੇ ਹੋਰ ਰਾਜਨੀਤਿਕ ਪਾਰਟੀ ਨੇ ਵੰਡਾਇਆ ਹੋਵੇ। ਸਪੇਨ ਯੂਨਿਟ ਦੇ ਪ੍ਰਧਾਨ ਲਾਭ ਸਿੰਘ ਭੰਗੂ ਨੇ ਸ਼ਾਮਿਲ ਹੋਣ ਵਾਲਿਆਂ ਨੂੰ ਜੀ ਆਇਆ ਆਖਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਵਿਦੇਸ਼ ਦੀ ਧਰਤੀ 'ਤੇ ਵੀ ਪਸਾਰੇ ਪੈਰ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਅਗਾਮੀ ਸਰਕਾਰ ਸ਼੍ਰੋਮਣੀ ਅਕਾਲੀ ਦਲ ਦੀ ਹੀ ਬਣੇਗੀ, ਕਿਉਂਕਿ ਪੰਜਾਬੀਆਂ ਦੇ ਹਰੇਕ ਦੁੱਖ ਦਰਦ ਦੇ ਸ਼ਰੀਕ ਬਣ ਕੇ ਸੁਖਬੀਰ ਸਿੰਘ ਬਾਦਲ ਇਸ ਵਕਤ ਪੰਜਾਬੀਆਂ ਦੇ ਨਾਲ ਖੜ੍ਹੇ ਹਨ, ਜੋ ਕਿ ਪੰਜਾਬ ਅਤੇ ਪਾਰਟੀ ਵਾਸਤੇ ਸ਼ੁੱਭ ਸ਼ਗੁਨ ਹੈ। ਇਕਬਾਲ ਸਿੰਘ ਭੱਟੀ ਇਸ ਤੋਂ ਪਹਿਲਾਂ ਵੀ ਤਕਰੀਬਨ ਪੰਜਾਹ ਪੰਜਾਬੀਆਂ ਨੂੰ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਕਰਵਾ ਚੁੱਕੇ ਹਨ।

ਟੀ ਬੀ ਦੇ ਮਰੀਜ਼ਾਂ ਨੂੰ ਵੰਡਿਆ ਰਾਸ਼ਨ

ਗੁਰਦਾਸਪੁਰ (ਦਿਨੇਸ਼ ਕੁਮਾਰ)-ਸਿਵਲ ਸਰਜਨ ਗੁਰਦਾਸਪੁਰ ਡਾ. ਜਸਵਿੰਦਰ ਸਿੰਘ ਦੀ ਅਗਵਾਈ ਹੇਠ ਟੀ ਬੀ ਮੁਕਤ ਭਾਰਤ ਅਭਿਆਨ ਤਹਿਤ ਅਖਿਲ ਭਾਰਤੀ ਅੱਗਰਵਾਲ ਸੰਮੇਲਨ ਪੰਜਾਬ ਵੱਲੋਂ 40 ਟੀ ਬੀ ਮਰੀਜ਼ਾਂ ਨੂੰ ਚੰਗੀ ਖੁਰਾਕ ਲਈ ਰਾਸ਼ਨ ਵੰਡਿਆ ਗਿਆ।

ਸਿਵਲ ਸਰਜਨ ਡਾ. ਜਸਵਿੰਦਰ ਸਿੰਘ ਨੇ ਸੰਸਥਾ ਦੇ ਕੰਮ ਦੀ ਤਾਰੀਫ਼ ਕੀਤੀ। ਉਨ੍ਹਾਂ ਕਿਹਾ ਕਿ ਟੀ ਬੀ ਮਰੀਜ਼ਾਂ ਨੂੰ ਪੌਸ਼ਟਿਕ ਖੁਰਾਕ ਦੀ ਸਖ਼ਤ ਜ਼ਰੂਰਤ ਰਹਿੰਦੀ ਹੈ। ਮਰੀਜ਼ਾਂ ਨੂੰ ਪੌਸ਼ਟਿਕ ਖੁਰਾਕ ਮਿਲੇ ਇਸ ਲਈ ਕਈ ਸਮਾਜ ਸੇਵੀ ਸੰਸਥਾਵਾਂ ਵੱਲੋਂ ਮਰੀਜ਼ਾਂ ਨੂੰ ਸਮੇਂ ਸਮੇਂ 'ਤੇ ਰਾਸ਼ਨ ਦਿੱਤਾ ਜਾ ਰਿਹਾ ਹੈ। ਅੱਜ ਵੀ ਅਗਰਵਾਲ ਸੰਮੇਲਨ ਵੱਲੋਂ 40 ਮਰੀਜ਼ਾਂ ਨੂੰ ਮੁਫ਼ਤ ਰਾਸ਼ਨ ਦਿੱਤਾ ਗਿਆ ਹੈ।ਅਖਿਲ ਭਾਰਤੀ ਅਗਰਵਾਲ ਸੰਮੇਲਨ ਦੇ ਰਾਜ ਪ੍ਰਧਾਨ ਸੁਰਿੰਦਰ ਅਗਰਵਾਲ, ਮਹਿਲਾ ਵਿੰਗ ਦੀ ਰਾਜ ਪ੍ਰਧਾਨ ਸਿਮਰਨ ਅਗਰਵਾਲ ਨੇ ਦੱਸਿਆ ਕਿ 60 ਮਰੀਜ਼ਾਂ ਨੂੰ ਬੀਤੇ ਦਿਨ ਬਟਾਲਾ ਵਿਚ ਮੁਫ਼ਤ ਰਾਸ਼ਨ ਦਿੱਤਾ ਗਿਆ ਸੀ ।ਇਸ ਮੌਕੇ ਏ.ਸੀ.ਐਸ ਡਾਕਟਰ ਪ੍ਰਭਜੋਤ ਕੌਰ ਕਲਸੀ, ਜ਼ਿਲਾ ਟੀ ਬੀ ਅਫਸਰ ਡਾਕਟਰ ਸੁਚੇਤਨ, ਅਖਿਲ ਭਾਰਤੀ ਅੱਗਰਵਾਲ ਸੰਮੇਲਨ ਦੀ ਮਹਿਲਾ ਵਿੰਗ ਦੇ ਸਟੇਟ ਸੈਕ੍ਰੇਟਰੀ ਅਲਕਾ ਅਗਰਵਾਲ, ਨਿਤਿਨ ਅੱਗਰਵਾਲ ਅਤੇ ਟੀ ਬੀ ਕਲੀਨਿਕ ਦੇ ਸਮੂਹ ਅਧਿਕਾਰੀ/ ਕਰਮਚਾਰੀ ਮੌਜੂਦ ਸਨ।

ਸੇਂਟ ਸੋਲਜਰ ਸਕੂਲ 'ਚ ਵਿਸ਼ਵ ਪੰਜਾਬੀ ਦਿਵਸ ਮਨਾਇਆ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ):- ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਵਿੱਚ ਆਪਣਾ ਪੰਜਾਬ ਫਾਊਂਡੇਸ਼ਨ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਐਸੋਸੀਏਸ਼ਨ ਦੇ ਸੱਦੇ 'ਤੇ ਬਾਬਾ ਫ਼ਰੀਦ ਜੀ ਦੇ ਆਗਮਨ ਪੁਰਬ ਨੂੰ ਵਿਸ਼ਵ ਪੰਜਾਬੀ ਦਿਵਸ ਦੇ ਰੂਪ ਵਿੱਚ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਇਸ ਪ੍ਰੋਗਰਾਮ ਦਾ ਆਯੋਜਨ ਸਕੂਲ ਅਸੈਂਬਲੀ ਵਿੱਚ ਕੀਤਾ ਗਿਆ। ਜਿਸ ਵਿੱਚ ਸਭ ਤੋਂ ਪਹਿਲਾਂ ਪੰਜਾਬੀ ਅਧਿਆਪਕਾ ਸ੍ਰੀਮਤੀ ਮਨਦੀਪ ਕੌਰ ਨੇ ਬਾਬਾ ਫ਼ਰੀਦ ਜੀ ਦੇ ਜੀਵਨ ਬਾਰੇ ਚਾਨਣਾ ਪਾਇਆ। ਉਪਰੰਤ ਦਸਵੀਂ ਜਮਾਤ ਦੀ ਵਿਦਿਆਰਥਣ ਮਨਰੋਜ਼ ਕੌਰ ਨੇ ਬਾਬਾ ਫ਼ਰੀਦ ਜੀ ਦੇ ਜੀਵਨ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਦਸਵੀਂ ਜਮਾਤ ਦੀ ਵਿਦਿਆਰਥਣ ਤਰਨਦੀਪ ਕੌਰ ਅਤੇ ਗਿਆਰ੍ਹਵੀਂ ਜਮਾਤ ਦੀ ਵਿਦਿਆਰਥਣ ਮਹਿਕਦੀਪ ਕੌਰ ਨੇ ਭਾਸ਼ਣ ਅਤੇ ਕਵਿਤਾ ਪੇਸ਼ ਕੀਤੇ। ਸਕੂਲ ਦੇ ਬੱਚਿਆਂ ਵੱਲੋਂ ਇੱਕ ਲੋਕ-ਗੀਤ ਵੀ ਪੇਸ਼ ਕੀਤਾ ਗਿਆ। ਇਸ ਦੇ ਨਾਲ ਹੀ ਸਕੂਲ ਦੇ ਬੱਚਿਆਂ ਨੇ ਪੰਜਾਬੀ ਪਹਿਰਾਵੇ ਵਿੱਚ ਮਾਂ-ਬੋਲੀ ਪੰਜਾਬੀ ਦੇ ਕੁਝ ਸਲੋਗਨ ਬੋਲ ਕੇ ਪੰਜਾਬੀ ਭਾਸ਼ਾ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਇਸ ਦੌਰਾਨ ਇਹ ਵੀ ਸਮਝਾਇਆ ਗਿਆ ਕਿ ਮਾਂ-ਬੋਲੀ ਸਾਡੇ ਸਭ ਤੋਂ ਵੱਡੇ ਸੰਸਕਾਰ, ਸਾਂਝ ਅਤੇ ਪਹਿਚਾਣ ਦਾ ਸਰੋਤ ਹੈ। ਪੰਜਾਬੀ ਅਧਿਆਪਕਾ ਮਿਸ. ਪਰਮਿੰਦਰ ਕੌਰ ਨੇ ਵਿਸ਼ਵ ਪੰਜਾਬੀ ਦਿਵਸ ਬਾਰੇ ਜਾਣਕਾਰੀ ਦਿੰਦਿਆਂ ਤੇ ਇਸ ਪ੍ਰੋਗਰਾਮ ਦਾ ਅੰਤ ਕਰਦਿਆਂ ਦੱਸਿਆ ਕਿ ਜਿਵੇਂ ਮਾਂ ਦਾ ਦਰਜਾ ਕਿਸੇ ਹੋਰ ਔਰਤ ਨੂੰ ਨਹੀਂ ਦਿੱਤਾ ਜਾ ਸਕਦਾ, ਉਸੇ ਤਰ੍ਹਾਂ ਦੁਨੀਆ ਦੀ ਕਿਸੇ ਵੀ ਬੋਲੀ ਨੂੰ ਅਸੀਂ ਮਾਂ ਬੋਲੀ ਦੀ ਜਗ੍ਹਾ ਨਹੀਂ ਦੇ ਸਕਦੇ। ਹਰ ਵਿਅਕਤੀ ਦਾ ਇਹ ਫਰਜ਼ ਬਣਦਾ ਹੈ ਕਿ ਉਹ ਆਪਣੀ ਮਾਂ ਬੋਲੀ ਨੂੰ ਪ੍ਰਫੁੱਲਿਤ ਕਰਨ ਵਿਚ ਆਪਣੀ ਸਕਾਰਾਤਮਕ ਭੂਮਿਕਾ ਨਿਭਾਉਂਦਾ ਰਹੇ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਸਤਿਕਾਰਯੋਗ ਪ੍ਰਿੰਸੀਪਲ ਡਾ.ਅਮਰਪ੍ਰੀਤ ਕੌਰ ਵਿਦਿਆਰਥੀਆਂ ਨੂੰ ਹਮੇਸ਼ਾ ਆਪਣੀ ਮਾਤ-ਭਾਸ਼ਾ ਅਤੇ ਸੰਸਕ੍ਰਿਤੀ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕਰਦੇ ਹਨ ।ਉਨ੍ਹਾਂ ਨੇ ਸਭ ਨੂੰ ਬਾਬਾ ਫਰੀਦ ਜੀ ਦੀ ਬਾਣੀ ਤੋਂ ਸਿੱਖਿਆ ਲੈਣ ਲਈ ਕਿਹਾ। ਇਸ ਮੌਕੇ ਵਾਇਸ ਪ੍ਰਿੰਸੀਪਲ ਸ੍ਰੀਮਤੀ ਗੁਰਪ੍ਰੀਤ ਕੌਰ, ਕੋਆਰਡੀਨੇਟਰ ਸ੍ਰੀਮਤੀ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਸ੍ਰੀਮਤੀ ਨੀਲਾਕਸ਼ੀ ਗੁਪਤਾ, ਸਮੂਹ ਸਟਾਫ਼ ਅਤੇ ਵਿਦਿਆਰਥੀ ਮੌਜੂਦ ਸਨ।

ਜਨਮ ਦਿਨ ਮੁਬਾਰਕ



ਅਗਮਪ੍ਰੀਤ ਸਿੰਘ ਅੰਮ੍ਰਿਤਸਰ

ਅਮਾਇਰਾ ਜਿੰਦਲ ਸੁਨਾਮ ਊਧਮ ਸਿੰਘ ਵਾਲਾ

ਮਨਿੰਦਰ ਸਿੰਘ ਸੈਣੀ ਪਿੰਡ ਭੁੰਗਰਨੀ, ਹੁਸ਼ਿਆਰਪੁਰ

ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਵਿਭਾਗ ਮੁੱਖ ਮੰਤਰੀ ਰਾਹਤ ਫੰਡ 'ਚ 41 ਲੱਖ ਦਾ ਯੋਗਦਾਨ ਪਾਏਗਾ

ਚੰਡੀਗੜ੍ਹ, (ਗੁਰਜੀਤ ਬਿੱਲਾ)-ਪੰਜਾਬ ਦੇ ਹੜ੍ਹ ਪ੍ਰਭਾਵਿਤ ਲੋਕਾਂ ਲਈ ਮਦਦ ਦਾ ਹੱਥ ਵਧਾਉਂਦਿਆਂ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਨੇ ਮਨੁੱਖੀ ਫਰਜ਼ ਵਜੋਂ ਮੁੱਖ ਮੰਤਰੀ ਰਾਹਤ ਫੰਡ ਵਿੱਚ ਇੱਕ ਦਿਨ ਦੀ ਤਨਖਾਹ, ਜੋ ਕੁੱਲ 41 ਲੱਖ ਰੁਪਏ ਬਣਦੇ ਹਨ, ਦਾ ਯੋਗਦਾਨ ਪਾਉਣ ਦਾ ਫ਼ੈਸਲਾ ਕੀਤਾ ਹੈ।ਇਸ ਫੰਡ ਵਿੱਚ ਅਧਿਕਾਰੀਆਂ, ਜਿਹਨਾਂ ਵਿੱਚ ਡਾਇਰੈਕਟਰ, ਕੰਟਰੋਲਰ ਵਿੱਤ ਅਤੇ ਲੇਖਾ, ਵਧੀਕ ਡਾਇਰੈਕਟਰ, ਸੰਯੁਕਤ ਡਾਇਰੈਕਟਰ, ਡਿਪਟੀ ਡਾਇਰੈਕਟਰ, ਸਹਾਇਕ ਡਾਇਰੈਕਟਰ/ਜ਼ਿਲ੍ਹਾ ਕੰਟਰੋਲਰ, ਸਹਾਇਕ ਕੰਟਰੋਲਰ/ਲੇਖਾ ਅਧਿਕਾਰੀ, ਖੁਰਾਕ ਅਤੇ ਸਿਵਲ ਸਪਲਾਈ ਅਧਿਕਾਰੀ, ਸਹਾਇਕ ਖੁਰਾਕ ਅਤੇ ਸਿਵਲ ਸਪਲਾਈ ਅਧਿਕਾਰੀ ਅਤੇ ਇੰਸਪੈਕਟਰ ਸ਼ਾਮਲ ਹਨ, ਨੇ ਯੋਗਦਾਨ ਪਾਉਣ ਦਾ

ਫੈਸਲਾ ਕੀਤਾ ਹੈ।ਇਸ ਸਬੰਧੀ ਵਿਭਾਗੀ ਕਰਮਚਾਰੀਆਂ ਦੀ ਸਹਿਮਤੀ ਵਾਲੇ ਡਾਇਰੈਕਟਰ (ਖਜ਼ਾਨਾ) ਨੂੰ ਲਿਖੇ ਗਏ ਪੱਤਰ ਦੀ ਕਾਪੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਵਿਭਾਗ ਦੇ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਸੌਂਪੀ ਗਈ।

ਯੁਵਕ ਸੇਵਾਵਾਂ ਵਿਭਾਗ ਨੇ ਕਰਵਾਈ ਰੈੱਡ ਰਿਬਨ ਕਲੱਬਾਂ ਦੀ ਐਡਵੋਕੇਸੀ ਮੀਟਿੰਗ

ਹੁਸ਼ਿਆਰਪੁਰ, (ਬੀ ਐੱਸ ਸੈਣੀ) ਯੁਵਕ ਸੇਵਾਵਾਂ ਵਿਭਾਗ ਹੁਸ਼ਿਆਰਪੁਰ ਦੇ ਸਹਾਇਕ ਡਾਇਰੈਕਟਰ ਪ੍ਰੀਤ ਕੋਹਲੀ ਨੇ ਜ਼ਿਲ੍ਹੇ ਦੇ ਰੈੱਡ ਰਿਬਨ ਕਲੱਬਾਂ ਦੇ ਸਾਰੇ ਪ੍ਰੋਗਰਾਮ ਅਫ਼ਸਰਾਂ ਨੂੰ ਨਿਰਦੇਸ਼ ਦਿੱਤੇ ਕਿ ਹਰੇਕ ਸੰਸਥਾ ਨੂੰ ਸੈਸ਼ਨ 2025-26 ਦੌਰਾਨ ਘੱਟੋ-ਘੱਟ ਇਕ ਖ਼ੂਨਦਾਨ ਕੈਂਪ ਜ਼ਰੂਰ ਲਗਾਉਣਾ ਚਾਹੀਦਾ ਹੈ। ਉਹ ਸਥਾਨਕ ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਰੈੱਡ ਰਿਬਨ ਕਲੱਬਾਂ ਦੀ ਵਕਾਲਤ ਮੀਟਿੰਗ ਦੌਰਾਨ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਮੁੱਖ ਵਕਤਾ ਤੌਰ ਤੇ ਪ੍ਰਾਪਤ ਗ੍ਰਾਂਟਾਂ ਨੂੰ ਪ੍ਰੋਗਰਾਮ ਅਫ਼ਸਰਾਂ ਅਤੇ ਸਾਰੇ ਰੈੱਡ ਰਿਬਨ ਕਲੱਬਾਂ ਦੇ ਨੁਮਾਇੰਦਿਆਂ ਨੂੰ ਵੀ ਵੰਡਿਆ ਗਿਆ ਅਤੇ ਜ਼ਿਲ੍ਹੇ ਦੇ ਰੈੱਡ ਰਿਬਨ ਕਲੱਬਾਂ ਨੂੰ 2025-26 ਦੌਰਾਨ ਕੀਤੇ ਜਾਣ ਵਾਲੇ ਕੰਮਾਂ ਬਾਰੇ ਜਾਣੂ ਕਰਵਾਇਆ ਗਿਆ। ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਨੇ ਸੈਸ਼ਨ 2024-25 ਦੌਰਾਨ ਕੀਤੀਆਂ ਗਈਆਂ ਗਤੀਵਿਧੀਆਂ ਦਾ ਜਾਇਜ਼ਾ ਲਿਆ ਅਤੇ ਸਾਲ 2025-26 ਦੌਰਾਨ ਰੈੱਡ ਰਿਬਨ ਕਲੱਬਾਂ ਅਧੀਨ ਕੀਤੀਆਂ ਜਾਣ ਵਾਲੀਆਂ ਗਤੀਵਿਧੀਆਂ ਬਾਰੇ ਵੀ ਜਾਣਕਾਰੀ ਦਿੱਤੀ। ਇਸ ਸਮਾਗਮ ਦੌਰਾਨ ਹੁਸ਼ਿਆਰਪੁਰ ਜ਼ਿਲ੍ਹੇ ਦੇ 46 ਰੈੱਡ ਰਿਬਨ ਨੋਡਲ ਅਫ਼ਸਰਾਂ ਤੋਂ ਇਲਾਵਾ, 95 ਤੋਂ ਵੱਧ ਵੱਖ-ਵੱਖ ਕਾਲਜਾਂ ਦੇ ਪੀਅਰ ਐਜੂਕੇਟਰ ਵੀ ਮੌਜੂਦ ਸਨ। ਸਹਾਇਕ ਡਾਇਰੈਕਟਰ ਪ੍ਰੀਤ ਕੋਹਲੀ ਨੇ ਕਿਹਾ ਕਿ ਇਨ੍ਹਾਂ ਕਲੱਬਾਂ ਦੇ ਚੰਗੇ ਨਾਲ ਜ਼ਿਲ੍ਹੇ ਦੇ ਕਾਲਜਾਂ, ਨਰਸਿੰਗ ਕਾਲਜਾਂ, ਪੌਲੀਟੈਕਨਿਕ ਕਾਲਜਾਂ ਨਾਲ ਸਿੱਧਾ ਸੰਪਰਕ ਸਥਾਪਿਤ ਹੋਇਆ ਹੈ ਅਤੇ ਇਨ੍ਹਾਂ ਸੰਸਥਾਵਾਂ ਵਿਚ ਵਿਭਾਗ ਦੀਆਂ ਹੋਰ ਗਤੀਵਿਧੀਆਂ

ਵੀ ਬਿਹਤਰ ਢੰਗ ਨਾਲ ਚਲਾਈਆਂ ਜਾ ਰਹੀਆਂ ਹਨ। ਡਾ. ਕੁਲਦੀਪ ਕੌਰ ਵਾਲੀਆ, ਡੀ.ਐਸ.ਡਬਲਯੂ, ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ, ਹੁਸ਼ਿਆਰਪੁਰ ਨੇ ਸਾਰੇ ਮਹਿਮਾਨਾਂ ਦਾ ਸਨਮਾਨ ਕੀਤਾ। ਇਸ ਮੌਕੇ ਜ਼ਿਲ੍ਹੇ ਦੇ ਸਾਰੇ ਕਾਲਜਾਂ ਦੇ ਨੋਡਲ ਅਫ਼ਸਰਾਂ ਦੇ ਨਾਲ-ਨਾਲ ਹੋਰ ਪਤਵੰਤੇ ਵੀ ਮੌਜੂਦ ਸਨ।

ਹੜ੍ਹ ਪੀੜਤਾਂ ਦੀ ਮਦਦ ਲਈ ਵੱਖ-ਵੱਖ ਪਿੰਡਾਂ ਵੱਲੋਂ ਰਾਸ਼ੀ ਭੇਟ

ਮਹਿਤਿਆਣਾ (ਜਗਤਾਰ ਸਿੰਘ ਭੁੰਗਰਨੀ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਹੜ੍ਹ ਪੀੜਤਾਂ ਲਈ ਕੀਤੇ ਜਾ ਰਹੇ ਉਪਰਾਲਿਆਂ ਵਿੱਚ ਹਲਕਾ ਚੱਬੇਵਾਲ ਦੇ ਅਕਾਲੀ ਆਗੂਆਂ ਵਲੋਂ ਵੀ ਇਸ ਮਹਾਨ ਕਾਰਜ ਵਿੱਚ ਯੋਗਦਾਨ ਪਾਉਣ ਲਈ ਯਤਨ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਪਿੰਡ ਬਹਿਲਪੁਰ ਤੋਂ ਸ਼ਿੰਗਾਰਾ ਸਿੰਘ ਬਹਿਲਪੁਰ ਵਲੋਂ 1,25,000, ਸਰਵਿੰਦਰ ਸਿੰਘ ਠੰਡਾ ਵਲੋਂ 10,000, ਮਹਿੰਦਰ ਸਿੰਘ ਸਾਬਕਾ ਸਰਪੰਚ ਬਹਿਬਲਪੁਰ ਵਲੋਂ 10,000 ਜੋਗਾ ਸਿੰਘ ਦਾਤਾ ਵਲੋਂ 10,000, ਸੰਘਾ ਹੀਰਲਾ 10,000 ਰੁਪਏ ਦੀ ਰਾਸ਼ੀ ਨਿਰਮਲ ਸਿੰਘ ਭੀਲੋਵਾਲ, ਜਸੇਦਾਰ ਇਕਬਾਲ ਸਿੰਘ ਖੇੜਾ, ਸਰਵਿੰਦਰ ਸਿੰਘ ਠੰਡਾ ਤੇ ਸਤਨਾਮ ਸਿੰਘ ਚੱਗਰਾਂ ਨੂੰ ਭੇਟ ਕੀਤੀ। ਇਸ ਮੌਕੇ ਜਸਵੀਰ ਸਿੰਘ ਭੱਟੀ, ਅਮਰਜੀਤ ਸਿੰਘ ਜਾਂਗਲੀਵਾਲ, ਬੂਟਾ ਸਿੰਘ ਕੌਂਟ ਭੜ੍ਹੀ, ਰਣਜੋਧ ਸਿੰਘ ਨਡਾਲੋਂ, ਸਤਨਾਮ ਸਿੰਘ, ਜਸਵੀਰ ਸਿੰਘ, ਪੰਚ ਜਸਵਿੰਦਰ ਕੌਰ, ਕੁਲਵੀਰ ਸਿੰਘ, ਲਖਵੀਰ ਸਿੰਘ ਇਟਲੀ ਆਦਿ ਹਾਜ਼ਰ ਸਨ।

ਬਿਨਪਾਲਕੇ ਸਕੂਲ ਦੀ ਹਾਕੀ ਟੀਮ ਦੇ ਖਿਡਾਰੀਆਂ ਨੂੰ ਕਿੱਟਾਂ ਵੰਡੀਆਂ

ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)-ਮਾਸਟਰਜ਼ ਹਾਕੀ ਕਲੱਬ ਜਲੰਧਰ ਜ਼ਿਲ੍ਹਾ ਜਲੰਧਰ ਵੱਲੋਂ ਹਾਕੀ ਖਿਡਾਰੀਆਂ ਨੂੰ ਹਾਕੀ ਕਿੱਟਾਂ, ਜੁਰਾਬਾਂ, ਰਿਫਰੈਸ਼ਮੈਂਟਸ ਅਤੇ ਹਾਕੀਆਂ ਦਾਨ ਕੀਤੀਆਂ ਗਈਆਂ। ਇਹ ਸਹਿਯੋਗ ਖਿਡਾਰੀਆਂ ਦਾ ਖੇਡਾਂ ਪ੍ਰਤੀ ਉਤਸ਼ਾਹ ਵਧਾਉਣ ਵਾਸਤੇ ਦਿੱਤਾ ਗਿਆ। ਸਮਰਾਲਾ ਹਾਕੀ ਕਲੱਬ ਵਲੋਂ ਸ. ਗੁਰਪ੍ਰੀਤ ਸਿੰਘ ਬੇਦੀ ਜੀ ਨੇ ਬਿਨਪਾਲਕੇ ਸਕੂਲ ਦੀ ਹਾਕੀ ਟੀਮ ਨੂੰ ਹਾਕੀ ਬਾਲਾਂ ਦਾਨ ਕਰਕੇ ਖਿਡਾਰੀਆਂ ਨੂੰ ਮੈਦਾਨ ਵਿੱਚ ਹੋਰ ਬਿਹਤਰ ਪ੍ਰਦਰਸ਼ਨ ਲਈ ਉਤਸ਼ਾਹਿਤ ਕੀਤਾ। ਸਕੂਲ ਸਟਾਫ ਵਲੋਂ ਮਾਸਟਰਜ਼ ਹਾਕੀ ਕਲੱਬ ਦੋਆਬਾ ਦੇ ਪ੍ਰਧਾਨ ਸ. ਗੁਰਮੁਖ ਸਿੰਘ, ਸ. ਲੱਕੀਪ੍ਰੀਤ ਸਿੰਘ, ਅਵਤਾਰ ਸਿੰਘ, ਨਰਿੰਦਰ ਸਿੰਘ (ਬੀ.ਐਸ.ਐਫ) ਅਤੇ ਸੁਖਬੀਰ ਸਿੰਘ ਹੁੰਦਲ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ 'ਤੇ ਨਰਿੰਦਰ ਸਿੰਘ ਦੀ ਧੀ ਦੇ ਜਨਮ ਦਿਨ ਦੀ ਖੁਸ਼ੀ ਨੂੰ ਮਨਾਉਂਦਿਆਂ ਖਿਡਾਰੀਆਂ ਲਈ ਖੇਡ ਕਿੱਟਾਂ ਅਤੇ ਖੇਡ ਦਾ ਸਾਮਾਨ ਭੇਜਿਆ ਗਿਆ।ਸਮੂਹ ਖਿਡਾਰੀਆਂ ਅਤੇ ਅਧਿਆਪਕਾਂ ਵੱਲੋਂ ਕਲੱਬ ਦਾ ਧੰਨਵਾਦ ਕੀਤਾ ਗਿਆ।

ਟੈਲੇਂਟ ਹੰਟ ਪ੍ਰੋਗਰਾਮ 'ਆਗਾਜ਼-2025' ਦਾ ਹੋਇਆ ਆਯੋਜਨ

ਗੁਰਾਇਆ (ਬਿੰਦਰ ਸੁਮਨ)-ਹਨੂਮਤ ਆਈ.ਐਮ.ਟੀ. ਵਿਖੇ ਆਗਾਜ਼-2025 ਸਿਰਨਾਵੇਂ ਹੇਠ ਫਰੈਸ਼ਰ ਕਮ ਟੈਲੇਂਟ ਹੰਟ ਪ੍ਰੋਗਰਾਮ ਕਰਵਾਇਆ ਗਿਆ। ਕਾਲਜ ਡਾਇਰੈਕਟਰ ਡਾ. ਸ਼ੈਲੀ ਰੇਖੀ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਏ ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਦੇ ਅਨੇਕਾਂ ਮਨੋਰੰਜਕ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਸੋਲੋ ਸਿੰਗਿੰਗ, ਗਰੁੱਪ ਸਿੰਗਿੰਗ, ਸੋਲੋ ਡਾਂਸ, ਗਰੁੱਪ ਡਾਂਸ ਅਤੇ ਮਾਡਲਿੰਗ ਦੇ ਦੌਰ ਸ਼ਾਮਲ ਸਨ। ਪ੍ਰਤੀਯੋਗੀਆਂ ਨੂੰ ਮਿਸਟਰ ਫਰੈਸ਼ਰ, ਮਿਸ ਫਰੈਸ਼ਰ, ਮਿਸ ਐਲੀਗੈਂਟ ਅਤੇ ਮਿਸਟਰ ਕਨਫੀਡੈਂਟ ਦੇ ਖ਼ਿਤਾਬ ਵੀ ਦਿੱਤੇ ਗਏ। ਵਿਦਿਆਰਥੀਆਂ ਨੇ ਸਾਰੇ ਮੁਕਾਬਲਿਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਜੇਤੂਆਂ ਨੂੰ ਵਧਾਈ ਦਿੰਦੇ ਹੋਏ, ਕਾਲਜ ਡਾਇਰੈਕਟਰ ਡਾ. ਸ਼ੈਲੀ ਰੇਖੀ ਸ਼ਰਮਾ ਨੇ ਕਿਹਾ ਕਿ ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਦੀ ਝਿਜਕ ਨੂੰ ਦੂਰ ਕਰਨਾ ਅਤੇ ਉਨ੍ਹਾਂ ਦੀਆਂ ਲੁਕੀਆਂ ਪ੍ਰਤਿਭਾਵਾਂ ਨੂੰ ਨਿਖਾਰ ਕੇ ਉਨ੍ਹਾਂ ਨੂੰ ਉਤਸ਼ਾਹਿਤ ਕਰਨਾ ਹੈ। ਇਸ ਤੋਂ ਇਲਾਵਾ ਵਿਦਿਆਰਥੀਆਂ ਦੇ ਵਿਭਾਗਾਂ ਦੇ ਅਨੁਸਾਰ ਉਹਨਾਂ ਨੂੰ ਪ੍ਰੈਕਟੀਕਲ ਟ੍ਰੇਨਿੰਗ ਅਤੇ ਪਲੇਸਮੈਂਟ ਦੇ ਮੌਕੇ ਵੀ ਦਿੱਤੇ ਜਾਂਦੇ ਹਨ।

ਐੱਲ ਪੀ ਯੂ ਦੇ 49 ਸਟਾਫ ਮੈਂਬਰਾਂ ਨੂੰ ਵਿਸ਼ਵ ਦੇ ਸਿਖਰਲੇ 2% ਵਿਗਿਆਨਕਾਂ 'ਚ ਸਥਾਨ ਮਿਲਿਆ

ਜਲੰਧਰ (ਸ਼ੈਲੀ ਐਲਬਰਟ) ਭਾਰਤ ਦਾ ਲਗਾਤਾਰ ਵਧਦਾ ਖੋਜ ਉਤਪਾਦਨ ਹੁਣ ਵਿਸ਼ਵਵਿਆਪੀ ਮਾਨਤਾ ਪ੍ਰਾਪਤ ਕਰ ਰਿਹਾ ਹੈ, ਜਿਸ ਵਿੱਚ 49 ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਸਟਾਫ ਮੈਂਬਰਾਂ ਨੂੰ ਸਟੈਨਫੋਰਡ ਯੂਨੀਵਰਸਿਟੀ, ਯੂਐਸਏ ਦੁਆਰਾ ਵਿਸ਼ਵ ਦੇ ਚੋਟੀ ਦੇ 2% ਵਿਗਿਆਨੀਆਂ ਵਿੱਚ ਦਰਜਾ ਦਿੱਤਾ ਗਿਆ ਹੈ। ਇਨ੍ਹਾਂ ਵਿੱਚੋਂ ਅੱਠ ਮੈਂਬਰਾਂ ਨੂੰ ਆਪਣੇ-ਆਪਣੇ ਖੇਤਰਾਂ ਵਿੱਚ ਭਾਰਤ ਦੇ ਚੋਟੀ ਦੇ 20 ਵਿੱਚ ਦਰਜਾ ਦਿੱਤਾ ਗਿਆ ਹੈ। ਇਹ ਪਿਛਲੇ ਸਾਲ ਉਸੇ ਗਲੋਬਲ ਸੂਚੀ ਵਿੱਚ ਸ਼ਾਮਲ 34 ਮੈਂਬਰਾਂ ਤੋਂ ਵਾਧਾ ਹੈ।ਸਟੈਨਫੋਰਡ-ਐਲਸੇਵੀਅਰ ਮੁਲਾਂਕਣ ਸਟੈਂਡਰਡ ਹਵਾਲਾ ਸੂਚਕਾਂ ਜਿਵੇਂ ਐਚ-ਇੰਡੈਕਸ ਅਤੇ ਖੋਜ ਪ੍ਰਭਾਵ ਦੇ ਅਧਾਰ, ਦੁਨੀਆ ਭਰ ਦੇ ਕੁਝ ਸਭ ਤੋਂ ਪ੍ਰਭਾਵਸ਼ਾਲੀ ਵਿਗਿਆਨਕਾਂ ਯੋਗਦਾਨਾਂ ਨੂੰ ਉਜਾਗਰ ਕਰਦਾ ਹੈ। ਐਲ ਪੀ ਯੂ ਦੇ ਅੱਠ ਖੋਜਕਰਤਾਵਾਂ ਨੇ ਸ਼ਾਨਦਾਰ ਰਾਸ਼ਟਰੀ ਦਰਜਾ ਪ੍ਰਾਪਤ ਕੀਤਾ, ਜਿਸ ਵਿੱਚ ਨਿਊਰੋਲੋਜੀ ਅਤੇ ਨਿਊਰੋਸਰਜਰੀ ਵਿੱਚ ਪਹਿਲਾ, ਫੂਡ ਸਾਇੰਸ ਵਿੱਚ ਦੂਜਾ, ਐਜੂਕੇਸ਼ਨ ਵਿੱਚ ਪੰਜਵਾਂ, ਡੇਅਰੀ ਅਤੇ ਐਨੀਮਲ ਸਾਇੰਸ ਅਤੇ ਲੀਗਲ ਐਂਡ ਫੋਰੈਂਸਿਕ ਮੈਡੀਸਨ ਵਿੱਚ 13ਵਾਂ, ਆਪਟੋਇਲੈਕਟ੍ਰੋਨਿਕਸ ਅਤੇ ਫੋਟੋਨਿਕਸ ਵਿੱਚ 16ਵਾਂ ਅਤੇ 19ਵਾਂ, ਅਤੇ ਮੈਟੀਰੀਅਲਜ਼ ਵਿੱਚ 18ਵਾਂ

ਸਥਾਨ ਸ਼ਾਮਲ ਹੈ।ਹੋਰ ਸਟਾਫ ਮੈਂਬਰ 21 ਵੱਖ-ਵੱਖ ਖੋਜ ਖੇਤਰਾਂ ਤੋਂ ਹਨ, ਜੋ ਐੱਲ ਪੀ ਯੂ ਦੇ ਸ਼ਾਨਦਾਰ ਸਿੱਖਿਆ ਵਾਤਾਵਰਣ ਅਤੇ ਵਿਭਿੰਨਤਾ ਨੂੰ ਦਰਸਾਉਂਦੇ ਹਨ। ਫਾਰਮਾਕੋਲੋਜੀ ਅਤੇ ਫਾਰਮੇਸੀ ਤੋਂ (7)ਸਟਾਫ ਮੈਂਬਰ, ਆਪਟੋਇਲੈਕਟ੍ਰੋਨਿਕਸ ਅਤੇ ਫੋਟੋਨਿਕਸ ਤੋਂ (6), ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਇਮੇਜ ਪ੍ਰੋਸੈਸਿੰਗਤੋਂ (5), ਪਲਾਂਟ ਬਾਇਓਲੋਜੀ ਅਤੇ ਬਨਸਪਤੀ ਵਿਗਿਆਨਤੋਂ (5), ਬਾਇਓਟੈਕਨਾਲੋਜੀਤੋਂ (3), ਅਤੇ ਮੈਟੀਰੀਅਲਜ਼ ਸਾਇੰਸ ਤੋਂ (3) ਤੋਂ ਹਨ। ਇਸ ਤੋਂ ਇਲਾਵਾ, ਅਪਲਾਈਡ ਫਿਜ਼ਿਕਸ, ਕੈਮੀਕਲ ਫਿਜ਼ਿਕਸ, ਫੂਡ ਸਾਇੰਸ, ਡੇਅਰੀ ਅਤੇ ਐਨੀਮਲ ਸਾਇੰਸ, ਨੈੱਟਵਰਕਿੰਗ ਅਤੇ ਦੂਰਸੰਚਾਰ, ਸਿੱਖਿਆ, ਕਾਨੂੰਨ ਅਤੇ ਫੋਰੈਂਸਿਕ ਮੈਡੀਸਨ, ਮਾਈਕ੍ਰੋਬਾਇਓਲੋਜੀ, ਨਿਊਰੋਲੋਜੀ ਅਤੇ ਨਿਊਰੋਸਰਜਰੀ, ਜੈਵਿਕ ਰਸਾਇਣ ਵਿਗਿਆਨ, ਨਿਊਕਲੀਅਰ ਅਤੇ ਕਣ ਭੌਤਿਕ ਵਿਗਿਆਨ, ਅਤੇ ਵਾਤਾਵਰਣ ਵਿਗਿਆਨ ਤੋਂ ਹਨ।ਸੰਸਦ ਮੈਂਬਰ (ਰਾਜ ਸਭਾ) ਅਤੇ ਐਲਪੀਯੂ ਦੇ ਸੰਸਥਾਪਕ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ, "ਐਲਪੀਯੂ ਦੇ ਮਾਹਰ ਸਟਾਫ ਨੂੰ ਸਮਰਪਣ ਅਤੇ ਸਖ਼ਤ ਮਿਹਨਤ ਨਾਲ ਖੋਜ ਦੇ ਭਵਿੱਖ ਨੂੰ ਆਕਾਰ ਦਿੰਦੇ ਹੋਏ ਦੇਖਣਾ ਇੱਕ ਮਾਣ ਵਾਲੀ ਗੱਲ ਹੈ।"

ਵੇਰਕਾ ਵੱਲੋਂ ਜਾਰੀ ਪ੍ਰੀਮੀਅਮ ਹਾਈ ਪ੍ਰੋਟੀਨ ਪ੍ਰੋਬਾਇਓਟਿਕ ਦਹੀਂ ਗੁਣਾਂ ਦਾ ਵਿਲੱਖਣ ਸੁਮੇਲ : ਸ਼ੇਰਗਿੱਲ

ਚੰਡੀਗੜ੍ਹ (ਗੁਰਜੀਤ ਬਿੱਲਾ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਗਤੀਸ਼ੀਲ ਅਤੇ ਦੂਰਦਰਸ਼ੀ ਅਗਵਾਈ ਹੇਠ ਪੰਜਾਬ ਦੇ ਮਿਲਕਫੈੱਡ ਕੋਆਪਰੇਟਿਵ ਦੇ ਪ੍ਰਮੁੱਖ ਬ੍ਰਾਂਡ ਵੇਰਕਾ ਨੇ ਅੱਜ ਆਪਣਾ ਨਵੀਨਤਮ ਉਤਪਾਦ ਵੇਰਕਾ ਹਾਈ ਪ੍ਰੋਟੀਨ ਪ੍ਰੋਬਾਇਓਟਿਕ ਦਹੀਂ ਲਾਂਚ ਕੀਤਾ ਹੈ।ਇਸ ਨਵੇਂ ਉਤਪਾਦ ਨੂੰ ਜਾਰੀ ਕਰਦਿਆਂ ਪੰਜਾਬ ਮਿਲਕਫੈੱਡ ਦੇ ਚੇਅਰਮੈਨ ਸ੍ਰੀ ਨਰਿੰਦਰ ਸਿੰਘ ਸ਼ੇਰਗਿੱਲ ਨੇ ਦੱਸਿਆ ਕਿ ਇਹ ਉਤਪਾਦ ਕਿਫ਼ਾਇਤੀ ਕੀਮਤ 'ਤੇ ਉੱਚ ਪ੍ਰੋਟੀਨ ਅਤੇ ਪ੍ਰੋਬਾਇਓਟਿਕ ਗੁਣਾਂ ਦਾ ਵਿਲੱਖਣ ਸੁਮੇਲ ਹੈ। ਉਨ੍ਹਾਂ ਅੱਗੇ ਦੱਸਿਆ ਕਿ ਮੁੱਖ ਮੰਤਰੀ ਦੀ ਯੋਗ ਅਗਵਾਈ ਹੇਠ ਪੰਜਾਬ ਦਾ ਸਹਿਕਾਰੀ ਖੇਤਰ ਨਵੀਨਤਾ ਅਤੇ ਖਪਤਕਾਰਾਂ ਦੀ ਭਲਾਈ ਦੇ ਖੇਤਰ ਵਿੱਚ ਵਿਸ਼ੇਸ਼ ਤਰੱਕੀ ਕਰ ਰਿਹਾ ਹੈ। ਸ੍ਰੀ ਸ਼ੇਰਗਿੱਲ ਨੇ ਅੱਗੇ ਕਿਹਾ ਕਿ 350 ਗ੍ਰਾਮ ਕੱਪ ਲਈ ਸਿਰਫ਼ 55 ਰੁਪਏ ਦੀ ਕੀਮਤ 'ਤੇ, ਵੇਰਕਾ ਦਾ ਹਾਈ ਪ੍ਰੋਟੀਨ ਪ੍ਰੋਬਾਇਓਟਿਕ ਦਹੀਂ ਵਿਗਿਆਨਕ ਤੌਰ 'ਤੇ ਤਿਆਰ ਕੀਤੇ ਪ੍ਰੋਬਾਇਓਟਿਕ ਮਿਸ਼ਰਣ ਦੇ ਨਾਲ ਪ੍ਰਤੀ ਪੈਕ 22 ਗ੍ਰਾਮ ਪ੍ਰੋਟੀਨ ਪ੍ਰਦਾਨ ਕਰਦਾ ਹੈ।ਚੇਅਰਮੈਨ ਨੇ ਕਿਹਾ ਕਿ ਇਹ ਉਤਪਾਦ ਮਾਸਪੇਸ਼ੀਆਂ ਦੀ ਮਜ਼ਬੂਤੀ, ਪਾਚਨ ਅਤੇ ਰੋਗ-ਪ੍ਰਤੀਰੋਧਕ ਸ਼ਕਤੀ ਵਿੱਚ ਵਾਧਾ ਕਰਦਾ ਹੈ।ਸ੍ਰੀ ਸ਼ੇਰਗਿੱਲ ਨੇ ਕਿਹਾ ਕਿ ਵੇਰਕਾ ਵੱਲੋਂ ਆਪਣੇ ਸਿਹਤ-ਅਧਾਰਤ ਪੋਰਟਫੋਲੀਓ ਦਾ ਵਿਸਥਾਰ ਕਰਨ

ਲਈ ਉੱਚ-ਪ੍ਰੋਟੀਨ ਦੁੱਧ, ਉੱਚ ਪ੍ਰੋਟੀਨ-ਘੱਟ ਕੈਲੋਰੀ ਫਲੇਵਰਡ ਮਿਲਕ, ਵੇਅ ਪ੍ਰੋਟੀਨ ਵਾਲਾ ਦਹੀਂ, ਉੱਚ ਪ੍ਰੋਟੀਨ ਪ੍ਰੋਬਾਇਓਟਿਕ ਲੱਸੀ ਵਰਗੇ ਹੋਰ ਖੁਰਾਕੀ ਪਦਾਰਥ ਲਾਂਚ ਕਰਨ ਲਈ ਤਿਆਰ ਹੈ। ਇਸ ਤੋਂ ਇਲਾਵਾ ਲੋਕਾਂ ਲਈ ਘੱਟ ਮਿੱਠੇ ਵਾਲੀ ਆਇਸ ਕਰੀਮ, ਮਿਠਾਈਆਂ, ਹੋਰ ਡੇਅਰੀ ਉਤਪਾਦ ਵੀ ਲਾਂਚ ਕੀਤੇ ਜਾਣਗੇ। ਇਸ ਮੌਕੇ ਮਿਲਕਫੈੱਡ ਦੇ ਮੈਨੇਜਿੰਗ ਡਾਇਰੈਕਟਰ ਸ੍ਰੀ ਰਾਹੁਲ ਗੁਪਤਾ ਅਤੇ ਵਧੀਕ ਆਰ.ਸੀ.ਐਸ. ਸੰਨੂ ਦੁੱਗਲ ਵੀ ਮੌਜੂਦ ਸਨ।

ਕੰਪਿਊਟਰ ਅਧਿਆਪਕ ਯੂਨੀਅਨ 28 ਨੂੰ ਮੁੱਖ ਮੰਤਰੀ ਦਾ ਘਿਰਾਓ ਕਰੇਗੀ

ਜਲੰਧਰ (ਰਾਜੇਸ਼ ਥਾਪਾ)-ਪੰਜਾਬ ਸਰਕਾਰ ਦੇ ਕੀਤੇ ਐਲਾਨ ਅਤੇ ਲਿਖਤ ਵਾਅਦਿਆਂ ਤੋਂ ਭੱਜਣ ਦੇ ਰੋਸ ਨੂੰ ਲੈ ਕੇ ਕੰਪਿਊਟਰ ਅਧਿਆਪਕ ਯੂਨੀਅਨ ਪੰਜਾਬ ਦੇ ਸੱਦੇ ਤੇ 28 ਸਤੰਬਰ ਨੂੰ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦਾ ਘਿਰਾਓ ਕੀਤਾ ਜਾਵੇਗਾ। ਜਿਸ ਦੀ ਜਾਣਕਾਰੀ ਦਿੰਦੇ ਹੋਏ ਜ਼ਿਲਾ ਜਲੰਧਰ ਪ੍ਰਧਾਨ ਰਮਨ ਕੁਮਾਰ ਅਤੇ ਹਰਜਿੰਦਰ ਮਹਿਸਮ ਪੁਰ ਸੂਬਾ ਕਮੇਟੀ ਪ੍ਰੈਸ ਸਕੱਤਰ ਅਗਵਾਈ ਨੇ ਸਾਂਝੇ ਤੌਰ ਤੇ ਪ੍ਰੈਸ ਨੂੰ ਦੱਸਿਆ ਕਿ ਸਰਕਾਰ ਕੰਪਿਊਟਰ ਅਧਿਆਪਕਾਂ ਨੂੰ ਅੱਜ ਤੱਕ ਆਪਣਾ ਹੱਕ ਸਿਰਫ਼ ਤਨਖਾਹਾਂ ਦੇਣ ਵਿੱਚ ਵੀ ਨਾਕਾਮ ਰਹੀ ਹੈ ਜਦੋਂ ਕਿ ਬਾਕੀ ਸਾਰੇ ਮੁਲਾਜ਼ਮਾਂ ਨੂੰ ਹਰ ਮਹੀਨੇ ਦੀ ਪਹਿਲੀ ਜਾਂ ਦੂਜੀ ਤਾਰੀਕ ਨੂੰ ਤਨਖਾਹ ਮਿਲ ਜਾਂਦੀ ਹੈ, ਜਿਸ ਕਾਰਨ ਸੂਬੇ ਦੇ ਸਾਰੇ ਕੰਪਿਊਟਰ ਅਧਿਆਪਕਾਂ ਵਿੱਚ ਸਰਕਾਰ ਪ੍ਰਤੀ ਭਾਰੀ ਰੋਸ ਹੈ।

ਪਟਕੇ ਦੀ ਕੁਸ਼ਤੀ ਪਹਿਲਵਾਨ ਪ੍ਰਿਤਪਾਲ ਜਿੱਤੀ

ਫਿਲੌਰ, (ਨਿਰਮਲ)-ਪੀਰ ਬਾਬਾ ਲੱਖ ਦਾਤਾ ਛਿੰਝ ਕਮੇਟੀ ਖੈਹਿਰਾ ਫਿਲੌਰ (ਫਿਲੌਰ) ਵੱਲੋਂ 22ਵਾਂ ਸਾਲਾਨਾ ਛਿੰਝ ਮੇਲਾ 24 ਸਤੰਬਰ ਨੂੰ ਪਿੰਡ ਖੈਹਿਰਾ ਵਿਖੇ ਕਰਵਾਇਆ ਗਿਆ ਜਿਸ ਵਿੱਚ ਪੰਜਾਬ ਭਰ ਤੋਂ ਪ੍ਰਸਿੱਧ ਪਹਿਲਵਾਨਾਂ ਨੇ ਭਾਗ ਲਿਆ। ਇਹ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਆਗੂ ਸਾਬਕਾ ਵਿਧਾਇਕ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਸਾਬਕਾ ਵਿਧਾਇਕ ਬਲਦੇਵ ਸਿੰਘ ਖੈਹਿਰਾ ਨੇ ਦੱਸਿਆ ਕਿ ਸਮੂਹ ਨਗਰ ਨਿਵਾਸੀਆਂ ਅਤੇ ਐੱਨ ਆਰ ਆਈਜ਼ ਦੇ ਸਹਿਯੋਗ ਨਾਲ ਇਹ ਛਿੰਝ ਮੇਲਾ ਕਰਵਾਇਆ ਗਿਆ। ਪਟਕੇ ਦੀ ਕੁਸ਼ਤੀ ਪ੍ਰਿਤਪਾਲ ਫਗਵਾੜਾ ਦੇ ਪਹਿਲਵਾਨ ਅਤੇ ਉਮੇਸ਼ ਮਥਰਾ ਵਿੱਚ ਹੋਈ ਜਿਸ ਵਿੱਚ ਪ੍ਰਿਤਪਾਲ ਫਗਵਾੜਾ ਜੇਤੂ ਰਿਹਾ। ਜੇਤੂ ਪਹਿਲਵਾਨਾ ਨੂੰ ਸਾਬਕਾ ਵਿਧਾਇਕ ਬਲਦੇਵ ਸਿੰਘ ਖੈਹਿਰਾ ਅਤੇ ਐਨ.ਆਰ.ਆਈਜ ਵੱਲੋਂ ਇਨਾਮਾਂ ਦੀ ਵੰਡ ਕੀਤੀ ਗਈ। ਗੁਰਦੁਆਰਾ ਸਿੰਘਾ ਸ਼ਹੀਦਾਂ ਵੱਲੋਂ ਲੰਗਰ ਦੀ ਸੇਵਾ ਕੀਤੀ ਗਈ।

ਨੌਜਵਾਨਾਂ ਨੂੰ ਨਸ਼ਿਆਂ ਤੋਂ ਰਹਿਤ ਕਰਕੇ 'ਆਪ' ਨਾਲ ਜੋੜਿਆ ਜਾਵੇਗਾ : ਮਨਵੀਰ, ਅਮਰਜੀਤ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ) ਪੰਜਾਬ ਦੀ ਨੌਜਵਾਨ ਪੀੜੀ ਨੂੰ ਨਸ਼ਿਆਂ ਤੋਂ ਰਹਿਤ ਕਰਕੇ ਆਮ ਆਦਮੀ ਪਾਰਟੀ ਨਾਲ ਜੋੜਨ ਲਈ ਨਵ ਨਿਯੁਕਤ ਆਪ ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਮਨਵੀਰ ਸਿੰਘ ਝਾਵਾਂ ਅਤੇ ਹਲਕਾ ਪ੍ਰਧਾਨ ਅਮਰਜੀਤ ਸਿੰਘ ਧਾਲੀਵਾਲ ਨੇ ਜਿਹੜੀ ਮੁਹਿੰਮ ਸ਼ੁਰੂ ਕੀਤੀ ਹੋਈ ਹੈ ਉਸ ਸਬੰਧ ਵਿੱਚ ਪਿੰਡ ਝਾਵਾਂ ਵਿਖੇ ਪਹੁੰਚੇ। ਪਿੰਡ ਪਹੁੰਚਣ ਤੇ ਸਮੂਹ ਪੰਚਾਇਤ ਸਰਪੰਚ ਸੁਖਵਿੰਦਰਜੀਤ ਸਿੰਘ, ਬਾਗ ਸਿੰਘ, ਕਾਲਜ ਯੂਨੀਅਨ ਪ੍ਰਧਾਨ ਗੁਰਮੁਖ ਸਿੰਘ, ਪੰਚਾਇਤ ਮੈਂਬਰ ਜਸਵਿੰਦਰ ਸਿੰਘ, ਪੰਚਾਇਤ ਮੈਂਬਰ ਹਰਦੇਵ ਸਿੰਘ, ਗੁਰਦੀਪ ਸਿੰਘ, ਪਰਵੀਨ ਕੁਮਾਰ, ਕਰਮਜੀਤ ਸਿੰਘ, ਬੱਬੀ ਝਾਵਾਂ, ਚਮਨ ਲਾਲ, ਬਿੱਟੂ ਝਾਵਾਂ ਡਾਕਟਰ ਪੰਮਾ, ਜਸਵੰਤ ਸਿੰਘ, ਨਿੰਦਰ ਢੱਟ ਤੇ ਹੋਰ ਪਿੰਡ ਦੇ ਪਤਵੰਤੇ ਤੇ ਗੁਰਦੁਆਰਾ ਸਾਹਿਬ ਕਮੇਟੀ ਵੱਲੋਂ ਜੀ ਆਇਆਂ ਕਹਿੰਦੇ ਹੋਏ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਅਮਰਜੀਤ ਸਿੰਘ ਧਾਲੀਵਾਲ ਨੇ ਕਿਹਾ ਕਿ ਆਪ ਹੀ ਇੱਕ ਅਜਿਹੀ ਪਾਰਟੀ ਹੈ ਜਿਹੜੀ ਕਿ ਬਿਨ੍ਹਾਂ ਕਿਸੇ ਭੇਦਭਾਵ ਦੇ ਪਾਰਟੀ ਸੱਤਰ ਤੋਂ ਉੱਪਰ ਉੱਠ ਕੇ ਹਰ ਪਿੰਡ ਦੇ ਵਿਕਾਸ ਕਾਰਜ ਕਰਵਾ ਰਹੀ ਹੈ ਅਤੇ ਆਮ ਜਨਤਾ ਦੇ ਦੁੱਖ-ਸੁੱਖ ਵਿੱਚ ਸਾਂਝ ਵਧਾ ਰਹੀ ਹੈ।

ਮੁੰਬਈ ਤੋਂ ਆਏ ਸ਼ਰਧਾਲੂ ਅੰਬੇਡਕਰ ਭਵਨ ਵਿਖੇ ਹੋਏ ਨਤਮਸਤਕ

ਜਲੰਧਰ (ਰਾਜੇਸ਼ ਥਾਪਾ)-ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਸ਼ਰਧਾਲੂ ਰੰਜਨਕੁਮਾਰ ਮਹਾਦੇਵ ਖਪਰਡੇ, ਨੈਸ਼ਨਲ ਪ੍ਰੈਜ਼ੀਡੈਂਟ, ਆਲ ਇੰਡੀਆ ਬੈਂਕ ਆਫ ਇੰਡੀਆ ਐਸਸੀ /ਐਸਟੀ/ਓਬੀਸੀ ਐਮਪਲਾਈਜ਼ ਐਸੋਸੀਏਸ਼ਨ ਅਤੇ ਸ੍ਰੀ ਜੇ. ਕੇ. ਕਾਂਬਲੇ, ਨੈਸ਼ਨਲ ਜਨਰਲ ਸਕੱਤਰ, ਆਲ ਇੰਡੀਆ ਬੈਂਕ ਆਫ ਇੰਡੀਆ ਐਸ ਸੀ/ਐਸ ਟੀ/ਓ ਬੀ ਸੀ ਐਮਪਲਾਈਜ਼ ਐਸੋਸੀਏਸ਼ਨ ਇਤਿਹਾਸਕ ਸਥਾਨ, 'ਅੰਬੇਡਕਰ ਭਵਨ' ਵਿਖੇ ਤਥਾਗਤ ਬੁੱਧ ਅਤੇ ਬਾਬਾ ਸਾਹਿਬ ਡਾ. ਅੰਬੇਡਕਰ ਦੀ ਮੂਰਤੀ ਅੱਗੇ ਨਤਮਸਤਕ ਹੋਣ ਆਏ। ਬੈਂਕ ਆਫ ਇੰਡੀਆ ਦੇ ਸਾਬਕਾ ਸੀਨੀਅਰ ਮੈਨੇਜਰ, ਆਲ ਇੰਡੀਆ ਬੈਂਕ ਆਫ ਇੰਡੀਆ ਐਸ ਸੀ/ਐਸ ਟੀ/ਓ ਬੀ ਸੀ ਐਮਪਲਾਈਜ਼ ਐਸੋਸੀਏਸ਼ਨ ਦੀ ਉੱਤਰ ਖੇਤਰੀ ਇਕਾਈ ਦੇ ਕੋਸ਼ੀਅਰ ਬਹੁਤ ਹੀ ਸਤਿਕਾਰਯੋਗ ਕਮਲ ਕੁਮਾਰ ਵੀ ਉਨ੍ਹਾਂ ਦੇ ਨਾਲ ਆਏ।



ਖਨੌੜਾ ਵਿਖੇ ਪੀਰ ਬਾਬਾ ਮੁਕਾਮ ਸ਼ਾਹ ਦੀ ਯਾਦ 'ਚ ਸਾਲਾਨਾ ਜੋੜ ਮੇਲਾ ਕਰਵਾਇਆ

ਮਹਿਤਿਆਣਾ (ਜਗਤਾਰ ਸਿੰਘ ਭੁੰਗਰਨੀ)- ਪਿੰਡ ਖਨੌੜਾ ਦਰਬਾਰ ਪੀਰ ਬਾਬਾ ਮੁਕਾਮ ਸ਼ਾਹ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਪੀਰ ਬਾਬਾ ਮੁਕਾਮ ਸ਼ਾਹ ਦੀ ਯਾਦ ਵਿੱਚ ਸਲਾਨਾ ਜੋੜ ਮੇਲਾ ਸ਼ਰਧਾ ਭਾਵਨਾ ਨਾਲ ਡੇਰੇ ਦੇ ਮੁੱਖ ਸੇਵਾਦਾਰ ਸਾਈਂ ਬੂਟੀ ਸ਼ਾਹ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਮੌਕੇ ਸੇਵਾਦਾਰ ਸਾਈਂ ਗੋਲਡੀ ਖਨੌੜਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਲਾਨਾ ਜੋੜ ਮੇਲੇ ਦੌਰਾਨ ਚਾਦਰ ਚਿਰਾਗ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਗਈ।ਇਸ ਮੌਕੇ ਪੰਜਾਬ ਦੇ ਨਾਮਵਰ ਕਲਾਕਾਰ ਕੁਲਦੀਪ ਰੂਹਾਨੀ ਇੰਟਰਨੈਸ਼ਨਲ ਕਵਾਲ ਭੁੱਲਾਰਾਈ, ਕੁਲਵਿੰਦਰ ਕਿੰਦਾ ਇੰਟਰਨੈਸ਼ਨਲ ਕਲਾਕਾਰ ਆਦਿ ਨੇ ਪੀਰਾਂ ਦੀ ਮਹਿਫਲ ਸਜਾਈ। ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਪਤਾ ਹਸਪਤਾਲ ਹੁਸ਼ਿਆਰਪੁਰ ਵੱਲੋਂ ਮੁਫ਼ਤ ਮੈਡੀਕਲ ਕੈਂਪ ਵੀ ਲਗਾਇਆ ਗਿਆ। ਇਸ ਮੌਕੇ ਰਾਜ ਕੰਦੋਲਾ, ਸਾਈਂ ਜਸਵੰਤ ਸਿੰਘ ਜੱਸਾ ਖਨੌੜਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਦਰਵੇਸ਼ ਫ਼ਕੀਰਾਂ ਨੇ ਹਾਜ਼ਰੀ ਭਰੀ। ਜੋੜ ਮੇਲੇ ਦੌਰਾਨ ਮੁੱਖ ਸੇਵਾਦਾਰ ਸਾਈਂ ਬੂਟੀ ਸ਼ਾਹ, ਸਾਈ ਗੋਲਡੀ ਸਾਈਂ, ਸੰਨੀ, ਮੋਹਿਤ, ਰੋਹਿਤ, ਰਵੀ, ਡਿਪਟੀ, ਗੋਪੀ, ਗੋਲਡੀ ਪਾਲ, ਰਮਨ, ਸੁੱਚਾ ਸਿੰਘ, ਹੈਪੀ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਚਾਹ ਪਕੌੜੇ ਅਤੇ ਦਾਤਾ ਜੀ ਦੇ ਲੰਗਰ ਅਤੁੱਟ ਵਰਤਾਏ ਗਏ।

ਸਾਲਾਨਾ ਛਿੰਝ ਮੇਲਾ ਅੱਜ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)-ਐਨ ਆਰ ਆਈ ਅਤੇ ਸਮਾਜ ਸੇਵੀ ਬਿੱਟੂ ਰਾਵਾਂ ਖੇੜਾ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ ਹਰ ਸਾਲ ਦੀ ਤਰਾਂ ਇਸ ਸਾਲ ਵੀ ਕਰੀਬੀ ਪਿੰਡ ਰਾਵਾਂ-ਖੇੜਾ (ਫਿਲੌਰ) ਜਲੰਧਰ ਵਿਖੇ ਗੁੱਗਾ ਜ਼ਾਹਰ ਪੀਰ ਦੀ ਯਾਦ ਵਿੱਚ ਸਮੂਹ ਨਗਰ ਨਿਵਾਸੀਆਂ, ਪ੍ਰਬੰਧਕ ਕਮੇਟੀ,ਐਨ ਆਰ ਆਈ ਵੀਰਾਂ, ਸਮੂਹ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਸਾਲਾਨਾ ਛਿੰਝ ਮੇਲਾ ਅੱਜ ਕਰਵਾਇਆ ਜਾਏਗਾ।

ਐੱਫ ਪੀ ਓ ਵੱਲੋਂ ਸੇਲ ਪੁਆਇੰਟ ਦਾ ਉਦਘਾਟਨ

ਅੱਡਾਂ ਸਰਾਂ (ਜਸਵੀਰ ਕਾਜਲ)-ਕੰਡੀ ਫਾਰਮਰ ਪ੍ਰੋਡਿਊਸਰ ਆਰਗੇਨਾਈਜੇਸ਼ਨ ਦਸੂਹਾ ਵੱਲੋਂ ਨੈਸ਼ਨਲ ਬੈਂਕ ਫੋਰ ਐਗਰੀਕਲਚਰ ਐਂਡ ਰੂਰਲ ਡਿਵੈਲਪਮੈਂਟ ਅਤੇ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਪੰਜਾਬ ਦੇ ਸਹਿਯੋਗ ਨਾਲ ਕਿਸਾਨਾਂ ਦੇ ਆਰਥਿਕ ਵਿਕਾਸ ਲਈ 35 ਪਿੰਡਾਂ ਵਿੱਚ ਚਲਾਏ ਜਾ ਰਹੇ ਅਭਿਆਨ ਤਹਿਤ ਕਿਸਾਨ ਮੈਂਬਰਾਂ ਦੁਆਰਾ ਕੁਦਰਤੀ ਢੰਗ ਨਾਲ ਤਿਆਰ ਕੀਤੀਆਂ ਗਈਆਂ ਫਸਲਾਂ ਦੇ ਸ਼ੁੱਧ ਪ੍ਰਡੱਕਟ ਜਿਵ ਅਚਾਰ, ਮੁਰੱਬ, ਚਟਨੀਆ, ਹਲਦੀ, ਸਰ ਦਾ ਤਲ, ਬਸਣ, ਆਟਾ, ਦਾਲਾ, ਗੁੜ੍ਹ, ਸੱਕਰ ਅਤੇ ਸਬਜੀਆ ਦਾ ਸੇਲ ਪੁਆਇੰਟ ਅੱਡਾਂ ਰਛਪਾਲਮਾ ਵਿਖੇ ਖੋਲਿਆ ਗਿਆ। ਜਿਸ ਦਾ ਉਦਘਾਟਨ ਰਜਤ ਛਾਬੜਾ ਡੀ.ਡੀ.ਐਮ.ਨਬਾਰਡ ਜ਼ਿਲ੍ਹਾ ਹੁਸ਼ਿਆਰਪੁਰ ਵੱਲੋਂ ਕੀਤਾ ਗਿਆ। ਇਸ ਮੌਕੇ ਉਚੇਚੇ ਤੌਰ 'ਤੇ ਰਵਿੰਦਰ ਸਿੰਘ ਕਾਹਲੋ ਪ੍ਰਧਾਨ ਸ਼ਹੀਦ ਭਗਤ ਸਿੰਘ ਕ੍ਰਾਂਤੀਕਾਰੀ ਸੁਸਾਇਟੀ ਪੰਜਾਬ, ਜਗਤਾਰ ਸਿੰਘ ਪ੍ਰਧਾਨ ਕੰਡੀ ਐਫ.ਪੀ.ਓ. ਦਸੂਹਾ, ਬੋਰਡ ਆਫ ਡਾਇਰੈਕਟਰ ਅਤੇ ਕਿਸਾਨ ਮੈਬਰਾ ਨੇ ਸ਼ਮੂਲੀਅਤ ਕੀਤੀ। ਰਜਤ ਛਾਬੜਾ ਡੀ.ਡੀ.ਐਮ.ਨਬਾਰਡ ਨੇ ਸੇਲ ਪੁਆਇੰਟ ਖੋਲਣ ਤੇ ਮੈਬਰਾ ਨੂੰ ਵਧਾਈ ਦਿੰਦੇ ਹੋਏ ਐਫ.ਪੀ.ਓ. ਦੇ ਵਿਕਾਸ ਲਈ ਇਸ ਸੇਲ ਪੁਆਇੰਟ ਨੂੰ ਅਹਿਮ ਦੱਸਦਿਆ ਅਤੇ ਨਬਾਰਡ ਦੀਆ ਐਫ.ਪੀ.ਓ. ਲਈ ਸਕੀਮਾ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਸੰਬੋਧਨ ਕਰਦਿਆ ਰਵਿੰਦਰ ਸਿੰਘ ਕਾਹਲੋ ਨੇ ਕਿਹਾ ਕਿ ਇਸ ਸੇਲ ਪੁਆਇੰਟ ਦੇ ਮਾਧਿਅਮ ਰਾਹੀ ਸਿੱਧੀ ਸੇਲ ਸੁਰੂ ਹੋਣ ਨਾਲ ਐਫ.ਪੀ.ਓ. ਦੇ ਕਿਸਾਨ ਮੈਬਰਾ ਨੂੰ ਆਪਣੇ ਉਤਪਾਦਾ ਦਾ ਪੂਰਾ ਲਾਭ ਪ੍ਰਾਪਤ ਹੋਵੇਗਾ ਅਤੇ ਖਰੀਦਦਾਰ ਨੂੰ ਸਸਤੇ ਅਤੇ ਵਧੀਆ ਉਤਪਾਦ ਪ੍ਰਾਪਤ ਹੋਣਗੇ।

ਡਿੱਗੀ ਛੱਤ ਦੀ ਮੁਰੰਮਤ ਲਈ ਗਰੀਬ ਪਰਵਾਰ ਦੀ ਕੀਤੀ ਵਿੱਤੀ ਮਦਦ

ਫ਼ਗਵਾੜਾ (ਡਾ. ਰਮਨ, ਜਸਵਿੰਦਰ ਢੱਡਾ) ਹੜ੍ਹਾਂ ਅਤੇ ਭਾਰੀ ਮੀਹਾਂ ਨਾਲ਼ ਹੋਏ ਭਾਰੀ ਨੁਕਸਾਨ ਨਾਲ ਪ੍ਰਭਾਵਿਤ ਲੋਕਾਂ ਦੀ ਕੁੱਝ ਨਾ ਕੁੱਝ ਮਦਦ ਕਰਨ ਦੇ ਉਪਰਾਲੇ ਨਾਲ ਪੰਜਾਬ

ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫਿਲੌਰ ਅਤੇ ਫਗਵਾੜਾ ਦੇ ਪੈਨਸ਼ਨਰਜ਼ ਭੈਣਾਂ ਭਰਾਵਾਂ ਵਲੋਂ ਸਹਿਯੋਗ ਦਿੰਦੇ ਹੋਏ ਰਾਹਤ ਫੰਡ ਇਕੱਠਾ ਕੀਤਾ ਗਿਆ ।ਪੈਨਸ਼ਨਰਾਂ ਦੇ ਸਹਿਯੋਗ ਨਾਲ ਇਕੱਠੇ ਹੋਏ ਫੰਡ ਵਿੱਚੋਂ ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫਿਲੌਰ ਦੇ ਸੀਨੀਅਰ ਮੀਤ ਪ੍ਰਧਾਨ ਸ.ਤਾਰਾ ਸਿੰਘ ਬੀਕਾ ਅਤੇ ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫ਼ਗਵਾੜਾ ਦੇ ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ ਦੀ ਅਗਵਾਈ ਵਿੱਚ ਪਿੰਡ ਖ਼ਾਨਪੁਰ ਤਹਿਸੀਲ ਬੰਗਾ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਗ਼ਰੀਬ ਮਜ਼ਦੂਰ ਪਰਿਵਾਰ ਦੀ ਡਿੱਗੀ ਛੱਤ ਦੀ ਮੁਰੰਮਤ ਕਰਵਾਉਣ ਲਈ ਸ੍ਰੀ ਚਰਨਜੀਤ ਪੁੱਤਰ ਸ਼੍ਰੀ ਸੋਹਣ ਸਿੰਘ ਅਤੇ ਸੁਪਤਨੀ ਸ੍ਰੀਮਤੀ ਕਸ਼ਮੀਰ ਕੌਰ ਨੂੰ ਪਿੰਡ ਦੇ ਪਤਵੰਤੇ ਸੱਜਣਾਂ ਸ਼੍ਰੀ ਹਰਨਾਮ ਦਾਸ ਪੰਚ, ਗੁਰਮੁਖ ਸਿੰਘ ਪੰਚ, ਕਾਮਰੇਡ ਸੁਰਿੰਦਰ ਸਿੰਘ, ਸਤਨਾਮ ਸਿੰਘ,ਹਰਚਰਨ ਸਿੰਘ, ਅਮਰਜੀਤ ਸਿੰਘ, ਕਮਲਦੀਪ ਕੌਰ ਦੀ ਮੌਜੂਦਗੀ ਵਿੱਚ 15000 ਰੁਪਏ ਦੀ ਆਰਥਿਕ ਸਹਾਇਤਾ ਪਰਿਵਾਰ ਨੂੰ ਦਿੱਤੀ ਗਈ। ਗ੍ਰਾਮ ਪੰਚਾਇਤ ਖਾਨਪੁਰ ਦੇ ਮੌਜੂਦਾ ਪੰਚ ਸਹਿਬਾਨ ਅਤੇ ਪਤਵੰਤੇ ਸੱਜਣਾਂ ਨੂੰ ਨਿਮਰਤਾ ਸਹਿਤ ਬੇਨਤੀ ਵੀ ਕੀਤੀ ਗਈ ਕਿ ਆਪਣੀ ਨਿਗਰਾਨੀ ਹੇਠ ਛੱਤ ਦੀ ਮੁਰੰਮਤ ਦਾ ਕੰਮ ਜਲਦੀ ਤੋਂ ਜਲਦੀ ਪੂਰਾ ਕਰਵਾਉਣ।

ਦੂਹੜੇ ਲਿੰਕ ਰੋਡ ਦੇ ਕੰਮ ਦੀ ਪਵਨ ਟੀਨੂੰ ਨੇ ਕਰਵਾਈ ਸ਼ੁਰੂਆਤ

ਆਦਮਪੁਰ, (ਪਰਮਜੀਤ ਸਿੰਘ):-ਵਿਧਾਨ ਸਭਾ ਹਲਕਾ ਆਦਮਪੁਰ ਦੇ ਅਧੀਨ ਆਉਂਦੇ ਆਦਮਪੁਰ ਭੋਗਪੁਰ ਤੋਂ ਪਿੰਡ ਦੂਹੜੇ 1.40 ਕਰੋੜ ਦੀ ਲਾਗਤ ਨਾਲ ਤਿਆਰ ਹੋਣ ਵਾਲੀ ਸੜਕ ਦੇ ਕੰਮ ਦੀ ਸ਼ੁਰੂਆਤ ਸਮੂਹ ਪੰਚਾਇਤ ਦੀ ਅਗਵਾਈ ਹੇਠ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਵੱਲੋਂ ਕਰਵਾਈ ਗਈ। ਮੌਕੇ 'ਤੇ ਜਾਣਕਾਰੀ ਦਿੰਦਿਆਂ ਪਵਨ ਕੁਮਾਰ ਟੀਨੂੰ ਨੇ ਦੱਸਿਆ ਕਿ ਆਦਮਪੁਰ ਭੋਗਪੁਰ ਰੋਡ ਤੋਂ ਪਿੰਡ ਬਡਾਲਾ ਤੋਂ ਮਨਸੂਰਪੁਰ ਦੂਹੜੇ, ਕਲੋਨੀ, ਅਲਾਵਾਲਪੁਰ ਰੋਡ ਗੋਲ ਪਿੰਡ ਤੱਕ 1.40 ਕਰੋੜ ਦੀ ਲਾਗਤ ਨਾਲ ਤਿਆਰ ਹੋਣ ਵਾਲੀਆਂ ਸੜਕਾਂ ਦੇ ਕਾਰਜਾਂ ਦਾ ਉਦਘਾਟਨ ਕੀਤਾ ਗਿਆ ਹੈ। ਟੀਨੂ ਨੇ ਦੱਸਿਆ ਕਿ ਪੰਜਾਬ ਵਿੱਚ ਆਏ ਹੜਾਂ ਦੇ ਕਾਰਨ ਆਦਮਪੁਰ ਦੇ ਵਿਕਾਸ ਕਾਰਜ ਕੁਝ ਸਮੇਂ ਲਈ ਲੇਟ ਹੋ ਗਏ ਹਨ ਪਰ ਹੁਣ ਇਹ ਵਿਕਾਸ ਜੰਗੀ ਪੱਧਰ 'ਤੇ ਕੀਤਾ ਜਾਵੇਗਾ। ਰਾਣਾ ਕਰਨੈਲ ਸਿੰਘ ਪੰਚ ਅਤੇ ਪ੍ਰਧਾਨ ਟਰਾਂਸਪੋਰਟ ਹਲਕਾ ਵਿੰਗ ਆਪ ਪਾਰਟੀ ਵੱਲੋਂ ਪਵਨ ਟੀਨੂੰ ਦਾ ਧੰਨਵਾਦ ਕੀਤਾ। ਉਦਘਾਟਨ ਮੌਕੇ ਸਰਪੰਚ ਰਾਜਪ੍ਰੀਤ ਕੌਰ, ਕਰਨੈਲ ਸਿੰਘ, ਪ੍ਰਭਜੋਤ ਕੌਰ, ਦਲਬੀਰ ਕੌਰ, ਸੁਖਵਿੰਦਰਜੀਤ ਕੌਰ, ਸੁੱਚਾ ਰਾਮ ਸਮੂਹ ਪੰਚਾਇਤ ਮੈਂਬਰ, ਪਰਮਜੀਤ ਸਿੰਘ ਰਾਜਵੰਸ਼ ਚੇਅਰਮੈਨ ਮਾਰਕੀਟ ਕਮੇਟੀ ਆਦਮਪੁਰ, ਹਰਕੀਤ ਸਿੰਘ ਨਿੱਝਰ ਕੁਆਰਡੀਨੇਟਰ ਕਿਸਾਨ ਵਿੰਗ ਹਲਕਾ ਆਦਮਪੁਰ, ਪਰਮਜੀਤ ਪੰਮਾ ਸੰਗਠਨ ਇੰਚਾਰਜ, ਦਿਲਬਾਗ ਸਿੰਘ ਪ੍ਰਧਾਨ ਵੈਲਫੇਅਰ ਕਮੇਟੀ, ਕਰਨੈਲ ਸਿੰਘ ਸੋਢੀ, ਗੁਰਦਿਆਲ ਸਿੰਘ ਜੰਗੀ, ਮਨਜੀਤ ਸਿੰਘ, ਅੰਮ੍ਰਿਤਪਾਲ ਸਿੰਘ ਮਨੀਲਾ, ਤਰਲੋਚਨ ਸਿੰਘ ਸਰਪੰਚ ਦੋਲੀਕੇ, ਬਲਜੀਤ ਸਿੰਘ ਲੈਕਚਰਾਰ,ਅਨੂਪ ਸਿੰਘ ਨੂਪੀ, ਜਸਕੀਤ ਸਿੰਘ ਸਰੋਵਾਦ, ਭੁਪਿੰਦਰ ਸਿੰਘ ਭਿੰਦਾ, ਕਿਸ਼ਨ ਚੰਦ ਸਾਬਕਾ ਸਰਪੰਚ, ਭੁਪਿੰਦਰ ਸਿੰਘ ਲਾਡੀ ਸੈਕਟਰੀ, ਰਮਨਦੀਪ ਕੌਰ ਸਰਪੰਚ ਬਡਾਲਾ, ਜਸਬੀਰ ਸਿੰਘ ਸਰਪੰਚ ਮਨਸੂਰਪੁਰ, ਦੀਪ ਦੂਹੜੇ ਤੇ ਹੋਰ ਹਾਜਰ ਸਨ।

ਸ਼ਹੀਦ ਭਗਤ ਸਿੰਘ ਨਗਰ ਨੂੰ ਮਿਲੇ ਤਿੰਨ ਖੇਤੀਬਾੜੀ ਵਿਸਥਾਰ ਅ਼ਫਸਰ

ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ) ਪੰਜਾਬ ਸਰਕਾਰ ਵੱਲੋਂ ਭਰਤੀ ਕੀਤੇ ਗਏ ਨਵੇਂ ਖੇਤੀਬਾੜੀ ਵਿਸਥਾਰ ਅਫ਼ਸਰਾਂ ਵਿਚੋਂ ਤਿੰਨ ਅਧਿਕਾਰੀਆਂ ਨੂੰ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਵਿੱਚ ਤਾਇਨਾਤ ਕੀਤਾ ਗਿਆ ਹੈ ਜਿਨ੍ਹਾਂ ਦੀ ਨਿਯੁਕਤੀ ਨਵਾਂਸ਼ਹਿਰ, ਔੜ ਅਤੇ ਬਲਾਚੌਰ ਵਿਖੇ ਹੋਈ ਹੈ। ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਨਵੇਂ ਅਧਿਕਾਰੀਆਂ ਨੂੰ ਮੁਬਾਰਕਬਾਦ ਦਿੰਦਿਆ ਆਸ ਪ੍ਰਗਟਾਈ ਕਿ ਉਹ ਖੇਤੀਬਾੜੀ ਖੇਤਰ ਦੇ ਵਿਸਥਾਰ ਅਤੇ ਕਿਸਾਨਾਂ ਦੀ ਭਲਾਈ ਲਈ ਅਹਿਮ ਯੋਗਦਾਨ ਪਾਉਣਗੇ।ਮੁੱਖ ਖੇਤੀਬਾੜੀ ਅਫ਼ਸਰ ਡਾ. ਰਾਕੇਸ਼ ਸ਼ਰਮਾ ਨੇ ਕਿਹਾ ਕਿ ਖੇਤੀਬਾੜੀ ਵਿੱਚ ਉੱਚ ਸਿੱਖਿਆ ਹਾਸਲ ਤਿੰਨਾਂ ਅਧਿਕਾਰੀਆਂ ਨੇ ਆਪਣੇ ਅਹੁਦੇ ਸੰਭਾਲ ਕੇ ਸੇਵਾਵਾਂ ਸ਼ੁਰੂ ਕਰ ਦਿੱਤੀਆਂ ਹਨ। ਨਵਾਂਸ਼ਹਿਰ ਵਿਖੇ ਤਾਇਨਾਤ ਖੇਤੀਬਾੜੀ ਵਿਸਥਾਰ ਅਫ਼ਸਰ ਗੁਰਪ੍ਰੀਤ ਸਿੰਘ ਨੇ ਆਪਣਾ ਅਹੁਦਾ ਸੰਭਾਲਣ ਮੌਕੇ ਕਿਹਾ ਕਿ ਉਹ ਆਪਣੀਆਂ ਸੇਵਾਵਾਂ ਪੂਰੀ ਨਿਸ਼ਠਾ ਅਤੇ ਸਮਰਪਨ ਭਾਵਨਾ ਨਾਲ ਨਿਭਾਉਣਗੇ ਅਤੇ ਵਿਭਾਗ ਵਲੋਂ ਸਮੇਂ-ਸਮੇਂ ਸਿਰ ਜਾਰੀ ਕੀਤੇ ਜਾਂਦੇ ਪ੍ਰੋਗਰਾਮਾਂ ਨੂੰ ਪੂਰੀ ਲਗਨ ਨਾਲ ਲਾਗੂ ਕਰਵਾਉਣਗੇ। ਔੜ ਵਿਖੇ ਤਾਇਨਾਤ ਖੇਤੀਬਾੜੀ ਵਿਸਥਾਰ ਅਫ਼ਸਰ ਮੋਨਿਕਾ ਨੇ ਕਿਹਾ ਕਿ ਉਹ ਆਪਣੀ ਜਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਮੁਹਾਰਤ ਨਾਲ ਨਿਭਾਉਣਗੇ।ਬਲਾਚੌਰ ਵਿਖੇ ਤਾਇਨਾਤ ਖੇਤੀਬਾੜੀ ਵਿਸਥਾਰ ਅਫ਼ਸਰ ਜਗਮਨਦੀਪ ਕੌਰ ਨੇ ਕਿਹਾ ਕਿ ਕਿਸਾਨਾਂ ਨੂੰ ਖੇਤੀਬਾੜੀ ਖੇਤਰ ਵਿੱਚ ਨਵੀਂਆਂ ਤਕਨੀਕਾਂ ਦੀ ਜਾਣਕਾਰੀ ਨਾਲ ਲੈਸ ਕੀਤਾ ਜਾਵੇਗਾ ਤਾਂ ਜੋ ਉਹ ਸਮੇਂ ਦੇ ਹਾਣੀ ਬਣ ਸਕਣ।

ਪਟਾਕਿਆਂ ਦੀ ਵਿਕਰੀ ਲਈ ਲਾਇਸੈਂਸ ਲੈਣ ਲਈ ਭਲਕ ਤੱਕ ਦਿੱਤੀਆਂ ਜਾ ਸਕਦੀਆਂ ਅਰਜ਼ੀਆਂ : ਪੁਲਸ ਕਮਿਸ਼ਨਰ

ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)-ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ, ਉਦਯੋਗ ਅਤੇ ਕਾਮਰਸ ਵਿਭਾਗ ਵਲੋਂ ਜਾਰੀ ਹਦਾਇਤਾਂ ਅਨੁਸਾਰ ਦਿ ਐਕਸਪਲੋਸਿਵ ਨਿਯਮ-2008 ਅਧੀਨ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਸੀ ਡਬਲਿਓ ਪੀ ਨੰਬਰ 23548 ਆਫ਼ 2017 ਵਿੱਚ ਜਾਰੀ ਹੋਏ ਹੁਕਮਾਂ ਦੀ ਪਾਲਣਾ ਕਰਦੇ ਹੋਏ ਪਟਾਖੇ ਵੇਚਣ ਲਈ 20 ਆਰਜ਼ੀ ਲਾਇਸੈਂਸ ਡਰਾਅ ਰਾਹੀਂ ਜਾਰੀ ਕੀਤੇ ਜਾਣੇ ਹਨ। ਉਨ੍ਹਾਂ ਦੱਸਿਆ ਕਿ ਪੁਲਿਸ ਕਮਿਸ਼ਨਰੇਟ ਜਲੰਧਰ ਸ਼ਹਿਰ ਦੇ ਇਲਾਕੇ ਅਧੀਨ ਆਉਂਦੇ ਵਸਨੀਕਾਂ, ਜਿਨ੍ਹਾਂ ਦੀ ਉਮਰ 18 ਸਾਲ ਤੋਂ ਘੱਟ ਨਹੀਂ ਹੈ, ਨੇ ਜਲੰਧਰ ਸ਼ਹਿਰ ਵਿੱਚ ਨਿਰਧਾਰਿਤ ਹੋਣ ਵਾਲੇ ਸਥਾਨ ਵਿਖੇ ਪਟਾਖੇ ਵੇਚਣ ਲਈ ਆਰਜ਼ੀ ਦੁਕਾਨਾਂ ਦੇ ਆਰਜੀ ਲਾਇਸੰਸ ਲੈਣੇ ਹਨ, ਉਹ ਆਪਣਾ ਬਿਨੈ ਫਾਰਮ ਦਫ਼ਤਰ ਦੀ ਅਸਲਾ ਲਾਇਸੈਂਸਿੰਗ ਬ੍ਰਾਂਚ, ਕਮਿਸ਼ਨਰੇਟ ਜਲੰਧਰ ਤੋਂ ਹਾਸਿਲ ਕਰਕੇ ਜਾਂ ਦਫ਼ਤਰ ਕਮਿਸ਼ਨਰ ਪੁਲਿਸ ਜਲੰਧਰ ਦੀ ਵੈਬਸਾਈਟ https://jalandhrcity.punjabpolice.gov.in ਤੋਂ ਡਾਊਨਲੋਡ ਕਰਕੇ 25-09-2025 ਤੋਂ 27-09-2025 ਤੱਕ ਸਵੇਰੇ 9:30 ਤੋਂ ਸ਼ਾਮ 4 ਵਜੇ ਤੱਕ ਜਮ੍ਹਾ ਕਰਵਾ ਸਕਦੇ ਹਨ। ਉਨ੍ਹਾਂ ਕਿਹਾ ਕਿ ਨਿਰਧਾਰਿਤ ਸਮੇਂ ਤੋਂ ਬਾਅਦ ਆਉਣ ਵਾਲੀ ਅਰਜ਼ੀ ਵਿਚਾਰੀ ਨਹੀਂ ਜਾਵੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਸਬੰਧੀ ਡਰਾਅ 8 ਅਕਤੂਬਰ 2025 ਨੂੰ ਦੁਪਹਿਰ 12 ਵਜੇ ਰੈਡ ਕਰਾਸ ਭਵਨ, ਜਲੰਧਰ ਵਿਖੇ ਕੱਢਿਆ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਮਾਣਯੋਗ ਸੁਪਰੀਮ ਕੋਰਟ ਜਾਂ ਮਾਣਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਵਲੋਂ ਜਾਂ ਸਰਕਾਰ ਵਲੋਂ ਜਾਰੀ ਕੀਤੇ ਹੁਕਮਾਂ ਵਿੱਚ ਕਿਸੇ ਪ੍ਰਕਾਰ ਦੀ ਸੋਧ/ਤਬਦੀਲੀ ਹੁੰਦੀ ਹੈ ਤਾਂ ਉਸ ਮੁਤਾਬਕ ਕਾਰਵਾਈ ਕੀਤੀ ਜਾਵੇਗੀ।

'ਗਰੀਬ ਦਾ ਮੂੰਹ, ਗੁਰੂ ਦੀ ਗੋਲਕ' ਸੰਸਥਾ ਵੱਲੋਂ ਦਾਨੀ ਸੱਜਣਾਂ ਦਾ ਸਨਮਾਨ ਲਗਾਤਾਰ ਜਾਰੀ : ਹਰਵਿੰਦਰ ਸਿੰਘ ਖਾਲਸਾ

ਮੇਹਟੀਆਣਾ, (ਜਗਤਾਰ ਸਿੰਘ ਭੁੰਗਰਨੀ)- ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਅਤੇ ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਅਜਨੋਹਾ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਸੰਸਥਾ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਮਹਾਰਾਜ ਵੱਲੋਂ ਵਰਸਾਏ ਗਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨੂਰੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ 4 ਜਨਵਰੀ 2023 ਤੋਂ ਚਲਾਈ ਜਾ ਰਹੀ ਹੈ ਜਿੱਥੇ ਕਿ ਪੂਰੇ ਪੰਜਾਬ , ਹਿਮਾਚਲ ਪ੍ਰਦੇਸ਼ ਅਤੇ ਹਰਿਆਣਾ ਤੋਂ ਸੰਗਤਾਂ ਦਵਾਈ ਲੈਣ ਆਉਂਦੀਆਂ ਹਨ। ਪਿੰਡ ਘੜਿਆਲ ਨਿਵਾਸੀ ਬੀਬੀ ਕੰਵਲਜੀਤ ਕੌਰ ਸੁਪਤਨੀ ਜਗਜੀਤ ਸਿੰਘ (ਕਨੇਡਾ) ਵਲੋਂ ਆਪਣੇ ਪਿਤਾ ਸਵ. ਪ੍ਰਿੰਸੀਪਲ ਸੁਦਰਸ਼ਨ ਸਿੰਘ ਜੰਜੂਆ (ਆਈ. ਟੀ. ਆਈ) ਪਿੰਡ ਕੂਕੋਵਾਲ ਦੀ ਨਿੱਘੀ ਯਾਦ ਵਿੱਚ ਆਪਣੀ ਨੇਕ ਕਮਾਈ ਵਿਚੋਂ ਦਸਵੰਧ ਕੱਢ ਕੇ 11 ਹਜ਼ਾਰ ਰੁਪਿਆ ਦੀ ਸੇਵਾ ਸੰਸਥਾ ਨੂੰ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਲਈ ਦਵਾਈਆਂ ਵਾਸਤੇ ਦਿੱਤੀ ਗਈ ਹੈ। ਸੰਸਥਾ ਦੀ ਟੀਮ ਵਲੋਂ ਪਰਿਵਾਰ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਰਣਵੀਰ ਸਿੰਘ ਘੜਿਆਲ,ਡਾਕਟਰ ਤਰਸੇਮ ਸਿੰਘ, ਲੈਬ ਟੈਕਨੀਸ਼ੀਅਨ ਗੁਰਪ੍ਰੀਤ ਸਿੰਘ, ਪ੍ਰੀਆ ਨੂਰੜ, ਲੈਬ ਟੈਕਨੀਸ਼ੀਅਨ ਲਵਪ੍ਰੀਤ ਕੌਰ, ਸੰਦੀਪ ਕੌਰ ਪਾਸ਼ਟਾਂ, ਹਰਪ੍ਰੀਤ ਕੌਰ ਪਾਸ਼ਟਾਂ, ਰਾਜਵਿੰਦਰ ਕੌਰ,ਹਰਮੇਸ ਸਿੰਘ ਅਤੇ ਹਰਜੋਤ ਸਿੰਘ ਆਦਿ ਹਾਜ਼ਰ ਸਨ।

ਢਿੱਲਵਾਂ ਵਿਖੇ ਝੋਨੇ ਦੀ ਖਰੀਦ ਸ਼ੁਰੂ

ਕਪੂਰਥਲਾ (ਮਨਜੀਤ ਮਾਨ)-ਮਾਰਕੀਟ ਕਮੇਟੀ ਢਿਲਵਾਂ ਦੇ ਚੇਅਰਮੈਨ ਕੁਲਦੀਪ ਪਾਠਕ ਵੱਲੋਂ ਮੁੱਖ ਅਨਾਜ ਮੰਡੀ ਢਿਲਵਾਂ ਵਿਖੇ ਸਰਕਾਰੀ ਝੋਨੇ ਦੀ ਖਰੀਦ ਮਾਰਕਫੈੱਡ ਸਰਕਾਰੀ ਖਰੀਦ ਏਜੰਸੀ ਦੇ ਇੰਸਪੈਕਟਰ ਅਮਿਤ ਕੁਮਾਰ ਸਰਦਾਰ

ਪ੍ਰਗਟ ਸਿੰਘ ਇੰਸਪੈਕਟਰ ਵੱਲੋਂ ਆੜਤੀ ਪੀ ਏ ਐਫ ਦੀ ਆੜਤ ਦੀ ਢੇਰੀ ਕਿਸਾਨ ਸੁਰਿੰਦਰ ਪਾਲ ਸਿੰਘ ਪੁੱਤਰ ਜਗਤਾਰ ਸਿੰਘ ਪਿੰਡ ਵਾਸੀ ਗੁੰਨੋਵਾਲ ਦੀ ਢੇਰੀ ਦੀ ਨਮੀਂ 16.9 ਹੋਨ ਕਰਕੇ ਸਰਕਾਰੀ ਭਾਅ 2389 ਰੁਪਏ ਪ੍ਰਤੀ ਕੁਇੰਟਲ ਖਰੀਦ ਕਰਕੇ ਝੋਨੇ ਦੀ ਫਸਲ ਦੀ ਸਰਕਾਰੀ ਤੌਰ ਤੇ ਪਹਿਲੇ ਦਿਨ ਖਰੀਦ ਆਰੰਭ ਕਰਵਾਈ ਇਸ ਮੌਕੇ ਤੇ ਉਦਘਾਟਨੀ ਸਮਾਰੋਹ ਮੌਕੇ ਮੁੱਖ ਅਨਾਜ ਮੰਡੀ ਆੜਤੀ ਐਸੋਸੀਏਸ਼ਨ ਦੇ ਪ੍ਰਧਾਨ ਸਰਦਾਰ ਸੁਖਦੇਵ ਸਿੰਘ, ਆੜਤੀ, ਰਜੇਸ਼ ਕੁਮਾਰ ਆੜਤੀ ਸਾਹਿਬ ਸਿੰਘ, ਸਾਬੀ ਬਰਾੜ ਵਾਈਸ ਪ੍ਰਧਾਨ ਸਰਦਾਰ ,ਮੱਖਣ ਸਿੰਘ ਧਾਲੀਵਾਲ ਬੇਟ, ਮਾਰਕਿਟ ਕਮੇਟੀ ਢਿਲਵਾਂ ਦੇ ਲੇਖਾਕਾਰ ਸਰਦਾਰ ਸੁਖਦੇਵ ਸਿੰਘ, ਕਲਰਕ ਕਮਲਪ੍ਰੀਤ ਸਿੰਘ, ਆਮ ਆਦਮੀ ਪਾਰਟੀ ਹਲਕਾ ਭੁਲੱਥ ਦੇ ਸੋਸ਼ਲ ਮੀਡੀਆ ਦੇ ਕੋਆਰਡੀਨੇਟਰ ਹਰਜੀਤ ਸਿੰਘ ਗਡਾਣਾ, ਭਾਰਤੀ ਕਿਸਾਨ ਯੂਨੀਅਨ ਸਿਰਸਾ ਦੇ ਨੰਬਰਦਾਰ ਸਰਦਾਰ ਮੱਖਣ ਸਿੰਘ ਬੱਲ ਸਰਦਾਰ ਜਸਵਿੰਦਰ ਸਿੰਘ ਬੱਲ, ਇਸ ਤੋਂ ਇਲਾਵਾ ਹੋਰ ਵੀ ਵੱਡੀ ਗਿਣਤੀ ਚ ਕਿਸਾਨ ਤੇ ਆੜਤੀਏ ਸ਼ਾਮਲ ਸਨ। ਝੋਨੇ ਦੀ ਖਰੀਦ ਉਦਘਾਟਨੀ ਸਮਾਰੋਹ ਮੌਕੇ ਮਾਰਕੀਟ ਕਮੇਟੀ ਢਿਲਵਾਂ ਦੇ ਚੇਅਰਮੈਨ ਕੁਲਦੀਪ ਪਾਠਕ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਸਰਕਾਰ ਝੋਨੇ ਦੀ ਫਸਲ ਦਾ ਇੱਕ ਇੱਕ ਦਾਣਾ ਖਰੀਦੇਗੀ, ਕਿਸਾਨਾਂ ਨੂੰ ਅਪੀਲ ਹੈ ਕਿ ਉਹ ਝੋਨੇ ਦੀ ਫਸਲ ਸੁਕਾ ਕੇ ਲਿਆਉਣ ਜਦ ਕਿ ਸਰਕਾਰ 17 ਪ੍ਰਤੀਸ਼ਤ ਤੋਂ ਘੱਟ ਨਮੀ ਵਾਲੇ ਝੋਨੇ ਦੀ ਫਸਲ ਖਰੀਦ ਕਰੇਗੀ।

ਬੋੜਾ ਵਿਖੇ ਦੁਸਹਿਰਾ ਉਤਸਵ 2 ਨੂੰ

ਗੜ੍ਹਸ਼ੰਕਰ, (ਫੂਲਾ ਸਿੰਘ ਬੀਰਮਪੁਰ) ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਇਲਾਕੇ ਦੇ

ਪਿੰਡ ਬੋੜਾ ਵਿਖੇ 26ਵਾਂ ਸਾਲਾਨਾ ਦੁਸਹਿਰਾ ਉਤਸਵ 2 ਅਕਤੂਬਰ ਦਿਨ ਸ਼ੁਕਰਵਾਰ ਨੂੰ ਬੜੀ ਸ਼ਰਧਾ ਪੂਰਵਕ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਪਿੰਡ ਬੋੜਾ ਤੋਂ ਸਾਬਕਾ ਸਰਪੰਚ ਅਤੇ ਸਮਾਜ ਸੇਵੀ ਕੁਲਦੀਪ ਸ਼ਰਮਾ ਨੇ ਕਿਹਾ ਕਿ ਇਸ ਵਾਰ ਵੀ ਦੁਸਹਿਰਾ ਰਾਮ ਲੀਲਾ ਕਮੇਟੀ ਪਿੰਡ ਬੋੜਾ, ਗ੍ਰਾਮ ਪੰਚਾਇਤ, ਇਲਾਕਾ ਨਿਵਾਸੀ ਅਤੇ ਐਨ ਆਰ ਆਈਜ਼ ਨੌਜਵਾਨ ਵੀਰਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਡੇਰਾ ਟੇਡਾ ਪੀਰ ਤੋਂ ਪ੍ਰੀਤੀ ਮਾਈ ਬਾਮਦੇਵ ਮੁਨੀ ਅਤੇ ਡਿਪਟੀ ਸਪੀਕਰ ਜੈ ਸਿੰਘ ਰੋੜੀ ਵਿਸ਼ੇਸ਼ ਤੌਰ 'ਤੇ ਪਹੁੰਚਣਗੇ।

ਜੈ ਭੀਮ ਕਾਰਵਾਂ ਚੈਰੀਟੇਬਲ ਸੋਸਾਇਟੀ ਮਾਹਿਲਪੁਰ ਦੀ ਮੀਟਿੰਗ 'ਚ ਅਹਿਮ ਵਿਚਾਰਾਂ



ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)-ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿ.ਮਾਹਿਲਪੁਰ ਵੱਲੋਂ 14 ਵਾਂ ਅਸ਼ੋਕ ਵਿਜੇ ਦਸਵੀਂ ਸਮਾਗਮ 5 ਅਕਤੂਬਰ ਦਿਨ ਐਤਵਾਰ ਨੂੰ ਵਾਰਡ ਨੰਬਰ 11- 12 ਨੇੜੇ ਗੁ. ਸਤਿਗੁਰੂ ਰਵਿਦਾਸ ਮਹਾਰਾਜ ਬੀ.ਡੀ.ਓ. ਕਾਲੋਨੀ ਮਾਹਿਲਪੁਰ ਵਿਖੇ ਦੁਪਹਿਰ 1 ਤੋਂ 5 ਵਜੇ ਤੱਕ ਬਹੁਤ ਹੀ ਉਤਸ਼ਾਹ ਪੂਰਵਕ ਢੰਗ ਨਾਲ ਮਨਾਇਆ ਜਾ ਰਿਹਾ ਹੈ। ਪ੍ਰੋਗਰਾਮ ਦੀਆਂ ਤਿਆਰੀਆਂ ਦੇ ਸੰਬੰਧ ਵਿੱਚ ਸੁਸਾਇਟੀ ਦੀ ਇੱਕ ਵਿਸ਼ੇਸ਼ ਮੀਟਿੰਗ ਸੁਰਿੰਦਰ ਕੌਰ ਐਮ.ਸੀ ਅਤੇ ਧਰਮ ਸਿੰਘ ਫੌਜੀ ਦੇ ਗ੍ਰਹਿ ਮਾਹਿਲਪੁਰ ਵਿਖੇ ਹੋਈ। ਜਿਸ ਵਿੱਚ ਪ੍ਰਧਾਨ ਰੇਖਾ ਰਾਣੀ, ਮੀਤ ਪ੍ਰਧਾਨ ਸੁਮੀਤਾ, ਜਨਰਲ ਸਕੱਤਰ ਸ਼ਸ਼ੀ ਬੰਗੜ, ਸੁਰਿੰਦਰ ਕੌਰ ਐਮ.ਸੀ, ਗਗਨਦੀਪ ਕੌਰ, ਡਾਕਟਰ ਪਰਮਿੰਦਰ ਸਿੰਘ ਚੇਅਰਮੈਨ, ਮਾਸਟਰ ਜੈ ਰਾਮ ਬਾੜੀਆਂ, ਧਰਮ ਸਿੰਘ ਫੌਜੀ,ਸੁਖਵਿੰਦਰ ਕੁਮਾਰ, ਥਾਣੇਦਾਰ ਸੁਖਦੇਵ ਸਿੰਘ, ਬਲਵਿੰਦਰ ਪਾਲ, ਬਲਵਿੰਦਰ ਕੁਮਾਰ, ਕਮਲਦੀਪ ਕੌਰ, ਹੰਸ ਰਾਜ, ਸੰਤੋਸ਼ ਕੁਮਾਰੀ, ਸੁਰਜੀਤ ਕੌਰ, ਨਿਰਮਲ ਸਿੰਘ ਮੁੱਗੋਵਾਲ ਆਦਿ ਮੈਂਬਰ ਤੇ ਸਮੱਰਥਕ ਹਾਜ਼ਰ ਹੋਏ। ਸਮਾਗਮ ਦੇ ਮੁੱਖ ਮਹਿਮਾਨ ਸਰਦਾਰ ਜੈ ਕ੍ਰਿਸ਼ਨ ਸਿੰਘ ਰੋੜੀ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਵਿਧਾਇਕ ਹਲਕਾ ਗੜ੍ਹਸ਼ੰਕਰ ਹੋਣਗੇ। ਧਾਰਮਿਕ ਪ੍ਰਵਚਨ ਭਿਕਸ਼ੂ ਬੱਪਾ ਜੀ ਦਿੱਲੀ ਵਾਲੇ ਕਰਨਗੇ।